ਬੁੱਧਵਾਰ, 19 ਜੁਲਾਈ, 2023
4 ਸਾਉਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 48

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 19 JULY, 2023
ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12




# 'ਲੰਕਾ' ਫਤਿਹ ਕਰਨ ਲਈ ਬਣਾਇਆ 'ਇੰਡੀਆ'



**ਬੇਂਗਲੁਰੂ** : ਇੰਡੀਅਨ ਨੈਸ਼ਨਲ ਡਿਵੈੱਲਪਮੈਂਟਲ ਇਨਕਲੂਸਿਵ ਅਲਾਇੰਸ (ਆਈ ਐੱਨ ਡੀ ਆਈ ਏ-ਇੰਡੀਆ)। ਇੱਥੇ ਜੁੜੀਆਂ 26 ਆਪੋਜ਼ੀਸ਼ਨ ਪਾਰਟੀਆਂ ਨੇ ਮੰਗਲਵਾਰ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਦਾ ਲੋਕ ਸਭਾ ਚੋਣਾਂ ਵਿਚ ਟਾਕਰਾ ਕਰਨ ਲਈ ਬਣਾਏ ਗਏ ਗੱਠਜੋੜ ਦਾ ਨਾਂਅ 'ਇੰਡੀਆ' ਰੱਖਿਆ। ਇਸ ਦਾ ਬਕਾਇਦਾ ਐਲਾਨ ਮੀਟਿੰਗ ਤੋਂ ਬਾਅਦ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕੀਤਾ।

ਪਾਰਟੀਆਂ ਨੇ ਸੰਵਿਧਾਨ ਵਿਚ ਦਰਜ ਭਾਰਤ ਦੇ ਆਈਡੀਏ ਦੀ ਰਾਖੀ ਦਾ ਸੰਕਲਪ ਲਿਆ, ਕਿਉਂਕਿ ਭਾਰਤੀ ਸੰਵਿਧਾਨ ਦੇ ਬੁਨਿਆਦੀ ਥੰਮ੍ਹਾਂ—ਸੈਕੂਲਰ ਜਮਹੂਰੀਅਤ, ਆਰਥਕ ਖੁਦਮੁਖਤਿਆਰੀ, ਸਮਾਜੀ ਨਿਆਂ ਤੇ ਫੈਡਰਲਿਜ਼ਮ ਨੂੰ ਗਿਣਮਿਥ ਕੇ ਢਾਹਿਆ ਜਾ ਰਿਹਾ ਹੈ।

ਖੜਗੇ ਨੇ ਕਿਹਾ ਕਿ ਸਾਰੀਆਂ ਧਿਰਾਂ ਭਾਜਪਾ ਗੱਠਜੋੜ ਖਿਲਾਫ ਮੋਰਚਾ ਖੜ੍ਹਾ ਕਰਨ ਲਈ ਸਹਿਮਤ ਹੋਈਆਂ। ਇਸ ਗੱਠਜੋੜ ਦੀ 11 ਮੈਂਬਰਾਂ ਦੀ ਤਾਲਮੇਲ ਕਮੇਟੀ ਬਣਾਈ ਜਾਵੇਗੀ ਅਤੇ ਇਸ ਦੇ ਮੈਂਬਰਾਂ ਦੇ ਨਾਵਾਂ ਦਾ ਐਲਾਨ ਮੁੰਬਈ 'ਚ ਛੇਤੀ ਕੀਤੀ ਜਾਣ ਵਾਲੀ ਅਗਲੀ ਮੀਟਿੰਗ 'ਚ ਕੀਤਾ ਜਾਵੇਗਾ। ਚੋਣ ਮੈਨੇਜਮੈਂਟ ਲਈ 'ਇੰਡੀਆ' ਦਾ ਸਕੱਤਰੇਤ ਨਵੀਂ ਦਿੱਲੀ ਵਿਚ ਕਾਇਮ ਕੀਤਾ ਜਾਵੇਗਾ। ਉਨ੍ਹਾ ਕਿਹਾ—ਦੇਸ਼ ਅਤੇ ਇਸ ਦੇ ਲੋਕਾਂ ਨੂੰ ਬਚਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਇਸ ਲਈ ਅਸੀਂ ਆਪਣੇ ਮਤਭੇਦਾਂ ਨੂੰ ਪਿੱਛੇ ਰੱਖਣ ਦਾ ਫੈਸਲਾ ਕੀਤਾ ਹੈ। ਖੜਗੇ ਨੇ ਕਿਹਾ ਕਿ ਆਪੋਜ਼ੀਸ਼ਨ ਪਾਰਟੀਆਂ ਲੋਕ ਸਭਾ ਚੋਣਾਂ ਮਿਲ ਕੇ ਲੜਨਗੀਆਂ ਤੇ ਫਤਿਹ ਹਾਸਲ ਕਰਨਗੀਆਂ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਐੱਨ ਡੀ ਏ 'ਇੰਡੀਆ' ਨੂੰ ਚੈਲੰਜ ਕਰਕੇ ਦਿਖਾਏ। ਰਾਹੁਲ ਗਾਂਧੀ ਨੇ ਕਿਹਾ—ਮੀਟਿੰਗ ਨਤੀਜਾਖੇਜ ਰਹੀ। ਆਪੋਜ਼ੀਸ਼ਨ ਦੀ ਲੜਾਈ ਭਾਜਪਾ ਦੀ ਵਿਚਾਰਧਾਰਾ ਨਾਲ ਹੈ, ਅਸੀਂ ਆਪਣੇ ਮਹਾਨ ਦੇਸ਼ ਇੰਡੀਆ ਦੇ ਆਈਡੀਏ ਦੀ ਰਾਖੀ ਕਰ ਰਹੇ ਹਾਂ। ਤੁਸੀਂ ਇਤਿਹਾਸ ਦੇਖ ਕੇ ਕਹਿ ਸਕਦੇ ਹੋ ਕਿ ਕੋਈ ਵੀ ਭਾਰਤ ਦੇ ਆਈਡੀਏ ਨੂੰ ਹਰਾ ਨਹੀਂ ਸਕਿਆ। ਲੜਾਈ ਭਾਜਪਾ ਤੇ ਆਪੋਜ਼ੀਸ਼ਨ ਵਿਚਾਲੇ ਨਹੀਂ ਹੈ। ਦੇਸ਼ ਦਾ ਗਲਾ ਘੁੱਟਿਆ ਜਾ ਰਿਹਾ ਹੈ, ਇਹ ਉਸ ਵਿਰੁੱਧ ਲੜਾਈ ਹੈ। ਇਸੇ ਕਰਕੇ ਅਸੀਂ ਗੱਠਜੋੜ ਦਾ ਨਾਂਅ 'ਇੰਡੀਆ' ਰੱਖਿਆ ਹੈ। ਖੜਗੇ ਨੇ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਉਨ੍ਹਾ ਦੀ ਪਾਰਟੀ ਨਾ ਸੱਤਾ ਤੇ ਨਾ ਪ੍ਰਧਾਨ ਮੰਤਰੀ ਦੇ ਅਹੁਦੇ ਦੇ ਪਿੱਛੇ ਹੈ। ਉਹ ਆਪੋਜ਼ੀਸ਼ਨ ਪਾਰਟੀਆਂ ਵਿਚਾਲੇ ਸੂਬਾ ਪੱਧਰ 'ਤੇ ਮਤਭੇਦਾਂ ਤੋਂ ਵਾਕਫ ਹਨ, ਪਰ ਇਹ ਮਤਭੇਦ ਵਿਚਾਰਧਾਰਕ ਨਹੀਂ ਹਨ। ਇਹ ਮਤਭੇਦ ਏਨੇ ਵੱਡੇ ਨਹੀਂ ਹਨ ਕਿ ਲੋਕਾਂ ਖਾਤਰ ਪਾਸੇ ਨਾ ਰੱਖੇ ਜਾ ਸਕਣ। ਉਨ੍ਹਾ ਕਿਹਾ—ਸਾਡੀਆਂ 26 ਪਾਰਟੀਆਂ ਦੀਆਂ 11 ਸੂਬਿਆਂ ਵਿਚ ਸਰਕਾਰਾਂ ਹਨ। ਭਾਜਪਾ ਨੇ ਆਪਣੇ ਤੌਰ 'ਤੇ ਲੋਕ ਸਭਾ ਵਿਚ 303 ਸੀਟਾਂ ਨਹੀਂ ਜਿੱਤੀਆਂ ਸਨ। ਇਸ ਵਿਚ ਇਸ ਦੀਆਂ ਇਤਿਹਾਦੀ ਪਾਰਟੀਆਂ ਦੀਆਂ ਵੋਟਾਂ ਵੀ ਸਨ, ਜਿਨ੍ਹਾਂ ਨੂੰ ਇਸ ਨੇ ਬਾਅਦ ਵਿਚ ਲਾਂਭੇ ਕਰ ਦਿੱਤਾ। ਹੁਣ ਘਬਰਾਈ ਹੋਈ ਭਾਜਪਾ ਇਨ੍ਹਾਂ ਪਾਰਟੀਆਂ ਨੂੰ ਇਕੱਠੀਆਂ ਕਰਨ ਲਈ ਭੱਜੀ ਫਿਰ ਰਹੀ ਹੈ। ਸੁਣਿਆ ਹੈ ਕਿ ਮੰਗਲਵਾਰ ਦਿੱਲੀ ਵਿਚ ਐੱਨ ਡੀ ਏ ਵਾਲੇ 38 ਪਾਰਟੀਆਂ ਦੀ ਮੀਟਿੰਗ ਕਰ ਰਹੇ ਹਨ। ਕੁਝ ਪਾਰਟੀਆਂ ਦੇ ਤਾਂ ਅਸੀਂ ਨਾਂਅ ਕਦੇ ਸੁਣੇ ਨਹੀਂ। ਮੀਟਿੰਗ ਤੋਂ ਬਾਅਦ ਜਾਰੀ 'ਸਮੂਹਿਕ ਸੰਕਲਪ' ਨਾਂਅ ਦੇ ਸਾਂਝੇ ਐਲਾਨਨਾਮੇ ਵਿਚ ਦੋਸ਼ ਲਾਇਆ ਗਿਆ ਹੈ ਕਿ ਸੰਵਿਧਾਨ ਦੇ ਬੁਨਿਆਦੀ ਥੰਮ੍ਹਾਂ ਨੂੰ ਤਬਾਹ ਕੀਤਾ ਜਾ ਰਿਹਾ ਹੈ। ਮਨੀਪੁਰ ਦੀ ਹਿੰਸਾ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਖਾਮੋਸ਼ੀ ਸਦਮਾ ਪਹੁੰਚਾਉਣ ਵਾਲੀ ਤੇ ਅਸਾਧਾਰਨ ਹੈ। ਮਨੀਪੁਰ ਵਿਚ ਅਮਨ ਬਹਾਲੀ ਦੀ ਫੌਰੀ ਲੋੜ ਹੈ। 26 ਪਾਰਟੀਆਂ ਨੇ ਜਾਤ ਅਧਾਰਤ ਮਰਦਮਸ਼ੁਮਾਰੀ 'ਤੇ ਵੀ ਜ਼ੋਰ ਦਿੱਤਾ ਹੈ। ਐਲਾਨਨਾਮੇ ਵਿਚ ਕਿਹਾ ਗਿਆ ਹੈ ਕਿ ਗੈਰਭਾਜਪਾ ਰਾਜਾਂ ਵਿਚ ਗਵਰਨਰ ਤੇ ਲੈਫਟੀਨੈਂਟ ਗਵਰਨਰ ਆਪਣੀਆਂ ਸੰਵਿਧਾਨਕ ਹੱਦਾਂ ਉਲੰਘ ਰਹੇ ਹਨ। ਆਪੋਜ਼ੀਸ਼ਨ ਪਾਰਟੀਆਂ ਵਧਦੀ ਮਹਿੰਗਾਈ ਤੇ ਬੇਰੁਜ਼ਗਾਰੀ ਦੇ ਮੁੱਦਿਆਂ 'ਤੇ ਸੰਘਰਸ਼ ਕਰਨਗੀਆਂ। ਨੋਟਬੰਦੀ ਨੇ ਛੋਟੇ ਕਾਰਖਾਨਿਆਂ ਤੇ ਗੈਰਜਥੇਬੰਦ ਖੇਤਰਾਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ ਹੈ, ਨਤੀਜੇ ਵਜੋਂ ਵੱਡੀ ਗਿਣਤੀ ਵਿਚ ਨੌਜਵਾਨ ਬੇਰੁਜ਼ਗਾਰ ਹਨ। ਆਪੋਜ਼ੀਸ਼ਨ ਪਾਰਟੀਆਂ ਹੁਕਮਰਾਨਾਂ ਵੱਲੋਂ ਦੋਸਤਾਂ ਨੂੰ ਵੰਡੀ ਜਾ ਰਹੀ ਕੌਮੀ ਦੌਲਤ ਖਿਲਾਫ ਡਟਣਗੀਆਂ। ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਹਿੱਤਾਂ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇਗੀ।

ਐਲਾਨਨਾਮੇ ਵਿਚ ਕਿਹਾ ਗਿਆ ਹੈ ਕਿ ਘੱਟ ਗਿਣਤੀਆਂ ਖਿਲਾਫ ਫੈਲਾਈ ਜਾ ਰਹੀ ਨਫਰਤ ਤੇ ਹਿੰਸਾ, ਮਹਿਲਾਵਾਂ, ਦਲਿਤਾਂ, ਆਦਿਵਾਸੀਆਂ ਤੇ ਕਸ਼ਮੀਰੀ ਪੰਡਤਾਂ ਖਿਲਾਫ ਅਪਰਾਧਾਂ ਨੂੰ ਰੋਕਣ ਲਈ ਸੰਘਰਸ਼ ਕੀਤਾ ਜਾਵੇਗਾ।

ਐਲਾਨਨਾਮੇ ਵਿਚ ਕਿਹਾ ਗਿਆ ਹੈ—ਅਸੀਂ ਦੇਸ਼ ਅੱਗੇ ਬਦਲਵਾਂ ਸਿਆਸੀ, ਸਮਾਜੀ ਤੇ ਆਰਥਕ ਏਜੰਡਾ ਪੇਸ਼ ਕਰਨ ਦਾ ਪ੍ਰਣ ਕਰਦੇ ਹਾਂ। ਅਸੀਂ ਅਜਿਹੀ ਸਰਕਾਰ ਲਈ ਕੰਮ ਕਰਾਂਗੇ, ਜਿਹੜੀ ਲੋਕਾਂ ਦੀ ਗੱਲ ਸੁਣ ਕੇ ਕੰਮ ਕਰੇ।

ਲਾਲੂ ਦੀ ਪਾਰਟੀ ਰਾਜਦ ਨੇ ਟਵੀਟ ਕੀਤਾ—ਹੁਣ ਪ੍ਰਧਾਨ ਮੰਤਰੀ ਮੋਦੀ ਨੂੰ 'ਇੰਡੀਆ' ਕਹਿਣ ਵਿਚ ਵੀ ਪੀੜਾ ਹੋਵੇਗੀ। ਟੀ ਐੱਮ ਸੀ ਸਾਂਸਦ ਨੇ ਟਵੀਟ ਕੀਤਾ—ਚੱਕ ਦੇ ਇੰਡੀਆ। ਕਾਂਗਰਸ ਸਾਂਸਦ ਮਣੀਕਮ ਟੈਗੋਰ ਨੇ ਲਿਖਿਆ—ਇੰਡੀਆ ਜੀਤੇਗੀ। ਭਾਜਪਾ ਦੇ ਆਈ ਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਨੇ ਕਿਹਾ ਹੈ ਕਿ ਕਾਂਗਰਸ ਦੀ ਅਗਵਾਈ ਵਾਲਾ ਗੱਠਜੋੜ ਯੂ ਪੀ ਏ ਭ੍ਰਿਸ਼ਟਾਚਾਰ ਪਿਛਾਖੜੀ ਸਿਆਸਤ ਦਾ ਦੂਜਾ ਰੂਪ ਬਣ ਗਿਆ ਸੀ ਤੇ ਗੱਠਜੋੜ ਦਾ ਨਵਾਂ ਨਾਂਅ ਇਸ ਦੀ ਸਾਖ ਵਧਾਉਣ ਨਹੀਂ ਲੱਗਾ। 2024 ਵਿਚ ਦੇਸ਼ ਫਿਰ ਪ੍ਰਧਾਨ ਮੰਤਰੀ ਮੋਦੀ ਨੂੰ ਹੀ ਆਗੂ ਚੁਣੇਗਾ।

## ਠਾਕਰੇ ਦਾ ਮੋਦੀ ਨੂੰ ਜਵਾਬ

**ਪੋਰਟ ਬਲੇਅਰ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਰੋਧੀ ਪਾਰਟੀਆਂ ਦੀ ਮੀਟਿੰਗ ਨੂੰ ਕੱਟੜ ਭ੍ਰਿਸ਼ਟਾਚਾਰੀ ਸੰਮੇਲਨ ਕਰਾਰ ਦਿੱਤਾ ਅਤੇ ਦਾਅਵਾ ਕੀਤਾ ਕਿ ਦੇਸ਼ ਦੇ ਲੋਕ ਇਕ ਵਾਰ ਫਿਰ ਤੋਂ ਭਾਰਤੀ ਜਨਤਾ ਪਾਰਟੀ ਨੂੰ ਵੋਟ ਦੇਣਗੇ ਤੇ 2024 ਦੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੂੰ ਮੁੜ ਸੱਤਾ 'ਚ ਲਿਆਉਣਗੇ।

ਮੋਦੀ ਨੇ ਇਥੇ ਵੀਰ ਸਾਵਰਕਰ ਕੌਮਾਂਤਰੀ ਹਵਾਈ ਅੱਡੇ ਦੇ ਨਵੇਂ ਸਾਂਝੇ ਟਰਮੀਨਲ ਦਾ ਵੀਡੀਓ ਕਾਨਫਰੰਸ ਰਾਹੀਂ ਉਦਘਾਟਨ ਕਰਨ ਤੋਂ ਬਾਅਦ ਕਿਹਾ ਕਿ ਇੱਕਜੁੱਟ ਵਿਰੋਧੀ ਪਾਰਟੀਆਂ ਲਈ ਦੇਸ਼ ਦੇ ਗਰੀਬਾਂ ਦੇ ਬੱਚਿਆਂ ਦਾ ਵਿਕਾਸ ਨਹੀਂ, ਸਗੋਂ ਆਪਣੇ ਬੱਚਿਆਂ, ਭਰਾ-ਭਤੀਜਿਆਂ ਦਾ ਵਿਕਾਸ ਮਾਇਨੇ ਰੱਖਦਾ ਹੈ ਅਤੇ ਉਨ੍ਹਾਂ ਦੀ ਇੱਕੋ-ਇੱਕ ਵਿਚਾਰਧਾਰਾ ਹੈ 'ਆਪਣੇ ਪਰਵਾਰ ਨੂੰ ਬਚਾਓ, ਪਰਵਾਰ ਲਈ ਭ੍ਰਿਸ਼ਟਾਚਾਰ ਵਧਾਓ'। ਮੋਦੀ ਦੇ ਇਸ ਬਿਆਨ ਉੱਤੇ ਟਿੱਪਣੀ ਕਰਦਿਆਂ ਸ਼ਿਵ ਸੈਨਾ ਆਗੂ ਊਧਵ ਠਾਕਰੇ ਨੇ ਕਿਹਾ—ਹਾਂ, ਸਮੁੱਚਾ ਦੇਸ਼ ਸਾਡਾ ਪਰਵਾਰ ਹੈ ਅਤੇ ਅਸੀਂ ਉਸ ਲਈ ਲੜ ਰਹੇ ਹਾਂ।

## ਰਾਹੁਲ ਦੀ ਗੱਲ 21 ਨੂੰ ਸੁਣੀ ਜਾਏਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮਾਣਹਾਨੀ ਦੇ ਮਾਮਲੇ 'ਚ ਗੁਜਰਾਤ ਹਾਈ ਕੋਰਟ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਕਾਂਗਰਸ ਨੇਤਾ ਰਾਹੁਲ ਗਾਂਧੀ ਦੀ ਪਟੀਸ਼ਨ 'ਤੇ 21 ਜੁਲਾਈ ਨੂੰ ਸੁਣਵਾਈ ਕਰਨ ਲਈ ਸਹਿਮਤੀ ਦਿੱਤੀ ਹੈ।

## ਸਾਂਪਲਾ ਦਾ ਅਸਤੀਫਾ

**ਚੰਡੀਗੜ੍ਹ** : ਵਿਜੇ ਸਾਂਪਲਾ ਨੇ ਐੱਸ ਸੀ ਕਮਿਸ਼ਨ ਦੇ ਚੇਅਰਮੈਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਸਾਂਪਲਾ ਨੂੰ ਸੂਬਾ ਭਾਜਪਾ ਪ੍ਰਧਾਨ ਸੁਨੀਲ ਜਾਖੜ ਨਾਲ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਦਾ ਕੋ-ਇੰਚਾਰਜ ਬਣਾਇਆ ਜਾ ਰਿਹਾ ਹੈ।

## ਆਸ਼ੀਸ਼ ਕਪੂਰ 'ਤੇ ਇਕ ਹੋਰ ਕੇਸ

**ਚੰਡੀਗੜ੍ਹ** : ਪੰਜਾਬ ਪੁਲਸ ਨੇ ਮੁਅੱਤਲ ਏ ਆਈ ਜੀ ਆਸ਼ੀਸ਼ ਕਪੂਰ, 3 ਡੀ ਐੱਸ ਪੀ-ਸਮਰਪਾਲ ਸਿੰਘ, ਪਵਨ ਕੁਮਾਰ ਅਤੇ ਤਰਲੋਚਨ ਸਿੰਘ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਹੈ। ਦਰਅਸਲ ਇੱਕ ਵੀਡੀਓ ਵਾਇਰਲ ਹੋਇਆ ਸੀ, ਜਿਸ 'ਚ ਦਿਖਾਇਆ ਗਿਆ ਸੀ ਕਿ ਏ ਆਈ ਜੀ ਕਪੂਰ ਵੱਲੋਂ ਪੰਜਾਬ ਪੁਲਸ ਦੀ ਹਿਰਾਸਤ 'ਚ ਮਹਿਲਾ ਨੂੰ ਕਥਿਤ ਤੌਰ 'ਤੇ ਕੁੱਟਿਆ ਜਾ ਰਿਹਾ ਸੀ।

## ਵਿਕਟੋਰੀਆ ਦੇ ਹੱਥ ਖੜ੍ਹੇ

**ਮੈਲਬੌਰਨ** : ਆਸਟਰੇਲੀਆ ਦੇ ਵਿਕਟੋਰੀਆ ਰਾਜ ਨੇ ਅਨੁਮਾਨਤ ਲਾਗਤ ਵਧਣ ਕਾਰਨ 2026 ਕਾਮਨਵੈਲਥ ਖੇਡਾਂ ਦੀ ਮੇਜ਼ਬਾਨੀ ਛੱਡ ਦਿੱਤੀ ਹੈ। ਵਿਕਟੋਰੀਆ ਦੇ ਮੁੱਖ ਮੰਤਰੀ ਡੇਨੀਅਲ ਐਂਡਰਿਊਜ਼ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਪਿਛਲੇ ਸਾਲ ਇਨ੍ਹਾਂ ਖੇਡਾਂ ਦੀ ਮੇਜ਼ਬਾਨੀ ਲਈ ਸਹਿਮਤ ਹੋ ਗਈ ਸੀ, ਪਰ ਕਿਸੇ ਵੀ ਕੀਮਤ 'ਤੇ ਨਹੀਂ। ਉਨ੍ਹਾਂ ਦੀ ਸਰਕਾਰ ਨੇ ਸ਼ੁਰੂ 'ਚ ਪੰਜ ਸ਼ਹਿਰਾਂ 'ਚ ਖੇਡਾਂ ਦੀ ਮੇਜ਼ਬਾਨੀ ਲਈ 2.6 ਅਰਬ ਆਸਟਰੇਲੀਅਨ ਡਾਲਰ (1.8 ਅਰਬ ਅਮਰੀਕੀ ਡਾਲਰ) ਦਾ ਬੱਜਟ ਰੱਖਿਆ ਸੀ, ਪਰ ਹਾਲ ਹੀ ਦੇ ਅਨੁਮਾਨਾਂ ਨੇ ਸੰਭਾਵੀ ਲਾਗਤ 7 ਅਰਬ ਆਸਟਰੇਲੀਅਨ ਡਾਲਰ (4.8 ਅਰਬ ਅਮਰੀਕੀ ਡਾਲਰ) ਤੱਕ ਪਹੁੰਚਾ ਦਿੱਤੀ ਹੈ।

## ਚਾਂਡੀ ਦਾ ਦੇਹਾਂਤ



**ਬੇਂਗਲੂਰੂ** : ਕੇਰਲਾ ਦੇ ਦੋ ਵਾਰ ਮੁੱਖ ਮੰਤਰੀ ਰਹੇ ਸੀਨੀਅਰ ਕਾਂਗਰਸ ਆਗੂ ਓਮਨ ਚਾਂਡੀ (79) ਦਾ ਮੰਗਲਵਾਰ ਸਵੇਰੇ ਇੱਥੇ ਦੇਹਾਂਤ ਹੋ ਗਿਆ। ਕੇਰਲਾ ਸਰਕਾਰ ਨੇ ਮੰਗਲਵਾਰ ਦੀ ਛੁੱਟੀ ਤੇ ਦੋ ਦਿਨਾ ਸੋਗ ਦਾ ਐਲਾਨ ਕੀਤਾ। ਸੂਤਰਾਂ ਮੁਤਾਬਕ ਚਾਂਡੀ ਦਾ ਕੈਂਸਰ ਦਾ ਇਲਾਜ ਚੱਲ ਰਿਹਾ ਸੀ ਤੇ ਉਨ੍ਹਾ ਤੜਕੇ ਕਰੀਬ ਸਾਢੇ ਚਾਰ ਵਜੇ ਆਖਰੀ ਸਾਹ ਲਿਆ। ਉਹ ਸਭ ਤੋਂ ਲੰਮਾ ਸਮਾਂ ਅੱਧੀ ਸਦੀ ਤੋਂ ਵੱਧ ਵਿਧਾਇਕ ਰਹੇ।

## ਹਿੰਡਨਬਰਗ ਰਿਪੋਰਟ ਦਾ ਭੂਤ ਅਡਾਨੀ ਦਾ ਪਿੱਛਾ ਨਹੀਂ ਛੱਡ ਰਿਹਾ

**ਨਵੀਂ ਦਿੱਲੀ** : ਅਰਬਪਤੀ ਕਾਰੋਬਾਰੀ ਗੌਤਮ ਅਡਾਨੀ ਨੇ ਮੰਗਲਵਾਰ ਮੁੜ ਕਿਹਾ ਕਿ ਹਿੰਡਨਬਰਗ ਰਿਪੋਰਟ ਝੂਠੀ ਸੀ ਅਤੇ ਉਸ 'ਚ ਦੋਸ਼ ਸਮੂਹ ਨੂੰ ਬਦਨਾਮ ਕਰਨ ਲਈ ਲਗਾਏ ਗਏ ਸਨ। ਉਨ੍ਹਾ ਆਪਣੇ ਸਮੂਹ ਦੀਆਂ ਕੰਪਨੀਆਂ ਦੇ ਆਮ ਇਜਲਾਸ ਨੂੰ ਦੱਸਿਆ ਕਿ ਇਸ ਸਾਲ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ ਅਮਰੀਕੀ ਹਿੰਡਨਬਰਗ ਰਿਸਰਚ ਵੱਲੋਂ ਰਿਪੋਰਟ ਅਜਿਹੇ ਸਮੇਂ ਪ੍ਰਕਾਸ਼ਤ ਕੀਤੀ ਗਈ ਜਦੋਂ ਸਮੂਹ ਸਭ ਤੋਂ ਵੱਡੀ ਜਨਤਕ ਪੇਸ਼ਕਸ਼ ਸ਼ੁਰੂ ਕਰਨ ਦੀ ਯੋਜਨਾ ਬਣਾ ਰਿਹਾ। ਰਿਪੋਰਟ ਗਲਤ ਜਾਣਕਾਰੀ ਅਤੇ ਬੇਬੁਨਿਆਦ ਦੋਸ਼ਾਂ ਨਾਲ ਤਿਆਰ ਕੀਤੀ ਗਈ ਸੀ, ਜਿਨ੍ਹਾਂ ਵਿੱਚੋਂ ਜ਼ਿਆਦਾਤਰ 2004 ਤੋਂ 2015 ਦੇ ਸਨ। ਉਸ ਸਮੇਂ ਅਧਿਕਾਰੀਆਂ ਨੇ ਸਾਰੇ ਦੋਸ਼ਾਂ ਦਾ ਨਿਬੇੜਾ ਕਰ ਦਿੱਤਾ ਸੀ। ਇਹ ਰਿਪੋਰਟ ਜਾਣਬੁੱਝ ਕੇ ਤਿਆਰ ਕੀਤੀ ਗਈ ਸੀ ਅਤੇ ਇਸ ਦਾ ਮਕਸਦ ਕੰਪਨੀ ਦੇ ਸ਼ੇਅਰਾਂ ਦੀਆਂ ਕੀਮਤਾਂ ਨੂੰ ਥੋੜ੍ਹੇ ਸਮੇਂ ਲਈ ਡੇਗਣਾ ਤੇ ਅਕਸ ਨੂੰ ਖਰਾਬ ਕਰਨਾ ਸੀ।

## ਮਹਿਲਾ ਦੁਕਾਨਦਾਰ ਨੇ ਲੁਟੇਰਾ ਭਜਾਇਆ



**ਗੁਰਦਾਸਪੁਰ** : ਪਿੰਡ ਕਲਿਆਣਪੁਰ 'ਚ ਮਹਿਲਾ ਦੁਕਾਨਦਾਰ ਦੀ ਲੁਟੇਰੇ ਨਾਲ ਹੱਥੋ-ਪਾਈ ਹੋ ਗਈ ਅਤੇ ਲੁਟੇਰਾ ਉਸ ਦੇ ਸਿਰ 'ਚ ਪਿਸਤੌਲ ਦਾ ਬੱਟ ਮਾਰ ਕੇ ਉਸ ਨੂੰ ਜ਼ਖਮੀ ਕਰਕੇ ਭੱਜ ਗਿਆ। ਬੇਕਰੀ ਦੀ ਦੁਕਾਨ ਕਰਦੀ ਰਸ਼ਮੀ ਬਾਲਾ ਪਤਨੀ ਵੀਰ ਪ੍ਰਤਾਪ ਨੇ ਦੱਸਿਆ ਕਿ ਨੌਜਵਾਨ ਨੇ ਪਹਿਲਾਂ ਉਸ ਕੋਲੋਂ ਕੁਝ ਖਾਣ-ਪੀਣ ਦਾ ਸਮਾਨ ਮੰਗਿਆ ਤੇ ਫਿਰ ਉਸ ਵੱਲ ਵਧਿਆ। ਬਚਾਅ 'ਚ ਉਹ ਪਿੱਛੇ ਹੋ ਗਈ, ਪਰ ਨੌਜਵਾਨ ਨੇ ਪਿਸਤੌਲ ਕੱਢ ਕੇ ਉਸ ਦੇ ਸਿਰ 'ਚ ਬੱਟ ਮਾਰੇ, ਪਰ ਉਸ ਨੇ ਡਟ ਕੇ ਮੁਕਾਬਲਾ ਕੀਤਾ। ਆਖਰ ਲੁਟੇਰਾ ਫਾਇਰ ਕਰਕੇ ਮੋਟਰਸਾਈਕਲ 'ਤੇ ਫਰਾਰ ਹੋ ਗਿਆ। ਸੂਚਨਾ ਮਿਲਣ 'ਤੇ ਪੁਲਸ ਸਟੇਸ਼ਨ ਧਾਰੀਵਾਲ ਦੀ ਐੱਸ ਐੱਚ ਓ ਰਾਜਵਿੰਦਰ ਅਤੇ ਡੀ ਐੱਸ ਪੀ ਰਾਜਬੀਰ ਸਿੰਘ ਮੌਕੇ 'ਤੇ ਪੁੱਜੇ।

## ਮੈਰੀਕਾਮ ਕਮੇਟੀ 'ਤੇ ਬ੍ਰਿਜ ਭੂਸ਼ਣ ਨਾਲ ਲਿਹਾਜ਼ ਦਾ ਦੋਸ਼

**ਨਵੀਂ ਦਿੱਲੀ** : ਮਹਿਲਾ ਭਲਵਾਨਾਂ ਨੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ 'ਤੇ ਲੱਗੇ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਦੀ ਜਾਂਚ ਕਰ ਰਹੀ ਜਾਂਚ ਕਮੇਟੀ ਦੇ ਇਰਾਦੇ 'ਤੇ ਸਵਾਲ ਚੁੱਕੇ ਹਨ। ਉਨ੍ਹਾਂ ਮਾਮਲੇ 'ਚ ਦਿੱਲੀ ਪੁਲਸ ਵੱਲੋਂ ਦਾਇਰ ਚਾਰਜਸ਼ੀਟ ਦੇ ਆਧਾਰ 'ਤੇ ਦੋਸ਼ ਲਾਇਆ ਹੈ ਕਿ ਜਾਂਚ ਕਮੇਟੀ ਬ੍ਰਿਜ ਭੂਸ਼ਣ ਪ੍ਰਤੀ ਲਿਹਾਜ਼ੂ ਸੀ।

ਕੇਂਦਰ ਸਰਕਾਰ ਨੇ ਬ੍ਰਿਜ ਭੂਸ਼ਣ ਵਿਰੁੱਧ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਦੀ ਜਾਂਚ ਲਈ ਮੁੱਕੇਬਾਜ਼ ਮੈਰੀਕਾਮ ਦੀ ਅਗਵਾਈ ਹੇਠ ਛੇ ਮੈਂਬਰੀ ਕਮੇਟੀ ਕਾਇਮ ਕੀਤੀ ਸੀ। ਇਸ ਕਮੇਟੀ ਨੇ ਆਪਣੀ ਰਿਪੋਰਟ ਸਰਕਾਰ ਨੂੰ ਸੌਂਪ ਦਿੱਤੀ ਸੀ, ਪਰ ਇਸ ਨੂੰ ਜਨਤਕ ਨਹੀਂ ਕੀਤਾ ਗਿਆ। ਸ਼ਿਕਾਇਤਕਰਤਾਵਾਂ ਨੇ ਵੱਖਰੇ ਬਿਆਨਾਂ 'ਚ ਦੋਸ਼ ਲਾਇਆ ਕਿ ਜਾਂਚ ਕਮੇਟੀ ਬ੍ਰਿਜ ਭੂਸ਼ਣ, ਜੋ ਭਾਜਪਾ ਦਾ ਸੰਸਦ ਮੈਂਬਰ ਵੀ ਹੈ, ਪ੍ਰਤੀ ਲਿਹਾਜ਼ੂ ਰਹੀ ਹੈ। ਇਕ ਸ਼ਿਕਾਇਤਕਰਤਾ ਨੇ ਕਿਹਾ-ਜਦੋਂ ਵੀ ਮੈਂ ਜਾਂਚ ਕਮੇਟੀ ਦੇ ਸਾਹਮਣੇ ਆਪਣਾ ਬਿਆਨ ਦੇਣ ਤੋਂ ਬਾਅਦ ਫੈਡਰੇਸ਼ਨ ਦੇ ਦਫਤਰ ਜਾਂਦੀ ਸੀ ਤਾਂ ਮੁਲਜ਼ਮ ਮੇਰੇ ਵੱਲ ਨਫਰਤ ਤੇ ਗੰਦੀਆਂ ਨਜ਼ਰਾਂ ਨਾਲ ਵੇਖਦਾ ਸੀ ਅਤੇ ਅਸ਼ਲੀਲ ਇਸ਼ਾਰੇ ਕਰਦਾ ਸੀ, ਜਿਸ ਨਾਲ ਮੈਂ ਅਸੁਰੱਖਿਅਤ ਮਹਿਸੂਸ ਕਰਦੀ ਸੀ। ਉਸ ਨੇ ਦੋਸ਼ ਲਗਾਇਆ-ਜਦੋਂ ਮੈਂ ਆਪਣਾ ਬਿਆਨ ਦੇ ਰਹੀ ਸੀ ਉਦੋਂ ਵੀ ਵੀਡੀਓ ਰਿਕਾਰਡਿੰਗ ਨੂੰ ਕਦੇ ਰੋਕਿਆ ਜਾਂਦਾ ਤੇ ਕਦੇ ਚਲਾਇਆ ਜਾਂਦਾ ਸੀ। ਕਮੇਟੀ ਨੇ ਮੇਰੀ ਬੇਨਤੀ ਦੇ ਬਾਵਜੂਦ ਮੈਨੂੰ ਮੇਰੇ ਬਿਆਨ ਦੀ ਵੀਡੀਓ ਰਿਕਾਰਡਿੰਗ ਦੀ ਕਾਪੀ ਨਹੀਂ ਦਿੱਤੀ। ਮੈਨੂੰ ਸ਼ੱਕ ਹੈ ਕਿ ਸ਼ਾਇਦ ਮੇਰਾ ਪੂਰਾ ਬਿਆਨ ਦਰਜ ਨਹੀਂ ਕੀਤਾ ਗਿਆ ਅਤੇ ਦੋਸ਼ੀ ਨੂੰ ਬਚਾਉਣ ਲਈ ਇਸ ਨਾਲ ਛੇੜਛਾੜ ਕੀਤੀ ਗਈ ਹੋ ਸਕਦੀ ਹੈ। ਇੱਕ ਹੋਰ ਸ਼ਿਕਾਇਤਕਰਤਾ ਨੇ ਦਾਅਵਾ ਕੀਤਾ ਕਿ ਉਸ ਨੂੰ ਉਸ ਦੀ ਸਹਿਮਤੀ ਤੋਂ ਬਿਨਾਂ ਅਜਿਹੇ ਮਾਮਲਿਆਂ ਦੀ ਜਾਂਚ ਕਰਨ ਲਈ ਕਮੇਟੀ ਦਾ ਮੈਂਬਰ ਬਣਾਇਆ ਗਿਆ ਸੀ।

### ਬ੍ਰਿਜ ਭੂਸ਼ਣ ਨੂੰ ਦੋ ਦਿਨ ਦੀ ਜ਼ਮਾਨਤ



**ਨਵੀਂ ਦਿੱਲੀ** : ਮਹਿਲਾ ਭਲਵਾਨਾਂ ਦੇ ਜਿਨਸੀ ਸ਼ੋਸ਼ਣ ਮਾਮਲੇ 'ਚ ਮੰਗਲਵਾਰ ਭਾਜਪਾ ਸਾਂਸਦ ਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦਾ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਦਿੱਲੀ ਦੀ ਅਦਾਲਤ ਪੇਸ਼ ਹੋਇਆ ਤੇ ਜ਼ਮਾਨਤ ਦੀ ਮੰਗ ਕੀਤੀ।

ਅਦਾਲਤ ਨੇ ਉਸ ਨੂੰ ਦੋ ਦਿਨ ਦੀ ਅੰਤ੍ਰਿਮ ਜ਼ਮਾਨਤ ਦੇ ਦਿੱਤੀ। ਅਦਾਲਤ ਨੇ ਕਿਹਾ ਕਿ ਉਹ ਮੁਲਜ਼ਮ ਦੀ ਪੱਕੀ ਜ਼ਮਾਨਤ ਮੰਗਣ ਬਾਰੇ ਦਲੀਲਾਂ ਵੀਰਵਾਰ ਨੂੰ ਸੁਣੇਗੀ।

## ਸਫੈਦੇ ਦੇ ਟਾਹਣੇ ਹੇਠ ਆ ਕੇ ਮੌਤ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਮੰਗਲਵਾਰ ਕਰੀਬ 12 ਕੁ ਵਜੇ ਮਮਦੋਟ-ਫਿਰੋਜ਼ਪੁਰ ਮੁੱਖ ਸੜਕ 'ਤੇ ਸਥਾਨਕ ਬਿਜਲੀ ਘਰ ਦੇ ਸਾਹਮਣੇ ਮੋਟਰਸਾਈਕਲ ਸਵਾਰ ਉੱਪਰ ਅਚਾਨਕ ਸਫੈਦੇ ਦਾ ਟਾਹਣਾ ਡਿੱਗਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਚਿਮਨ ਲਾਲ ਪੁੱਤਰ ਭੋਲਾ ਰਾਮ ਵਾਸੀ ਬੋਦਲ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ ਵਜੋਂ ਹੋਈ। ਥਾਣਾ ਮਮਦੋਟ ਦੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਕਰੀਬ ਅੱਠ ਸਾਲ ਪਹਿਲਾਂ ਵੀ ਇਸ ਜਗ੍ਹਾ ਤੋਂ ਮਹਿਜ਼ 200 ਗਜ਼ ਦੀ ਦੂਰੀ 'ਤੇ ਇੱਕ ਮੋਟਰਸਾਈਕਲ ਸਵਾਰ ਦੀ ਮੌਤ ਵੀ ਦਰੱਖਤ ਦਾ ਟਾਹਣਾ ਟੁੱਟਣ ਨਾਲ ਹੋਈ ਸੀ।

## ਐੱਨ ਆਰ ਆਈ ਕਤਲ

**ਲੁਧਿਆਣਾ** : ਇੱਥੋਂ ਦੀ ਠਾਕੁਰ ਕਾਲੋਨੀ 'ਚ ਸੋਮਵਾਰ ਰਾਤ ਐੱਨ ਆਰ ਆਈ ਬਰਿੰਦਰ ਸਿੰਘ (42) ਦੀ ਮੋਟਰਸਾਈਕਲ ਸਵਾਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਹੱਤਿਆ ਕਰ ਦਿੱਤੀ ਜਦੋਂ ਉਹ ਮੋਟਰਸਾਈਕਲ 'ਤੇ ਘਰ ਜਾ ਰਿਹਾ ਸੀ। ਲਲਤੋਂ ਪੁਲਸ ਚੌਂਕੀ ਦੇ ਇੰਚਾਰਜ ਏ ਐੱਸ ਆਈ ਰਵਿੰਦਰ ਕੁਮਾਰ ਨੇ ਦੱਸਿਆ ਕਿ ਬਰਿੰਦਰ ਸਿੰਘ ਆਪਣੇ ਨੌਕਰ ਸਮੇਤ ਫਾਰਮ ਹਾਊਸ ਤੋਂ ਲਲਤੋਂ ਕਲਾਂ ਸਥਿਤ ਆਪਣੇ ਘਰ ਜਾ ਰਿਹਾ ਸੀ ਕਿ ਰਸਤੇ 'ਚ ਦੋ ਨਕਾਬਪੋਸ਼ ਮੋਟਰਸਾਈਕਲ ਸਵਾਰਾਂ ਨੇ ਉਸ ਨੂੰ ਰੋਕ ਕੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਉਸ ਨੂੰ ਡੀ ਐੱਮ ਸੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੇ ਦਮ ਤੋੜ ਦਿੱਤਾ। ਹਮਲੇ ਵਿੱਚ ਨੌਕਰ ਵੀ ਜ਼ਖਮੀ ਹੋ ਗਿਆ। ਮੁੱਢਲੀ ਜਾਂਚ 'ਚ ਇਹ ਕਤਲ ਨਿੱਜੀ ਰੰਜਿਸ਼ ਕਾਰਨ ਹੋਇਆ ਲੱਗਦਾ ਹੈ।

## ਪੈਸਿਆਂ ਖਾਤਰ ਮਾਂ ਮਾਰ'ਤੀ !

**ਸ੍ਰੀ ਹਰਗੋਬਿੰਦਪੁਰ ਸਾਹਿਬ** : ਨੇੜਲੇ ਪਿੰਡ ਸਮਰਾਏ ਦੇ ਨੌਜਵਾਨ ਨੇ ਪੈਸਿਆਂ ਦੀ ਖਾਤਰ ਮਾਂ ਦਾ ਕਥਿਤ ਤੌਰ 'ਤੇ ਕਤਲ ਕਰ ਦਿੱਤਾ। ਪਿੰਡ ਵਾਲਿਆਂ ਮੁਤਾਬਕ ਸਤਪਾਲ ਵੈਲਡਿੰਗ ਦਾ ਕੰਮ ਕਰਦਾ ਸੀ। ਉਸ ਦੇ ਪਿਤਾ ਮੰਗਤ ਸਿੰਘ ਦੀ ਕੁੱਝ ਸਾਲ ਪਹਿਲਾਂ ਮੌਤ ਹੋ ਗਈ ਸੀ, ਜਿਹੜਾ ਕਿ ਸਰਕਾਰੀ ਮੁਲਾਜ਼ਮ ਸੀ। ਉਸ ਦੀ ਪੈਨਸ਼ਨ ਜਸਬੀਰ ਕੌਰ ਨੂੰ ਮਿਲ ਰਹੀ ਸੀ। ਸਤਪਾਲ ਸ਼ਰਾਬ ਦਾ ਆਦੀ ਸੀ ਤੇ ਮਾਂ ਕੋਲੋਂ ਪੈਸਿਆਂ ਦੀ ਮੰਗ ਕਰਦਾ ਰਹਿੰਦਾ ਸੀ। ਸੋਮਵਾਰ ਸ਼ਾਮ ਸਤਪਾਲ ਨੇ ਪੈਸਿਆਂ ਖਾਤਰ ਮਾਂ ਦੀ ਕੁੱਟਮਾਰ ਕੀਤੀ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਸੂਚਨਾ ਮਿਲਣ 'ਤੇ ਸ੍ਰੀ ਹਰਗੋਬਿੰਦਪੁਰ ਦੀ ਥਾਣਾ ਮੁਖੀ ਬਲਜੀਤ ਕੌਰ ਨੇ ਮੌਕੇ 'ਤੇ ਪਹੁੰਚ ਕੇ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਨੂੰ ਮ੍ਰਿਤਕਾ ਦੇ ਇਕ ਹੋਰ ਪੁੱਤਰ ਰਛਪਾਲ ਸਿੰਘ ਨੇ ਦੱਸਿਆ ਕਿ ਪੈਸੇ ਦੇਣ ਤੋਂ ਇਨਕਾਰ ਕਰਨ 'ਤੇ ਸਤਪਾਲ ਨੇ ਡਾਂਗਾਂ ਨਾਲ ਮਾਤਾ ਨੂੰ ਕੁੱਟਿਆ, ਜਿਸ ਨਾਲ ਉਸ ਦੀ ਮੌਤ ਹੋ ਗਈ।

## ਅੱਜ-ਨਾਮਾ

ਅਗਲੇ ਸਾਲ ਦਾ ਲਾਉਣ ਲਈ ਚੋਣ ਆਢਾ,
ਸਰਗਰਮੀ ਹੋਈ ਦੁਵੱਲੀ ਫਿਰ ਤੇਜ਼ ਬੇਲੀ।
ਜਿਨ੍ਹਾਂ ਨਾਲ ਨਹੀਂ ਬੋਲਣ ਦੀ ਸਾਂਝ ਸੀਗੀ,
ਸੁਨੇਹਾ ਦਿੱਤਾ ਗਿਆ ਉਨ੍ਹਾਂ ਨੂੰ ਭੇਜ ਬੇਲੀ।
ਕਿੰਨਾ ਕੁ ਭ੍ਰਿਸ਼ਟ ਜਾਂ ਨੀਤ ਦਾ ਕੋਈ ਮਾੜਾ,
ਕਿਸੇ ਵੱਲ ਦਿੱਸੇ ਨਹੀਂ ਕੋਈ ਪ੍ਰਹੇਜ਼ ਬੇਲੀ।
ਜਿਸ ਨਾਲ ਹੁੰਦੀ ਦੁਵੱਲੀ ਸੀ ਗਾਲ੍ਹ-ਦੁੱਪੜ,
ਜੱਫੀਆਂ ਪਾਉਣੋਂ ਨਹੀਂ ਰਿਹਾ ਗੁਰੇਜ਼ ਬੇਲੀ।
ਕਿੰਨੇ ਇਹ ਦਿਨਾਂ ਤੱਕ ਚੱਲੇਗੀ ਰਾਸਲੀਲ੍ਹਾ,
ਆਪ ਵੀ ਲੀਡਰ ਮਿਆਦ ਨਹੀਂ ਜਾਣਦੇ ਈ।
ਪਿਛਲੀ ਵਾਰ ਸੀ ਨਿੱਖੜ ਗਏ, ਕਦੋਂ ਪਰਤੇ,
ਉਹ ਫਿਰ ਭੁੱਲਿਆ, ਨਵਾਂ ਮੋਹ ਮਾਣਦੇ ਈ।

-ਤੀਸ ਮਾਰ ਖਾਂ

## ਜੀਵਨਦਾਤੀ



**ਜਲੰਧਰ** : ਅਮਰੀਕਾ ਦੀ ਐਲਿਜ਼ਾਬੈਥ ਐਂਡਰਸਨ ਦੇ ਆਪਣੇ ਦੋ ਬੱਚੇ ਹਨ, ਪਰ ਉਹ ਸਮੇਂ ਤੋਂ ਪਹਿਲਾਂ ਜਨਮ ਲੈਣ ਵਾਲੇ ਹਜ਼ਾਰਾਂ ਬੱਚਿਆਂ ਨੂੰ ਦੁੱਧ ਦੇ ਚੁੱਕੀ ਹੈ। ਉਸ ਦਾ ਸਰੀਰ ਲੋੜੋਂ ਵੱਧ ਦੁੱਧ ਪੈਦਾ ਕਰਦਾ ਹੈ, ਜਿਹੜਾ ਕਈ ਵਾਰ ਆਪੇ ਵਗਣ ਲੱਗਦਾ ਹੈ।

ਓਰੇਗੋਨ ਦੇ ਅਲੋਹਾ ਵਿਚ ਰਹਿੰਦੀ 20 ਫਰਵਰੀ 2015 ਤੋਂ ਦੁੱਧ ਬੈਂਕ ਨੂੰ ਦੁੱਧ ਦਾਨ ਕਰ ਰਹੀ ਹੈ। ਇਕ ਵਿਸ਼ਵ ਰਿਕਾਰਡ ਹੈ। ਗਿੰਨੀਜ਼ ਵਰਲਡ ਰਿਕਾਰਡਜ਼ ਨੇ ਬੀਤੇ ਦਿਨੀਂ ਉਸ ਦੀ ਵੀਡੀਓ ਸਾਂਝੀ ਕੀਤੀ। ਉਸ ਨੇ ਕਿਹਾ-ਪਿਛਲੇ 9 ਸਾਲ ਵਿਚ ਮੈਂ 35 ਹਜ਼ਾਰ ਔਂਸ ਤੋਂ ਵੱਧ ਦੁੱਧ ਦਾਨ ਕਰ ਚੁੱਕੀ ਹਾਂ। ਇਹ ਮਜ਼ਾਕ ਨਹੀਂ। ਮੇਰੇ ਦੁੱਧ ਨਾਲ ਕਿੰਨੇ ਬੱਚਿਆਂ ਨੂੰ ਲਾਭ ਹੋਇਆ ਹੋਵੇਗਾ, ਇਹ ਪਤਾ ਲਾਉਣਾ ਅਸੰਭਵ ਹੈ। ਮੇਰਾ ਸਰੀਰ ਕੁਝ ਮਿੰਟਾਂ ਬਾਅਦ ਹੀ ਦੁੱਧ ਪੈਦਾ ਕਰਨ ਲੱਗ ਪੈਂਦਾ ਹੈ।

## ਆਜ਼ਾਦੀ ਘੁਲਾਟੀਆਂ ਦੀ ਪੈਨਸ਼ਨ 11 ਹਜ਼ਾਰ ਰੁਪਏ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਜ਼ਾਦੀ ਘੁਲਾਟੀਆਂ ਦੀ ਪੈਨਸ਼ਨ 9400 ਰੁਪਏ ਪ੍ਰਤੀ ਮਹੀਨਾ ਤੋਂ ਵਧਾ ਕੇ 11000 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਇਹ ਫੈਸਲਾ 1 ਅਗਸਤ ਤੋਂ ਲਾਗੂ ਹੋਵੇਗਾ।

ਇਸ ਫੈਸਲੇ ਨਾਲ 545 ਲਾਭਪਾਤਰੀਆਂ, ਜਿਨ੍ਹਾਂ ਵਿੱਚ ਖੁਦ ਆਜ਼ਾਦੀ ਘੁਲਾਟੀਏ, ਮ੍ਰਿਤਕ ਆਜ਼ਾਦੀ ਘੁਲਾਟੀਆਂ ਦੀਆਂ ਵਿਧਵਾਵਾਂ ਜਾਂ ਅਣਵਿਆਹੇ ਤੇ ਬੇਰੁਜ਼ਗਾਰ ਲੜਕੀਆਂ ਤੇ ਲੜਕੇ ਸ਼ਾਮਲ ਹਨ, ਨੂੰ ਸਿੱਧੇ ਤੌਰ 'ਤੇ ਫਾਇਦਾ ਹੋਵੇਗਾ।

## ਝੋਨੇ ਦੀ ਪਨੀਰੀ ਮੁਫ਼ਤ ਮੁਹੱਈਆ ਕਰਵਾਉਣ ਲਈ ਕੰਟਰੋਲ ਰੂਮ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਹੜ੍ਹਾਂ ਨਾਲ ਪ੍ਰਭਾਵਤ ਕਿਸਾਨਾਂ ਨੂੰ ਰਾਹਤ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸੂਬੇ ਵਿੱਚ ਜਿਹੜੇ ਕਿਸਾਨਾਂ ਦੀ ਫਸਲ ਦਾ ਹੜ੍ਹਾਂ ਕਾਰਨ ਨੁਕਸਾਨ ਹੋਇਆ ਹੈ, ਉਨ੍ਹਾਂ ਨੂੰ ਝੋਨੇ ਦੀ ਪਨੀਰੀ ਮੁਫਤ ਮੁਹੱਈਆ ਕਰਵਾਉਣ ਲਈ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਅਜਿਹੇ ਕਿਸਾਨ ਸਵੇਰੇ 8 ਵਜੇ ਤੋਂ ਰਾਤ 9.30 ਵਜੇ ਤੱਕ 77106-65725 'ਤੇ ਕਾਲ ਕਰਕੇ ਝੋਨੇ ਦੀ ਪਨੀਰੀ ਲੈਣ ਲਈ ਮੰਗ ਦਰਜ ਕਰਵਾ ਸਕਦੇ ਹਨ।

## ਸ੍ਰੀ ਅਗਰਸੈਨ ਸਮਿਤੀ ਨੇ ਖਾਲਸਾ ਏਡ ਦੇ ਅਧਿਕਾਰੀਆਂ ਨੂੰ ਰਾਹਤ ਸਮਗਰੀ ਸੌਂਪੀ



**ਜਗਰਾਓਂ (ਅਮਿਤ ਖੰਨਾ)**-ਅਗਰਵਾਲ ਸਮਾਜ ਦੀ ਮੁੱਖ ਸੰਸਥਾ ਸ੍ਰੀ ਅਗਰਸੈਨ ਸਮਿਤੀ (ਰਜਿ.) ਜਗਰਾਉਂ ਦੇ ਚੇਅਰਮੈਨ ਪਿਊਸ਼ ਗਰਗ ਤੇ ਪ੍ਰਧਾਨ ਅਨਮੋਲ ਗਰਗ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਥੇਬੰਦੀ ਦੇ ਜਨਰਲ ਸਕੱਤਰ ਕਮਲਦੀਪ ਬਾਂਸਲ ਦੀ ਅਗਵਾਈ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਲਈ ਖਾਲਸਾ ਏਡ ਜਗਰਾਉਂ ਦੇ ਅਧਿਕਾਰੀਆਂ ਨੂੰ ਰਾਹਤ ਸਮੱਗਰੀ ਸੌਂਪੀ। ਇਸ ਮੌਕੇ ਸੰਸਥਾ ਦੇ ਸਕੱਤਰ ਅੰਕੁਸ਼ ਮਿੱਤਲ ਤੇ ਕਾਰਜਕਾਰਨੀ ਮੈਂਬਰ ਪੁਨੀਤ ਬਾਂਸਲ ਨੇ ਕਿਹਾ ਕਿ ਖਾਲਸਾ ਏਡ ਹਮੇਸ਼ਾ ਧਰਮ ਤੋਂ ਉਪਰ ਉੱਠ ਕੇ ਲੋਕਾਂ ਦੀ ਸੇਵਾ ਕਰਦੀ ਹੈ। ਜਿੱਥੇ ਭਾਰਤ ਸਮੇਤ ਦੁਨੀਆ ਭਰ ਵਿੱਚ ਲੋਕਾਂ ਨੂੰ ਕੁਦਰਤੀ ਆਫਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਖਾਲਸਾ ਏਡ ਇੱਕ ਪਹਿਲ ਵਜੋਂ ਆਪਣੀ ਸੇਵਾ ਸ਼ੁਰੂ ਕਰਦੀ ਹੈ। ਖਾਲਸਾ ਏਡ ਜਗਰਾਉਂ ਦੇ ਸੇਵਾਦਾਰ ਜਨਪ੍ਰੀਤ ਨੇ ਕਿਹਾ ਕਿ ਸ੍ਰੀ ਅਗਰਸੇਨ ਸੰਮਤੀ (ਰਜਿ.) ਜਗਰਾਉਂ ਹਮੇਸ਼ਾ ਹੀ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਂਦੀ ਹੈ। ਉਨ੍ਹਾਂ ਦੱਸਿਆ ਕਿ ਖਾਲਸਾ ਏਡ ਹਰਿਆਣਾ, ਹਿਮਾਚਲ ਤੇ ਦਿੱਲੀ ਸਮੇਤ ਹੜ੍ਹ ਪ੍ਰਭਾਵਿਤ ਪੰਜਾਬ ਵਿੱਚ ਸੇਵਾ ਕਰ ਰਹੀ ਹੈ ਤੇ ਜੋ ਵੀ ਆਪਣੀ ਸੇਵਾ ਭੇਜਣਾ ਚਾਹੁੰਦੇ ਹਨ, ਉਹ ਖਾਲਸਾ ਏਡ ਨਾਲ ਸੰਪਰਕ ਕਰ ਸਕਦੇ ਹਨ। ਖਾਲਸਾ ਏਡ ਜਗਰਾਓਂ ਦੇ ਸੇਵਾਦਾਰ ਰੋਜ਼ਾਨਾ ਸ਼ਾਮ 5 ਤੋਂ 8:30 ਵਜੇ ਤੱਕ ਝਾਂਸੀ ਰਾਣੀ ਚੌਕ ਜਗਰਾਉ ਵਿੱਚ ਖੜੇ ਰਹਿੰਦੇ ਹਨ ਅਤੇ ਦਾਨੀ ਸੱਜਣ ਉਸ ਸਮੇਂ ਵੀ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।

## ਸੰਤ ਨਿਰੰਕਾਰੀ ਮਿਸ਼ਨ ਵੱਲੋਂ ਤਹਿਸੀਲਦਾਰ ਨੂੰ ਰਾਹਤ ਸਮਗਰੀ ਭੇਟ



**ਸਮਾਣਾ (ਇੱਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮਿਸ਼ਨ ਬਰਾਂਚ ਸਮਾਣਾ ਦੇ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ ਮਦਦ ਲਈ ਰਾਹਤ ਸਮੱਗਰੀ ਤਹਿਸੀਲਦਾਰ ਲਾਰਸਨ ਸਿੰਗਲਾ ਨੂੰ ਭੇਟ ਕੀਤੀ। ਇਸ ਮੌਕੇ ਤਹਿਸੀਲਦਾਰ ਲਾਰਸਨ ਸਿੰਗਲਾ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਪੈਗੰਬਰ ਦੀ ਧਰਤੀ ਹੈ। ਇਥੇ ਸੰਤਾਂ ਮਹਾਂਪੁਰਸ਼ਾਂ, ਗੁਰੂਆਂ, ਪੀਰਾਂ, ਪੈਗੰਬਰਾਂ ਨੇ ਪੰਜਾਬ ਵਾਸੀਆਂ ਦੇ ਦਿਲਾਂ ਵਿੱਚ ਪਿਆਰ ਅਤੇ ਸੇਵਾ ਕਰਨ ਦਾ ਜਜ਼ਬਾ ਪੰਜਾਬੀਆਂ ਦੇ ਦਿਲਾਂ ਵਿੱਚ ਭਰਿਆ ਹੋਇਆ ਹੈ। ਪੰਜਾਬੀ ਕਿਸੇ ਵੀ ਕੁਦਰਤੀ ਆਫਤ ਨਾਲ ਨਜਿੱਠਣ ਲਈ ਆਪਸੀ ਗਿੱਲੇ ਸ਼ਿਕਵੇ ਭੁਲਾ ਕੇ ਇੱਕ ਹੋ ਜਾਂਦੇ ਹਨ ਤੇ ਮਨੁੱਖਤਾ ਦੀ ਸੇਵਾ ਵਿੱਚ ਜੁੱਟ ਜਾਂਦੇ ਹਨ। ਪੰਜਾਬ ਸਰਕਾਰ ਨੂੰ ਵੱਖ ਵੱਖ ਧਾਰਮਿਕ ਸੰਸਥਾਵਾਂ, ਯੂਥ ਕਲੱਬਾਂ, ਸੇਵਾ ਸੁਸਾਇਟੀਆਂ ਤੇ ਆਮ ਲੋਕਾਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ, ਜਿਸ ਦੇ ਬਲਬੂਤੇ 'ਤੇ ਪੰਜਾਬ ਸਰਕਾਰ ਹੜ੍ਹ ਪੀੜਤ ਲੋਕਾਂ ਦੀ ਮਦਦ ਕਰਨ ਵਿੱਚ ਸਫਲ ਹੋ ਰਹੀ ਹੈ। ਤਹਿਸੀਲਦਾਰ ਸ੍ਰੀ ਸਿੰਗਲਾ ਨੇ ਕਿਹਾ ਕਿ ਨਿਰੰਕਾਰੀ ਮਿਸ਼ਨ ਵਧਾਈ ਦਾ ਪਾਤਰ ਹੈ, ਜੋ ਕੁਦਰਤ ਦੀ ਕਰੋਪੀ ਮੌਕੇ ਮਨੁੱਖਤਾ ਦੀ ਸੇਵਾ ਲਈ ਹਰਦਮ ਤਿਆਰ ਰਹਿੰਦਾ ਹੈ ਅਤੇ ਕੁਦਰਤ ਦੀ ਕਰੋਪੀ ਮੌਕੇ ਆਪਣਾ ਸਹਿਯੋਗ ਸਰਕਾਰ ਨੂੰ ਦਿੰਦਾ ਹੈ। ਇਸ ਮੌਕੇ ਸਥਾਨਕ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਨੇ ਕਿਹਾ ਕਿ ਨਿਰੰਕਾਰੀ ਮਿਸ਼ਨ ਦਾ ਸੇਵਾਦਲ ਮਨੁੱਖਤਾ ਦੀ ਸੇਵਾ ਲਈ ਹਰ ਵਕਤ ਤਿਆਰ ਰਹਿੰਦਾ ਹੈ। ਸਰਕਾਰ ਨੂੰ ਜਦੋਂ ਵੀ ਨਿਰੰਕਾਰੀ ਮਿਸ਼ਨ ਦੇ ਸੇਵਾਦਲ ਦੇ ਸਹਿਯੋਗ ਦੀ ਲੋੜ ਪਵੇ ਤਾਂ ਸਾਨੂੰ ਸੁਨੇਹਾ ਭੇਜ ਦਿੱਤਾ ਜਾਵੇ, ਸਾਡਾ ਨਿਰੰਕਾਰ ਸੇਵਾਦਲ ਮਨੁੱਖਤਾ ਦੀ ਸੇਵਾ ਲਈ ਤਿਆਰ-ਬ-ਤਿਆਰ ਮਿਲੇਗਾ। ਇਸ ਮੌਕੇ ਸੰਤ ਨਿਰੰਕਾਰੀ ਮਿਸ਼ਨ ਦੇ ਮੀਡੀਆ ਸਹਾਇਕ ਪੱਤਰਕਾਰ ਇੱਕਬਾਲ ਸਿੰਘ ਬੱਲ, ਸੇਵਾਦਲ ਦੇ ਸੰਚਾਲਕ ਪ੍ਰੇਮ ਕੁਮਾਰ, ਸੇਵਾਦਲ ਅਧਿਕਾਰੀ ਗੁਰਮੁਖ ਸਿੰਘ, ਰਾਮ ਲਾਲ, ਰਾਮ ਕ੍ਰਿਸ਼ਨ, ਵਿਜੈ ਬੱਤਰਾ ਆਦਿ ਹਾਜ਼ਰ ਸਨ।

## ਟੈਗੋਰ ਗਲੋਬਲ ਸਕੂਲ 'ਚ ਵਿਦਿਆਰਥੀਆਂ ਤੇ ਸਟਾਫ ਨੇ ਪੌਦੇ ਲਗਾਏ




**ਸਮਰਾਲਾ (ਸੁਰਜੀਤ ਸਿੰਘ)**-ਇਥੋਂ ਦੀ ਨਾਮਵਰ ਸਿੱਖਿਆ ਸੰਸਥਾ ਟੈਗੋਰ ਗਲੋਬਲ ਸੀ. ਸੈ. ਸਕੂਲ ਦੇ ਬੱਚਿਆਂ ਨੇ ਮਿਸ਼ਨ ਹਰਿਆਲੀ-2023 ਤਹਿਤ 'ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਆਫ ਪੰਜਾਬ ਸਕੂਲਜ ਐਂਡ ਐਸੋਸੀਏਸ਼ਨ' ਦੇ ਸਹਿਯੋਗ ਨਾਲ ਸਕੂਲ ਦੇ ਮੈਦਾਨ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਾਲ ਕ੍ਰਿਸ਼ਨ ਅਨੇਜਾ ਤੇ ਸ੍ਰੀਮਤੀ ਸਵਾਤੀ ਅਨੇਜਾ ਦੀ ਸਰਪ੍ਰਸਤੀ ਹੇਠ ਨਰਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪੌਦੇ ਲਗਾਏ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬੀ ਕੇ ਅਨੇਜਾ ਤੇ ਸਵਾਤੀ ਅਨੇਜਾ ਨੇ ਵਿਦਿਆਰਥੀਆਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਰੁੱਖ ਧਰਤੀ ਦਾ ਸ਼ਿੰਗਾਰ ਹਨ। ਰੁੱਖਾਂ ਵਿਹੂਣੀ ਧਰਤੀ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਜਿਹੜੇ ਲੋਕ ਰੁੱਖਾਂ ਨੂੰ ਵੱਢਦੇ ਹਨ, ਉਹ ਬਹੁਤ ਵੱਡਾ ਪਾਪ ਕਰਦੇ ਹਨ। ਰੁੱਖ ਜਿੱਥੇ ਸਾਨੂੰ ਛਾਂ ਦਿੰਦੇ ਹਨ, ਉਥੇ ਰੁੱਖਾਂ ਤੋਂ ਸਾਨੂੰ ਮਿੱਠੇ ਫਲ ਤੇ ਔਸ਼ਧੀ ਦੇ ਰੂਪ ਵਿੱਚ ਨਵੇਂ ਨੁਸਖੇ ਮਿਲਦੇ ਹਨ। ਉਨ੍ਹਾਂ ਕਿਹਾ ਕਿ ਰੁੱਖ ਪੰਛੀਆਂ ਨੂੰ ਪਾਲਦੇ ਹਨ। ਉਨ੍ਹਾਂ ਕਿਹਾ ਕਿ ਮਹਿਜ ਬੂਟੇ ਲਾ ਕੇ ਹੀ ਸਾਡਾ ਕੰਮ ਨਹੀਂ ਮੁੱਕ ਜਾਂਦਾ, ਬਲਕਿ ਜਦੋਂ ਤੱਕ ਇਹ ਵੱਡੇ ਨਹੀਂ ਹੋ ਜਾਂਦੇ, ਉਦੋਂ ਤੱਕ ਸਾਨੂੰ ਇਨ੍ਹਾਂ ਦੀ ਦੇਖ ਭਾਲ ਕਰਨੀ ਚਾਹੀਦੀ ਹੈ। ਪ੍ਰਿੰਸੀਪਲ ਮਨੋਜ ਕੁਮਾਰ ਨੇ ਬੱਚਿਆਂ ਨੂੰ ਰੁੱਖਾਂ ਦੀ ਮਹੱਤਤਾ ਤੇ ਸ਼ੁੱਧ ਵਾਤਾਵਰਨ ਸੰਬੰਧੀ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਨ੍ਹਾਂ ਤੋਂ ਬਿਨਾਂ ਸਾਡਾ ਜੀਵਨ ਸੰਭਵ ਨਹੀਂ ਹੈ। ਇਸ ਕਾਰਨ ਸਾਨੂੰ ਸਭ ਨੂੰ ਆਪਣੇ ਜੀਵਨ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਦਿਆਂ ਹਰਿਆਵਲ ਮੁਹਿੰਮ ਵਿੱਚ ਹਿੱਸਾ ਲੈਣ ਲਈ ਪ੍ਰੇਰਣਾ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਸ਼ਿਵ ਕੁਮਾਰ ਦੀ ਕਾਵਿ-ਰਚਨਾ ਵਿਦਿਆਰਥੀਆਂ ਨਾਲ ਸਾਂਝੀ ਕੀਤੀ।

## ਰਾਮਗੜ੍ਹੀਆ ਅਕਾਲ ਜਥੇਬੰਦੀ ਬਿਪਤਾ ਮਾਰੇ ਲੋਕਾਂ ਨਾਲ ਖੜ੍ਹੀ : ਪ੍ਰਧਾਨ ਮਕੰਦ ਸਿੰਘ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਦੇ ਹੜ੍ਹ ਪੀੜਤ ਲੋਕਾਂ ਦੇ ਇਸ ਬਿਪਤਾ ਦੀ ਘੜੀ 'ਚ ਨਾਲ ਖੜੀ ਹੈ। ਹਰ ਇਲਾਕੇ 'ਚ ਜਥੇਬੰਦੀ ਦੇ ਵਲੰਟੀਅਰਾਂ ਵੱਲੋਂ ਪੀੜਤਾਂ ਦੀ ਮਦਦ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਰਾਮਗੜ੍ਹੀਆ ਅਕਾਲ ਜਥੇਬੰਦੀ ਹਲਕਾ ਮਹਿਲ ਕਲਾਂ ਦੇ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਨੇ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਹੜ੍ਹਾਂ ਨਾਲ ਹੋਈ ਤਬਾਹੀ, ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕਰਨ ਉਪਰੰਤ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ, ਸੂਬਾ ਪ੍ਰਧਾਨ ਜਗਜੀਤ ਸਿੰਘ ਸੱਗੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੂਹ ਰਾਮਗੜ੍ਹੀਆ ਭਾਈਚਾਰੇ ਨੂੰ ਅਪੀਲ ਕੀਤੀ ਕਿ ਪਿੰਡ ਪਿੰਡ 'ਚੋਂ ਬਿਪਤਾ ਮਾਰੇ ਲੋਕਾਂ ਲਈ ਲੋੜੀਂਦੀ ਰਾਹਤ ਸਮੱਗਰੀ ਲੈ ਕੇ ਜਾਣ ਦੇ ਕਾਰਜਾਂ 'ਚ ਜੁਟੇ ਸੇਵਾਦਾਰਾਂ ਨਾਲ ਸਹਿਯੋਗ ਕਰਨ। ਇਸ ਮੌਕੇ ਵਾਇਸ ਚੇਅਰਮੈਨ ਜਰਨੈਲ ਸਿੰਘ ਮਠਾੜੂ, ਸੀਨੀ: ਮੀਤ ਪ੍ਰਧਾਨ ਨਰਿੰਦਰ ਸਿੰਘ ਸੋਹਲ, ਜਨ: ਸਕੱਤਰ ਭਰਪੂਰ ਸਿੰਘ ਜਗਦੇ, ਮੀਤ ਪ੍ਰਧਾਨ ਬਾਬਾ ਬੁੱਧ ਸਿੰਘ ਕਲਸੀ, ਪ੍ਰੈੱਸ ਸਕੱਤਰ ਜਸਪ੍ਰੀਤ ਸਿੰਘ, ਜਗਦੀਪ ਸਿੰਘ, ਹਰਪਾਲ ਸਿੰਘ, ਬਲਵੀਰ ਸਿੰਘ ਮਠਾੜੂ, ਧਰਮ ਸਿੰਘ, ਜਗਮੇਲ ਸਿੰਘ, ਕੁਲਦੀਪ ਸਿੰਘ, ਪ੍ਰਸ਼ੋਤਮ ਸਿੰਘ, ਗੁਰਮੇਲ ਸਿੰਘ, ਗੁਰਤੇਜ ਸਿੰਘ, ਨਵਦੀਪ ਸਿੰਘ ਜਗਦੇ ਆਦਿ ਹਾਜ਼ਰ ਸਨ।

## ਸੁਪਰੀਮ ਸਕੂਲ 'ਚ ਹਰਿਆਲੀ ਮਿਸ਼ਨ ਤਹਿਤ ਪੌਦੇ ਲਾਉਣ ਦੀ ਮੁਹਿੰਮ ਸ਼ੁਰੂ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਮਿਸ਼ਨ ਹਰਿਆਲੀ ਤਹਿਤ ਪੌਦੇ ਲਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਅਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਸ਼ੁਰੂ ਕੀਤੇ ਇਸ ਉਪਰਾਲੇ ਵਿੱਚ 15 ਲੱਖ ਤੋਂ ਵੱਧ ਬੂਟੇ ਲਾਉਣ ਦਾ ਟੀਚਾ ਰੱਖਿਆ ਗਿਆ ਹੈ। ਸਿੱਖਿਆ ਤੇ ਪਰਿਆਵਰਨ ਨੂੰ ਬਚਾਉਣ ਲਈ ਨਵੀਂ ਪੀੜ੍ਹੀ ਇੱਕ ਅਹਿਮ ਯੋਗਦਾਨ ਅਦਾ ਕਰ ਸਕਦੀ ਹੈ। ਇਸੇ ਤਹਿਤ ਸਕੂਲ ਵਿਦਿਆਰਥੀਆਂ ਵੱਲੋਂ ਇਸ ਮੁਹਿੰਮ ਨੂੰ ਇੱਕ ਨਵੇਂ ਰਿਕਾਰਡ ਵੱਲ ਲੈ ਜਾਣ ਦੀ ਤਿਆਰੀ ਹੈ। ਸੁਪਰੀਮ ਸਕੂਲ ਵਿਖੇ ਵੀ ਇਸ ਮੁਹਿੰਮ ਦੇ ਪਹਿਲੇ ਚਰਨ ਵਿੱਚ 500 ਤੋਂ ਵੱਧ ਵੱਖ ਵੱਖ ਕਿਸਮ ਦੇ ਬੂਟੇ ਬੱਚਿਆਂ ਨੂੰ ਵੰਡੇ ਗਏ ਤੇ ਇਨ੍ਹਾਂ ਦੀ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਵੀ ਬੱਚਿਆਂ ਨੂੰ ਦਿੱਤੀ ਗਈ, ਤਾਂ ਕਿ ਬੱਚੇ ਵਾਤਾਵਰਨ ਨਾਲ ਜੁੜ ਸਕਣ ਤੇ ਇਸ ਦੀ ਮਹੱਤਤਾ ਨੂੰ ਸਮਝਣ। ਸਕੂਲ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਇਸ ਨੇਕ ਕੰਮ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ ਤੇ ਵਾਤਾਵਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਦੀ ਲੋੜ 'ਤੇ ਜ਼ੋਰ ਦਿੱਤਾ। ਸੰਸਥਾ ਦੇ ਪ੍ਰਧਾਨ ਚਰਨ ਸਿੰਘ ਤੇ ਚੇਅਰਮੈਨ ਯੋਗਿੰਦਰ ਸ਼ਰਮਾ ਨੇ ਵੀ ਇਸ ਮੁਹਿੰਮ ਨੂੰ ਬਰਕਰਾਰ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

## ਬੇਰੁਜ਼ਗਾਰ ਸਟੈਨੋ ਟਾਈਪਿਸਟਾਂ ਨੇ ਐੱਮ ਐੱਲ ਏ ਨੂੰ ਦਿੱਤਾ ਮੰਗ ਪੱਤਰ



**ਮਮਦੋਟ (ਹਰਪਾਲ ਸਿੰਘ ਸੋਢੀ)**-ਆਮ ਆਦਮੀ ਪਾਰਟੀ ਵੱਲੋਂ ਸਰਕਾਰ ਬਣਨ ਤੋਂ ਪਹਿਲਾਂ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੇ ਵੱਡੇ ਵੱਡੇ ਵਾਅਦੇ ਕੀਤੇ ਸਨ, ਪਰ ਅੱਜ ਵੀ ਸੈਂਕੜੇ ਬੇਰੁਜ਼ਗਾਰ ਰੁਜ਼ਗਾਰ ਲਈ ਸਰਕਾਰ ਦੇ ਤਰਲੇ ਕੱਢ ਰਹੇ ਹਨ। ਅਜਿਹਾ ਹੀ ਕੁੱਝ ਸਟੈਨੋ ਟਾਈਪਿਸਟ ਸਿਖਿਆਰਥੀਆਂ ਨਾਲ ਹੋਇਆ ਹੈ। ਇਨ੍ਹਾਂ ਦੀਆਂ ਪੋਸਟਾਂ ਛੇ ਸਾਲਾਂ ਬਾਅਦ 2022 ਵਿੱਚ ਆਈਆਂ ਸੀ। ਇਸ ਸਾਲ ਇਨ੍ਹਾਂ ਪੋਸਟਾਂ ਲਈ ਮਈ ਵਿੱਚ ਪੇਪਰ ਲਿਆ ਗਿਆ, ਪਰ ਅਜੇ ਤੱਕ ਇਨ੍ਹਾਂ ਪੋਸਟਾਂ ਦਾ ਨਤੀਜਾ ਜਾਰੀ ਨਹੀਂ ਕੀਤਾ ਗਿਆ, ਜਿਸ ਨੂੰ ਲੈ ਕੇ ਬੇਰੁਜ਼ਗਾਰ ਸਟੈਨੋ ਯੂਨੀਅਨ ਪੰਜਾਬ ਵੱਲੋਂ ਸਟੈਨੋ ਟਾਈਪਿਸਟਾਂ ਵੱਲੋਂ ਐੱਮ ਐੱਲ ਏ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਨੂੰ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਅਧੀਨ ਸੇਵਾਵਾਂ ਚੋਣ ਬੋਰਡ ਰਾਹੀਂ ਪਿਛਲੇ ਸਾਲ ਇਸ਼ਤਿਹਾਰ ਨੰਬਰ 01/2022 ਸਟੈਨੋ ਟਾਈਪਿਸਟ ਅਧੀਨ ਜਨਵਰੀ ਮਹੀਨੇ 'ਚ ਪੋਸਟਾਂ ਕੱਢੀਆਂ ਗਈਆਂ ਸਨ, ਇਨ੍ਹਾਂ ਪੋਸਟਾਂ ਦਾ ਪੇਪਰ ਡੇਢ ਸਾਲ ਬਾਅਦ ਮਈ ਮਹੀਨੇ ਵਿੱਚ ਇਸੇ ਸਾਲ ਲਿਆ ਗਿਆ। ਅੱਜ ਦੋ ਮਹੀਨੇ ਹੋਣ ਦਾ ਬਾਵਜੂਦ ਇਨ੍ਹਾਂ ਪੋਸਟਾਂ ਦਾ ਨਤੀਜਾ ਜਾਰੀ ਨਹੀਂ ਕੀਤਾ ਗਿਆ। ਸਟੈਨੋ ਟਾਈਪਿਸਟ ਤੋਂ ਬਾਅਦ ਆਉਣ ਵਾਲੀਆਂ ਭਰਤੀਆਂ ਦੇ ਨਤੀਜੇ ਜਾਰੀ ਕੀਤੇ ਜਾ ਚੁੱਕੇ ਹਨ, ਪਰ ਇਸ ਭਰਤੀ ਨੂੰ ਲਟਕਾਇਆ ਜਾ ਰਿਹਾ ਹੈ। ਸਟੈਨੋ ਟਾਈਪਿਸਟ ਪਿਛਲੇ ਛੇ ਸਾਲਾਂ ਤੋਂ ਇਸ ਪੋਸਟ ਲਈ ਤਿਆਰੀ ਕਰ ਰਹੇ ਹਨ, ਪਰ ਛੇ ਸਾਲ ਬੀਤ ਜਾਣ ਦੇ ਬਾਵਜੂਦ ਸਟੈਨੋ ਟਾਈਪਿਸਟ ਸਿਖਿਆਰਥੀਆਂ ਦੀ ਮਿਹਨਤ ਨੂੰ ਬੂਰ ਪੈਂਦਾ ਨਜ਼ਰ ਨਹੀਂ ਆ ਰਿਹਾ, ਜਿਸ ਨੂੰ ਲੈ ਕੇ ਸਿਖਿਆਰਥੀ ਮਾਨਸਿਕ ਪ੍ਰੇਸ਼ਾਨੀ ਦਾ ਸ਼ਿਕਾਰ ਹੋ ਰਹੇ ਹਨ। ਇਸ ਮੌਕੇ ਜਸ਼ਨ, ਹਰਮੇਸ਼ ਸਿੰਘ, ਸੁਖਵਿੰਦਰ ਸਿੰਘ, ਸਕਰਨ ਸਿੰਘ, ਅਰਸ਼ਦੀਪ ਸਿੰਘ, ਸੁਨੀਲ ਕੁਮਾਰ, ਗਗਨ ਸਿੰਘ, ਰਾਜਬੀਰ ਸਿੰਘ, ਦੀਪਕ ਕੁਮਾਰ, ਰਾਹੁਲ, ਸੁਖਜਿੰਦਰ ਕੌਰ, ਜਸਵਿੰਦਰ ਕੌਰ, ਆਊਸ਼ੀ ਪਾਲ, ਵੀਨਾ ਰਾਣੀ, ਰਾਜ ਕੁਮਾਰੀ, ਪ੍ਰੀਤੀ ਪਾਲ, ਮਨਪ੍ਰੀਤ ਕੌਰ, ਗੁਰਪ੍ਰੀਤ ਕੌਰ, ਪੂਜਾ ਰਾਣੀ, ਸੀਮਾ ਰਾਣੀ ਆਦਿ ਹਾਜ਼ਰ ਸਨ।

## ਸਰਹੱਦੀ ਖੇਤਰ ਦੇ ਪਿੰਡ ਵਾਸੀ ਸਰਕਾਰੀ ਪਖਾਨਿਆਂ ਦੀ ਸਹੂਲਤ ਤੋਂ ਵਾਂਝੇ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਵਿੱਚ ਹੜ੍ਹ ਨੇ ਭਾਰੀ ਤਬਾਹੀ ਮਚਾਈ ਹੈ। ਇੱਥੇ ਕਈ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲ ਬਰਬਾਦ ਹੋ ਚੁੱਕੀ ਹੈ। ਇਸ ਦੇ ਨਾਲ ਹੀ ਘਰਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਕਈ ਕੱਚੇ ਮਕਾਨ ਢਹਿ ਗਏ ਹਨ ਅਤੇ ਪੱਕੇ ਮਕਾਨਾਂ ਵਿੱਚ ਵੱਡੀਆਂ ਤਰੇੜਾਂ ਆ ਗਈਆਂ ਹਨ।

ਕਈ ਲੋਕਾਂ ਕੋਲ ਪਖਾਨੇ ਤੱਕ ਵੀ ਨਹੀਂ ਹਨ। ਸਵੱਛ ਭਾਰਤ ਦੇ ਨਿਰਮਾਣ ਤਹਿਤ ਸਰਕਾਰ ਹਰ ਘਰ ਵਿੱਚ ਟਾਇਲਟ ਦੀ ਸਹੂਲਤ ਦੇਣ ਦੀ ਗੱਲ ਕਰ ਰਹੀ ਹੈ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਲੋਕਾਂ ਨੂੰ ਪਖਾਨੇ ਦੀ ਸਹੂਲਤ ਮੁਹੱਈਆ ਕਰਵਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਅੱਜ ਵੀ ਸਰਹੱਦੀ ਖੇਤਰ ਦੇ ਕਈ ਪਿੰਡ ਵਾਸੀ ਸਰਕਾਰ ਵੱਲੋਂ ਮੁਹੱਈਆ ਪਖਾਨੇ ਦੀ ਸਹੂਲਤ ਤੋਂ ਵਾਂਝੇ ਹਨ। ਜਿਸ ਕਾਰਨ ਉਨ੍ਹਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸੇ ਤਰ੍ਹਾਂ ਫਾਜ਼ਿਲਕਾ ਦੇ ਪਿੰਡ ਰਾਮ ਸਿੰਘ ਵਾਲੀ ਭੈਣੀ ਵਿੱਚ ਵੀ ਇੱਕ ਪਾਸੇ ਜਿੱਥੇ ਬਹੁਤ ਸਾਰੇ ਲੋਕਾਂ ਦੀਆਂ ਫਸਲਾਂ ਅਤੇ ਮਕਾਨਾਂ ਨੂੰ ਨੁਕਸਾਨ ਪਹੁੰਚਾ ਹੈ ਉੱਥੇ ਹੀ ਦੂਜੇ ਪਾਸੇ ਹੜ੍ਹ ਪ੍ਰਭਾਵਿਤ ਢਾਣੀਆਂ 'ਤੇ ਰਹਿੰਦੇ ਲੋਕਾਂ ਕੋਲ ਪੱਕੇ ਪਖਾਨਿਆਂ ਦੀ ਸਹੂਲਤ ਤੱਕ ਵੀ ਨਹੀਂ ਹੈ। ਜਿਸ ਕਾਰਨ ਉਹ ਜਾਂ ਤਾਂ ਖੁੱਲ੍ਹੇ ਵਿੱਚ ਸ਼ੌਚ ਕਰਨ ਲਈ ਮਜਬੂਰ ਹਨ ਜਾਂ ਫਿਰ ਉਨ੍ਹਾਂ ਵੱਲੋਂ ਆਰਜ਼ੀ ਟਾਇਲਟ ਬਣਾਇਆ ਗਿਆ ਹੈ। ਇਸ ਸੰਬੰਧੀ ਬਲਬੀਰ ਸਿੰਘ ਵਾਸੀ ਪਿੰਡ ਰਾਮ ਸਿੰਘ ਵਾਲੀ ਭੈਣੀ ਤੇ ਹੋਰਨਾਂ ਨੇ ਦੱਸਿਆ ਕਿ ਅੱਜ ਤੱਕ ਉਨ੍ਹਾਂ ਨੂੰ ਸਰਕਾਰ ਵੱਲੋਂ ਪੱਕੇ ਪਖਾਨੇ ਦੀ ਕੋਈ ਸਹੂਲਤ ਨਹੀਂ ਮਿਲੀ। ਜਿਸ ਕਾਰਨ ਉਨ੍ਹਾਂ ਨੇ ਖੁਦ ਹੀ ਆਪਣੇ ਪੱਧਰ 'ਤੇ ਆਰਜ਼ੀ ਪਖਾਨੇ ਬਣਾਏ ਹਨ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਉਹ ਕਈ ਵਾਰ ਜਲ ਸਪਲਾਈ ਵਿਭਾਗ ਦੇ ਸੰਬੰਧਤ ਅਧਿਕਾਰੀਆਂ ਨੂੰ ਅਪੀਲ ਕਰ ਚੁੱਕੇ ਹਨ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ। ਘਰ ਦੀਆਂ ਔਰਤਾਂ ਸਮੇਤ ਸਾਰੇ ਮੈਂਬਰ ਖੁੱਲ੍ਹੇ ਵਿੱਚ ਸ਼ੌਚ ਕਰਨ ਲਈ ਮਜਬੂਰ ਹਨ। ਉਨ੍ਹਾਂ ਸਰਕਾਰ ਤੋਂ ਪਖਾਨੇ ਬਣਾਉਣ ਲਈ ਜਲਦੀ ਤੋਂ ਜਲਦੀ ਆਰਥਕ ਮਦਦ ਦੀ ਮੰਗ ਕੀਤੀ ਹੈ। ਇਸ ਤੋਂ ਇਲਾਵਾ ਉਨ੍ਹਾਂ ਦੇ ਘਰਾਂ ਅਤੇ ਫਸਲਾਂ ਦੇ ਹੋਏ ਨੁਕਸਾਨ ਲਈ ਮੁਆਵਜ਼ੇ ਦੀ ਵੀ ਮੰਗ ਕੀਤੀ ਹੈ।

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਇਕਾਈ ਸਲ੍ਹੀਣਾ ਦੀ ਚੋਣ

■ ਜਤਿੰਦਰ ਸਿੰਘ ਪ੍ਰਧਾਨ ਤੇ ਬੰਤ ਸਿੰਘ ਜਨਰਲ ਸਕੱਤਰ ਬਣੇ



**ਮੋਗਾ (ਅਮਰਜੀਤ ਬੱਬਰੀ)**

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੀ ਮੀਟਿੰਗ ਪਿੰਡ ਸਲ੍ਹੀਣਾ ਵਿਖੇ ਜ਼ਿਲ੍ਹਾ ਆਗੂ ਬਿੱਕਰ ਸਿੰਘ ਚੂਹੜ ਚੱਕ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਜ਼ਿਲ੍ਹਾ ਫਰੀਦਕੋਟ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਚਹਿਲ ਤੇ ਪ੍ਰਚਾਰ ਸਕੱਤਰ ਬਲਵਿੰਦਰ ਸਿੰਘ ਧੂਰਕੋਟ ਵੀ ਹਾਜ਼ਰ ਹੋਏ। ਮੀਟਿੰਗ ਵਿੱਚ ਵੱਡੀ ਗਿਣਤੀ ਕਿਸਾਨ ਖੋਸਾ ਜਥੇਬੰਦੀ ਨੂੰ ਛੱਡ ਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਏ। ਆਗੂਆਂ ਨੇ ਦੱਸਿਆ ਕਿ ਜਥੇਬੰਦੀ ਵਿੱਚ ਸ਼ਾਮਲ ਹੋਏ ਕਿਸਾਨਾਂ ਦਾ ਸਵਾਗਤ ਕਰਦਿਆਂ ਪਿੰਡ ਕਮੇਟੀ ਦਾ ਵਿਸਥਾਰ ਕੀਤਾ ਗਿਆ, ਜਿਸ ਵਿੱਚ ਜਤਿੰਦਰ ਸਿੰਘ ਨੂੰ ਪ੍ਰਧਾਨ, ਜਲੌਰ ਸਿੰਘ ਸੀਨੀਅਰ ਮੀਤ ਪ੍ਰਧਾਨ, ਜੋਗਿੰਦਰ ਸਿੰਘ ਮੀਤ ਪ੍ਰਧਾਨ, ਅੰਮ੍ਰਿਤਪਾਲ ਸਿੰਘ ਖਜ਼ਾਨਚੀ, ਬੰਤ ਸਿੰਘ ਜਨਰਲ ਸਕੱਤਰ, ਬਲਵਿੰਦਰ ਸਿੰਘ ਸਹਾਇਕ ਸਕੱਤਰ, ਗੁਰਮੁੱਖ ਸਿੰਘ ਬੱਬੂ ਪ੍ਰੈੱਸ ਸਕੱਤਰ, ਮਨਜੀਤ ਸਿੰਘ ਪ੍ਰਚਾਰ ਸਕੱਤਰ ਤੇ ਬਲਵਿੰਦਰ ਸਿੰਘ, ਸੁਰਜੀਤ ਸਿੰਘ ਤੇ ਜਸਵੰਤ ਸਿੰਘ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ। ਚੁਣੀ ਗਈ ਕਮੇਟੀ ਵੱਲੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਵਿਸਥਾਰ ਤੇ ਪ੍ਰਚਾਰ ਲਈ ਪੂਰੀ ਤਰ੍ਹਾਂ ਨਾਲ ਸਮਰਪਤ ਹੋਣ ਦਾ ਵਿਸ਼ਵਾਸ ਦਿਵਾਇਆ ਗਿਆ। ਇਸ ਮੌਕੇ ਜ਼ਿਲ੍ਹੇ ਅੰਦਰ ਜਥੇਬੰਦੀ ਦੇ ਵਿਸਥਾਰ ਲਈ 5 ਅਗਸਤ ਨੂੰ ਜ਼ਿਲ੍ਹਾ ਕਨਵੈਨਸ਼ਨ ਕਰਕੇ ਜ਼ਿਲ੍ਹਾ ਟੀਮ ਦੀ ਚੋਣ ਕਰਨ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਗ ਸਿੰਘ ਚੂਹੜ ਚੱਕ, ਤਜਿੰਦਰ ਸਿੰਘ ਭੇਖਾ, ਡਾ. ਜਸਵਿੰਦਰ ਸਿੰਘ ਮਾਹਲਾ ਕਲਾਂ, ਬਲਵੀਰ ਸਿੰਘ ਸਰਪੰਚ, ਨਿਰਮਲ ਸਿੰਘ ਮਾਹਲਾ ਕਲਾਂ, ਨਿਰਮਲ ਸਿੰਘ, ਮਹਿੰਦਰ ਸਿੰਘ ਮਾਹਲਾ ਖੁਰਦ, ਜਗਦੀਸ਼ ਸਿੰਘ ਚਹਿਲ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਦੀ ਸੇਵਾ




ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਿਰੋਜ਼ਪੁਰ-ਮੋਗਾ ਜ਼ੋਨ ਦੇ ਆਗੂ ਜਾਣਕਾਰੀ ਦਿੰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਨੈਤਿਕ ਕਦਰਾਂ-ਕੀਮਤਾਂ, ਗੌਰਵਮਈ ਵਿਰਸੇ, ਗੁਰ ਇਤਿਹਾਸ ਤੇ ਪੰਜਾਬ ਦੇ ਅਲੋਪ ਹੋਏ ਸੱਭਿਆਚਾਰ ਨੂੰ ਬੱਚਿਆਂ ਤੱਕ ਪਹੁੰਚਣ ਲਈ 1972 ਤੋਂ ਸੇਵਾ ਕਰਦੀ ਜਥੇਬੰਦੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਿਰੋਜ਼ਪੁਰ-ਮੋਗਾ ਵੱਲੋਂ ਇਨ੍ਹਾਂ ਕਾਰਜਾਂ ਦੇ ਨਾਲ ਨਾਲ ਇਨਸਾਨੀਅਤ ਦੀਆਂ ਕਦਰਾਂ-ਕੀਮਤਾਂ ਸਮਝਦੇ ਹੋਏ, ਸੰਗਤਾਂ ਦੇ ਸਹਿਯੋਗ ਨਾਲ ਫਿਰੋਜ਼ਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਲੋਕਾਂ ਦੀ ਜ਼ਰੂਰਤ ਅਨੁਸਾਰ ਸੇਵਾ ਕਾਰਜ ਆਰੰਭ ਕੀਤੇ ਗਏ, ਜਿਸ ਵਿੱਚ ਸਟੱਡੀ ਸਰਕਲ ਦੀ ਟੀਮ ਇੰਦਰਪਾਲ ਸਿੰਘ, ਸਰਬਜੀਤ ਸਿੰਘ ਭਾਵੜਾ, ਸੁਖਬਾਜ ਸਿੰਘ ਸ਼ਾਹਦੀਨ ਵਾਲਾ, ਹਰਸਿਮਰ ਸਿੰਘ ਖਾਲਸਾ, ਹਰਜਿੰਦਰ ਸਿੰਘ ਤੇ ਸਿਹਤ ਸੇਵਾਵਾਂ ਦੇ ਰਹੇ ਸਤਪਾਲ ਸਿੰਘ, ਹਰਗੁਰਸ਼ਨ ਸਿੰਘ ਬਿੱਟਾ ਵੱਲੋਂ ਪਿੰਡ ਧੀਰਾ ਘਾਰਾ, ਨਿਹਾਲਾ ਲਵੇਰਾ, ਨਿਹਾਲਾ ਕਿਲਚਾ, ਕਾਲੂ ਵਾਲਾ ਆਦਿ ਪਿੰਡਾਂ ਵਿੱਚ ਜਾ ਕੇ ਲੋਕਾਂ ਜ਼ਰੂਰਤਾਂ ਬਾਰੇ ਪੁੱਛਿਆ ਤੇ ਪਿੰਡਾਂ ਦੇ ਲੋਕਾਂ ਦੀ ਮੰਗ ਨੂੰ ਮੁੱਖ ਰੱਖਦਿਆਂ ਓਡੋਮੋਸ, ਮੱਛਰਦਾਨੀਆਂ, ਸੁੱਕੇ ਦੁੱਧ ਪੈਕਟ, ਮੱਛਰ ਭਜਾਉਣ ਵਾਲੀਆਂ ਅਗਰਬੱਤੀਆਂ, ਸੈਂਪੂ ਗੁਲੂਕੋਜ਼, ਲਿਕਵਿੱਡ ਡਿਟੋਲ ਤੇ ਜ਼ਰੂਰੀ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਸਟੱਡੀ ਸਰਕਲ ਦੇ ਜੋਨਲ ਸਕੱਤਰ ਵੀਰ ਇੰਦਰਪਾਲ ਸਿੰਘ ਨੇ ਕਿਹਾ ਪਿਛਲੇ ਪੰਜ ਦਹਾਕਿਆਂ ਤੋਂ ਕਾਰਜਸ਼ੀਲ ਜਥੇਬੰਦੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸੇਵਾ ਕਾਰਜ ਕਰਦੇ ਹੋਏ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰੋਜ਼ਾਨਾ ਜ਼ਿੰਦਗੀ ਵਿੱਚ ਕੰਮ ਆਉਣ ਵਾਲੀਆਂ ਵਸਤੂਆਂ ਜ਼ਰੂਰਤਮੰਦ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ। ਪ੍ਰਧਾਨ ਵੀਰ ਸਰਬਜੀਤ ਸਿੰਘ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਿਰੋਜ਼ਪੁਰ-ਮੋਗਾ ਜ਼ੋਨ ਦੀ ਸਮੁੱਚੀ ਟੀਮ ਵੱਲੋਂ ਹਰ ਪੱਖ ਵਿਚਾਰਿਆ ਜਾ ਰਿਹਾ ਹੈ ਤੇ ਲੋਕਾਂ ਦੇ ਹਾਲਾਤ 'ਤੇ ਨਜ਼ਰ ਰੱਖਦੇ ਹੋਏ ਜ਼ਰੂਰੀ ਸਾਮਾਨ ਪਹੁੰਚਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

## ਕੈਮਿਸਟ ਐਸੋਸੀਏਸ਼ਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਮੁਫਤ ਦਵਾਈਆਂ



**ਮੱਖੂ (ਰਛਪਾਲ ਸਿੰਘ ਸੰਧੂ)**

ਪਿਛਲੇ ਦਿਨੀਂ ਹੋਈ ਭਾਰੀ ਬਾਰਸ਼ ਕਾਰਨ ਸਤਲੁਜ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਨਾਲ ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡਾਂ ਵਿਚ ਪਾਣੀ ਆਉਣ ਕਾਰਨ ਲੋਕਾਂ ਨੂੰ ਕੁਦਰਤੀ ਕਰੋਪੀ ਦਾ ਸ਼ਿਕਾਰ ਹੋਣਾ ਪਿਆ। ਹੁਣ ਸਤਲੁਜ ਦਰਿਆ ਦੇ ਨਾਲ ਪਿੰਡਾਂ ਵਿਚ ਪਾਣੀ ਦਾ ਪੱਧਰ ਘਟਣ ਨਾਲ ਲੋਕਾਂ ਦੇ ਦਿਲਾਂ ਵਿਚ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਇਸ ਮੁਸ਼ਕਲ ਦੀ ਘੜੀ ਵਿੱਚ ਹੁਣ ਹੜ੍ਹ ਪੀੜਤ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਕੈਮਿਸਟ ਐਸੋਸੀਏਸਨ ਮੱਖੂ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਪਹੁੰਚ ਕੇ ਹੜ੍ਹ ਪੀੜਤ ਲੋਕਾਂ ਨੂੰ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ। ਹੜ੍ਹ ਪੀੜਤ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਦਿਆਂ ਕੈਮਿਸਟ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਡਾ. ਰਜੀਵ ਅਹੂਜਾ ਰਵੀ ਸਾਬਕਾ ਐਮ ਸੀ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਬੇਸ਼ੱਕ ਪਾਣੀ ਦਾ ਪੱਧਰ ਘਟਣ ਨਾਲ ਲੋਕਾਂ ਨੂੰ ਰਾਹਤ ਜ਼ਰੂਰ ਮਿਲ ਗਈ ਹੈ ਪਰ ਹੁਣ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਮੱਖੀਆਂ, ਮੱਛਰਾਂ ਅਤੇ ਪਾਣੀ ਨਾਲ ਹੋਣ ਵਾਲਿਆਂ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਕੈਮਿਸਟ ਐਸੋਸੀਏਸ਼ਨ ਮੱਖੂ ਵੱਲੋਂ ਸਿਵਲ ਸਰਜਨ ਫਿਰੋਜ਼ਪੁਰ ਰਜਿੰਦਰ ਪਾਲ, ਜੈਡ ਐਲ ਏ ਲਖਵੰਤ ਸਿੰਘ ਅਤੇ ਡਰੱਗ ਇੰਸਪੈਕਟਰ ਮੈਡਮ ਸੋਨੀਆ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੜ੍ਹ ਪੀੜਤਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਸਾਰੇ ਕੈਮਿਸਟਾਂ ਵਾਲੇ ਵੱਖ ਵੱਖ ਪਿੰਡਾਂ ਦੇ ਘਰ ਘਰ ਵਿਚ ਪਹੁੰਚ ਕੇ ਹੜ੍ਹ ਪੀੜਤਾਂ ਦਾ ਚੈੱਕਅਪ ਕਰਕੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦੇ ਨਾਲ ਖਾਣ ਪੀਣ ਵਾਲੀਆਂ ਵਸਤੂਆਂ ਵੀ ਦਿੱਤੀਆਂ ਜਾ ਰਹੀਆਂ ਹਨ।

ਇਸ ਮੌਕੇ ਡਾ. ਰਜੀਵ ਅਹੂਜਾ ਰਵੀ ਨਾਲ ਜਗੀਰ ਸਿੰਘ ਮੱਲ੍ਹੀ ਜਨਰਲ ਸਕੱਤਰ, ਰਜੀਵ ਅਹੂਜਾ, ਤਰਸੇਮ ਮਰਹਾਣਾ, ਹਰਜੀਤ ਸਿੰਘ, ਸੰਜੀਵ ਟੰਡਨ, ਕਮਲਜੀਤ ਸਿੰਘ, ਗੋਰਾ ਮਰਹਾਣਾ, ਅਰਸ਼ ਕਾਲੜਾ, ਸੌਰਵ ਅਹੂਜਾ, ਪਵਨ ਗਾਂਧੀ ਅਤੇ ਹੋਰ ਕੈਮਿਸਟ ਹਾਜ਼ਰ ਸਨ।

## ਲੋਕ ਸੇਵਾ ਸੋਸਾਇਟੀ ਵੱਲੋਂ ਸਮਰਥ ਜੈਨ ਦਾ ਸਨਮਾਨ



**ਜਗਰਾਓਂ (ਅਮਿਤ ਖੰਨਾ/ਸੰਜੀਵ ਅਰੋੜਾ)**-ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ ਸਵਰਗਵਾਸੀ ਸ੍ਰੀ ਸੁਸ਼ੀਲ ਜੈਨ ਦੇ ਪੋਤਰੇ ਸਮਰਥ ਜੈਨ ਪੁੱਤਰ ਸ੍ਰੀ ਮਨੀਸ਼ ਜੈਨ (ਜੈਨ ਲੈਬ) ਦਾ ਸਨਮਾਨ ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਹੇਠ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਵਿਖੇ ਕੀਤਾ ਗਿਆ। ਜਗਰਾਉਂ ਦੇ ਸੁਤੰਤਰਤਾ ਸੈਨਾਨੀ ਸਵਰਗਵਾਸੀ ਦਯਾ ਚੰਦ ਜੈਨ ਦੇ ਪੜਪੋਤਰੇ ਸਮਰਥ ਜੈਨ ਪੁੱਤਰ ਮਨੀਸ਼ ਜੈਨ ਨੇ ਨੀਟ ਯੂ ਜੀ 2023 ਦੀ ਪ੍ਰੀਖਿਆ 'ਚੋਂ 720 'ਚੋਂ 680 ਅੰਕ ਪ੍ਰਾਪਤ ਕਰਕੇ 1541 ਰੈਂਕ ਹਾਸਲ ਕਰਕੇ ਜਗਰਾਉਂ ਸ਼ਹਿਰ ਦਾ ਨਾਮ ਪੂਰੇ ਦੇਸ਼ ਵਿੱਚ ਰੌਸ਼ਨ ਕਰਨ 'ਤੇ ਸੁਸਾਇਟੀ ਵੱਲੋਂ ਉਸ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਕੰਵਲ ਕੱਕੜ ਨੇ ਕਿਹਾ ਕਿ ਸਾਨੂੰ ਮਾਣ ਹੈ ਕਿ ਸਾਡੇ ਸ਼ਹਿਰ ਦੇ ਨਾਮੀ ਜੈਨ ਪਰਿਵਾਰ ਦੇ ਲੜਕੇ ਨੇ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਉਨ੍ਹਾਂ ਜੈਨ ਪਰਿਵਾਰ ਨੂੰ ਵਧਾਈ ਦਿੰਦਿਆਂ ਵਿਦਿਆਰਥੀ ਸਮਰਥ ਜੈਨ ਨੂੰ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਸਤੀਸ਼ ਕੱਕੜ ਪਿੰਕੀ, ਗਗਨਦੀਪ ਕੱਕੜ, ਮਾਧਵ ਕੱਕੜ, ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ, ਪ੍ਰੋਜੈਕਟ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਮਨੋਹਰ ਸਿੰਘ ਟੱਕਰ, ਵਿਨੋਦ ਬਾਂਸਲ, ਰਾਜਿੰਦਰ ਜੈਨ ਕਾਕਾ, ਪੀ ਆਰ ਓ ਨੀਰਜ ਮਿੱਤਲ, ਕਪਿਲ ਸ਼ਰਮਾ, ਆਰ ਕੇ ਗੋਇਲ, ਡਾ: ਭਾਰਤ ਭੂਸ਼ਨ ਬਾਂਸਲ, ਮੁਕੇਸ਼ ਗੁਪਤਾ, ਗੋਪਾਲ ਗੁਪਤਾ, ਅਨਿਲ ਮਲਹੋਤਰਾ, ਪ੍ਰੇਮ ਬਾਂਸਲ, ਮਨੋਜ ਗਰਗ, ਜਸਵੰਤ ਸਿੰਘ, ਡਾ: ਗੁਰਦਰਸ਼ਨ ਮਿੱਤਲ, ਰਾਕੇਸ਼ ਸਿੰਗਲਾ ਆਦਿ ਹਾਜ਼ਰ ਸਨ।

## ਨਸ਼ੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੱਲ੍ਹ ਦੇਰ ਰਾਤ ਸਥਾਨਕ ਜੀ-2 ਅਸਟੇਟ ਕਾਲੋਨੀ 'ਚ ਸੁੰਨਸਾਨ ਥਾਂ ਵਿੱਚ ਇੱਕ ਨੌਜਵਾਨ ਸੁਖਅੰਮ੍ਰਿਤ ਸਿੰਘ (23) ਵਾਸੀ ਰੁੜੇਵਾਲ ਦੀ ਲਾਸ਼ ਮਿਲੀ, ਜਿਸ ਕੋਲ ਪਈ ਸਰਿੰਜ ਤੋਂ ਇਹ ਲੱਗ ਰਿਹਾ ਸੀ ਕਿ ਇਸ ਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੀ-2 ਅਸਟੇਟ ਕਾਲੋਨੀ ਦੇ ਅਖੀਰ ਵਿੱਚ ਸੁੰਨਸਾਨ ਥਾਂ 'ਤੇ ਉੱਥੋਂ ਲੰਘਦੇ ਇੱਕ ਵਿਅਕਤੀ ਨੇ ਮੋਟਰਸਾਈਕਲ ਖੜਾ ਦੇਖਿਆ ਤੇ ਨਾਲ ਹੀ ਇੱਕ ਨੌਜਵਾਨ ਝਾੜੀਆਂ ਵਿੱਚ ਗਿਰਿਆ ਪਿਆ ਸੀ। ਇਸ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ, ਜਿਸ 'ਤੇ ਤੁਰੰਤ ਥਾਣਾ ਮੁਖੀ ਡੀਐੱਸਪੀ ਮਨਦੀਪ ਕੌਰ, ਸਬ-ਇੰਸਪੈਕਟਰ ਸੰਤੋਖ ਸਿੰਘ ਮੌਕੇ 'ਤੇ ਪੁੱਜੇ, ਜਿਨ੍ਹਾਂ ਜਾਂਚ ਦੌਰਾਨ ਦੇਖਿਆ ਕਿ ਨੌਜਵਾਨ ਦੀ ਮੌਤ ਹੋ ਚੁੱਕੀ ਸੀ ਤੇ ਉਸ ਦੀ ਜੇਬ ਵਿੱਚੋਂ ਮਿਲੇ ਦਸਤਾਵੇਜ਼ਾਂ ਦੇ ਅਧਾਰ 'ਤੇ ਉਸ ਦੀ ਪਹਿਚਾਣ ਸੁਖਅੰਮ੍ਰਿਤ ਸਿੰਘ ਵਾਸੀ ਰੁੜੇਵਾਲ ਵਜੋਂ ਹੋਈ। ਮ੍ਰਿਤਕ ਨੌਜਵਾਨ ਦੀ ਲਾਸ਼ ਕੋਲ ਹੀ ਸਰਿੰਜ ਪਈ ਸੀ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਨਸ਼ੇ ਦਾ ਟੀਕਾ ਲਗਾਉਣ ਤੋਂ ਬਾਅਦ ਓਵਰਡੋਜ਼ ਨਾਲ ਉਸ ਦੀ ਮੌਤ ਹੋਈ ਹੈ। ਮ੍ਰਿਤਕ ਦੇ ਮੂੰਹ 'ਚੋਂ ਝੱਗ ਨਿਕਲ ਰਹੀ ਸੀ ਤੇ ਨੱਕ 'ਚੋਂ ਖੂਨ ਵੀ ਵਹਿ ਰਿਹਾ ਸੀ। ਪੁਲਸ ਵੱਲੋਂ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਹੈ ਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ। ਪੁਲਸ ਅਧਿਕਾਰੀ ਅਨੁਸਾਰ ਨੌਜਵਾਨ ਦੀ ਮੌਤ ਦੇ ਕਾਰਨਾਂ ਬਾਰੇ ਤਾਂ ਪੋਸਟ ਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਪਤਾ ਲੱਗੇਗਾ। ਪੁਲਸ ਵੱਲੋਂ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਨੌਜਵਾਨ ਇਸ ਸੁੰਨਸਾਨ ਇਲਾਕੇ ਵਿੱਚ ਇਕੱਲਾ ਨਸ਼ਾ ਕਰਨ ਆਇਆ ਸੀ ਜਾਂ ਇਸ ਦੇ ਨਾਲ ਕੋਈ ਹੋਰ ਸਾਥੀ ਵੀ ਸੀ।

## ਮਾਨਕੀ 'ਚ ਬਰਸਾਤੀ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਸੰਬੰਧੀ ਜਾਗਰੂਕਤਾ ਕੈਂਪ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੀ. ਐੱਚ. ਸੀ. ਮਾਨੂੰਪੁਰ ਡਾਕਟਰ ਰਵੀ ਦੱਤ ਦੀ ਯੋਗ ਅਗਵਾਈ ਹੇਠ ਤੰਦਰੁਸਤੀ ਸਿਹਤ ਕੇਂਦਰ ਪਿੰਡ ਮਾਨਕੀ ਦੀ ਟੀਮ ਵੱਲੋਂ ਡੇਂਗੂ ਵਿਰੋਧੀ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਕੈਂਪ ਨੂੰ ਸੰਬੋਧਨ ਕਰਦਿਆਂ ਸਿਹਤ ਸੁਪਰਵਾਈਜ਼ਰ ਜਰਨੈਲ ਸਿੰਘ ਮੀਰਪੁਰ ਨੇ ਦੱਸਿਆ ਕਿ ਡੇਂਗੂ ਬੁਖਾਰ ਏਡੀਜ ਐਜਪਿਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਸਾਫ ਤੇ ਖੜੇ ਪਾਣੀ 'ਚ ਪੈਦਾ ਹੁੰਦਾ ਹੈ। ਇਹ ਮੱਛਰ ਦੀ ਪੈਦਾਇਸ਼ ਰੋਕਣ ਲਈ ਆਪਣੇ ਘਰਾਂ ਨੇੜੇ ਤੇ ਘਰਾਂ ਦੀਆਂ ਛੱਤਾਂ ਉਪਰ ਟੁੱਟੇ ਬਰਤਨ, ਪੁਰਾਣੇ ਟਾਇਰ ਨਾ ਰੱਖੋ, ਘਰਾਂ 'ਚ ਚੱਲ ਰਹੇ ਕੂਲਰ, ਫਰਿਜ ਦੀਆਂ ਟਰੇਆਂ ਆਦਿ ਵਿੱਚ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਆਪਣੇ ਘਰ 'ਚ ਚੱਲ ਰਹੇ ਕੂਲਰ ਦਾ ਪਾਣੀ ਹਫਤੇ ਵਿੱਚ ਦੋ ਵਾਰ ਬਦਲੋ। ਇਸ ਮੌਕੇ ਸੀ ਐੱਚ ਓ ਭੁਪਿੰਦਰ ਕੌਰ ਨੇ ਦੱਸਿਆ ਕਿ ਇਸ ਮੱਛਰ ਦੇ ਕੱਟਣ ਨਾਲ ਪੀੜਤ ਮਰੀਜ਼ ਦਾ ਸਿਰ ਦਰਦ, ਮਾਸਪੇਸ਼ੀਆਂ 'ਚ ਦਰਦ ਆਦਿ ਲੱਛਣ ਪਾਏ ਜਾਂਦੇ ਹਨ। ਗੰਭੀਰ ਅਵਸਥਾ 'ਚ ਮਰੀਜ਼ ਦੇ ਸਰੀਰ ਉੱਪਰ ਦਾਣੇ, ਮਸੂੜਿਆਂ ਤੇ ਪਿਸ਼ਾਬ ਰਾਹੀਂ ਖੂਨ ਆਉਣਾ ਇਸ ਦੀਆਂ ਨਿਸ਼ਾਨੀਆਂ ਹਨ। ਇਸ ਮੌਕੇ ਸਿਹਤ ਕਰਮਚਾਰੀ ਅਮਨਦੀਪ ਸਿੰਘ ਤੇ ਪਰਮਜੀਤ ਕੌਰ ਨੇ ਕਿਹਾ ਕਿ ਜੇਕਰ ਮਰੀਜ਼ ਵਿੱਚ ਅਜਿਹੇ ਲੱਛਣ ਪਾਏ ਜਾਣ ਤਾਂ ਪੀੜਤ ਤੁਰੰਤ ਨੇੜੇ ਦੇ ਸਿਵਲ ਹਸਪਤਾਲ ਜਾਂ ਸਰਕਾਰੀ ਸਿਹਤ ਸੰਸਥਾਵਾਂ ਨਾਲ ਸੰਪਰਕ ਕਰਨਾ ਚਾਹੀਦਾ ਹੈ। ਇਸ ਮੌਕੇ ਰਣਜੀਤ ਕੌਰ ਆਸ਼ਾ ਵਰਕਰ, ਡਾਕਘਰ ਮੁਲਾਜ਼ਮ ਮੋਹਿਤ ਤ੍ਰਿਵੇਦੀ ਤੇ ਰਣਬੀਰ ਸਿੰਘ ਆਦਿ ਹਾਜ਼ਰ ਸਨ।

## ਨਸ਼ੇ ਦਾ ਕਾਰੋਬਾਰ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ : ਥਾਣਾ ਮੁਖੀ

**ਤਪਾ ਮੰਡੀ (ਅਰੁਣ ਗੋਇਲ)**



ਸਥਾਨਕ ਇਲਾਕੇ ਵਿੱਚ ਜੇਕਰ ਕੋਈ ਵੀ ਨਸ਼ਾ ਤਸਕਰ ਨਸ਼ੇ ਦਾ ਕਾਲਾ ਕਾਰੋਬਾਰ ਕਰਦਾ ਫੜਿਆ ਗਿਆ ਤਾਂ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਤਪਾ ਦੇ ਥਾਣਾ ਮੁਖੀ ਗੁਰਵਿੰਦਰ ਸਿੰਘ ਨੇ ਵਿਸ਼ੇਸ਼ ਮੁਲਾਕਾਤ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਸੂਬੇ ਦੀ ਧਰਤੀ 'ਤੇ ਨਸ਼ੇ ਕਾਰਨ ਨੌਜਵਾਨਾਂ ਦੀ ਜਾਨ ਜਾ ਰਹੀ ਹੈ ਜੋ ਬੇਹੱਦ ਚਿੰਤਾ ਦਾ ਵਿਸ਼ਾ ਹੈ। ਉਨ੍ਹਾ ਕਿਹਾ ਕਿ ਸਾਨੂੰ ਸਾਰਿਆਂ ਨੂੰ ਨਸ਼ਿਆਂ ਖਿਲਾਫ ਇਕਜੁੱਟ ਹੋ ਕੇ ਲੜਾਈ ਲੜਨੀ ਪਵੇਗੀ ਤਾਂ ਹੀ ਨਸ਼ੇ ਦਾ ਖਾਤਮਾ ਹੋ ਸਕਦਾ ਹੈ। ਉਨ੍ਹਾਂ ਨਸ਼ੇ ਦੇ ਕਾਰੋਬਾਰ ਕਰਨ ਵਾਲਿਆਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਸਖਤੀ ਨਾਲ ਨਿਪਟਿਆ ਜਾਵੇਗਾ ਤੇ ਮੁੜ ਬਾਹਰ ਆਉਣ ਨੂੰ ਤਰਸਣਗੇ। ਉਨ੍ਹਾਂ ਸਮੂਹ ਮੰਡੀ ਨਿਵਾਸੀਆਂ ਅਤੇ ਪੰਚਾਇਤਾਂ ਤੋਂ ਵੀ ਸਹਿਯੋਗ ਦੀ ਮੰਗ ਕੀਤੀ।

## ਪੰਜਾਬ ਤੇ ਯੂ ਟੀ ਮੁਲਾਜ਼ਮ, ਪੈਨਸ਼ਨਰ ਜੁਆਇੰਟ ਫਰੰਟ ਜ਼ਿਲ੍ਹਾ ਲੁਧਿਆਣਾ ਦੀ ਸਰਬਸੰਮਤੀ ਨਾਲ ਚੋਣ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਜ਼ਿਲ੍ਹਾ ਲੁਧਿਆਣਾ ਵਿਖੇ ਸੂਬਾ ਕਮੇਟੀ ਦੀ ਤਰਜ਼ 'ਤੇ ਜ਼ਿਲ੍ਹਾ ਕਮੇਟੀ ਦਾ ਗਠਨ ਕੀਤਾ ਗਿਆ। ਪ੍ਰੈੱਸ ਨੂੰ ਬਿਆਨ ਦਿੰਦੇ ਹੋਏ ਕੁਆਰਡੀਨੇਟਰ ਸੁਸ਼ੀਲ ਕੁਮਾਰ ਤੇ ਗੁਰਮੇਲ ਸਿੰਘ ਮੈਲਡੇ ਨੇ ਕਿਹਾ ਕਿ ਵੱਖ-ਵੱਖ ਪੈਨਸ਼ਨਰਜ਼ ਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਦੀ ਭਰਪੂਰ ਹਾਜ਼ਰੀ ਰਹੀ, ਜਦਕਿ ਦਲੀਪ ਸਿੰਘ ਚੇਅਰਮੈਨ ਪੀ. ਆਈ. ਸੈਂਟਰ, ਦਰਸ਼ਨ ਸਿੰਘ ਉਟਾਲ, ਡਾ. ਮਹਿੰਦਰ ਕੁਮਾਰ ਸਾਰਦਾ, ਰਵਿੰਦਰ ਕੁਮਾਰ, ਪਵਿੱਤਰ ਸਿੰਘ, ਦਰਸ਼ਨ ਸਿੰਘ ਥਰੀਕੇ, ਚਮਕੌਰ ਸਿੰਘ, ਚਰਨ ਸਿੰਘ ਸਰਾਭਾ, ਰਾਜਪਾਲ ਵਰਮਾ, ਸਤਨਾਮ ਸਿੰਘ, ਨਿਰਮਲ ਸਿੰਘ ਲਲਤੋਂ ਤੋਂ ਇਲਾਵਾ ਸੁਖਵਿੰਦਰ ਸਿੰਘ ਲੀਲ੍ਹ ਤੇ ਰਮਨਜੀਤ ਸਿੰਘ ਸੰਧੂ ਡੀ.ਐੱਮ.ਐੱਫ. ਨੇ ਫੋਨ 'ਤੇ ਸਹਿਮਤੀ ਦਿੱਤੀ। ਸੁਰਿੰਦਰ ਸਿੰਘ ਬੈਂਸ, ਪ੍ਰਵੀਨ ਕੁਮਾਰ 1680-22ਬੀ ਚੰਡੀਗੜ੍ਹ, ਨਿਰਭੈ ਸਿੰਘ 1406-22ਬੀ ਚੰਡੀਗੜ੍ਹ, ਮਨਜੀਤ ਸਿੰਘ ਮਨਸੂਰਾ, ਬਲਵੀਰ ਸਿੰਘ ਮਾਨ, ਦੇਵ ਰਾਜ, ਕੇਵਲ ਸਿੰਘ ਬਨਵੈਤ ਤੇ 11 ਐਸੋਸੀਏਸ਼ਨ ਨੇ ਹਿੱਸਾ ਲਿਆ। ਉਕਤ ਆਗੂਆਂ ਨੇ ਜ਼ਿਲ੍ਹਾ ਕਮੇਟੀ ਦੀ ਚੋਣ ਦਾ ਸਵਾਗਤ ਕੀਤਾ। ਇਸ ਕਮੇਟੀ 'ਚ ਸ੍ਰੀ ਸੁਸ਼ੀਲ ਕੁਮਾਰ ਤੇ ਗੁਰਮੇਲ ਸਿੰਘ ਮੈਲਡੇ ਕੋਆਰਡੀਨੇਟਰਾਂ ਦੀ ਡਿਊਟੀ ਨਿਭਾਉਣਗੇ। ਇਹ ਵੀ ਫੈਸਲਾ ਕੀਤਾ ਕਿ ਜਿਹੜਾ ਵੀ ਪੈਨਸ਼ਨਰ ਮੁਲਾਜ਼ਮ ਗਰੁੱਪ ਜਾਂ ਜਥੇਬੰਦੀ ਹੁਣ ਤੱਕ ਸ਼ਾਮਲ ਨਹੀਂ ਹੋ ਸਕੀ, ਨੂੰ ਆਉਣ ਵਾਲੇ ਸਮੇਂ ਵਿੱਚ ਸ਼ਾਮਲ ਕਰਨ ਦੇ ਯਤਨ ਕੀਤੇ ਜਾਣਗੇ। ਹਰ ਐਸੋਸੀਏਸ਼ਨ ਦੇ ਦੋ-ਦੋ ਮੈਂਬਰ ਕਮੇਟੀ ਵਿੱਚ ਸ਼ਾਮਲ ਕੀਤੇ ਜਾਣਗੇ। ਸਾਂਝਾ ਪੈਨਸ਼ਨਰ ਤੇ ਮੁਲਾਜ਼ਮ ਫਰੰਟ ਵੱਲੋਂ ਜਾਰੀ ਕੀਤਾ ਗਿਆ ਸੰਘਰਸ਼ ਦਾ ਪ੍ਰੋਗਰਾਮ ਸਰਬਸੰਮਤੀ ਨਾਲ ਜ਼ਿਲ੍ਹਾ ਕਮੇਟੀ ਲਾਗੂ ਕਰੇਗੀ। ਅਗਲੀ ਮੀਟਿੰਗ ਸਬੰਧੀ ਸਾਥੀਆਂ ਨੂੰ ਸੂਚਿਤ ਕੀਤਾ ਜਾਵੇਗਾ।

YES BANK

Registered & Corporate Office : YES BANK House, Off Western Express Highway, Santacruze East, Mumbai-400055, CIN: L65190MH2003PLC143249, Email: communications@yesbank.in, Website: www.yesbank.in

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਡਾਇਰੈਕਟਰਾਂ/ਰਹਿਣਕਾਰਾਂ, ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ 'ਐਸੇਟ ਕਲਾਸੀਫਿਕੇਸ਼ਨ ਗਾਈਡਲਾਈਨਜ਼' ਸ਼ਰਤਾਂ ਤੋਂ ਬਾਹਰੀ ਹੋਣ ਕਾਰਨ ਨਾਨ-ਪ੍ਰਫਾਰਮਿੰਗ ਐਸੇਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰਾਂ/ਗਰੰਟਰਾਂ/ ਸਕਿਉਰਟੀ ਪ੍ਰੋਵਾਈਡਰਾਂ ਦਾ ਨਾਂਅ | ਜਾਇਦਾਦਾਂ ਦਾ ਵੇਰਵਾ/ਲਾਗੂ ਸਕਿਉਰਡ ਐਸੇਟਸ ਦਾ ਪਤਾ ਅਤੇ ਰਹਿਣਕਾਰ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਬਕਾਇਆ ਰਕਮ |
|---|---|---|---|---|
| 1. ਸ੍ਰੀ ਨਵਨੀਤ ਸ਼ਰਮਾ ਪੁੱਤਰ ਸ੍ਰੀ ਪੁਸ਼ਪਿੰਦਰ ਸ਼ਰਮਾ ਵਾਸੀ ਫਲੈਟ ਨੰ. 41ਏ, ਪਹਿਲੀ ਮੰਜ਼ਲ, ਸਵਿੱਤਰੀ-2, ਗਾਜ਼ੀਪੁਰ ਰੋਡ, ਵੀ ਆਈ ਪੀ ਰੋਡ, ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603, ਨਾਲ ਹੀ : ਦੁਕਾਨ ਨੰ. 17, ਪਹਿਲੀ ਮੰਜ਼ਲ, ਵੀ ਆਈ ਪੀ ਗਲੇਰੀਆ, ਵੀ ਆਈ ਪੀ ਰੋਡ, ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603, ਨਾਲ ਹੀ : ਫਲੈਟ ਨੰ. 32-ਬੀ, ਦੂਜੀ ਮੰਜ਼ਲ, ਬਲਾਕ-ਡੀ, ਮਿਸਟ ਅਰਕੇਡ, ਪਿੰਡ ਨਾਭਾ, ਹਾਈ ਲੈਂਡ ਮਾਰਗ, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾ ਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603 ("ਕਰਜ਼ਦਾਰ" ਅਤੇ "ਰਹਿਣਕਾਰ 1") 2. ਸ੍ਰੀਮਤੀ ਪੂਜਾ ਪਤਨੀ ਨਵਨੀਤ ਸ਼ਰਮਾ ਵਾਸੀ ਫਲੈਟ ਨੰ. 41 ਏ, ਪਹਿਲੀ ਮੰਜ਼ਲ, ਸਵਿੱਤਰੀ-2, ਗਾਜ਼ੀਪੁਰ ਰੋਡ, ਵੀ ਆਈ ਪੀ ਰੋਡ, ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603, ਨਾਲ ਹੀ : ਮਕਾਨ ਨੰ. 204, ਅਕਾਸ਼ ਟਾਵਰ, ਜਮੁਨਾ ਇਨਕਲੇਵ, ਜ਼ੀਰਕਪੁਰ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-140603, ਨਾਲ ਹੀ : ਫਲੈਟ ਨੰ. 32-ਬੀ, ਦੂਜੀ ਮੰਜ਼ਲ, ਬਲਾਕ-ਡੀ ਮਿਸਟ ਅਰਕੇਡ, ਪਿੰਡ ਨਾਭਾ, ਹਾਈ ਲੈਂਡ ਮਾਰਗ, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603 ("ਸਹਿ-ਕਰਜ਼ਦਾਰ 2" ਅਤੇ "ਰਹਿਣਕਾਰ 2") 3. ਸੰਤੋਸ਼ ਕੁਮਾਰੀ ਪਤਨੀ ਸ੍ਰੀ ਪੁਸ਼ਪਿੰਦਰ ਸ਼ਰਮਾ ਵਾਸੀ ਫਲੈਟ ਨੰ. 41 ਏ, ਪਹਿਲੀ ਮੰਜ਼ਲ, ਸਵਿੱਤਰੀ-2, ਗਾਜ਼ੀਪੁਰ ਰੋਡ, ਵੀ ਆਈ ਪੀ ਰੋਡ, ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603, ਨਾਲ ਹੀ : ਮਕਾਨ ਨੰ. B-X/1080 ਕੇ ਸੀ ਰੋਡ, ਗਲੀ ਨੰ. 3, ਵਾਰਡ ਨੰ. 21, ਬਰਨਾਲਾ, ਪੰਜਾਬ-148101, ਨਾਲ ਹੀ : ਫਲੈਟ ਨੰ. 32-ਬੀ, ਦੂਜੀ ਮੰਜ਼ਲ, ਬਲਾਕ-ਡੀ, ਮਿਸਟ ਅਰਕੇਡ, ਪਿੰਡ ਨਾਭਾ, ਹਾਈ ਲੈਂਡ ਮਾਰਗ, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ-140603 ("ਸਹਿ-ਕਰਜ਼ਦਾਰ 1") | ਬੈਨਾਮਾ ਵਸੀਕਾ ਨੰ. 500 ਮਿਤੀ 20.08.2021 ਅਨੁਸਾਰ ਸ੍ਰੀ ਨਵਨੀਤ ਸ਼ਰਮਾ ਅਤੇ ਸ੍ਰੀਮਤੀ ਪੂਜਾ ਦੀ ਮਲਕੀਅਤ ਫਲੈਟ ਨੰ. 32-ਬੀ, ਦੂਜੀ ਮੰਜ਼ਲ, ਬਲਾਕ-ਡੀ, ਮਿਸਟ ਅਰਕੇਡ, ਪਿੰਡ ਨਾਭਾ, ਹਾਈ ਲੈਂਡ ਮਾਰਗ, ਖੇਵਟ ਖਤੌਨੀ ਨੰ. 160/198 ਅਤੇ 161/199, ਖਸਰਾ ਨੰ. 557 (4-0), 558/2 (2-7-14), ਕਿੱਤੇ 2, ਹਦਬਸਤ ਨੰ. 290, ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ, ਜਮ੍ਹਾਂਬੰਦੀ ਸਾਲ 2015-2016 ਨਾਲ ਸੰਬੰਧਤ ਸਭ ਕੁੱਝ। ਹੱਦਾਂ : ਉੱਤਰ ਪ੍ਰਵੇਸ਼ ਸੜਕ, ਦੱਖਣ : ਹੋਰ, ਪੂਰਬ : ਫਲੈਟ ਨੰ. 31, ਪੱਛਮ : ਫਲੈਟ ਨੰ. 33 ਰਹਿਣਕਾਰ : ਸ੍ਰੀ ਨਵਨੀਤ ਸ਼ਰਮਾ ਅਤੇ ਸ੍ਰੀਮਤੀ ਪੂਜਾ | 29 ਜੂਨ 2023 | 16 ਮਈ 2023 | 27.06.2023 ਨੂੰ ਰੁਪਏ 36,96,159.38 |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ/ਰਹਿਣਕਾਰ (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐਸੇਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐਸੇਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 17 ਜੁਲਾਈ 2023
ਸਥਾਨ : ਪੰਜਾਬ

ਸਹੀ/- ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਟਿਡ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

# ਸੀਵਰੇਜ ਬੰਦ ਹੋਣ ਕਰਕੇ ਦੁਕਾਨਾਂ ਅੱਗੇ ਖੜ੍ਹੇ ਗੰਦੇ ਪਾਣੀ ਤੋਂ ਦੁਕਾਨਦਾਰ ਪ੍ਰੇਸ਼ਾਨ



**ਮਜੀਠਾ (ਸੋਇਮ ਆਨੰਦ)**-ਪੰਜਾਬ ਅੰਦਰ ਹੋਈ ਬਰਸਾਤ ਅਤੇ ਘੱਗਰ ਦਰਿਆ ਵਿਚ ਪਏ ਪਾੜ ਕਾਰਨ ਪੰਜਾਬ ਦੇ ਕਈ ਜ਼ਿਲ੍ਹੇ ਪਾਣੀ ਨਾਲ ਭਰ ਗਏ ਹਨ। ਹਜ਼ਾਰਾਂ ਏਕੜ ਫਸਲਾਂ ਬਰਬਾਦ ਹੋ ਗਈਆਂ ਹਨ। ਅਨੇਕਾਂ ਘਰ ਢਹਿ ਗਏ ਹਨ ਅਤੇ ਲੋਕ ਬੇਘਰ ਹੋ ਗਏ ਹਨ ਪਰ ਸ਼ਹਿਰ ਮਜੀਠਾ ਵਿਚ ਨਾ ਤਾਂ ਇੰਨੀ ਬਰਸਾਤ ਹੋਈ ਹੈ ਅਤੇ ਨਾ ਹੀ ਇਥੇ ਕਿਸੇ ਦਰਿਆ ਦੇ ਬੰਨ੍ਹ ਟੁੱਟੇ ਦਾ ਪਾਣੀ ਆਇਆ ਹੈ ਪਰ ਸਹਿਰ ਵਿਚ ਵੜਦਿਆਂ ਹੀ ਦਾਨਾ ਮੰਡੀ ਦੇ ਲਾਗੇ ਅਤੇ ਪੁਰਾਣੇ ਬੱਸ ਅੱਡੇ ਤੇ ਅਗੇ ਮਜੀਠਾ ਫਤਹਿਗੜ੍ਹ ਚੂੜੀਆਂ ਸੜਕ 'ਤੇ ਇੰਨਾ ਪਾਣੀ ਖੜ੍ਹਾ ਹੈ ਕਿ ਹੜ੍ਹ ਤੋਂ ਘੱਟ ਨਹੀ ਲੱਗਦਾ। ਦੋਵੇਂ ਥਾਵਾਂ ਤੇ ਅਨੇਕਾਂ ਦੁਕਾਨਾਂ ਇਸ ਦੀ ਮਾਰ ਹੇਠਾਂ ਆਈਆਂ ਹਨ। ਮੋਹਲੇਧਾਰ ਬਰਸਾਤ ਹੋਈ ਨੂੰ ਵੀ ਕਈ ਦਿਨ ਹੋ ਗਏ ਹਨ ਪਰ ਇਥੇ ਪਾਣੀ ਉਸੇ ਤਰ੍ਹਾਂ ਖੜ੍ਹਾ ਹੈ ਜਿਸ ਦਾ ਮੁੱਖ ਕਾਰਣ ਸ਼ਹਿਰ ਵਿਚ ਬੰਦ ਪਿਆ ਸੀਵਰੇਜ ਸਿਸਟਮ ਹੈ। ਪੁਰਾਣੇ ਬੱਸ ਅੱਡੇ ਤੇ ਮਜੀਠਾ ਫਤਹਿਗੜ੍ਹ ਚੂੜੀਆਂ ਸੜਕ 'ਤੇ ਪ੍ਰਭਾਵਿਤ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਦੁਕਾਨਾਂ ਦੇ ਨਾਲ ਨਾਲ ਪਾਣੀ ਦੇ ਨਿਕਾਸ ਵਾਸਤੇ ਨਾਲੇ ਬਣੇ ਹਨ ਪਰ ਇਸ ਦੀ ਸਫਾਈ ਨਗਰ ਕੌਂਸਲ ਮਜੀਠਾ ਵਲੋਂ ਕਦੀ ਨਹੀਂ ਕਰਵਾਈ ਗਈ ਜਿਸ ਕਾਰਨ ਇਹ ਨਾਲਾ ਗਾਰ ਅਤੇ ਗੰਦਗੀ ਨਾਲ ਭਰਿਆ ਪਿਆ ਹੈ ਅਤੇ ਪਾਣੀ ਉਛਲ ਕੇ ਸੜਕ 'ਤੇ ਆਇਆ ਹੈ। ਇਸੇ ਹੀ ਰਸਤੇ ਸਰਕਾਰੀ ਐਲੀਮੈਂਟਰੀ ਸਕੂਲ ਅਤੇ ਆਂਗਣਵਾੜੀ ਦਾ ਸਕੂਲ ਹੈ ਜਿਸ ਰਸਤੇ ਨੰਨ੍ਹੇ-ਮੁੰਨੇ ਬੱਚੇ ਲੰਘਦੇ ਹਨ ਅਤੇ ਇਸ ਗੰਦਗੀ ਵਾਲੇ ਪਾਣੀ ਵਿਚੋਂ ਲੰਘਣ ਨਾਲ ਬਿਮਾਰ ਹੋਣ ਦਾ ਖਤਰਾ ਬਣਿਆ ਹੈ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸਾਰੀ ਸੜਕ 'ਤੇ ਪਾਣੀ ਖੜ੍ਹਾ ਰਹਿਣ ਕਰਕੇ ਦੁਕਾਨਾਂ ਅੰਦਰ ਜਾਣ ਵਾਸਤੇ ਕੋਈ ਰਸਤਾ ਨਹੀਂ ਜਿਸ ਕਾਰਣ ਉਨ੍ਹਾਂ ਦੇ ਕੰਮਕਾਰ 'ਤੇ ਵੀ ਭਾਰੀ ਸੱਟ ਵੱਜ ਰਹੀ ਹੈ। ਨਾਲ ਹੀ ਬਿਮਾਰੀਆਂ ਫੈਲਣ ਦਾ ਡਰ ਸਤਾ ਰਿਹਾ ਹੈ। ਦਾਨਾ ਮੰਡੀ ਦੇ ਲਾਗੇ ਵੀ ਸੜਕ ਦੇ ਨਾਲ ਨਿਕਾਸੀ ਦਾ ਨਾਲਾ ਬੰਦ ਹੋਣ ਕਰਕੇ ਪਿਛਲੇ ਲੰਮੇ ਸਮੇਂ ਤੋਂ ਸਾਰਾ ਗੰਦਾ ਪਾਣੀ ਸੜਕ 'ਤੇ ਖੜ੍ਹਾ ਹੈ। ਪ੍ਰਭਾਵਿਤ ਦੁਕਾਨਦਾਰਾਂ, ਸਕੂਲ ਜਾਂਦੇ ਬਚਿਆਂ ਦੇ ਮਾਪਿਆਂ ਅਤੇ ਘਰਾਂ ਵਾਲਿਆਂ ਨੇ ਨਗਰ ਕੌਂਸਲ ਮਜੀਠਾ ਪਾਸੋਂ ਇਸ ਦਾ ਜਲਦੀ ਤੇ ਠੋਸ ਹੱਲ ਕੱਢਣ ਦੀ ਮੰਗ ਕੀਤੀ ਤਾਂ ਕਿ ਬਿਮਾਰੀਆਂ ਨਾ ਫੈਲ ਸਕਣ। ਇਸ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਕੋਈ ਤਸੱਲੀਬਖ਼ਸ਼ ਜਵਾਬ ਨਹੀਂ ਦਿੱਤਾ। ਉਨ੍ਹਾਂ ਆਮ ਵਾਂਗ ਇਹ ਕਹਿ ਕਿ ਟਾਲਾ ਵੱਟ ਲਿਆ ਕਿ ਜਲਦੀ ਇਸ ਦਾ ਹੱਲ ਕਰਾ ਦਿਆਂਗੇ। ਹੁਣ ਦੇਖਣਾ ਇਹ ਹੋਵੇਗਾ ਕਿ ਇਸ ਸਮੱਸਿਆ ਦਾ ਹੱਲ ਕਦੋਂ ਨਿਕਲਦਾ ਹੈ।

# ਕਿਸਾਨ ਜਥੇਬੰਦੀਆਂ ਵੱਲੋਂ ਡੀ ਸੀ/ਐੱਸ ਐੱਸ ਪੀ ਦਫਤਰ ਗੁਰਦਾਸਪੁਰ ਦਾ ਘਿਰਾਓ



**ਗੁਰਦਾਸਪੁਰ, (ਜਨਕ ਮਹਾਜਨ)**-ਬੀਤੇ ਦਿਨੀਂ ਇਕ ਚੋਰੀ ਦੇ ਮਾਮਲੇ ਨੂੰ ਲੈ ਕੇ ਗ਼ਰੀਬ ਲੜਕੀ 'ਤੇ ਪੁਲਸ ਵਲੋਂ ਕੀਤੇ ਗਏ ਤਸ਼ੱਦਦ ਦਾ ਇਨਸਾਫ਼ ਲੈਣ ਲਈ ਪੁਲਸ ਵਲੋਂ ਦਿੱਤੇ ਗਏ ਭਰੋਸੇ ਮਗਰੋਂ ਕਾਰਵਾਈ ਨਾ ਹੋਣ 'ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਨੇ ਡੀ. ਸੀ. ਗੁਰਦਾਸਪੁਰ ਅਤੇ ਐਸ. ਐਸ. ਪੀ. ਗੁਰਦਾਸਪੁਰ ਦੇ ਦਫ਼ਤਰ ਦਾ ਘਿਰਾਓ ਕੀਤਾ। ਕਿਸਾਨ ਆਗੂਆਂ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵਲੋਂ 16 ਜੁਲਾਈ ਦਾ ਸਮਾਂ ਦਿੱਤਾ ਗਿਆ ਸੀ ਪਰ 18 ਜੁਲਾਈ ਦਾ ਸਮਾਂ ਹੋਣ 'ਤੇ ਵੀ ਪੁਲਸ ਵਲੋਂ ਲੜਕੀ 'ਤੇ ਤਸ਼ੱਦਦ ਕਰਨ ਵਾਲੇ ਪੁਲਸ ਮੁਲਾਜ਼ਮਾਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਪੀੜਤ ਲੜਕੀ ਨੂੰ ਇਨਸਾਫ਼ ਦਿਵਾਉਣ ਲਈ ਕਿਸਾਨ ਜਥੇਬੰਦੀਆਂ ਇਸ ਐਕਸ਼ਨ ਨੂੰ ਸੂਬਾ ਪੱਧਰੀ ਤੱਕ ਲੈ ਕੇ ਜਾਵੇਗੀ। ਉਨ੍ਹਾਂ ਕਿਹਾ ਕਿਸਾਨ ਜਥੇਬੰਦੀਆਂ ਹਮੇਸ਼ਾ ਹੀ ਗ਼ਰੀਬ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ ਕੀਤੀ ਹੈ ਅਤੇ ਹੁਣ ਇਸ ਲੜਕੀ ਨੂੰ ਵੀ ਇਨਸਾਫ਼ ਦਿਵਾ ਕੇ ਹੀ ਰਹਾਂਗੇ। ਉਨ੍ਹਾਂ ਪੁਲਸ ਪ੍ਰਸ਼ਾਸਨ ਉਪਰ ਆਪਣੇ ਮੁਲਾਜ਼ਮਾਂ ਨੂੰ ਬਚਾਉਣ ਦਾ ਦੋਸ਼ ਵੀ ਲਗਾਇਆ। ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਮੰਗ ਕੀਤੀ ਕਿ ਜੇਕਰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਉਹ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

# ਜ਼ਿਲ੍ਹਾ ਯੂਥ ਪ੍ਰਧਾਨ ਰੁਪਿੰਦਰ ਕੌਰ ਸੰਧੂ ਨੇ ਸਾਥੀਆਂ ਸਮੇਤ ਹੜ੍ਹ ਪੀੜਤਾਂ ਲਈ ਲੰਗਰ ਲਗਾਇਆ



**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**-ਆਮ ਆਦਮੀ ਪਾਰਟੀ ਦੇ ਜ਼ਿਲਾ ਤਰਨਤਾਰਨ ਯੂਥ ਪ੍ਰਧਾਨ ਰੁਪਿੰਦਰ ਕੌਰ ਸੰਧੂ ਨੇ ਆਪਣੇ ਸਾਥੀਆਂ ਸਮੇਤ ਹਲਕਾ ਪੱਟੀ ਦੇ ਆਸ-ਪਾਸ ਦੇ ਪਿੰਡਾਂ ਦੇ ਹੜ੍ਹ ਪੀੜਤ ਪਰਿਵਾਰਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਲੰਗਰ ਦੀ ਸੇਵਾ ਵਜੋਂ ਦਾਲ, ਰੋਟੀ, ਚਾਵਲ, ਦੁੱਧ ਦਹੀਂ ਪਾਣੀ ਆਦਿ ਵੰਡਿਆ ਅਤੇ ਨਾਲ ਹੀ ਮੈਡੀਕਲ ਸਹੂਲਤਾਂ ਵਜੋਂ ਦਵਾਈਆਂ ਵੀ ਮੁਹੱਈਆ ਕਰਵਾਈਆਂ। ਮੈਡਮ ਰੁਪਿੰਦਰ ਕੌਰ ਸੰਧੂ ਨੇ ਵਿਸ਼ੇਸ਼ ਤੌਰ ਤੇ ਧੁੱਸੀ ਬੰਨ੍ਹ 'ਤੇ ਜਾ ਕੇ ਉਥੇ ਲੋਕਾਂ ਦਾ ਹਾਲ ਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਜ਼ਰੂਰਤ ਦਾ ਸਾਮਾਨ ਵੰਡਿਆ। ਇਸ ਮੌਕੇ ਰੁਪਿੰਦਰ ਕੌਰ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਅਸੀਂ ਇਨ੍ਹਾਂ ਪਰਿਵਾਰਾਂ ਦੀ ਮਦਦ ਕਰ ਸਕੀਏ। ਉਨ੍ਹਾਂ ਦੱਸਿਆ ਕਿ ਭੁੱਲਰ ਹਰ ਵੇਲੇ ਆਪਣੇ ਹਲਕੇ ਦੇ ਲੋਕਾਂ ਲਈ ਹਰ ਪ੍ਰਕਾਰ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦੇ ਹਨ ਅਤੇ ਉਨ੍ਹਾਂ ਪਾਣੀ ਦੀ ਪਰਵਾਹ ਨਾ ਕਰਦਿਆਂ ਹੋਇਆਂ ਆਪਣੇ ਹਲਕੇ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਹਰ ਕੰਮ ਵਿਚ ਹਰ ਹੀਲੇ ਮਦਦ ਕੀਤੀ ਹੈ ਅਤੇ ਕਰਦੇ ਰਹਿਣਗੇ।

ਉਹਨਾਂ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹ ਲੋਕ ਜਿਨ੍ਹਾਂ ਦੇ ਘਰ ਪਾਣੀ ਦੀ ਮਾਰ ਨਾਲ ਰੁੜ੍ਹ ਗਏ ਸਨ ਉਹ ਸੜਕਾਂ 'ਤੇ ਜ਼ਰੂਰਤ ਦੀਆਂ ਵਸਤਾਂ ਦੀ ਮਦਦ ਲਈ ਉਮੀਦ ਨਾਲ ਖੜ੍ਹੇ ਸਨ, ਬਹੁਤ ਦੁੱਖ ਹੋਇਆ ਕਿ ਇਨ੍ਹਾਂ ਦੀ ਜੀਵਨ ਭਰ ਦੀ ਮਿਹਨਤ ਹੜ੍ਹ ਆਪਣੇ ਨਾਲ ਵਹਾਅ ਕੇ ਲੈ ਗਿਆ। ਇਸ ਮੌਕੇ ਜ਼ਿਲ੍ਹਾ ਯੂਥ ਪ੍ਰਧਾਨ ਰੁਪਿੰਦਰ ਕੌਰ ਸੰਧੂ ਦੇ ਨਾਲ ਮਨਪ੍ਰੀਤ ਸਿੰਘ ਸੰਧੂ, ਭੁਪਿੰਦਰ ਸਿੰਘ ਮੀਰਪੁਰ, ਪਰਮਜੀਤ ਸਿੰਘ ਪੰਜਵੜ, ਗੁਰਮੀਤ ਸਿੰਘ ਰੰਧਾਵਾ, ਕੁਲਜੀਤ ਕੌਰ, ਅਵਤਾਰ ਸਿੰਘ, ਗੁਰਚਰਨ ਸਿੰਘ, ਗੁਰਦੇਵ ਸਿੰਘ ਕੰਬੋਕੇ, ਬਲਵਿੰਦਰ ਸਿੰਘ ਭਗੂਪੁਰ, ਹਰਜੀਤ ਸਿੰਘ ਜੌਹਲ, ਲਖਵਿੰਦਰ ਸਿੰਘ ਸਭਰਾਂ, ਅਵਤਾਰ ਸਿੰਘ ਸਭਰਾਂ ਅਤੇ ਹੋਰ ਸਾਥੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪ੍ਰਭਾਵਿਤ ਖੇਤਰ 'ਚ ਰਾਹਤ ਸੇਵਾਵਾਂ ਨਿਰੰਤਰ ਜਾਰੀ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)** ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਮੱਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਹਤ ਸੇਵਾਵਾਂ ਨਿਰੰਤਰ ਜਾਰੀ ਹਨ। ਇਸ ਤਹਿਤ ਜਿਥੇ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ, ਉੱਥੇ ਸ਼੍ਰੋਮਣੀ ਕਮੇਟੀ ਵੱਲੋਂ ਮੈਡੀਕਲ ਟੀਮਾਂ ਸਬੰਧਤ ਇਲਾਕਿਆਂ ਵਿੱਚ ਪਹੁੰਚ ਕੇ ਲੋਕਾਂ ਦੀ ਸੇਵਾ ਕਰ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਲੋਕਾਂ ਦਾ ਵੱਡਾ ਨੁਕਸਾਨ ਹੋਇਆ ਹੈ, ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੀੜਤਾਂ ਦੀ ਹਰ ਸੰਭਵ ਸਹਾਇਤਾ ਦੇ ਆਦੇਸ਼ ਕੀਤੇ ਹਨ। ਇਸੇ ਤਹਿਤ ਵੱਖ-ਵੱਖ ਥਾਵਾਂ 'ਤੇ 25 ਗੁਰਦੁਆਰਾ ਸਾਹਿਬਾਨ ਵਿਚ ਕੇਂਦਰ ਸਥਾਪਿਤ ਕਰਕੇ ਰਾਹਤ ਕਾਰਜ ਆਰੰਭੇ ਗਏ ਸਨ, ਜੋ ਲਗਾਤਾਰ ਜਾਰੀ ਹਨ। ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋਕਾਂ ਨੂੰ ਦਵਾਈ ਅਤੇ ਮੈਡੀਕਲ ਸਹੂਲਤ ਦੀ ਵੱਡੀ ਲੋੜ ਹੈ, ਜਿਸ ਦੇ ਮੱਦੇਨਜ਼ਰ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵੱਲ੍ਹਾ ਤੋਂ 3 ਮੈਡੀਕਲ ਟੀਮਾਂ ਭੇਜੀਆਂ ਗਈਆਂ ਹਨ, ਜੋ ਪੀੜਤ ਲੋਕਾਂ ਤੱਕ ਪਹੁੰਚ ਕੇ ਉਨ੍ਹਾਂ ਨੂੰ ਮੈਡੀਕਲ ਸਹੂਲਤ ਤੇ ਫਰੀ ਦਵਾਈਆਂ ਦੇ ਰਹੀਆਂ ਹਨ ਉਨ੍ਹਾਂ ਦੱਸਿਆ ਕਿ ਪ੍ਰਭਾਵਿਤ ਖੇਤਰਾਂ ਵਿੱਚ ਪਸ਼ੂਆਂ ਲਈ ਚਾਰੇ ਦੀ ਲੋੜ ਨੂੰ ਦੇਖਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਇਸ ਦੇ ਵੀ ਪ੍ਰਬੰਧ ਕੀਤੇ ਗਏ ਹਨ। ਪਸ਼ੂਆਂ ਲਈ ਜਿਥੇ ਵੱਖ-ਵੱਖ ਥਾਵਾਂ ਤੋਂ ਹਰਾ ਚਾਰਾ ਭੇਜਿਆ ਜਾ ਰਿਹਾ ਹੈ ਉਥੇ ਚਾਰੇ ਲਈ ਅਚਾਰ ਦੇ ਵੀ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਕਾਰਜ ਵਿੱਚ ਸੰਗਤਾਂ ਵੀ ਵੱਡਾ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਖੁਦ ਹੜ੍ਹ ਪੀੜ੍ਹਤਾਂ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਲਗਾਤਾਰ ਨਜ਼ਰਸਾਨੀ ਕਰ ਰਹੇ ਹਨ ਅਤੇ ਲੋੜ ਅਨੁਸਾਰ ਦਿਸ਼ਾ-ਨਿਰਦੇਸ਼ ਦੇ ਰਹੇ ਹਨ।

# ਬਹਿਰਾਮਪੁਰ 'ਚ ਪਾਵਨ ਸਰੂਪ ਦੀ ਹੋਈ ਬੇਅਦਬੀ ਦੀ ਚਾਵਲਾ ਵੱਲੋਂ ਘੋਰ ਨਿੰਦਾ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਜਿਲ੍ਹੇ ਦੇ ਸਰਹੱਦੀ ਪਿੰਡ ਬਹਿਰਾਮਪੁਰ ਵਿਚ ਬੀਤੇ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦੀ ਵਾਪਰੀ ਮਾੜੀ ਘਟਨਾ ਦੀ ਬਸਪਾ ਦੇ ਸੀਨੀਅਰ ਆਗੂ ਕਮਲਜੀਤ ਚਾਵਲਾ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਲਈ ਸਰਵਉਚ ਹਨ ਜਿਨ੍ਹਾਂ ਦੀਆਂ ਬੇਅਦਬੀਆਂ ਦੀਆਂ ਘਟਨਾਵਾਂ ਸਿੱਖ ਮਾਨਸਿਕਤਾ ਨੂੰ ਦੁੱਖ ਪਹੁੰਚਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਤਾਜ਼ਾ ਘਟਨਾ ਪਿੰਡ ਬਹਿਰਾਮਪੁਰ ਦੇ ਗੁਰਦੁਆਰਾ ਸਿੰਘ ਪਾਤਸ਼ਾਹੀ ਵਿਖੇ ਵਾਪਰੀ ਹੈ ਜਿਸ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗਾਂ ਨੂੰ ਨੁਕਸਾਨ ਪਹੁੰਚਾਇਆ ਗਿਆ ਹੈ ਅਤੇ ਕੁਝ ਪੰਥ ਦੋਖੀ ਲੋਕ ਸਿੱਖਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ ਹਨ ਪਰ ਬੇਅਦਬੀ ਕਰਨ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਨਾ ਮਿਲਣ ਕਰਕੇ ਅਜਿਹੇ ਲੋਕਾਂ ਦੇ ਹੌਸਲੇ ਦਿਨੋਂ ਦਿਨ ਬੁਲੰਦ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਵਲੋਂ ਗਲਤ ਅਨਸਰਾਂ ਖ਼ਿਲਾਫ਼ ਅਤੇ ਸਿੱਖ ਵਿਰੋਧੀ ਗਤੀਵਿਧੀਆਂ ਕਰਨ ਵਾਲਿਆਂ ਨੂੰ ਅਜੇ ਤਕ ਸਖਤ ਸਜ਼ਾਵਾਂ ਨਹੀਂ ਸੁਣਾਈਆਂ ਗਈਆਂ ਜਿਸ ਕਰਕੇ ਇਹ ਘਿਨੌਣੇ ਕੰਮ ਇਕ ਸਾਜ਼ਿਸ਼ ਤਹਿਤ ਕਰਵਾਏ ਜਾ ਰਹੇ ਹਨ ਜਿਸ ਦੀ ਅਸੀਂ ਘੋਰ ਨਿੰਦਿਆ ਕਰਦੇ ਹਾਂ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਸ ਘਟਨਾ ਦੀ ਬਾਰੀਕੀ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖਤ ਕਾਰਵਾਈ ਕਰਨ ਦੀ ਮੰਗੀ ਕੀਤੀ ਹੈ।

# ਬਹਿਰਾਮਪੁਰ 'ਚ ਬੇਅਦਬੀ ਦੀ ਘਟਨਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਹਲਕਾ ਦੀਨਾਨਗਰ ਵਿੱਚ ਪਿੰਡ ਬਹਿਰਾਮਪੁਰ ਦੇ ਗੁਰਦੁਆਰਾ ਸਾਹਿਬ 'ਚ ਸ਼ਰਾਰਤੀ ਅਨਸਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸੰਗਤਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਇਸ ਘਟਨਾ ਸਬੰਧੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਵਧੇਰੇ ਚੌਕਸੀ ਵਰਤਣ ਦੀ ਹਦਾਇਤ

**ਗੁਰਦਾਸਪੁਰ/ਡੇਰਾ ਬਾਬਾ ਨਾਨਕ (ਜਨਕ ਮਹਾਜਨ, ਰਮੇਸ਼ ਸ਼ਰਮਾ)**-ਡਾ. ਹਿਮਾਂਸ਼ੂ ਅਗਰਵਾਲ ਆਈਏਐਸ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੇ ਸਰਹੱਦੀ ਪਿੰਡਾਂ ਵਿੱਚ ਗਠਿਤ ਕੀਤੀਆਂ ਗਈਆਂ ਬਾਰਡਰ ਵਿਲੇਜ ਡਿਫੈਂਸ ਕਮੇਟੀਆਂ ਅਤੇ ਪਿੰਡ ਦੇ ਹੋਰ ਵਸਨੀਕਾਂ ਨੂੰ ਹਦਾਇਤ ਕੀਤੀ ਹੈ ਕਿ ਜੇਕਰ ਉਨ੍ਹਾਂ ਦੀ ਹਦੂਦ ਅੰਦਰ ਸਰਹੱਦੀ ਪਿੰਡਾਂ ਵਿਚ ਅਣਪਛਾਤਾ ਵਿਅਕਤੀ ਜਾਂ ਜ਼ਿਲ੍ਹੇ ਤੋਂ ਬਾਹਰ ਦਾ ਵਾਹਨ ਪਾਇਆ ਜਾਂਦਾ ਹੈ ਤਾਂ ਇਸ ਦੀ ਸੂਚਨਾਂ ਤੁਰੰਤ ਇਸ ਦਫਤਰ ਦੇ ਟੋਲ ਫਰੀ ਹੈਲਪਲਾਈਨ ਨੰਬਰ 1800-180-1852 'ਤੇ ਦਿੱਤੀ ਜਾਵੇ।

ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਉਨ੍ਹਾਂ ਨੂੰ ਗੁਪਤ ਸੂਤਰਾਂ ਤੋਂ ਸੂਚਨਾ ਪ੍ਰਾਪਤ ਹੋਈ ਹੈ ਕਿ ਸਰਹੱਦੀ ਖੇਤਰ ਵਾਲੇ ਪਿੰਡਾਂ ਵਿੱਚ ਪਿੰਡ ਤੋਂ ਬਾਹਰ ਰਹਿਣ ਵਾਲੇ ਵਿਅਕਤੀਆਂ ਅਤੇ ਬਾਹਰਲੇ ਜ਼ਿਲ੍ਹਿਆਂ ਜਾਂ ਰਾਜਾਂ ਦੇ ਵਾਹਨਾਂ ਦੀ ਗਤਿਵਿਧੀ ਪਿਛਲੇ ਦਿਨੀਂ ਵਧੀ ਹੈ। ਇਸ ਲਈ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਹੋਰ ਵੀ ਚੌਕਸ ਹੋਣ ਦੀ ਲੋੜ ਹੈ। ਇਸ ਦੇ ਨਾਲ ਹੀ ਜ਼ਿਲ੍ਹਾ ਮੈਜਿਸਟਰੇਟ ਨੇ ਸੀਨੀਅਰ ਪੁਲਸ ਕਪਤਾਨ ਗੁਰਦਾਸਪੁਰ ਅਤੇ ਬਟਾਲਾ ਨੂੰ ਵੀ ਹਦਾਇਤ ਕੀਤੀ ਹੈ ਕਿ ਸਰਹੱਦੀ ਪਿੰਡਾਂ ਨਾਲ ਸਬੰਧਤ ਮੁੱਖ ਥਾਣਾ ਅਫਸਰਾਂ ਨੂੰ ਹਦਾਇਤ ਕੀਤੀ ਜਾਵੇ ਕੇ ਉਹ ਆਮ ਲੋਕਾਂ ਨੂੰ ਪ੍ਰੇਸ਼ਾਨ ਕੀਤੇ ਬਿਨ੍ਹਾਂ ਸਰਹੱਦੀ ਪਿੰਡਾਂ ਵਿਚ ਜ਼ਿਲ੍ਹੇ ਤੋਂ ਬਾਹਰ ਦੀ ਨੰਬਰ ਪਲੇਟ ਵਾਲੇ ਵਾਹਨਾਂ ਦੀ ਚੈਕਿੰਗ ਕਰਨੀ ਯਕੀਨੀ ਬਣਾਉਣ ਅਤੇ ਇਸਦੀ ਰਿਪੋਰਟ ਮਹੀਨਾਵਾਰ ਹੁੰਦੀ ਐੱਨ ਕੋਰਟ ਦੀ ਮੀਟਿੰਗ ਵਿਚ ਭੇਜਣੀ ਯਕੀਨੀ ਬਣਾਉਣ।

# ਬੀ ਐੱਸ ਐੱਫ ਤੇ ਖਾਲੜਾ ਪੁਲਸ ਦੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ 2 ਕਿੱਲੋ 20 ਗ੍ਰਾਮ ਹੈਰੋਇਨ ਬਰਾਮਦ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਨਸ਼ਿਆਂ 'ਚ ਰੁੜ੍ਹ ਰਹੀ ਜਵਾਨੀ ਨੂੰ ਬਚਾਉਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਖਾਲੜਾ ਪੁਲਸ ਅਤੇ ਬੀਐੱਸਐੱਫ ਨੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ ਸਰਹੱਦੀ ਪਿੰਡ ਕਲਸੀਆਂ ਦੀ ਤਾਰੋਂ ਪਾਰ ਪੈਂਦੀ ਜ਼ਮੀਨ ਵਿੱਚੋਂ 2 ਕਿਲੋ 20 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਹੈ। ਇਸ ਸੰਬਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਡੀਐਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਸਮਾਂ ਕਰੀਬ 1:30 ਵਜੇ ਬੀਐੱਸਐੱਫ ਦੇ ਜਵਾਨਾਂ ਨੂੰ ਪਹਿਲਾਂ ਅਸਮਾਨ 'ਚ ਕਿਸੇ ਚੀਜ਼ ਦੇ ਉੱਡਣ ਦੀ ਆਵਾਜ਼ ਸੁਣਾਈ ਦਿੱਤੀ ਅਤੇ ਉਸ ਤੋਂ ਥੋੜ੍ਹੀ ਦੇਰ ਬਾਅਦ ਕੰਡਿਆਲੀ ਤਾਰ ਨੇੜੇ ਕਿਸੇ ਵਸਤੂ ਦੇ ਡਿੱਗਣ ਦੀ ਆਵਾਜ਼ ਆਈ। ਉਪਰੋਕਤ ਹਲਚਲ ਮਗਰੋਂ ਹਰਕਤ ਵਿੱਚ ਆਉਂਦਿਆਂ ਬੀਐਸਐਫ ਦੇ ਅਧਿਕਾਰੀਆਂ ਨੇ ਸ਼ੱਕੀ ਜਗ੍ਹਾ ਤੇ ਤੁਰੰਤ ਸਰਚ ਆਪ੍ਰੇਸ਼ਨ ਚਲਾਇਆ, ਪ੍ਰੰਤੂ ਰਾਤ ਸਮੇਂ ਉਨ੍ਹਾਂ ਨੂੰ ਕੁਝ ਵੀ ਬਰਾਮਦ ਨਹੀਂ ਹੋਇਆ। ਡੀਐਸਪੀ ਭਿੱਖੀਵਿੰਡ ਨੇ ਦੱਸਿਆ ਕਿ ਅਗਲੀ ਸਵੇਰ ਖਾਲੜਾ ਪੁਲਸ ਅਤੇ ਬੀਐਸਐਫ ਨੇ ਸਾਂਝੇ ਸਰਚ ਅਭਿਆਨ 'ਚ ਭਾਰਤ-ਪਾਕਿ ਸਰਹੱਦੋਂ ਪਾਰ ਸੁਖਜੀਤ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਖਾਲੜਾ ਦੇ ਖੇਤਾਂ ਵਿੱਚ ਜ਼ਮੀਨ ਹੇਠਾਂ ਦੱਬੀ ਹੋਈ 2 ਕਿਲੋ 20 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ, ਜਿਸ ਤੇ ਖਾਲੜਾ ਪੁਲਸ ਨੇ ਐੱਨਡੀਪੀਐੱਸ ਐਕਟ 21 ਅਤੇ ਏਅਰਕ੍ਰਾਫਟ ਐਕਟ 1934 ਅਧੀਨ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਘਰ-ਘਰ ਤੱਕ ਕੀਤੀ ਜਾ ਰਹੀ ਹੈ ਪਹੁੰਚ



**ਬਟਾਲਾ (ਡਾ. ਮਲਵਿੰਦਰ ਸਿੰਘ)**-ਡਾ. ਹਿਮਾਂਸ਼ੂ ਅਗਰਵਾਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਦੇ ਮੰਤਵ ਨਾਲ ਪਿੰਡ ਅਕਰਪੁਰਾ (ਬਟਾਲਾ) ਵਿਖੇ ਵਿਸ਼ੇਸ ਕੈਂਪ ਲਗਾਇਆ ਗਿਆ ਜਿਸ ਵਿੱਚ ਅਭਿਸ਼ੇਕ ਵਰਮਾ ਤਹਿਸੀਲਦਾਰ ਬਟਾਲਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਕੈਂਪ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਹੱਲ ਕਰਨ ਦਾ ਭਰੋਸਾ ਦਿੱਤਾ।

ਲੱਗੇ ਵਿਸ਼ੇਸ਼ ਕੈਂਪ ਵਿੱਚ ਲੋਕਾਂ ਨੂੰ ਸੰਬੋਧਨ ਕਰਦਿਆਂ ਤਹਿਸੀਲਦਾਰ ਅਭਿਸ਼ੇਕ ਵਰਮਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਲੋਕਾਂ ਦੀਆਂ ਮੁਸ਼ਕਲਾ ਹੱਲ ਕਰਨ ਲਈ ਜ਼ਿਲੇ ਅੰਦਰ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਜਿਸ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਵਲੋਂ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ ਤੋਂ ਇਲਾਵਾ ਯੋਗ ਲਾਭਪਾਤਰੀਆਂ ਨੂੰ ਭਲਾਈ ਸਕੀਮਾਂ ਦਾ ਲਾਭ ਮੌਕੇ ਤੇ ਦਿੱਤਾ ਜਾਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਡਾ. ਸ਼ਾਇਰੀ ਭੰਡਾਰੀ, ਐਸਡੀਐਮ ਬਟਾਲਾ ਦੀ ਅਗਵਾਈ ਹੇਠ ਇਸ ਕੈਂਪ ਵਿੱਚ ਲੋਕਾਂ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਪਣੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ ਗਿਆ। ਲੋਕਾਂ ਵਲੋਂ ਬੁਢਾਪਾ ਪੈਨਸ਼ਨ ਤੇ ਅੰਗਹੀਣ ਪੈਨਸ਼ਨ ਸਬੰਧੀ, ਕੱਚੇ ਮਕਾਨਾਂ ਦੀ ਗਰਾਂਟ ਸਬੰਧੀ, ਰਾਸ਼ਨ ਕਾਰਡ ਬਣਾਉਣ ਸਬੰਧੀ, ਡੇਅਰੀ ਦਾ ਕੰਮ ਸ਼ੁਰੂ ਕਰਨ ਸਬੰਧੀ ਤੇ ਮਗਨਰੇਗਾ ਆਦਿ ਦੇ ਸਬੰਧ ਵਿੱਚ ਆਪਣੀਆਂ ਮੁਸ਼ਕਲਾਂ ਦੱਸਿਆ। ਇਸ ਵਿਚੋਂ ਕੁਝ ਮੁਸ਼ਕਲਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ ਤੇ ਬਾਕੀ ਮੁਸ਼ਕਲਾਂ ਸਬੰਧੀ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੁਸ਼ਕਲਾਂ ਹੱਲ ਕਰਨ ਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਇਸ ਮੌਕੇ ਤਹਿਸੀਲਦਾਰ ਅਭਿਸ਼ੇਕ ਵਰਮਾ ਨੇ ਪਿੰਡਾਂ ਦੇ ਮੋਹਤਬਰ ਵਿਅਕਤੀਆਂ ਤੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਹਰ ਮੁਸ਼ਕਿਲ ਪਹਿਲ ਦੇ ਅਧਾਰ ਤੇ ਹੱਲ ਕੀਤੀ ਜਾਵੇਗੀ ਅਤੇ ਇਸ ਮੌਕੇ ਉਨ੍ਹਾਂ ਸਬੰਧਤ ਵਿਭਾਗਾਂ ਨੂੰ ਮੁਸ਼ਕਲਾਂ ਹੱਲ ਕਰਨ ਦੇ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਕੈਂਪ ਵਿੱਚ ਪਹੁੰਚੇ ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੀਤੇ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇੱਕ ਛੱਤ ਹੇਠਾਂ ਹੀ ਸਾਰੀਆਂ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵਲੋਂ ਭਲਾਈ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ ਹੈ, ਜਿਸ ਨਾਲ ਉਨ੍ਹਾਂ ਨੂੰ ਬਹੁਤ ਲਾਭ ਮਿਲਿਆ ਹੈ। ਉਨ੍ਹਾਂ ਇਸ ਉਪਰਾਲੇ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਇਸ ਮੌਕੇ ਪਰਵੇਸ਼ ਕੁਮਾਰ, ਸ਼ਮੇਸ਼ਰ ਸੈਕਟਰੀ ਦਫਤਰ ਬੀਡੀਪੀਓ, ਸੈਕਟਰੀ ਮੇਜਰ ਸਿੰਘ, ਦਲਜੀਤ ਕੌਰ, ਸਿਮਰਨਜੀਤ ਕੌਰ, ਲਖਵਿੰਦਰ ਸਿੰਘ ਸੰਘੇੜਾ ਬਲਾਕ ਪ੍ਰਧਾਨ, ਸਰਪੰਚ ਪ੍ਰੀਤਮ ਸਿੰਘ, ਸੁਖਦੇਵ ਸਿੰਘ ਸੰਘੇੜਾ, ਗੁਰਸੇਵਕ ਸਿੰਘ ਅਕਰਪੁਰਾ, ਕੈਪਟਨ ਸੁਰਜਨ ਸਿੰਘ ਤੇ ਗੁਰਦਿਆਲ ਸਿੰਘ ਚੰਦੂਮਾਜਰਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਖ-ਵੱਖ ਪਿੰਡਾਂ ਦੇ ਲੋਕ ਮੌਜੂਦ ਸਨ।

# ਪੀਰ ਬਾਬਾ ਖਾਕੀ ਸ਼ਾਹ ਦਾ ਦੋ ਰੋਜ਼ਾ ਸਾਲਾਨਾ ਸੱਭਿਆਚਾਰਕ ਜੋੜ ਮੇਲਾ ਭਲਕੇ ਤੋਂ





**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਪਿੰਡ ਸੋਹਲ ਵਿਖੇ ਸਥਿਤ ਧੰਨ ਧੰਨ ਪੀਰ ਬਾਬਾ ਖਾਕੀ ਸ਼ਾਹ ਦੀ ਦਰਗਾਹ 'ਤੇ ਸਾਉਣ ਮਹੀਨੇ ਦੇ ਪਹਿਲੇ ਵੀਰਵਾਰ ਤੇ ਸ਼ੁੱਕਰਵਾਰ 20 ਅਤੇ 21 ਨੂੰ ਦੋ ਰੋਜ਼ਾ ਸੱਭਿਆਚਾਰਕ ਮੇਲਾ ਨਗਰ ਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੀਰ ਬਾਬਾ ਖਾਕੀ ਸ਼ਾਹ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਉਘੇ ਉਦਯੋਗਪਤੀ ਗੁਰਦੇਵ ਸਿੰਘ ਰਿੰਟੂ ਸੋਹਲ ਅਤੇ ਚੇਅਰਮੈਨ ਮਨਜੀਤ ਸਿੰਘ ਬਾਰੀਆ ਨੇ ਦੱਸਿਆ ਕਿ 20 ਜੁਲਾਈ ਨੂੰ ਸਵੇਰੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ। ਬਾਅਦ ਦੁਪਹਿਰ 2 ਵਜੇ ਪ੍ਰਸਿੱਧ ਗਾਇਕ ਬਿੱਟੂ ਖੰਨੇ ਵਾਲਾ ਆਪਣੇ ਗੀਤਾਂ ਰਾਹੀਂ ਸੰਗਤਾਂ ਦਾ ਮਨੋਰੰਜਨ ਕਰਨਗੇ। ਉਪਰੰਤ ਸ਼ਾਮ ਨੂੰ ਕਬੱਡੀ ਅਤੇ ਨਾਮੀ ਪਹਿਲਵਾਨਾਂ ਵਿਚਾਲੇ ਕੁਸ਼ਤੀ ਮੁਕਾਬਲੇ ਹੋਣਗੇ। 21 ਜੁਲਾਈ ਨੂੰ ਸਵੇਰੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ। ਬਾਅਦ ਦੁਪਹਿਰ 2 ਵਜੇ ਪ੍ਰਸਿੱਧ ਗਾਇਕ ਗੁਲਾਬ ਸਿੱਧੂ ਆਪਣੇ ਗੀਤਾਂ ਰਾਹੀਂ ਸੰਗਤਾਂ ਦਾ ਮਨੋਰੰਜਨ ਕਰਨਗੇ।

ਉਪਰੰਤ ਸ਼ਾਮ ਨੂੰ ਕਬੱਡੀ ਦਾ ਮਹਾਂਕੁੰਭ ਹੋਵੇਗਾ ਜੋ ਕਿ ਬਾਬਾ ਬਿਧੀਚੰਦ ਸਪੋਰਟਸ ਕਲੱਬ ਫਰੰਦੀਪੁਰ ਅਤੇ ਮਾਝਾ ਕਬੱਡੀ ਅਕੈਡਮੀ ਘਰਿਆਲਾ (ਕਲਸੀ) ਦੀਆਂ ਟੀਮਾਂ ਵਿਚਕਾਰ ਕਬੱਡੀ ਮੈਚ ਕਰਵਾਏ ਜਾਣਗੇ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਸੋਹਲ ਅਤੇ ਹਲਕਾ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਵਿਸੇਸ ਤੌਰ ਤੇ ਪਹੁੰਚੇਗੇ। ਇਸ ਮੌਕੇ ਪ੍ਰਧਾਨ ਗੁਰਦੇਵ ਸਿੰਘ ਰਿੰਟੂ ਮੰਡੀਵਾਲੇ, ਚੇਅਰਮੈਨ ਮਨਜੀਤ ਸਿੰਘ ਬਾਰੀਆ ਸੋਹਲ, ਕੈਸ਼ੀਅਰ ਕੁਲਦੀਪ ਸਿੰਘ, ਸਕੱਤਰ ਤਰਸੇਮ ਸਿੰਘ ਆੜ੍ਹਤੀ ਸੋਹਲ, ਮੁੱਖ ਸੇਵਾਦਾਰ ਬਲਬੀਰ ਸਿੰਘ, ਸਰਪੰਚ ਸਰਵਣ ਸਿੰਘ ਸੋਹਲ, ਸਰਪੰਚ ਸੰਤੋਖ ਸਿੰਘ, ਮੈਂਬਰ ਬਲਵਿੰਦਰ ਸਿੰਘ ਬਿੰਦਰ, ਮੈਂਬਰ ਗੁਰਜੀਤ ਸਿੰਘ ਬਿੱਟੂ ਸੋਹਲ, ਮੈਂਬਰ ਸੈਲੀ ਸੋਹਲ, ਮੈਂਬਰ ਗੁਰਸੇਵਕ ਸਿੰਘ, ਮੈਂਬਰ ਹਰਜਿੰਦਰ ਸਿੰਘ, ਮੈਂਬਰ ਦਲਜੀਤ ਸਿੰਘ ਸੇਰਾ ਸੋਹਲ, ਬਲਾਕ ਸੰਮਤੀ ਮੈਂਬਰ ਗੁਰਿੰਦਰ ਸਿੰਘ ਭਾਟੀਆ, ਅਜੀਤ ਸਿੰਘ ਫੌਜੀ ਜਸਮੇਰ ਸਿੰਘ, ਪ੍ਰੇਮ ਸਿੰਘ ਆੜ੍ਹਤੀ ਸੋਹਲ, ਰਸਾਲ ਸਿੰਘ ਕੁੱਬਾ, ਮੁਲਖਜੀਤ ਸਿੰਘ ਭੋਲਾ, ਹਰਦਿਆਲ ਸਿੰਘ, ਅਮਰੀਕ ਸਿੰਘ, ਤਰਸੇਮ ਸਿੰਘ ਆਦਿ ਹਾਜ਼ਰ ਸਨ।

# ਪਿੰਡ ਕਲਿਆਣਪੁਰ 'ਚ ਲੁਟੇਰੇ ਨੇ ਪਿਸਤੌਲ ਦੇ ਬੱਟ ਮਾਰ ਕੇ ਦੁਕਾਨਦਾਰ ਔਰਤ ਨੂੰ ਕੀਤਾ ਜ਼ਖਮੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਇਥੋਂ ਨਜ਼ਦੀਕੀ ਪਿੰਡ ਕਲਿਆਣਪੁਰ ਵਿੱਚ ਮੋਟਰਸਾਇਕਲ ਸਵਾਰ ਆਏ ਲੁਟੇਰੇ ਨੇ ਇਕ ਦੁਕਾਨਦਾਰ ਔਰਤ 'ਤੇ ਹਮਲਾ ਕਰ ਦਿੱਤਾ। ਇਸ ਦੌਰਾਨ ਅੱਗੋਂ ਹੱਥੋਪਾਈ ਦੌਰਾਨ ਲਟੇਰੇ ਨੇ ਡੱਬ ਵਿੱਚੋਂ ਪਿਸਤੌਲ ਕੱਢ ਕੇ ਔਰਤ ਦੇ ਸਿਰ ਵਿੱਚ ਪਿਸਤੌਲ ਦੀ ਬੱਟ ਮਾਰੀ ਅਤੇ ਉਸ ਨੂੰ ਜ਼ਖਮੀ ਕਰ ਦਿੱਤਾ। ਰੌਲਾ ਪੈਂਦਾ ਸੁਣ ਕੇ ਲੋਕ ਇਕੱਠੇ ਹੋਣ ਲੱਗੇ ਤਾਂ ਪਿਸਤੌਲ ਦਾ ਹਵਾਈ ਫਾਇਰ ਕਰਕੇ ਲੁਟੇਰਾ ਮੌਕੇ ਤੋਂ ਆਪਣੇ ਮੋਟਰਸਾਇਕਲ 'ਤੇ ਸਵਾਰ ਹੋ ਕੇ ਫਰਾਰ ਹੋ ਗਿਆ।

ਇਸ ਸਬੰਧੀ ਦੁਕਾਨਦਾਰ ਔਰਤ ਰਸ਼ਮੀ ਬਾਲਾ ਪਤਨੀ ਵੀਰਪ੍ਰਤਾਪ ਸਿੰਘ ਵਾਸੀ ਕਲਿਆਣਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਦੇ ਸਾਹਮਣੇ ਸੜਕ ਕਿਨਾਰੇ ਆਪਣੇ ਘਰ ਦੇ ਨਾਲ ਉਹ 'ਨੂਰ ਬੇਕਰੀ' ਨਾਮਕ ਦੁਕਾਨ ਕਰਦੀ ਹੈ। ਉਹ ਬੀਤੇ ਕੱਲ੍ਹ 17 ਜੁਲਾਈ ਦੀ ਸ਼ਾਮ ਨੂੰ ਆਪਣੀ ਦੁਕਾਨ ਤੇ ਬੈਠੀ ਹੋਈ ਸੀ ਕਿ ਮੋਟਰਸਾਇਕਲ ਸਵਾਰ ਆਏ ਅਣਪਛਾਤੇ ਦੋ ਨੌਜਵਾਨਾਂ ਵਿੱਚੋਂ ਇਕ ਨੌਜਵਾਨ ਨੇ ਦੁਕਾਨ ਦੇ ਬਾਹਰ ਮੋਟਰਸਾਇਕਲ ਖੜ੍ਹਾ ਕਰਕੇ ਦੁਕਾਨ ਅੰਦਰ ਆ ਕੇ ਕਰੀਮ ਰੋਲ, ਪੈਟੀ ਆਦਿ ਮੰਗਿਆ। ਮੈਂ ਉਸ ਨੂੰ ਕਿਹਾ ਇਹ ਦੋਨੋ ਨਹੀਂ ਹਨ ਤਾਂ ਉਸਨੇ ਪੁੱਛਿਆ ਕਿ ਭਾਅ ਜੀ ਕਿੱਥੇ ਹਨ, ਤਾਂ ਮੈਂ ਆਖਿਆ ਉਹ ਗੈਸ ਏਜੰਸੀ ਵਿੱਚ ਗਏ ਹੋਏ ਹਨ। ਇਸ ਦੌਰਾਨ ਲੁਟੇਰੇ ਨੇ ਮੇਰੇ 'ਤੇ ਹਮਲਾ ਕਰਕੇ ਮੇਰੇ ਕੰਨਾਂ ਤੋਂ ਵਾਲੀਆਂ ਲਾਹੁਣ ਦੀ ਕੋਸ਼ਿਸ਼ ਕੀਤੀ ਤਾਂ ਮੈਂ ਉਸ ਨਾਲ ਅੱਗੇ ਹੱਥਪਾਈ ਹੋਣ ਲੱਗ ਪਈ ਤਾਂ ਹੱਥੋਪਾਈ ਹੁੰਦਿਆਂ ਦੁਕਾਨ ਦੇ ਬਾਹਰ ਸੜਕ ਉਪਰ ਚਲੇ ਗਏ। ਰੌਲਾ ਸੁਣ ਕੇ ਲੋਕ ਇਕੱਠੇ ਹੋਣ ਲੱਗ ਪਏ ਤਾਂ ਲੁਟੇਰੇ ਨੇ ਡੱਬ ਵਿੱਚ ਪਿਸਤੌਲ ਕੱਢ ਕੇ ਮੇਰੇ ਸਿਰ ਵਿੱਚ ਪਿਸਤੌਲ ਦੇ ਬੱਟ ਮਾਰੇ। ਲੁਟੇਰੇ ਕੋਲ ਪਿਸਤੌਲ ਦੇਖ ਕੇ ਕੋਈ ਵੀ ਡਰਦਾ ਹੋਇਆ ਅੱਗੇ ਨਾ ਆਇਆ ਅਤੇ ਲੋਕ ਸੜਕ ਉਪਰੋਂ ਆ ਜਾ ਰਹੇ ਸਨ। ਲੋਕਾਂ ਨੂੰ ਦੇਖਦੇ ਹੋਏ ਲੁਟੇਰਾ ਪਿਸਤੌਲ ਨਾਲ ਹਵਾਈ ਫਾਇਰ ਕੱਢ ਕੇ ਮੋਟਰਸਾਇਕਲ ਤੇ ਸਵਾਰ ਹੋ ਕੇ ਆਪਣੇ ਇਕ ਹੋਰ ਪਿਛੇ ਖੜ੍ਹੇ ਸਾਥੀ ਸਮੇਤ ਫਰਾਰ ਹੋ ਗਿਆ। ਇਸ ਸਬੰਧੀ ਸੂਚਨਾ ਮਿਲਣ ਤੇ ਡੀਐੱਸਪੀ ਰਾਜਬੀਰ ਸਿੰਘ ਅਤੇ ਥਾਣਾ ਧਾਰੀਵਾਲ ਦੀ ਐਸਐਚਓ ਸਬ-ਇੰਸਪੈਕਟਰ ਰਜਿੰਦਰ ਕੌਰ ਨੇ ਪੁਲੀਸ ਪਾਰਟੀ ਸਮੇਤ ਮੌਕੇ ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ ਅਤੇ ਆਸ-ਪਾਸ ਦੇ ਸੀਸੀਟੀਵੀ ਕੈਮਰੇ ਖੰਗਾਲੇ।

ਥਾਣਾ ਧਾਰੀਵਾਲ ਦੀ ਐਸਐਚਓ ਰਜਿੰਦਰ ਕੌਰ ਨੇ ਦੱਸਿਆ ਕਿ ਸੀਸੀਟੀਵੀ ਕੈਮਰੇ ਦੀ ਫੁਟੇਜ ਤੋਂ ਸਾਹਮਣੇ ਆਇਆ ਕਿ ਸਪਲੈਂਡਰ ਮੋਟਰਸਾਇਕਲ ਨੰਬਰੀ ਪੀਬੀ 18 ਵਾਏ 1773 'ਤੇ ਸਵਾਰ ਹੋ ਕੇ ਆਇਆ ਨੌਜਵਾਨ ਇਸ ਵਾਰਦਾਤ ਦਾ ਮੁੱਖ ਦੋਸ਼ੀ ਹੈ। ਇਸ ਸਬੰਧੀ ਏਐੱਸਆਈ ਜਗਦੀਸ਼ ਸਿੰਘ ਨੇ ਮੋਟਰਸਾਇਕਲ ਦੇ ਨੰਬਰ ਤੋਂ ਅਡਰੈਸ ਟਰੇਸ ਕਰਕੇ ਸਤਵੰਤ ਸਿੰਘ ਉਰਫ ਕਾਕਾ ਪੁੱਤਰ ਕਸ਼ਮੀਰ ਸਿੰਘ ਵਾਸੀ ਮੂਲਿਆਂਵਾਲ (ਥਾਣਾ ਸਦਰ ਬਟਾਲਾ) ਖਿਲਾਫ ਧਾਰਾ 452,323, 336 ਭ.ਦ ਅਤੇ 25-54-59 ਆਰਮਜ਼ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਦੋਸ਼ੀ ਦੇ ਘਰੋਂ ਮੋਟਰਸਾਇਕਲ ਬਰਾਮਦ ਕਰ ਲਿਆ ਹੈ ਅਤੇ ਦੋਸ਼ੀ ਘਰੋਂ ਫਰਾਰ ਹੈ। ਉਸਨੂੰ ਗ੍ਰਿਫਤਾਰ ਕਰਨ ਲਈ ਛਾਪਾਮਾਰੀ ਕੀਤੀ ਜਾ ਰਹੀ ਹੈ।

# ਵੱਖ-ਵੱਖ ਖੇਤਰਾਂ 'ਚ ਸ਼ਾਨਦਾਰ ਕਾਰਗੁਜ਼ਾਰੀ ਵਿਖਾਉਣ ਵਾਲੇ ਬੱਚਿਆਂ ਨੂੰ ਕੀਤਾ ਗਿਆ ਸਨਮਾਨਿਤ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮੋਤੀ ਨਗਰ ਵਿਖੇ ਰਾਤ ਦੇ ਵਿਸ਼ੇਸ਼ ਦੀਵਾਨ ਦੌਰਾਨ ਵੱਖ-ਵੱਖ ਖੇਤਰਾਂ 'ਚ ਸ਼ਾਨਦਾਰ ਕਾਰਗੁਜ਼ਾਰੀ ਵਿਖਾਉਣ ਵਾਲੇ ਮੋਤੀ ਨਗਰ ਦੇ ਸਮੂਹ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਹੈੱਡ ਗ੍ਰੰਥੀ ਭਾਈ ਹਿਰਦੇਜੀਤ ਸਿੰਘ ਦਾ ਵਿਸ਼ੇਸ਼ ਸਨਮਾਨ 'ਕੌਮੀ ਪ੍ਰਚਾਰਕ' ਵਜੋਂ ਪੰਥਕ ਸਟੇਜਾਂ ਉਤੇ ਨਿਰੋਲ ਗੁਰਮਤਿ ਵਿਚਾਰਾਂ ਕਰਨ ਲਈ ਕੀਤਾ ਗਿਆ। ਇਸ ਮੌਕੇ ਗੁਰੂ ਘਰ ਨਾਲ ਜੁੜੇ ਹੋਏ ਪਰਿਵਾਰ ਦੀ ਬੱਚੀ ਖੁਸ਼ਬੂ ਓਬਰਾਏ ਨੂੰ ਯੂਪੀਐਸਸੀ ਪ੍ਰੀਖਿਆ ਦੌਰਾਨ ਆਲ ਇੰਡੀਆ 139 ਰੈਂਕ ਲੈ ਕੇ ਭਾਰਤੀ ਮਾਲੀਆ ਸੇਵਾ (ਆਈਆਰਐਸ) ਅਫਸਰ ਬਣਨ ਉਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਤੇਲੰਗਾਨਾ ਸਟੇਟ ਦੀ ਜੁਡੀਸ਼ੀਅਲ ਪ੍ਰੀਖਿਆ ਪਾਸ ਕਰਕੇ ਮੈਜਿਸਟਰੇਟ ਲੱਗਣ ਜਾ ਰਹੀ ਦਿਲਪ੍ਰੀਤ ਕੌਰ ਦਾ ਵੀ ਸਨਮਾਨ ਹੋਇਆ। ਖੁਸ਼ਬੂ ਓਬਰਾਏ ਅਤੇ ਦਿਲਪ੍ਰੀਤ ਕੌਰ ਨੇ ਆਪਣੇ ਸੰਬੋਧਨ ਦੌਰਾਨ ਆਪਣੀ ਕਾਮਯਾਬੀ ਲਈ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਅਤੇ ਪਰਿਵਾਰ ਦੇ ਸਹਿਯੋਗ ਨੂੰ ਮੁੱਖ ਕਾਰਨ ਵਜੋਂ ਗਿਣਾਇਆ। ਤਕਰੀਬਨ 50 ਬੱਚਿਆਂ ਨੂੰ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਦੌਰਾਨ 80 ਫੀਸਦੀ ਤੋਂ ਵੱਧ ਨੰਬਰ ਲਿਆਉਣ, 4 ਬੱਚਿਆਂ ਵੱਲੋਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ 'ਚ ਅਤੇ 1 ਬੱਚੇ ਵੱਲੋਂ ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ 'ਚ ਮੈਡਲ ਜਿੱਤਣ ਉਤੇ ਵੀ ਇਸ ਮੌਕੇ ਸਨਮਾਨਿਤ ਕੀਤਾ ਗਿਆ। ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਲਈ ਲਗਾਏ ਗਏ ਗੁਰਮਤਿ ਕੈਂਪ ਦੌਰਾਨ ਵਲੰਟੀਅਰ ਦੀ ਸੇਵਾ ਦੇਣ ਵਾਲੇ ਸਮੂਹ ਸੇਵਕਾਂ ਦਾ ਸਨਮਾਨ ਵੀ ਹੋਇਆ।

ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਰਾਜਾ ਸਿੰਘ ਅਤੇ ਜਨਰਲ ਸਕੱਤਰ ਰਵਿੰਦਰ ਸਿੰਘ ਬਿੱਟੂ ਨੇ ਦਸਿਆ ਕਿ ਬੱਚਿਆਂ 'ਚ ਵਿੱਦਿਆ ਦੇ ਖੇਤਰ ਵਿਚ ਤਰੱਕੀਆਂ ਪ੍ਰਾਪਤ ਕਰਨ ਦੀ ਭਾਵਨਾ ਪੈਦਾ ਕਰਨ ਵਾਸਤੇ ਇਹ ਉਪਰਾਲਾ ਕੀਤਾ ਗਿਆ ਹੈ ਤਾਂ ਕਿ ਬੱਚਿਆਂ ਨੂੰ ਇਹ ਸਮਝਾਇਆ ਜਾ ਸਕੇ ਕਿ ਪੜ੍ਹਨ ਨਾਲ ਹੀ ਮਾਨਸਿਕ ਅਤੇ ਆਰਥਿਕ ਤਰੱਕੀ ਦੇ ਰਾਹ ਖੁੱਲ੍ਹਦੇ ਹਨ। ਜੀਵਨ ਵਿਚ ਤਰੱਕੀ ਪ੍ਰਾਪਤ ਕਰਨ ਲਈ ਮਿਹਨਤ ਕਰਨਾ ਜ਼ਰੂਰੀ ਹੈ। ਜੇਕਰ ਅੱਜ ਸਾਡੇ ਮੋਤੀ ਨਗਰ ਦੇ ਬੱਚੇ ਭਾਰਤੀ ਪ੍ਰਸ਼ਾਸਨਿਕ ਸੇਵਾਵਾਂ ਦੇ ਅਧਿਕਾਰੀ ਅਤੇ ਮੈਜਿਸਟਰੇਟ ਬਣ ਰਹੇ ਹਨ, ਤਾਂ ਇਸ ਪਿੱਛੇ ਬੜੀ ਲਗਨ, ਮਿਹਨਤ ਅਤੇ ਪਰਿਵਾਰ ਦਾ ਸਹਿਯੋਗ ਮੁੱਖ ਕਾਰਨ ਹੈ। ਇਸ ਲਈ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰਹਿਣਗੇ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਦਲਪ੍ਰੀਤ ਸਿੰਘ ਨੇ ਨਿਭਾਈ ਜਦਕਿ ਇਨਾਮ ਵੰਡ ਜਤਿੰਦਰ ਸਿੰਘ ਸਾਹਨੀ, ਡਾਕਟਰ ਪਰਮਿੰਦਰ ਪਾਲ ਸਿੰਘ, ਭੁਪਿੰਦਰ ਸਿੰਘ, ਪ੍ਰਿੰਸੀਪਲ ਇੰਦਰਜੀਤ ਸਿੰਘ, ਗੁਰਕੰਵਰ ਸਿੰਘ ਸਾਹਨੀ, ਸਰਬਜੀਤ ਸਿੰਘ, ਮਨਿੰਦਰ ਸਿੰਘ, ਜਗਪ੍ਰੀਤ ਸਿੰਘ ਅਤੇ ਹਰਵਿੰਦਰ ਸਿੰਘ ਭਾਟੀਆ ਆਦਿਕ ਵੱਲੋਂ ਕੀਤੀ ਗਈ।

# ਹੜ੍ਹਾਂ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਐਡਵਾਇਜ਼ਰੀ ਜਾਰੀ

**ਤਰਨ ਤਾਰਨ, (ਪ੍ਰਿਤਪਾਲ ਸਿੰਘ/ਸਾਗਰਦੀਪ ਸਿੰਘ ਅਰੋੜਾ)**-ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵੱਲੋਂ ਪਾਣੀ ਤੋਂ ਹੋਣ ਵਾਲੀਆਂ ਜਾਂ ਵੈਕਟਰ-ਬੋਰਨ ਬੀਮਾਰੀਆਂ ਤੋਂ ਬਚਾਅ ਲਈ ਸਿਹਤ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਅਜਿਹੀਆਂ ਕੁਦਰਤੀ ਆਫਤਾਂ ਦੌਰਾਨ ਲੋਕਾਂ ਨੂੰ ਸੁਰੱਖਿਅਤ ਅਤੇ ਸਿਹਤਮੰਦ ਰੱਖਣ ਲਈ ਸਿਹਤ ਵਿਭਾਗ ਹਰ ਸਮੇਂ ਯਤਨਸ਼ੀਲ ਹੈ ਅਤੇ ਵਿਭਾਗ ਵੱਲੋਂ ਪ੍ਰਭਾਵਿਤ ਖੇਤਰਾਂ ਵਿਚ 24 ਘੰਟੇ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਲੋਕਾਂ ਨੂੰ ਐਡਵਾਇਜ਼ਰੀ ਦੀ ਪੂਰੀ ਤਰ੍ਹਾਂ ਪਾਲਣਾ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਪੀਣ ਲਈ ਸਿਰਫ ਸੁਰੱਖਿਅਤ ਪਾਣੀ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਤਰਜੀਹੀ ਤੌਰ 'ਤੇ ਉਬਾਲਿਆ ਹੋਇਆ ਪਾਣੀ ਹੀ ਵਰਤਣਾ ਚਾਹੀਦਾ ਹੈ ਜਾਂ ਪਾਣੀ ਕਲੋਰੀਨ ਯੁਕਤ ਹੋਵੇ। ਲਾਗ ਤੋਂ ਬਚਣ ਲਈ ਵਾਰ-ਵਾਰ ਸਾਬਣ ਨਾਲ ਹੱਥ ਧੋਣਾ ਜਰੂਰੀ ਹੈ। ਉਨ੍ਹਾਂ ਦੱਸਿਆ ਗਿਆ ਕਿ ਹੜ੍ਹ ਦੇ ਪਾਣੀ ਵਿਚ ਭਿੱਜੇ ਭੋਜਨ ਪਦਾਰਥਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਲੱਗ ਜਾਂਦੇ ਹਨ ਤਾਂ ਉਨ੍ਹਾਂ ਨੂੰ ਮੈਡੀਕਲ ਕੈਂਪਾਂ ਸਮੇਤ ਸਰਕਾਰੀ ਸਿਹਤ ਸਹੂਲਤਾਂ 'ਚ ਦਿਖਾਉਣਾ ਚਾਹੀਦਾ ਹੈ ਅਤੇ ਖੁਦ ਇਲਾਜ ਨਹੀਂ ਕਰਨਾ ਚਾਹੀਦਾ। ਜੇਕਰ ਕਿਸੇ ਖੇਤਰ ਵਿਚ ਕਿਸੇ ਛੂਤ ਦੀ ਬੀਮਾਰੀ ਦੇ ਵੱਧ ਕੇਸ (ਭਾਵ ਇਕੋ ਇਲਾਕੇ ਵਿਚ ਛੂਤ ਦੀਆਂ ਬੀਮਾਰੀਆਂ ਦੇ 3 ਤੋਂ ਵੱਧ ਕੇਸ) ਸਾਹਮਣੇ ਆਉਂਦੇ ਹਨ ਤਾਂ ਤੁਰੰਤ ਨਜਦੀਕੀ ਸਿਹਤ ਸੰਸਥਾਨ ਨੂੰ ਸੂਚਿਤ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਦੂਸ਼ਿਤ ਪਾਣੀ ਅਤੇ ਕੀੜੇ-ਮਕੌੜਿਆਂ ਦੇ ਕੱਟਣ ਕਾਰਨ ਆਮ ਤੌਰ 'ਤੇ ਚਮੜੀ ਦੀ ਬੈਕਟੀਰੀਅਲ ਲਾਗ ਹੋ ਜਾਂਦੀ ਹੈ ਅਤੇ ਅਜਿਹੀ ਇਨਫੈਕਸ਼ਨ ਨੂੰ ਰੋਕਣ ਲਈ ਲੋਕਾਂ ਨੂੰ ਰਬੜ ਦੇ ਬੂਟ ਅਤੇ ਪੂਰੀਆਂ ਬਾਹਾਂ ਵਾਲੇ ਕੱਪੜੇ ਪਹਿਨਣ ਦੀ ਸਲਾਹ ਦਿੱਤੀ ਜਾਂਦੀ ਹੈ। ਕਿਸੇ ਵੀ ਕਿਸਮ ਦੇ ਇਲਾਜ ਲਈ ਨਜ਼ਦੀਕੀ ਸਿਹਤ ਸੰਭਾਲ ਕੇਂਦਰ 'ਚ ਜਾਣਾ ਚਾਹੀਦਾ ਹੈ। ਵਿਭਾਗ ਵੱਲੋਂ ਹੜ੍ਹਾਂ ਦੇ ਪਾਣੀ ਵਿਚ ਨਾ ਵੜਨ ਦੀ ਵੀ ਸਲਾਹ ਦਿੱਤੀ ਗਈ ਹੈ ਕਿਉਂਕਿ ਹੜ੍ਹਾਂ ਦੌਰਾਨ ਸੱਪ ਦਾ ਡੰਗਣਾ ਵੀ ਆਮ ਗੱਲ ਹੈ। ਉਨ੍ਹਾਂ ਕਿਹਾ ਕਿ ਜੇਕਰ ਤੁਹਾਨੂੰ ਪਾਣੀ ਵਿਚ ਦਾਖਲ ਹੋਣ ਦੀ ਲੋੜ ਹੈ, ਤਾਂ ਲੰਬੇ ਬੂਟ ਪਾਓ।

ਸੱਪ ਦੇ ਡੰਗਣ ਦੀ ਸਥਿਤੀ ਵਿਚ ਮਰੀਜ਼ ਨੂੰ ਜਲਦ ਤੋਂ ਜਲਦ ਨਜਦੀਕੀ ਸਿਹਤ ਕੇਂਦਰ ਵਿਚ ਲੈ ਕੇ ਜਾਓ। ਡਾ. ਰਾਏ ਨੇ ਦੱਸਿਆ ਕਿ ਸਬੰਧਤ ਅਧਿਕਾਰੀਆਂ ਨੂੰ ਵੈਕਟਰ-ਬੋਰਨ ਬੀਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਲਾਰਵੀਸਾਈਡ ਦਾ ਛਿੜਕਾਅ ਕਰਨ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਹਨ।

# ਬਾਬਾ ਰਾਜਾ ਰਾਮ ਦੇ ਸਾਲਾਨਾ ਜੋੜ ਮੇਲੇ 'ਤੇ ਖ਼ੂਨਦਾਨ ਕੈਂਪ ਲੱਗਾ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਖ਼ੂਨਦਾਨ ਮਹਾਨ ਦਾਨ ਸਬ ਡਵੀਜਨ ਪੱਟੀ ਅਧੀਨ ਪੈਂਦੇ ਪਿੰਡ ਜੌੜ ਸਿੰਘ ਵਾਲਾ ਦੇ ਗੁਰਦੁਆਰਾ ਬਾਬਾ ਰਾਜਾ ਰਾਮ ਜੀ ਵਿਖੇ ਬਾਬਾ ਰਾਜਾ ਰਾਮ ਦੀ ਮਿੱਠੀ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲੇ ਮੌਕੇ ਮਨੁੱਖਤਾ ਦੇ ਭਲੇ ਲਈ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਪ੍ਰੇਰਨਾ ਸਦਕਾ 648ਵਾਂ ਮਹਾਨ ਖ਼ੂਨਦਾਨ ਕੈਂਪ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ ਪ੍ਰਧਾਨ ਜ਼ਿਲਾ ਤਰਨਤਾਰਨ ਗੁਰਿੰਦਰ ਸਿੰਘ ਸੰਧੂ ਕਿਰਤੋਵਾਲ ਦੀ ਅਗਵਾਈ ਹੇਠ ਲਗਾਇਆ ਗਿਆ।

ਇਸ ਮੌਕੇ ਖ਼ੂਨਦਾਨ ਕੈਂਪ ਦਾ ਉਦਘਾਟਨ ਭਾਈ ਗੁਰਮੇਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਬਾਬਾ ਰਾਜਾ ਰਾਮ ਨੇ ਕੀਤਾ। ਇਸ ਮੌਕੇ ਗੁਰਿੰਦਰ ਸਿੰਘ ਸੰਧੂ ਕਿਰਤੋਵਲ ਪ੍ਰਧਾਨ ਭਾਈ ਘਨਈਆ ਜੀ ਮਿਸ਼ਨ ਸੇਵਾ ਸੁਸਾਇਟੀ ਜ਼ਿਲ੍ਹਾ ਤਰਨਤਾਰਨ ਨੇ ਨੌਜਵਾਨਾਂ ਨੂੰ ਪ੍ਰੇਰਦਿਆਂ ਕਿਹਾ ਕਿ ਖ਼ੂਨਦਾਨ ਕਰਨ ਨਾਲ ਕਿਸੇ ਤਰ੍ਹਾਂ ਦੀ ਸਰੀਰ ਵਿੱਚ ਕਮਜ਼ੋਰੀ ਨਹੀਂ ਆਉਂਦੀ। ਖ਼ੂਨਦਾਨ ਕਰਨ ਨਾਲ ਕਲੈਸਟਰੋਲ ਘਟਦਾ ਹੈ ਅਤੇ ਹਾਰਟ ਵਰਗੀਆਂ ਕਈ ਹੋਰ ਵੱਡੀਆਂ ਬੀਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

ਹਰੇਕ ਤੰਦਰੁਸਤ ਇਨਸਾਨ ਨੂੰ ਤਿੰਨ ਮਹੀਨੇ ਬਾਅਦ ਵੱਡੀਆਂ ਬੀਮਾਰੀਆਂ ਤੋਂ ਬਚਣ ਦੀ ਖ਼ੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਗੁਰਿੰਦਰ ਸਿੰਘ ਸੰਧੂ ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ 50 ਬਲੱਡ ਯੂਨਿਟ ਗਰਗ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ। ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿੱਤਾ ਜਾਵੇਗਾ। ਇਸ ਮੌਕੇ ਦਿਲਜੀਤ ਸਿੰਘ ਫੌਜੀ, ਸੇਵਾਦਾਰ ਬਾਬਾ ਰਾਜਾ ਰਾਮ, ਬਾਬਾ ਕੁਲਵਿੰਦਰ ਸਿੰਘ ਅਰਦਾਸੀਆ, ਸਰਪੰਚ ਜਸਵਿੰਦਰ ਸਿੰਘ ਜੋੜ ਸਿੰਘ ਵਾਲਾ, ਰਵੀਸ਼ੇਰ ਸਿੰਘ, ਦਲਬੀਰ ਸਿੰਘ ਕਵੀਸਰ, ਨਿਰਵੈਰ ਸਿੰਘ ਕਵੀਸ਼ਰ, ਸੁਰਜੀਤ ਸਿੰਘ ਫੌਜੀ, ਬਿਕਰਮਜੀਤ ਸਿੰਘ ਆੜ੍ਹਤੀ, ਮੁਖਤਿਆਰ ਸਿੰਘ, ਅਮਨਦੀਪ ਸਿੰਘ ਮੋਕੀਮਾ, ਦੇਸਾ ਸਿੰਘ, ਰਾਜ ਸਿੰਘ, ਨਿਰਮਲ ਸਿੰਘ ਕਿਰਤੋਵਾਲ, ਸਾਹਬਾ ਕਿਰਤੋਵਾਲ, ਹਰਸਿਮਰਨ ਸਿੰਘ ਕਿਰਤੋਵਾਲ, ਅਭਿਜੋਤ ਸਿੰਘ, ਸੁਰਜੀਤ ਸਿੰਘ ਕਿਰਤੋਵਾਲ, ਜਸਪ੍ਰੀਤ ਸਿੰਘ ਅਤੇ ਗੁਰਦੁਆਰਾ ਰਾਜਾ ਰਾਮ ਜੀ ਦੇ ਸਮੂਹ ਸੇਵਾਦਾਰ ਹਾਜ਼ਰ ਸਨ।

# ਜਸਬੀਰ ਸਿੰਘ ਸੁਰ ਸਿੰਘ ਨੇ ਪਾਵਰਕਾਮ ਦੇ ਨਿਰਦੇਸ਼ਕ ਪ੍ਰਬੰਧਕੀ ਵਜੋਂ ਅਹੁਦਾ ਸੰਭਾਲਿਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਜਸਬੀਰ ਸਿੰਘ ਸੁਰ ਸਿੰਘ ਨੇ ਅੱਜ ਇੱਥੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਨਵੇਂ ਨਿਰਦੇਸਕ ਪ੍ਰਬੰਧਕੀ ਵੱਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਮੁੱਖ ਮੰਤਰੀ ਪੰਜਾਬ ਦੇ ਮਾਤਾ ਹਰਪਾਲ ਕੌਰ ਜਸਬੀਰ ਸਿੰਘ ਸੁਰ ਸਿੰਘ ਨੂੰ ਅਸ਼ੀਰਵਾਦ ਦੇਣ ਲਈ ਪੁੱਜੇ। ਇਸ ਤੋਂ ਇਲਾਵਾ ਹਰਭਜਨ ਸਿੰਘ ਈਈਓ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ, ਕੁਲਦੀਪ ਸਿੰਘ ਧਾਲੀਵਾਲ ਪ੍ਰਵਾਸੀ ਭਾਰਤੀ ਤੇ ਪ੍ਰਬੰਧਕੀ ਸੁਧਾਰ ਮੰਤਰੀ ਤੋਂ ਇਲਾਵਾ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ, ਗੁਰਲਾਲ ਸਿੰਘ ਐਮਐਲਏ ਘਨੌਰ, ਸਰਵਣ ਸਿੰਘ ਧੁੰਨ ਐਮਐਲਏ ਖੇਮਕਰਨ, ਕੁਲਵੰਤ ਸਿੰਘ ਪੰਡੋਰੀ ਐਮਐਲਏ ਮਹਿਲ ਕਲਾਂ, ਦਵਿੰਦਰਜੀਤ ਸਿੰਘ ਲਾਡੀ ਢੌਸ ਐਮਐਲਏ ਧਰਮਕੋਟ, ਹਰਮੀਤ ਸਿੰਘ ਪਠਾਨਮਾਜਰਾ ਐਮਐਲਏ ਸਨੌਰ, ਬਲਦੇਵ ਸਿੰਘ ਮਿਆਦੀਆਂ ਚੇਅਰਮੈਨ ਪਨਗ੍ਰੇਨ, ਕੁਲਵੰਤ ਸਿੰਘ, ਰਾਜਬੀਰ ਸਿੰਘ ਸੁਰ ਸਿੰਘ, ਨਿਰਮਲਜੀਤ ਸਿੰਘ ਸੰਧੂ ਅਜਨਾਲਾ, ਮਨਜੀਤ ਸਿੰਘ ਸੰਧੂ ਅਜਨਾਲਾ, ਐਡਵੋਕੇਟ ਸੁਖਮਨ ਸਿੰਘ ਢਿੱਲੋਂ ਸੁਰ ਸਿੰਘ, ਗੁਰਵਿੰਦਰ ਸਿੰਘ, ਸਿਆਸੀ ਸਕੱਤਰ, ਤਰੁਨਬੀਰ ਸਿੰਘ ਸੁਰ ਸਿੰਘ, ਮਹਾਂਵੀਰ ਸਿੰਘ, ਹਰਪਾਲ ਸਿੰਘ ਸਰਪੰਚ ਚੁੰਗ, ਜਸਵਿੰਦਰ ਸਿੰਘ ਮਾੜੀ ਉਦੋਕੇ, ਅੰਗਰੇਜ ਸਿੰਘ, ਰਛਪਾਲ ਸਿੰਘ ਸੁਰ ਸਿੰਘ, ਗੁਰਮੀਤ ਸਿੰਘ ਸੁਰ ਸਿੰਘ, ਹਰਪਿੰਦਰ ਸਿੰਘ ਸੁਰ ਸਿੰਘ, ਦਲਬਾਗ ਸਿੰਘ ਸੁਰ ਸਿੰਘ, ਨਰਬੀਰ ਸਿੰਘ ਸੁਰ ਸਿੰਘ, ਭੁਪਿੰਦਰ ਸਿੰਘ ਸੰਧੂ ਪ੍ਰਧਾਨ ਆਲਮੀ ਪੰਜਾਬੀ ਵਿਰਾਸਤ ਫਾਊਂਡੇਸ਼ਨ, ਗੁਰਦੇਵ ਸਿੰਘ ਸ਼ਾਹ, ਰਣਬੀਰ ਸਿੰਘ ਰਾਣਾ ਸੁਰ ਸਿੰਘ, ਰੇਸ਼ਮ ਸਿੰਘ ਖਾਲੜਾ, ਹਰਪ੍ਰਤਾਪ ਸਿੰਘ ਸੁਰ ਸਿੰਘ, ਗੁਰਭੇਜ ਸਿੰਘ ਸੁਰ ਸਿੰਘ, ਮੁਖਤਿਆਰ ਸਿੰਘ ਸੁਰ ਸਿੰਘ, ਗੁਰਵਿੰਦਰ ਸਿੰਘ ਸੁਰ ਸਿੰਘ, ਮੇਜਰ ਸਿੰਘ ਸੁਰ ਸਿੰਘ, ਹਰਜੀਤ ਸਿੰਘ ਸੁਰ ਸਿੰਘ, ਅਮਰੀਕ ਸਿੰਘ ਭਿੱਖੀਵਿੰਡ, ਰਣਬੀਰ ਸਿੰਘ ਭਿੱਖੀਵਿੰਡ, ਗੁਰਵਿੰਦਰ ਸਿੰਘ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਮੁਖਤਿਆਰ ਸਿੰਘ ਸੁਰ ਸਿੰਘ, ਸੁਖਵਿੰਦਰ ਸਿੰਘ ਸਾਬਕਾ ਚੇਅਰਮੈਨ ਸੁਰ ਸਿੰਘ, ਧਰਮ ਸਿੰਘ ਅਲਗੋਂ ਕੋਠੀ, ਲਾਲ ਚੰਦ ਅਲਗੋ ਕੋਠੀ, ਗੁਰਸਾਹਿਬ ਸਿੰਘ ਸੁਰ ਸਿੰਘ ਹਾਜ਼ਰ ਸਨ।

ਇਸ ਤੋਂ ਇਲਾਵਾ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸੀਐਮਡੀ ਇੰਜ: ਬਲਦੇਵ ਸਿੰਘ ਸਰਾਂ, ਇੰਜ: ਪਰਮਜੀਤ ਸਿੰਘ ਡਾਇਰੈਕਟਰ ਜਨਰੇਸਨ, ਇੰਜ: ਡੀਪੀਐਸ ਗਰੇਵਾਲ ਡਾਇਰੈਕਟਰ ਵੰਡ, ਇੰਜ: ਰਵਿੰਦਰ ਸਿੰਘ ਸੈਣੀ ਡਾਇਰੈਕਟਰ ਵਣਜ, ਐਸ. ਕੇ. ਬੇਰੀ, ਡਾਇਰੈਕਟਰ ਵਿੱਤ ਅਤੇ ਪੀਐਸਟੀਸੀਐਲ ਦੇ ਡਾਇਰੈਕਟਰ ਵਿੱਤ ਵਿਨੋਦ ਬਾਂਸਲ, ਨੇਮ ਚੰਦ ਡਾਇਰੈਕਟਰ ਪ੍ਰਬੰਧਕੀ ਟ੍ਰਾਂਸਕੋ ਤੋਂ ਇਲਾਵਾ ਪੀਐਸਪੀਸੀਐਲ ਅਤੇ ਪੀਐਸਟੀਸੀਐਲ ਦੇ ਵਿਭਾਗਾਂ ਦੇ ਮੁੱਖੀ ਸਾਹਿਬਾਨ ਅਤੇ ਪੰਜਾਬ ਭਰ ਤੋਂ ਵੱਖਵੱਖ ਵਰਗਾਂ ਦੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

ਇਸ ਮੌਕੇ ਜਸਬੀਰ ਸਿੰਘ ਸੁਰ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਹਰਭਜਨ ਸਿੰਘ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ ਅਤੇ ਕਿਹਾ ਹੈ ਕਿ ਮੁੱਖ ਮੰਤਰੀ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ ਉਸ ਨੂੰ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਤੋਂ ਇਲਾਵਾ ਪੰਜਾਬ ਦੇ ਬਿਜਲੀ ਖਪਤਕਾਰਾਂ ਨੂੰ ਪਾਏਦਾਰ ਤੇ ਨਿਰਵਿਘਨ ਬਿਜਲੀ ਸਪਲਾਈ ਅਤੇ ਖਪਤਕਾਰਾਂ ਨੂੰ ਹੋਰ ਵਧੇਰੇ ਸੰਭਵ ਖਪਤਕਾਰ ਪੱਖੀ ਸਹੂਲਤਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਰਹਿਣਗੇ।

ਨਵਾਂ ਜ਼ਮਾਨਾ
ਬੁੱਧਵਾਰ, 19 ਜੁਲਾਈ 2023

# ਮਹਾਂਗੱਠਜੋੜ ਤੇ ਐੱਨ ਡੀ ਏ ਦੀ ਬਹਾਲੀ

23 ਜੂਨ ਨੂੰ ਵਿਰੋਧੀ ਪਾਰਟੀਆਂ ਦੀ ਪਟਨਾ ਵਿੱਚ ਹੋਈ ਸਫ਼ਲ ਮੀਟਿੰਗ ਵਿੱਚ 15 ਪਾਰਟੀਆਂ ਨੇ ਹਿੱਸਾ ਲਿਆ ਸੀ। ਬੇਂਗਲੁਰੂ ਵਿੱਚ ਹੋਈ ਦੂਜੀ ਮੀਟਿੰਗ ਵਿੱਚ ਇਹ ਗਿਣਤੀ 26 ਤੱਕ ਪੁੱਜ ਗਈ ਹੈ। ਇਸ ਮੀਟਿੰਗ ਵਿੱਚ ਵਿਰੋਧੀ ਦਲਾਂ ਦੀ ਏਕਤਾ ਤੇ ਪ੍ਰਤੀਬੱਧਤਾ ਨੇ ਭਾਜਪਾ ਨੂੰ ਭਾਜੜਾਂ ਪਾ ਦਿੱਤੀਆਂ ਹਨ। ਜਿਹੜੀ ਭਾਜਪਾ ਇਹ ਕਿਹਾ ਕਰਦੀ ਸੀ ਕਿ ਸਾਰੇ ਵਿਰੋਧੀ ਦਲਾਂ ਨਾਲੋਂ ਇੱਕੋ ਮੋਦੀ ਭਾਰੂ ਹੈ, ਹੁਣ ਉਨ੍ਹਾਂ ਹੀ ਪਾਰਟੀਆਂ ਨੂੰ ਜੋੜ ਕੇ ਮਰ ਚੁੱਕੇ ਐਨ ਡੀ ਏ ਦੀ ਅਰਥੀ ਸਜਾਉਣ ਲੱਗੀ ਹੋਈ ਹੈ, ਜਿਨ੍ਹਾਂ ਨੂੰ ਉਸ ਨੇ ਖੁਦ ਲੱਤ ਮਾਰ ਕੇ ਬੂਹਿਓਂ ਬਾਹਰ ਕੀਤਾ ਸੀ।

ਭਾਜਪਾ ਦੇ ਦੂਜੇ ਦੌਰ ਦੀ ਨੀਤੀ ਸੀ ਕਿ ਦੂਜੀਆਂ ਪਾਰਟੀਆਂ ਨੂੰ ਤੋੜ ਕੇ ਆਪਣਾ ਅਧਾਰ ਮਜ਼ਬੂਤ ਕੀਤਾ ਜਾਵੇ। ਇਸ ਨੀਤੀ ਤਹਿਤ ਉਸ ਨੇ ਆਪਣੇ ਸਹਿਯੋਗੀਆਂ ਨੂੰ ਵੀ ਨਾ ਬਖਸ਼ਿਆ। ਸ਼੍ਰੋਮਣੀ ਅਕਾਲੀ ਦਲ, ਤੇਲਗੂ ਦੇਸਮ, ਅਪਨਾ ਦਲ ਤੇ ਲੋਕ ਜਨਸ਼ਕਤੀ ਪਾਰਟੀ ਇਸ ਦੀਆਂ ਪ੍ਰਤੱਖ ਮਿਸਾਲਾਂ ਹਨ। ਇਸੇ ਤਰ੍ਹਾਂ ਹੀ ਮੱਧ ਪ੍ਰਦੇਸ਼, ਕਰਨਾਟਕ ਤੇ ਗੋਆ ਵਿੱਚ ਕਾਂਗਰਸ ਨੂੰ ਸੰਨ੍ਹ ਲਾਈ ਗਈ। ਕਰਨਾਟਕ ਵਿੱਚ ਇਹ ਦਾਅ ਉਲਟਾ ਪੈ ਗਿਆ ਤੇ ਮੱਧ ਪ੍ਰਦੇਸ਼ ਵਿੱਚ ਵੀ ਇਹੋ ਆਸਾਰ ਬਣੇ ਹੋਏ ਹਨ। ਮਹਾਰਾਸ਼ਟਰ ਵਿੱਚ ਸ਼ਿਵ ਸੈਨਾ ਤੇ ਐੱਨ ਸੀ ਪੀ ਨੂੰ ਤੋੜਨ ਦੀ ਖੇਡ ਨੇ ਭਾਜਪਾ ਦੀ ਉਥੇ ਹਾਲਤ ਹੋਰ ਵਿਗਾੜ ਦਿੱਤੀ ਹੈ। ਮਹਾਰਾਸ਼ਟਰ ਦੇ ਸਭ ਤੋਂ ਵੱਧ ਪੜ੍ਹੇ ਜਾਣ ਵਾਲੇ ਮਰਾਠੀ ਅਖਬਾਰ 'ਸਕਾਲ' ਨੇ ਪਿਛਲੀ 1 ਜੂਨ ਤੇ 16 ਜੁਲਾਈ ਨੂੰ ਦੋ ਸਰਵੇਖਣ ਕੀਤੇ ਸਨ। 1 ਜੂਨ ਦੇ ਸਰਵੇਖਣ ਸਮੇਂ ਹਾਲੇ ਐੱਨ ਸੀ ਪੀ ਦੋਫਾੜ ਨਹੀਂ ਸੀ ਹੋਈ। ਉਸ ਸਰਵੇਖਣ ਮੁਤਾਬਕ ਭਾਜਪਾ ਨੂੰ 33.8 ਫ਼ੀਸਦੀ ਤੇ ਸ਼ਿਵ ਸੈਨਾ (ਸ਼ਿੰਦੇ) ਨੂੰ 5.5 ਫ਼ੀਸਦੀ ਯਾਨੀ ਕੁੱਲ 39.3 ਫ਼ੀਸਦੀ ਵੋਟ ਮਿਲ ਰਹੇ ਸਨ। ਦੂਜੇ ਪਾਸੇ ਮਹਾਂ ਵਿਕਾਸ ਅਗਾੜੀ ਦੇ ਹਿੱਸੇ ਕਾਂਗਰਸ ਨੂੰ 19.9 ਫ਼ੀਸਦੀ, ਐੱਨ ਸੀ ਪੀ ਨੂੰ 15.3 ਫੀਸਦੀ ਤੇ ਸ਼ਿਵ ਸੈਨਾ (ਠਾਕਰੇ) ਨੂੰ 12.5 ਫ਼ੀਸਦੀ ਭਾਵ ਕੁੱਲ 47.7 ਫ਼ੀਸਦੀ ਵੋਟ ਮਿਲ ਰਹੇ ਸਨ। ਇਸ ਤਰ੍ਹਾਂ ਮਹਾਂ ਵਿਕਾਸ ਅਗਾੜੀ ਭਾਜਪਾ ਗੱਠਜੋੜ ਨਾਲੋਂ 8.4 ਫ਼ੀਸਦੀ ਵੋਟਾਂ ਨਾਲ ਅੱਗੇ ਸੀ। ਅਗਲਾ ਸਰਵੇਖਣ 16 ਜੁਲਾਈ, ਐੱਨ ਸੀ ਪੀ ਦੇ ਅਜੀਤ ਪਵਾਰ ਵੱਲੋਂ ਭਾਜਪਾ ਨਾਲ ਮਿਲ ਜਾਣ ਤੋਂ ਬਾਅਦ ਦਾ ਹੈ। ਇਸ ਮੁਤਾਬਕ ਭਾਜਪਾ ਨੂੰ 26.8 ਫੀਸਦੀ, ਐੱਨ ਸੀ ਪੀ (ਅਜੀਤ ਪਵਾਰ) 5.7 ਨੂੰ ਫ਼ੀਸਦੀ ਤੇ ਸ਼ਿਵ ਸੈਨਾ (ਸ਼ਿੰਦੇ) ਨੂੰ 4.9 ਫ਼ੀਸਦੀ ਭਾਵ ਕੁੱਲ 37.4 ਫ਼ੀਸਦੀ ਹਮਾਇਤ ਮਿਲ ਰਹੀ ਹੈ। ਦੂਜੇ ਪਾਸੇ ਮਹਾਂ ਵਿਕਾਸ ਅਗਾੜੀ ਨੂੰ, ਕਾਂਗਰਸ 19.1 ਫ਼ੀਸਦੀ, ਐੱਨ ਸੀ ਪੀ (ਸ਼ਰਦ ਪਵਾਰ) 14.9 ਫ਼ੀਸਦੀ ਤੇ ਸ਼ਿਵ ਸੈਨਾ (ਠਾਕਰੇ) 12.7 ਫ਼ੀਸਦੀ, ਕੁੱਲ 46.7 ਫ਼ੀਸਦੀ ਵੋਟ ਮਿਲ ਰਹੇ ਹਨ। ਉਪਰੋਕਤ ਦੋਹਾਂ ਸਰਵੇਖਣਾਂ ਮੁਤਾਬਕ ਸਿਰਫ਼ ਡੇਢ ਮਹੀਨੇ ਵਿੱਚ ਹੀ ਭਾਜਪਾ ਦੇ ਸਮਰਥਨ ਵਿੱਚ 7 ਫ਼ੀਸਦੀ ਦੀ ਕਮੀ ਆਈ ਹੈ। ਭਾਜਪਾ ਦੇ ਗੱਠਜੋੜ ਨੂੰ ਵੀ 2 ਫ਼ੀਸਦੀ ਦਾ ਨੁਕਸਾਨ ਹੋ ਰਿਹਾ ਹੈ। ਦੂਜੇ ਪਾਸੇ ਵਿਰੋਧੀ ਦਲਾਂ ਦੇ ਗਠਜੋੜ ਨੂੰ 1 ਫ਼ੀਸਦੀ ਦਾ ਲਾਭ ਹੋ ਰਿਹਾ ਹੈ। ਇਸ ਸਰਵੇਖਣ ਨੇ ਭਾਜਪਾ ਆਗੂਆਂ ਦੀ ਨੀਂਦ ਹਰਾਮ ਕਰ ਦਿੱਤੀ ਹੈ। ਪਿਛਲੇ ਦੋ ਦਿਨਾਂ ਤੋਂ ਅਜੀਤ ਪਵਾਰ ਤੇ ਉਸ ਦੇ ਹਮਾਇਤੀ ਦੋ ਵਾਰ ਸ਼ਰਦ ਪਵਾਰ ਨੂੰ ਮਿਲ ਕੇ ਉਸ ਦੀਆਂ ਲੇਲ੍ਹੜੀਆਂ ਕੱਢ ਰਹੇ ਹਨ।

ਇਸ ਸਥਿਤੀ ਵਿੱਚ ਭਾਜਪਾ ਨੇ ਦਿੱਲੀ ਵਿੱਚ ਐੱਨ ਡੀ ਏ ਦੀ ਮੁੜ ਸੁਰਜੀਤੀ ਲਈ ਮੀਟਿੰਗ ਕੀਤੀ ਹੈ। ਐਧਰੋਂ-ਉਧਰੋਂ ਫੜ ਕੇ ਭਾਨਮਤੀ ਨੇ ਕੁਨਬਾ ਜੋੜ ਲਿਆ ਹੈ, ਕਿਉਂਕਿ ਮੁੱਖ ਵਿਰੋਧੀ ਦਲ ਤਾਂ ਮਹਾਂਗੱਠਜੋੜ ਨਾਲ ਜੁੜ ਚੁੱਕੇ ਹਨ। ਵਿਰੋਧੀ ਧਿਰਾਂ ਵਿੱਚ ਸਭ ਤੋਂ ਵੱਡੀ ਪਾਰਟੀ ਕਾਂਗਰਸ ਹੈ, ਜਿਸ ਨੂੰ ਮਾਰਨ ਦੀਆਂ ਭਾਜਪਾ ਨੇ ਨੌਂ ਸਾਲ ਕੋਸ਼ਿਸ਼ਾਂ ਕੀਤੀਆਂ, ਪਰ ਉਹ ਫਿਰ ਜੀ ਉਠਦੀ ਹੈ। ਕਦੇ ਐੱਨ ਡੀ ਏ ਦਾ ਵੱਡਾ ਸਹਿਯੋਗੀ ਰਹੇ ਜਨਤਾ ਦਲ (ਯੂਨਾਈਟਿਡ) ਦਾ ਮੁਖੀ ਨਿਤੀਸ਼ ਕੁਮਾਰ ਹੁਣ ਵਿਰੋਧੀ ਧਿਰ ਨਾਲ ਹੈ ਤੇ ਬਿਹਾਰ ਵਿੱਚ ਮਹਾਂਗੱਠਜੋੜ ਦੀ ਸਰਕਾਰ ਚਲਾ ਰਿਹਾ ਹੈ। ਭਾਜਪਾ ਦੀ ਬੀ ਟੀਮ ਕਹੀ ਜਾਣ ਵਾਲੀ ਆਮ ਆਦਮੀ ਪਾਰਟੀ ਵੀ ਵਿਰੋਧੀ ਧਿਰਾਂ ਨਾਲ ਹੈ। ਉਹ ਕੌਮੀ ਪਾਰਟੀ ਹੈ। ਦੋ ਰਾਜਾਂ ਵਿੱਚ ਉਸ ਦੀ ਸਰਕਾਰ ਹੈ। ਤ੍ਰਿਣਮੂਲ ਕਾਂਗਰਸ, ਡੀ ਐੱਮ ਕੇ ਤੇ ਲੈਫਟ ਦੀਆਂ ਵੀ ਬੰਗਾਲ, ਤਾਮਿਲਨਾਡੂ ਤੇ ਕੇਰਲਾ ਵਿੱਚ ਸਰਕਾਰਾਂ ਹਨ। ਕੁੱਲ ਮਿਲਾ ਕੇ ਮਹਾਂਗੱਠਜੋੜ ਵਿੱਚ ਸ਼ਾਮਲ ਪਾਰਟੀਆਂ ਦੀਆਂ 11 ਰਾਜਾਂ ਵਿੱਚ ਸਰਕਾਰਾਂ ਹਨ। ਭਾਜਪਾ ਨੇ ਐਲਾਨ ਕੀਤਾ ਹੈ ਕਿ ਉਸ ਦੀ ਮੀਟਿੰਗ ਵਿੱਚ 38 ਪਾਰਟੀਆਂ ਸ਼ਾਮਲ ਹੋਈਆਂ। ਇਨ੍ਹਾਂ ਵਿੱਚ 8 ਉੱਤਰ-ਪੂਰਬੀ ਰਾਜਾਂ ਦੀਆਂ ਹਨ, ਜਿੱਥੋਂ ਦੀਆਂ ਅਸਾਮ ਸਮੇਤ ਕੁੱਲ 25 ਲੋਕ ਸਭਾ ਸੀਟਾਂ ਹਨ। ਏਨੀਆਂ ਕੁ ਪਾਰਟੀਆਂ ਬਿਹਾਰ ਦੀਆਂ ਹਨ, ਜਿਹੜੀਆਂ ਪਾਟੋਧਾੜ ਕਾਰਨ ਦੋ-ਦੋ ਬਣ ਕੇ ਗਿਣਤੀ ਵਧਾ ਰਹੀਆਂ ਹਨ। ਅਸਲ ਵਿੱਚ ਵਿਰੋਧੀ ਧਿਰਾਂ ਤੋਂ ਬਾਹਰ ਸਿਰਫ਼ ਤਿੰਨ ਪਾਰਟੀਆਂ ਹਨ, ਜਿਨ੍ਹਾਂ ਦਾ ਆਪਣੇ-ਆਪਣੇ ਸੂਬੇ ਵਿੱਚ ਰਾਜ ਵੀ ਹੈ ਤੇ ਅਧਾਰ ਵੀ। ਇਹ ਹਨ, ਤੇਲੰਗਾਨਾ ਦੀ ਭਾਰਤ ਰਾਸ਼ਟਰ ਸੰਮਤੀ, ਆਂਧਰਾ ਦੀ ਵਾਈ ਐਸ ਆਰ ਕਾਂਗਰਸ ਤੇ ਓਡੀਸ਼ਾ ਦੀ ਬੀਜੂ ਜਨਤਾ ਦਲ। ਇਨ੍ਹਾਂ ਤਿੰਨਾਂ ਵਿੱਚੋਂ ਹਾਲੇ ਕਿਸੇ ਨੇ ਵੀ ਐੱਨ ਡੀ ਏ ਵਿੱਚ ਸ਼ਾਮਲ ਹੋਣਾ ਠੀਕ ਨਹੀਂ ਸਮਝਿਆ।

ਇਸ ਤੋਂ ਸਪੱਸ਼ਟ ਹੈ ਕਿ ਗਿਣਤੀ ਦੇ ਹਿਸਾਬ ਨਾਲ ਐੱਨ ਡੀ ਏ ਗੱਠਜੋੜ ਵੱਡਾ, ਪਰ ਤਾਕਤ ਦੇ ਹਿਸਾਬ ਨਾਲ ਯੂ ਪੀ ਏ। ਦੇਸ਼ ਦੀ ਰਾਜਨੀਤੀ ਅੱਜ ਉਸ ਦੌਰ ਵਿੱਚ ਪੁੱਜ ਚੁੱਕੀ ਹੈ, ਜਿੱਥੇ ਕੋਈ ਵੀ ਪਾਰਟੀ ਆਪਣੇ ਦਮ ਉੱਤੇ ਸੱਤਾ ਹਾਸਲ ਨਹੀਂ ਕਰ ਸਕਦੀ। ਇਸ ਸਮੇਂ ਲੜਾਈ ਦੋ ਵਿਚਾਰਧਾਰਾਵਾਂ ਦੀ ਬਣ ਚੁੱਕੀ ਹੈ। ਇੱਕ ਪਾਸੇ ਉਹ ਲੋਕ ਹਨ, ਜਿਹੜੇ ਲੋਕਤੰਤਰ ਨੂੰ ਬਚਾਉਣ ਲਈ ਸਭ ਮਤਭੇਦ ਭੁਲਾ ਕੇ ਇਕਜੁੱਟ ਹੋ ਰਹੇ ਹਨ, ਦੂਜੇ ਪਾਸੇ ਫਾਸ਼ੀਵਾਦੀ ਹਾਕਮ ਹਨ, ਜਿਹੜੇ ਸੰਖਿਆ ਬਲ ਨਾਲ ਲੋਕਾਂ ਨੂੰ ਭਰਮਾ ਕੇ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਦੋਵੇਂ ਧਿਰਾਂ 2024 ਦੇ ਮਹਾਂਯੁੱਧ ਲਈ ਕਮਰਕੱਸੇ ਕਰਨ ਲੱਗ ਪਈਆਂ ਹਨ। ਆਖ਼ਰੀ ਫੈਸਲਾ ਜਨਤਾ ਨੇ ਕਰਨਾ ਹੈ।

-ਚੰਦ ਫਤਿਹਪੁਰੀ

# ਹੜ੍ਹਾਂ ਦਾ ਕਹਿਰ, ਨੇਤਾਵਾਂ ਦੀ ਅਸੰਵੇਦਨਸ਼ੀਲਤਾ



ਗੁਰਮੀਤ ਸਿੰਘ ਪਲਾਹੀ

ਦੇਸ਼ 'ਚ ਹੜ੍ਹਾਂ ਨਾਲ ਮਰਨ ਵਾਲਿਆਂ ਦਾ ਅੰਕੜਾ ਵੇਖ-ਪੜ੍ਹ ਕੇ ਕਲੇਜਾ ਮੂੰਹ ਨੂੰ ਆਉਂਦਾ ਹੈ, ਪਰ ਨੇਤਾ ਲੋਕ ਏਨੇ ਅਸੰਵੇਦਨਸ਼ੀਲ ਹੋ ਗਏ ਹਨ ਕਿ ਉਨ੍ਹਾਂ ਦਾ ਦਿਲ ਨਾ ਹੀ ਦਹਿਲਦਾ ਹੈ, ਨਾ ਹੀ ਪਸੀਜਦਾ ਹੈ। ਉਹ ਤਾਂ ਹੈਲੀਕਾਪਟਰ 'ਤੇ ਚੜ੍ਹਦੇ ਹਨ, ਦੌਰੇ ਕਰਦੇ ਹਨ, ਇਸ ਨਾਲ ਹੀ ਉਹ ਆਪਣੀ ਜ਼ੁੰਮੇਵਾਰੀ ਪੂਰੀ ਹੋ ਗਈ ਸਮਝਦੇ ਹਨ।

ਹਾਕਮਾਂ ਦੇ ਹੜ੍ਹਾਂ ਦਰਮਿਆਨ ਬਿਆਨ ਆਉਂਦੇ ਹਨ, ਵਿਰੋਧੀ ਧਿਰ ਦੇ ਨੇਤਾਵਾਂ ਦੇ ਬਿਆਨ ਵੀ ਚਮਕਦੇ ਹਨ। ਫਿਰ ਹੜ੍ਹ ਦਾ ਪਾਣੀ ਉਤਰ ਜਾਂਦਾ ਹੈ, ਬਿਆਨ ਵੀ ਮੱਧਮ ਹੋ ਜਾਂਦੇ ਹਨ। ਇਹਨਾ ਹੜ੍ਹਾਂ ਤੋਂ ਬਚਾਅ ਦਾ ਪੱਕਾ ਪ੍ਰਬੰਧ ਉਨ੍ਹਾਂ ਨੇ ਹੀ ਕਰਨਾ ਹੈ, ਉਹ ਇਹ ਭੁੱਲ ਹੀ ਜਾਂਦੇ ਹਨ। ਨੇਤਾ ਲੋਕਾਂ ਨੂੰ ਰਾਹਤ ਦੇਣ ਦੀ ਥਾਂ ਇੱਕ-ਦੂਜੇ ਨੂੰ ਦੋਸ਼ੀ ਠਹਿਰਾਅ ਕੇ ਆਪਣੀ ਜਵਾਬਦੇਹੀ ਤੋਂ ਪੱਲਾ ਛੁਡਾ ਰਹੇ ਹਨ।

ਹੜ੍ਹਾਂ ਨਾਲ ਨੁਕਸਾਨ ਲਗਾਤਾਰ ਵਧ ਰਿਹਾ ਹੈ। ਇਸ ਦਾ ਵੱਡਾ ਕਾਰਨ ਇਹ ਹੈ ਕਿ ਡੁੱਬ ਰਹੇ ਖੇਤਰਾਂ ਵਿੱਚ ਪਿਛਲੇ ਕੁਝ ਵਰ੍ਹਿਆਂ ਦੌਰਾਨ ਆਰਥਿਕ ਗਤੀਵਿਧੀਆਂ ਬਹੁਤ ਵਧ ਗਈਆਂ ਹਨ ਅਤੇ ਨਵੀਂਆਂ, ਵੱਡੀਆਂ ਇਨਸਾਨੀ ਬਸਤੀਆਂ ਵਸ ਰਹੀਆਂ ਹਨ। ਇਸ ਨਾਲ ਨਦੀਆਂ ਦੇ ਡੁੱਬ ਰਹੇ ਖੇਤਰ ਵਿੱਚ ਆਉਣ ਵਾਲੇ ਲੋਕ ਦਾ ਹੜ੍ਹ ਦਾ ਸ਼ਿਕਾਰ ਹੋਣ ਦਾ ਖਦਸ਼ਾ ਸਾਲੋ-ਸਾਲ ਵਧਦਾ ਜਾ ਰਿਹਾ ਹੈ। ਜੇਕਰ ਨਦੀਆਂ ਦੇ ਕੁਦਰਤੀ ਵਹਾਅ ਦੇ ਰਸਤੇ ਬਣਾਉਣਾ ਜਾਂ ਸੁਰੱਖਿਅਤ ਕਰਨਾ ਸਰਕਾਰਾਂ ਦੇ ਏਜੰਡੇ 'ਤੇ ਹੁੰਦਾ ਤਾਂ ਹੜ੍ਹ ਨੂੰ ਰੋਕਿਆ ਜਾਂ ਘਟਾਇਆ ਜਾ ਸਕਦਾ ਹੁੰਦਾ।

ਉਤਰਾਖੰਡ 'ਚ ਇਸ ਵਰ੍ਹੇ ਮੀਂਹ ਅਤੇ ਹੜ੍ਹ ਨੇ ਤਬਾਹੀ ਮਚਾ ਰੱਖੀ ਹੈ। ਪਰਬਤ ਡਿੱਗ ਪਏ। ਮਕਾਨ ਜ਼ਮੀਨਦੋਜ਼ ਹੋ ਗਏ। ਜਾਨੀ-ਮਾਲੀ ਅੰਤਾਂ ਦਾ ਨੁਕਸਾਨ ਹੋਇਆ। ਪੰਜਾਬ, ਹਰਿਆਣਾ, ਦਿੱਲੀ ਦੇ ਲੋਕ ਹੜ੍ਹਾਂ ਕਾਰਨ ਪ੍ਰੇਸ਼ਾਨ ਹੋ ਚੁੱਕੇ ਹਨ। ਸੜਕਾਂ ਟੁੱਟ ਗਈਆਂ ਹਨ, ਫਸਲਾਂ ਤਬਾਹ ਹੋ ਗਈਆਂ ਹਨ। ਜਨ ਜੀਵਨ ਥੰਮ ਗਿਆ ਹੈ। ਲੋਕਾਂ ਕੋਲ ਖਾਣ ਲਈ ਭੋਜਨ ਨਹੀਂ, ਪੀਣ ਲਈ ਪਾਣੀ ਨਹੀਂ। ਪੰਜਾਬ 'ਚ ਇੱਕ ਸਰਕਾਰੀ ਜਾਣਕਾਰੀ ਅਨੁਸਾਰ 2.40 ਲੱਖ ਹੈਕਟੇਅਰ ਝੋਨੇ ਦਾ ਰਕਬਾ ਬਰਸਾਤ ਕਾਰਨ ਪੂਰੀ ਤਰ੍ਹਾਂ ਨੁਕਸਾਨਿਆ ਗਿਆ। 83000 ਹੈਕਟੇਅਰ ਝੋਨੇ ਦੀ ਫਸਲ ਤਬਾਹ ਹੋ ਗਈ ਹੈ। ਉਂਜ ਦੇਸ਼ ਵਿੱਚ ਵੀ ਰਾਸ਼ਟਰੀ ਹੜ੍ਹ ਕਮਿਸ਼ਨ ਦੇ ਅਨੁਸਾਰ ਭਾਰਤ ਵਿੱਚ ਚਾਰ ਕਰੋੜ ਹੈਕਟੇਅਰ ਧਰਤੀ ਨੂੰ ਹੜ੍ਹਾਂ ਨੇ ਲਪੇਟ 'ਚ ਲਿਆ ਹੈ।

ਕੇਂਦਰ ਸਰਕਾਰ ਨੇ ਹੜ੍ਹਾਂ ਦੀ ਮਾਰ ਦੇ ਅੰਕੜੇ ਪ੍ਰਕਾਸ਼ਤ ਕੀਤੇ ਹਨ, ਜਿਸ ਅਨੁਸਾਰ ਦੇਸ਼ ਵਿੱਚ ਪਿਛਲੇ 64 ਸਾਲਾਂ ਵਿੱਚ ਇੱਕ ਲੱਖ ਤੋਂ ਜ਼ਿਆਦਾ ਲੋਕਾਂ ਦੀ ਹੜ੍ਹਾਂ ਕਾਰਨ ਮੌਤ ਹੋਈ। ਹਰ ਸਾਲ ਔਸਤਨ 1654 ਲੋਕਾਂ ਤੋਂ ਇਲਾਵਾ 92,763 ਪਸ਼ੂ ਮਾਰੇ ਗਏ। ਸੂਬਿਆਂ ਵਿੱਚ ਸਲਾਨਾ ਔਸਤਨ 1680 ਕਰੋੜ ਰੁਪਏ ਦੀਆਂ ਫਸਲਾਂ ਦਾ ਨੁਕਸਾਨ ਹੁੰਦਾ ਹੈ। 12.40 ਲੱਖ ਮਕਾਨ ਹਰ ਸਾਲ ਨੁਕਸਾਨੇ ਜਾਂਦੇ ਹਨ ਜਾਂ ਧਰਤੀ 'ਚ ਸਿਮਟ ਜਾਂਦੇ ਹਨ। ਇਹਨਾਂ 64 ਵਰ੍ਹਿਆਂ 'ਚ ਇੱਕ ਅਨੁਮਾਨ ਅਨੁਸਾਰ 2.02 ਲੱਖ ਕਰੋੜ ਦੀ ਜਾਇਦਾਦ ਅਤੇ 1.09 ਲੱਖ ਕਰੋੜ ਦੀਆਂ ਫਸਲਾਂ ਤਬਾਹ ਹੋਈਆਂ। ਇਥੇ ਹੀ ਬੱਸ ਨਹੀਂ 25.6 ਲੱਖ ਹੈਕਟੇਅਰ ਉਪਜਾਊ ਖੇਤ ਨਸ਼ਟ ਹੋ ਗਏ ਅਤੇ ਇਹਨਾਂ 64 ਸਾਲਾਂ 'ਚ ਕੁਲ ਮਿਲਾ ਕੇ 205.8 ਕਰੋੜ ਲੋਕ ਪ੍ਰਭਾਵਤ ਹੋਏ। ਅਰਥਾਤ ਦੇਸ਼ ਦੀ ਮੌਜੂਦਾ ਆਬਾਦੀ ਦੇ ਡੇਢ ਗੁਣਾ ਤੋਂ ਵੀ ਵੱਧ ਲੋਕ ਵਾਰ-ਵਾਰ ਹੜ੍ਹਾਂ ਦੀ ਮਾਰ ਹੇਠ ਆਏ।

ਅਸਲ ਵਿੱਚ ਭਾਰਤ ਵਿੱਚ ਹੁਣ ਹੜ੍ਹ ਸਿਰਫ਼ ਕੁਦਰਤੀ ਆਫਤ ਹੀ ਨਹੀਂ, ਰਹੇ ਸਗੋਂ ਮਾਨਵਤਾ ਆਫਤ ਬਣਦੇ ਜਾ ਰਹੇ ਹਨ। ਦੇਸ਼ 'ਚ ਅੰਧਾਧੁੰਦ ਜੰਗਲਾਂ ਦੀ ਕਟਾਈ, ਬੇਤਹਾਸ਼ਾ ਸ਼ਹਿਰੀਕਰਨ, ਨਦੀਆਂ ਦਾ ਪ੍ਰਵਾਹ ਰੋਕਣਾ ਤੀਬਰ ਹੜ੍ਹਾਂ ਦਾ ਕਾਰਨ ਬਣਦਾ ਜਾ ਰਿਹਾ ਹੈ।

ਵਿਸ਼ਵ ਬੈਂਕ ਦੀ ਇੱਕ ਰਿਪੋਰਟ ਅਨੁਸਾਰ ਦੁਨੀਆਂ ਭਰ ਵਿੱਚ ਹੜ੍ਹ ਨਾਲ ਸੰਬੰਧਤ ਜੋ ਮੌਤਾਂ ਹੁੰਦੀਆਂ ਹਨ, ਉਹਨਾਂ ਵਿਚੋਂ 20 ਫੀਸਦੀ ਭਾਰਤ 'ਚ ਹੁੰਦੀਆਂ ਹਨ। ਭਾਰਤ 'ਚ ਕਲੱਕਤਾ, ਮੁੰਬਈ ਤੋਂ ਬਿਨਾਂ ਗੁਆਂਢੀ ਦੇਸ਼ਾਂ ਦੇ ਢਾਕਾ (ਬੰਗਾਲ), ਕਰਾਚੀ ( ਪਾਕਿਸਤਾਨ) ਵਿੱਚ ਲਗਭਗ ਪੰਜ ਕਰੋੜ ਲੋਕਾਂ ਨੂੰ ਹੜ੍ਹ ਦੀ ਗੰਭੀਰ ਪੀੜਾ ਸਹਿਣੀ ਪੈ ਸਕਦੀ ਹੈ। ਪੂਰੇ ਦੱਖਣੀ ਭਾਰਤ ਵਿੱਚ ਤਾਪਮਾਨ ਵਧ ਰਿਹਾ ਹੈ ਅਤੇ ਅਗਲੇ ਕੁਝ ਦਹਾਕਿਆਂ 'ਚ ਹੋਰ ਵੀ ਵਧੇਗਾ, ਜਿਸ ਨਾਲ ਦੇਸ਼ ਵਿੱਚ ਜਲਵਾਯੂ ਪਰਿਵਰਤਨ ਹੋਏਗਾ ਅਤੇ ਹੜ੍ਹਾਂ ਦਾ ਕਹਿਰ ਵਧੇਗਾ। ਹੜ੍ਹ ਆਏਗਾ ਤਾਂ ਪੀਣ ਵਾਲੇ ਪਾਣੀ ਦੀ ਮੰਗ ਵਧੇਗੀ। ਵਿਸ਼ਵ ਬੈਂਕ ਅਨੁਸਾਰ ਮੱਧ ਪ੍ਰਦੇਸ਼ ਹੜ੍ਹ ਦੀ ਗੰਭੀਰ ਮਾਰ ਹੇਠ ਹੋਵੇਗਾ।

ਦੇਸ਼ ਦੇ ਸੂਬੇ ਹਿਮਾਚਲ ਪ੍ਰਦੇਸ਼ ਦਾ ਵੱਡਾ ਭਾਗ ਸੁੰਦਰ ਹੈ, ਇਥੇ ਪਰਬਤ ਹਨ, ਕਲ-ਕਲ ਕਰਦੀਆਂ ਝੀਲਾਂ ਹਨ, ਪਰ ਪਿਛਲੇ ਦਿਨੀਂ ਇਥੇ ਭਿਅੰਕਰ ਮੀਂਹ ਪਿਆ। ਸੂਬੇ ਦਾ ਅਤਿਅੰਤ ਨੁਕਸਾਨ ਤਾਂ ਹੋਇਆ ਹੀ, ਪਰ ਨਾਲ ਲਗਦੇ ਪੰਜਾਬ, ਹਰਿਆਣਾ ਦਾ ਹਾਲ ਵੀ ਇਸ ਮੀਂਹ ਦੇ ਪਾਣੀ ਨੇ ਬੁਰਾ ਹਾਲ ਕਰ ਦਿੱਤਾ। ਅਸਲ 'ਚ ਪਿਛਲੇ ਇੱਕ ਦਹਾਕੇ ਤੋਂ ਇਥੇ ਕੁਦਰਤੀ ਆਫ਼ਤਾਂ ਵਧ ਰਹੀਆਂ ਹਨ। ਬਦਲਾਂ ਦੇ ਫਟਣ ਦੀਆਂ ਘਟਨਾਵਾਂ ਸੁਣਨ ਨੂੰ ਮਿਲਦੀਆਂ ਹਨ, ਹੜ੍ਹਾਂ ਨਾਲ ਤਬਾਹੀ ਦੀ ਗੱਲ ਤਾਂ ਆਮ ਹੈ। ਅਸਲ 'ਚ ਅੱਜ ਸੂਬੇ 'ਚ ਪਹਾੜਾਂ ਨੂੰ ਕੁਝ ਕੁ ਜ਼ਰੂਰਤਾਂ ਪੂਰੀਆਂ ਕਰਨ ਲਈ ਬੇਰਹਿਮੀ ਨਾਲ ਕੁਰੇਦਿਆ ਜਾ ਰਿਹਾ ਹੈ। ਵੱਡੀ ਗਿਣਤੀ ਹਾਈਡਰੋ ਯੋਜਨਾਵਾਂ, ਚਾਰ ਮਾਰਗੀ ਸੜਕਾਂ ਦਾ ਨਿਰਮਾਣ ਅਤੇ ਹਰ ਪਿੰਡ, ਸ਼ਹਿਰ 'ਚ ਪਹਾੜਾਂ ਨੂੰ ਚੀਰਨ ਦੀ ਪ੍ਰਕਿਰਿਆ ਜਾਰੀ ਹੈ। ਇਸ ਪ੍ਰਕਿਰਿਆ ਨੂੰ ਵਿਕਾਸ ਦਾ ਨਾਂਅ ਦਿੱਤਾ ਜਾ ਰਿਹਾ ਹੈ, ਪਰ ਇਸ ਨਾਲ ਪਹਾੜ ਜਰਜਰ ਹੋ ਜਾਂਦੇ ਹਨ। ਵਿਕਾਸ ਦੀ ਦੌੜ ਕਿਧਰੇ ਨਾ ਕਿਧਰੇ ਮਨੁੱਖੀ ਜੀਵਨ ਦੇ ਸਾਹਮਣੇ ਅਨੇਕਾਂ ਸਮੱਸਿਆਵਾਂ ਉਜਾਗਰ ਕਰ ਰਹੀ ਹੈ।

20ਵੀਂ ਅਤੇ 21ਵੀਂ ਸਦੀ ਦਾ ਭਾਰਤ ਦਾ ਹੜ੍ਹਾਂ ਦਾ ਇਤਿਹਾਸ ਦਿਲ ਚੀਰਵਾਂ ਹੈ। ਅਕਤੂਬਰ 1943 'ਚ ਮਦਰਾਸ 'ਚ ਵੱਡਾ ਹੜ੍ਹ ਆਇਆ, ਏਨੇ ਲੋਕ ਬੇਘਰ ਹੋਏ ਕਿ ਗਿਣਤੀ ਹੀ ਨਾ ਹੋ ਸਕੀ। ਸਾਲ 1979 'ਚ ਗੁਜਰਾਤ ਦੇ ਮੋਰਵੀ (ਰਾਜਕੋਟ ਜ਼ਿਲ੍ਹਾ) 'ਚ ਭਿਅੰਕਰ ਹੜ੍ਹ ਆਇਆ। ਲਗਭਗ 2500 ਜਾਨਾਂ ਗਈਆਂ। ਸਾਲ 1987 'ਚ ਬਿਹਾਰ ਨੇ ਵੱਡਾ ਹੜ੍ਹ ਵੇਖਿਆ, ਜਿਸ 'ਚ ਲੋਕਾਂ ਦੀ 68 ਬੀਲੀਅਨ ਰੁਪਏ ਦੀ ਜਾਇਦਾਦ ਨੁਕਸਾਨੀ ਗਈ। ਸਾਲ 1988 'ਚ ਪੰਜਾਬ 'ਚ ਐਡਾ ਵੱਡਾ ਹੜ੍ਹ ਆਇਆ ਕਿ ਪੰਜਾਬ ਦੇ ਸਾਰੇ ਦਰਿਆ ਉਛਲ ਗਏ, ਲੋਕਾਂ ਦਾ ਜਾਨੀ-ਮਾਲੀ ਨੁਕਸਾਨ ਹੋਇਆ। ਜੂਨ 2013 'ਚ ਉਤਰਾਖੰਡ 'ਚ ਹੜ੍ਹਾਂ ਨਾਲ 5700 ਤੋਂ ਵੱਧ ਲੋਕ ਮਾਰੇ ਗਏ ਅਤੇ ਜੂਨ 2015 'ਚ ਗੁਜਰਾਤ ਨੇ ਅਤੇ 2016 'ਚ ਅਸਾਮ ਨੇ, 2017 'ਚ ਫਿਰ ਗੁਜਰਾਤ ਨੇ ਅਤੇ 2018 -19 'ਚ ਕੇਰਲਾ, 2020 'ਚ ਅਸਾਮ, 2021 'ਚ ਉਤਰਾਖੰਡ ਤੇ ਮਹਾਰਾਸ਼ਟਰ, 2022 'ਚ ਅਸਾਮ ਅਤੇ 2023 'ਚ ਉੱਤਰ ਭਾਰਤ ਦੇ ਕਈ ਸੂਬੇ ਸਮੇਤ ਉੱਤਰਾਖੰਡ ਭਾਰੀ ਹੜ੍ਹ ਦੀ ਲਪੇਟ 'ਚ ਆਏ।

ਸਮੇਂ-ਸਮੇਂ 'ਤੇ ਹੜ੍ਹਾਂ ਕਾਰਨ ਦੇਸ਼ ਵਾਸੀਆਂ ਨੇ ਕਹਿਰ ਸਹਿ ਲਿਆ। ਘਰੋਂ ਬੇਘਰ ਹੋ ਗਏ। ਜਾਨੀ ਮਾਲੀ, ਪਸ਼ੂਧਨ ਦਾ ਨੁਕਸਾਨ ਝੱਲਿਆ। ਸਰਕਾਰਾਂ ਨੇ ਹੜ੍ਹ ਰੋਕਣ ਲਈ ਸਕੀਮਾਂ ਵੀ ਬਹੁਤ ਘੜੀਆਂ। ਭਾਰਤ 'ਚ ਹੜ੍ਹ ਦੀ ਭਵਿੱਖਬਾਣੀ ਲਈ ਕੇਂਦਰੀ ਜਲ ਆਯੋਗ ਬਣਾਇਆ, ਜਿਸ ਦੇ ਦੇਸ਼ ਭਰ 'ਚ 141 ਹੜ੍ਹ ਚਿਤਾਵਨੀ ਕੇਂਦਰ ਹਨ, ਪਰ ਹੜ੍ਹਾਂ ਦਾ ਕਹਿਰ ਵਧਦਾ ਹੀ ਗਿਆ।

ਹਰ ਵਰ੍ਹੇ ਸਰਕਾਰਾਂ ਦਰਿਆਵਾਂ, ਨਦੀਆਂ ਦਾ ਵਹਿਣ ਨਿਰੰਤਰ ਵਗਦਾ ਰਹੇ, ਲਈ ਵੱਡੇ ਫੰਡ ਰਿਜ਼ਰਵ ਕਰਦੀਆਂ ਹਨ। ਪੁਲਾਂ ਹੇਠ ਜਮ੍ਹਾਂ ਗਾਰ ਸਾਫ ਕਰਨ, ਨਦੀਆਂ ਦੇ ਕਿਨਾਰੇ ਸੁਰੱਖਿਅਤ ਕਰਨ ਦੇ ਨਾਂਅ ਉਤੇ ਅਰਬਾਂ, ਖਰਬਾਂ ਰੁਪਏ ਖਰਚ ਕਰਦੀਆਂ ਹਨ, ਪਰ ਜਦੋਂ ਹੀ ਇੱਕ ਵੱਡਾ ਮੀਂਹ ਪੈਂਦਾ ਹੈ, ਪਾਣੀ ਦਰਿਆਵਾਂ 'ਚ ਵਗਦਾ ਹੈ, ਸੱਭੋ ਕੁਝ ਚੌਪਟ ਹੋ ਜਾਂਦਾ ਹੈ।

ਗੁਆਂਢੀ ਸੂਬੇ ਇਸ ਔਖੀ ਘੜੀ ਇੱਕ-ਦੂਜੇ ਨਾਲ ਸਿਆਸਤ ਕਰਦੇ ਹਨ। ਇੱਕ-ਦੂਜੇ ਨੂੰ ਦੋਸ਼ ਦਿੰਦੇ ਹਨ, ਪਰ ਸਵਾਲ ਉੱਠਦਾ ਹੈ ਕਿ ਸਮਾਂ ਰਹਿੰਦਿਆਂ ਹੜ੍ਹ ਆਉਣ ਤੋਂ ਪਹਿਲਾਂ ਤਿਆਰੀ ਸਰਕਾਰਾਂ ਕਿਉਂ ਨਹੀਂ ਕਰਦੀਆਂ? ਕਿਉਂ ਇਹ ਵੇਖਿਆ ਜਾਂਦਾ ਹੈ ਕਿ ਜਦੋਂ ਆਫ਼ਤ ਆਊ, ਉਦੋਂ ਨਜਿੱਠ ਲਵਾਂਗੇ, ਦੇਖੀ ਜਾਊ। ਇਸ ਸਥਿਤੀ ਵਿੱਚ ਆਮ ਲੋਕ ਪਿੱਸੇ ਜਾਂਦੇ ਹਨ।

ਪਹਿਲਾਂ ਹੀ ਗਰੀਬੀ ਗਰੱਸੇ ਭਾਰਤ 'ਚ ਆਮ ਲੋਕਾਂ ਲਈ ਮੁਸ਼ਕਲਾਂ ਦੀ ਘਾਟ ਨਹੀਂ ਹੈ, ਪਰ ਹੜ੍ਹਾਂ ਜਿਹਾ ਕਹਿਰ ਖਾਸ ਕਰਕੇ ਸਧਾਰਨ ਆਦਮੀ ਲਈ ਵੱਡਾ ਕਹਿਰ ਬਣ ਜਾਂਦਾ ਹੈ। ਭਾਵੇਂ ਕਿ ਭਾਰਤ ਦੇ ਕੁਝ ਹਿੱਸਿਆਂ 'ਚ ਹੜ੍ਹਾਂ ਦਾ ਆਉਣਾ ਆਮ ਗਿਣਿਆ ਜਾਂਦਾ ਹੈ, ਪਰ ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਜਿਸ ਕਿਸਮ ਦੇ ਅਗਾਊਂ ਤੇ ਸਥਾਈ ਪ੍ਰਬੰਧ ਲੋੜੀਂਦੇ ਹਨ, ਉਹਨਾਂ ਪ੍ਰਤੀ ਕੋਈ ਵੀ ਨਿੱਗਰ ਕਾਰਵਾਈ ਨਹੀਂ ਹੁੰਦੀ, ਇਹ ਸਿਰਫ਼ ਤੇ ਸਿਰਫ਼ ਨੇਤਾ ਲੋਕਾਂ ਦੀ ਲੋਕਾਂ ਦੇ ਮਸਲਿਆਂ, ਮਾਮਲਿਆਂ ਪ੍ਰਤੀ ਇੱਛਾ ਸ਼ਕਤੀ ਦੀ ਘਾਟ ਅਤੇ ਅਸੰਵੇਦਨਸ਼ੀਲਤਾ ਹੈ।

ਲੋੜ ਹੈ ਲੋਕ ਇਸ ਭਿਅੰਕਰ ਆਫਤ ਦਾ ਟਾਕਰਾ ਕਰਨ ਲਈ ਆਪ ਕਮਰ ਕੱਸੇ ਕਰਨ। ਨਦੀਆਂ ਕਿਨਾਰੇ ਰਹਿੰਦੇ ਲੋਕ ਨਦੀਆਂ ਦੇ ਕੁਦਰਤੀ ਵਹਾਅ ਦੇ ਰਸਤੇ ਰੋਕਣ ਵਾਲੀਆਂ ਵਿਕਾਸ ਯੋਜਨਾਵਾਂ ਦਾ ਵਿਰੋਧ ਕਰਨ। ਪਿੰਡਾਂ ਦੇ ਲੋਕ ਉਹਨਾਂ ਨਜ਼ਦੀਕ ਉਸਾਰੀਆਂ ਜਾ ਰਹੀਆਂ ਵੱਡ ਅਕਾਰੀ ਕਲੋਨੀਆਂ, ਜੋ ਕੁਦਰਤੀ ਪਾਣੀ ਦੇ ਵਹਾਅ 'ਚ ਰੁਕਾਵਟ ਬਣਦੀਆਂ ਹਨ, ਨੂੰ ਬਣਨ ਤੋਂ ਰੋਕਣ। ਉਹ ਖੇਤਰ ਜਿਥੇ ਹਰ ਸਾਲ ਹੜ੍ਹ ਆਉਂਦੇ ਹਨ, ਉਹਨਾਂ ਖੇਤਰਾਂ ਦੇ ਲੋਕ ਆਪਣਾ ਸੁਰੱਖਿਆ ਤੰਤਰ ਆਪ ਕਾਇਮ ਕਰਨ।

ਨੇਤਾ ਲੋਕ ਤਾਂ ਹੜ੍ਹਾਂ 'ਚ ਆਉਣਗੇ, ਰਾਹਤ ਸਮਗਰੀ ਵੰਡਣਗੇ, ਵੋਟਾਂ 'ਤੇ ਅੱਖ ਰੱਖਣਗੇ, ਤੁਰ ਜਾਣਗੇ। ਪੀੜਤ ਲੋਕਾਂ ਨੂੰ ਜਿਹਨਾਂ ਦੇ ਸਿਰੋਂ ਛੱਤ ਚਲੇ ਗਈ, ਜਿਹਨਾਂ ਦੀਆਂ ਫਸਲਾਂ ਤਬਾਹ ਹੋ ਗਈਆਂ, ਉਹ ਤਾਂ ਖ਼ੂਨ ਦੇ ਅੱਥਰੂ ਹੀ ਰੋਣਗੇ।

# ਸੰਪਰਕ : 98158-02070

# ਪੋਕਸੋ ਐਕਟ, ਉਸ ਦੀ ਵਰਤੋਂ ਤੇ ਦੁਰਵਰਤੋਂ

ਰਜਿੰਦਰਪਾਲ ਕੌਰ

ਲੋਕਾਂ ਨੂੰ ਨਿਆਂ ਅਤੇ ਬਰਾਬਰੀ ਦੇਣ ਵਾਸਤੇ ਕਈ ਕਨੂੰਨ ਬਣਾਏ ਗਏ ਹਨ ਪ੍ਰੰਤੂ ਇਹ ਕਨੂੰਨ ਮਾੜੇ ਲਈ ਤਾਂ ਫੰਦਾ ਹਨ, ਕਿਉਂਕਿ ਕਈ ਵਾਰ ਉਹ ਬਿਨਾਂ ਜੁਰਮ ਤੋਂ ਹੀ ਫਸ ਜਾਂਦੇ ਹਨ। ਇਹੋ ਕਨੂੰਨ ਤਾਕਤਵਰ ਵਾਸਤੇ ਬਾਂਦੀ ਦਾ ਕੰਮ ਕਰਦੇ ਹਨ। ਉਹ ਕਈ ਗੁਨਾਹ ਕਰਕੇ ਵੀ ਆਪਣੀ ਰਾਜਸੀ ਅਤੇ ਆਰਥਿਕ ਤਾਕਤ ਨਾਲ ਬਚ ਜਾਂਦੇ ਹਨ ਅਤੇ ਸੰਵਿਧਾਨ ਅਤੇ ਕਨੂੰਨਾਂ ਨੂੰ ਟਿੱਚ ਜਾਣਦੇ ਹਨ। ਪ੍ਰਸ਼ਾਸਨ ਵੀ ਇਕ ਹੱਦ ਤੱਕ ਉਹਨਾਂ ਦਾ ਸਾਥ ਦੇਂਦਾ ਹੈ।

ਅੱਜ ਮੈਂ ਗੱਲ ਕਰਨ ਜਾ ਰਹੀ ਹਾਂ ਪੋਕਸੋ ਐਕਟ ਅਤੇ ਉਸ ਦੀ ਵਰਤੋਂ ਬਾਰੇ। ਭਾਵ ਕਿ ਨਾਬਾਲਗ ਬੱਚਿਆਂ ਨੂੰ ਲਿੰਗਕ ਹਮਲਿਆਂ ਤੋਂ ਬਚਾਉਣਾ। ਇਸ ਦੇ ਤਹਿਤ 18 ਸਾਲ ਤੋਂ ਘੱਟ ਉਮਰ ਦੇ ਬੱਚੇ ਬਿਨਾਂ ਲਿੰਗ ਭੇਦ-ਭਾਵ ਦੇ ਆਉਂਦੇ ਹਨ। ਇਹ ਐਕਟ 19 ਜੂਨ 2012 ਨੂੰ ਪਾਸ ਹੋਇਆ, ਜਿਸ ਦਾ ਮਕਸਦ ਨਾਬਾਲਗ ਬੱਚਿਆਂ ਨੂੰ ਲਿੰਗਕ ਸੁਰੱਖਿਆ ਦੇਣਾ ਸੀ। ਇਸ ਕਨੂੰਨ ਨੂੰ ਲਾਗੂ ਕਰਵਾਉਣ ਵਾਸਤੇ ਨੈਸ਼ਨਲ ਅਤੇ ਸਟੇਟ ਕਮਿਸ਼ਨ ਬਣਾਏ ਗਏ ਹਨ। ਇਹ ਬੜਾ ਵਧੀਆ ਉੱਦਮ ਹੈ।

ਇਸ ਦੇ ਤਹਿਤ ਨਾਬਾਲਗ ਬੱਚੇ ਨਾਲ ਸੈਕਸ ਸੰਬੰਧ ਬਣਾਉਣਾ, ਛੇੜਛਾੜ ਕਰਨੀ, ਬੱਚੇ ਦੇ ਪ੍ਰਾਈਵੇਟ ਅੰਗਾਂ ਨੂੰ ਛੂਹਣਾ ਜਾਂ ਆਪਣੇ ਪ੍ਰਾਈਵੇਟ ਅੰਗ ਛੂਹਣ ਲਈ ਕਹਿਣਾ। ਇਹ ਜੁਰਮ ਭਾਵੇਂ ਔਰਤ ਵੱਲੋਂ ਕੀਤਾ ਗਿਆ ਹੋਵੇ ਜਾਂ ਮਰਦ ਵੱਲੋਂ। ਪੀੜਤ ਭਾਵੇਂ ਲੜਕਾ ਹੋਵੇ ਜਾਂ ਲੜਕੀ ਸਭ ਤੇ ਇਹ ਕਨੂੰਨ ਲਾਗੂ ਹੁੰਦਾ ਹੈ। ਝੂਠੀ ਸ਼ਿਕਾਇਤ ਇਸਦੇ ਤਹਿਤ ਸਜਾਯੋਗ ਹੈ। ਇਸ ਕਨੂੰਨ ਦੇ ਤਹਿਤ ਜ਼ਮਾਨਤ ਦੇ ਚਾਂਸ ਬਹੁਤ ਘੱਟ ਹਨ। ਕੋਰਟ ਦੇ ਸਾਹਮਣੇ ਪੁਲਸ ਵੱਲੋਂ ਚਾਰਜਸ਼ੀਟ ਪੇਸ਼ ਕਰਨੀ ਹੁੰਦੀ ਹੈ। ਫਿਰ ਜੇਕਰ ਦੋਸ਼ੀ ਨਿਰਦੋਸ਼ ਸਾਬਤ ਹੋ ਜਾਵੇ ਤਾਂ ਜ਼ਮਾਨਤ ਹੋ ਸਕਦੀ ਹੈ।

ਇਸ ਐਕਟ ਦੀ ਵਰਤੋਂ ਬਾਰੇ ਮੈਂ ਦੋ ਕੇਸਾਂ ਦਾ ਮੁਕਾਬਲਾ ਕਰਨਾ ਚਾਹਾਂਗੀ। ਸਾਡੇ ਜ਼ਿਲ੍ਹੇ ਦੇ ਇਕ ਪ੍ਰਾਈਵੇਟ ਸਕੂਲ ਦੇ ਮੈਥ ਅਧਿਆਪਕ ਜੋ ਆਪਣੇ ਵਿਸ਼ੇ ਦੇ ਮਾਹਿਰ ਅਤੇ ਸਮਰਪਿਤ ਅਧਿਆਪਕ ਸਨ ਅਤੇ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ, ਉਹਨਾਂ 'ਤੇ ਕਿਸੇ ਸਾਜ਼ਿਸ਼ ਤਹਿਤ ਇਹ ਐਕਟ ਲੱਗ ਗਿਆ। ਛੁੱਟੀ ਤੋਂ ਬਾਅਦ ਚਾਰ ਸਾਲ ਦੀ ਬੱਚੀ ਜਿਹੜੀ ਕਿ ਚੰਗੀ ਤਰਾਂ ਨਾਂਅ ਵੀ ਨਹੀਂ ਲੈ ਸਕਦੀ ਸੀ, ਤੋਂ ਅੰਦਾਜ਼ਾ ਲਗਾ ਲਿਆ ਗਿਆ ਅਤੇ ਕੇਸ ਦਰਜ ਹੋ ਗਿਆ। ਸਕੂਲ ਵਿੱਚ ਛੁੱਟੀ ਹੋ ਚੁੱਕੀ ਸੀ, ਸਿਰਫ ਪ੍ਰਿੰਸੀਪਲ ਅਤੇ ਦਰਜਾ ਚਾਰ ਮੁਲਾਜ਼ਮ ਸਨ। ਕਿਸੇ ਨੇ ਅਧਿਆਪਕ ਨੂੰ ਖਬਰ ਪਹੁੰਚਾਣ ਦੀ ਖੇਚਲ ਨਹੀਂ ਕੀਤੀ। ਰਾਤ ਨੂੰ ਪੁਲਸ ਅਧਿਆਪਕ ਨੂੰ ਗ੍ਰਿਫ਼ਤਾਰ ਕਰਨ ਆ ਗਈ, ਪ੍ਰੰਤੂ ਆਂਢ-ਗੁਆਂਢ ਇਕੱਠਾ ਹੋ ਗਿਆ ਅਤੇ ਗ੍ਰਿਫ਼ਤਾਰੀ ਟਲ ਗਈ।

ਵਰਣਨਯੋਗ ਹੈ ਕਿ ਉਸ ਅਧਿਆਪਕ ਦੀ ਪਤਨੀ ਵੀ ਉਸੇ ਸਕੂਲ ਵਿੱਚ ਅਧਿਆਪਕਾ ਸੀ। ਅਗਲੇ ਦਿਨ ਦੋਵੇਂ ਸਕੂਲ ਚਲੇ ਗਏ, ਕਿਉਂਕਿ ਉਹ ਨਿਸ਼ਚਿੰਤ ਸਨ ਕਿ ਅਸੀਂ ਕੋਈ ਗੁਨਾਹ ਨਹੀਂ ਕੀਤਾ। ਸਕੂਲ ਵਿੱਚ ਮੀਟਿੰਗ ਚੱਲਦੀ ਰਹੀ। ਪੁਲਸ ਛਾਣਬੀਨ ਕਰਦੀ ਰਹੀ, ਪਰ ਉਸ ਅਧਿਆਪਕ ਦੇ ਵਿਰੁੱਧ ਕੋਈ ਸਬੂਤ ਨਹੀਂ ਮਿਲਿਆ । ਫਿਰ ਵੀ ਪੁਲਸ, ਸ਼ੱਕ ਦੇ ਅਧਾਰ 'ਤੇ ਅਧਿਆਪਕ ਨੂੰ ਫੜ ਕੇ ਲੈ ਗਈ। ਉਸ ਨੂੰ ਆਪਣੀ ਪਤਨੀ ਨੂੰ ਮਿਲਣ ਦਾ ਮੌਕਾ ਵੀ ਨਹੀਂ ਦਿੱਤਾ ਗਿਆ। ਉਸ ਦੀ ਪਤਨੀ ਵੀ ਪਿੱਛੇ ਤੁਰ ਪਈ। ਉਸ ਨੂੰ ਵੀ ਰੋਕਣ ਦੀ ਕੋਸ਼ਿਸ਼ ਕੀਤੀ ਗਈ, ਪਰ ਉਹ ਕਿਸੇ ਵੀ ਰੁਕਾਵਟ ਦੀ ਪ੍ਰਵਾਹ ਨਾ ਕਰਦੀ ਹੋਈ ਪੁਲਸ ਸਟੇਸ਼ਨ ਪਹੁੰਚ ਗਈ। ਉਸ ਨੂੰ ਦੱਸਿਆ ਗਿਆ ਕਿ ਕੁਝ ਨਹੀਂ ਹੋ ਸਕਦਾ। ਪਰਵਾਰ ਨੇ ਬਹੁਤ ਕੋਸ਼ਿਸ਼ ਕੀਤੀ, ਪਰ ਇਨਸਾਫ ਨਹੀਂ ਮਿਲਿਆ।

ਇਹੋ ਹੀ ਐਕਟ ਲੱਗਿਆ ਸੀ ਬੀ.ਜੇ .ਪੀ. ਸਾਂਸਦ ਬ੍ਰਿਜ ਭੂਸ਼ਣ ਸ਼ਰਨ ਸਿੰਘ 'ਤੇ, ਬਹੁਤ ਸਾਰੀਆਂ ਲੜਕੀਆਂ ਨੇ ਇਲਜ਼ਾਮ ਲਗਾਇਆ ਸੀ ਕਿ ਬ੍ਰਿਜ ਭੂਸ਼ਣ ਸ਼ਰਨ ਸਿੰਘ ਜੋ ਕਿ ਕੁਸ਼ਤੀ ਫੈਡਰੇਸ਼ਨ ਦਾ ਪ੍ਰਧਾਨ ਵੀ ਹੈ ਅਤੇ ਸੰਸਦ ਮੈਂਬਰ ਵੀ ਨੇ, ਮਹਿਲਾ ਪਹਿਲਵਾਨਾਂ ਨਾਲ ਲਿੰਗਕ ਛੇੜਛਾੜ ਕੀਤੀ ਹੈ। ਇਹਨਾਂ ਵਿਚ ਇਕ ਨਾਬਾਲਗ ਲੜਕੀ ਸੰਗੀਤਾ ਫੋਗਾਟ ਵੀ ਸੀ। ਨਾਬਾਲਗ ਲੜਕੀ ਨਾਲ ਛੇੜਛਾੜ ਕਰਨ ਕਰਕੇ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ 'ਤੇ ਵੀ ਪੋਕਸੋ ਐਕਟ ਲੱਗ ਗਿਆ, ਪਰ ਉਸ ਨੂੰ ਤੁਰੰਤ ਗ੍ਰਿਫ਼ਤਾਰ ਨਹੀਂ ਕੀਤਾ ਗਿਆ, ਸਗੋਂ ਮਸਲਾ ਸੁਲਝਾਉਣ ਲਈ ਤਿੰਨ ਮਹੀਨੇ ਦਾ ਸਮਾਂ ਦਿੱਤਾ ਗਿਆ। ਇਹ ਸਮਾਂ ਸ਼ਿਕਾਇਤ ਕਰਤਾ ਨੂੰ ਤੋੜਨ ਲਈ ਕਾਫੀ ਸੀ।

ਤਿੰਨ ਮਹੀਨੇ ਬਾਅਦ ਫਿਰ ਮਹਿਲਾ ਪਹਿਲਵਾਨ ਮੈਦਾਨ ਵਿੱਚ ਆਈਆਂ ਅਤੇ ਜੰਤਰ-ਮੰਤਰ 'ਤੇ ਧਰਨਾ ਲਗਾ ਦਿੱਤਾ। ਸਾਰੇ ਦੇਸ਼ ਵਿੱਚੋਂ ਉਹਨਾਂ ਨੂੰ ਹਮਾਇਤ ਮਿਲਣ ਲੱਗੀ। 28 ਮਈ ਨੂੰ ਉਹਨਾਂ ਨੇ ਹੋਰ ਜਥੇਬੰਦੀਆਂ ਨਾਲ ਮਿਲ ਕੇ ਸੰਸਦ ਵੱਲ ਮਾਰਚ ਕਰਨਾ ਸੀ, ਉਸ ਦਿਨ ਪੁਲਸ ਨੇ ਉਹਨਾਂ 'ਤੇ ਬਹੁਤ ਤਸ਼ੱਦਦ ਕੀਤਾ। ਸੜਕ 'ਤੇ ਲਿਟਾ ਕੇ ਕੁੱਟਿਆ ਅਤੇ ਜਿਹੜਾ ਝੰਡਾ ਇਹਨਾਂ ਬੱਚੀਆਂ ਨੇ ਅਸਮਾਨ ਵਿਚ ਲਹਿਰਾਇਆ ਸੀ, ਉਹੀ ਝੰਡਾ ਸੜਕ 'ਤੇ ਰੁਲ ਰਿਹਾ ਸੀ । ਉਹਨਾਂ ਦਾ ਧਰਨਾ ਚੁਕਵਾ ਦਿੱਤਾ ਗਿਆ । ਸਮਾਜਿਕ ਕਾਰਕੁਨਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਕੁਝ ਦਿਨਾਂ ਬਾਅਦ ਪੁਲਸ ਸੰਗੀਤਾ ਨੂੰ ਦੋਸ਼ੀ ਦੇ ਘਰ ਮੌਕਾ ਵੇਖਣ ਲੈ ਗਈ । ਇਸ ਤਰ੍ਹਾਂ ਬ੍ਰਿਜ ਭੂਸ਼ਣ ਸ਼ਰਨ ਸਿੰਘ ਨਾਬਾਲਗ ਬੱਚੀ ਨੂੰ ਤੋੜਨ ਵਿੱਚ ਕਾਮਯਾਬ ਹੋ ਗਿਆ।

ਇਹਨਾ ਦੋਵਾਂ ਕੇਸਾਂ ਵਿੱਚ ਫਰਕ ਇਹ ਹੈ ਕਿ ਸਧਾਰਨ ਨਾਗਰਿਕ ਨੂੰ ਬੇਗੁਨਾਹੀ ਸਾਬਤ ਕਰਨ ਦਾ ਮੌਕਾ ਹੀ ਨਹੀਂ ਦਿੱਤਾ ਗਿਆ, ਜਦ ਕਿ ਤਾਕਤਵਰ ਇਨਸਾਨ ਨੂੰ ਏਨਾ ਸਮਾਂ ਦਿੱਤਾ ਗਿਆ ਕਿ ਉਹ ਪੀੜਤ ਨੂੰ ਡਰਾ-ਧਮਕਾ ਸਕੇ। ਇਕ ਹੀ ਦੇਸ਼ ਵਿੱਚ ਦੋ ਵਿਅਕਤੀਆਂ 'ਤੇ ਕਨੂੰਨ ਵੱਖ-ਵੱਖ ਢੰਗ ਨਾਲ ਕਿਉਂ ਲਾਗੂ ਹੁੰਦਾ ਹੈ, ਇਹ ਲੋਕਤੰਤਰ ਵਿੱਚ ਚਿੰਤਾ ਦਾ ਵਿਸ਼ਾ ਹੈ।

# ਸੰਪਰਕ : 99881-76811

## 55ਵੇਂ ਕੌਮੀਕਰਨ ਦਿਵਸ 'ਤੇ ਵਿਸ਼ੇਸ਼

# ਬੈਂਕਾਂ ਦਾ ਨਿੱਜੀਕਰਨ ਲੋਕਾਂ ਦੇ ਵਿਰੁੱਧ ਹੈ



ਐੱਮ ਐੱਸ ਭਾਟੀਆ

ਸਾਡੇ ਦੇਸ਼ ਦੇ ਬੈਂਕਾਂ ਵਿੱਚ ਜਮ੍ਹਾਂ ਪੈਸਾ ਆਮ ਲੋਕਾਂ ਦਾ ਹੈ। ਭਾਰਤ ਵਿੱਚ ਬੈਂਕਾਂ ਦਾ ਇਤਿਹਾਸ ਪੁਰਾਣਾ ਹੈ ਅਤੇ ਅਠਾਰਵੀਂ ਸਦੀ ਦੇ ਅੱਧ ਤੋਂ ਦੇਸ਼ ਵਿੱਚ ਬੈਂਕ ਖੁੱਲ੍ਹਣੇ ਸ਼ੁਰੂ ਹੋਏ, ਪਰ ਨਿੱਜੀ ਖੇਤਰ ਵਿੱਚ ਹੋਣ ਕਾਰਨ ਆਮ ਲੋਕ ਇਸ ਦਾ ਫਾਇਦਾ ਨਹੀਂ ਲੈ ਸਕਦੇ ਸਨ। ਬੈਂਕ ਆਫ ਹਿੰਦੋਸਤਾਨ 1770 ਵਿਚ ਅਤੇ ਜਨਰਲ ਬੈਂਕ ਆਫ ਇੰਡੀਆ 1786 ਵਿੱਚ ਹੋਂਦ ਵਿੱਚ ਆਏ। ਅੰਗਰੇਜ਼ਾਂ ਨੇ ਤਿੰਨ ਪ੍ਰੈਜ਼ੀਡੈਂਸੀ ਬੈਂਕ ਖੋਲ੍ਹੇ, ਜਿਨਾਂ ਵਿੱਚ ਬੈਂਕ ਆਫ ਕਲਕੱਤਾ, ਬੈਂਕ ਆਫ ਬੰਬੇ ਅਤੇ ਬੈਂਕ ਆਫ ਮਦਰਾਸ ਸ਼ਾਮਲ ਸਨ। 1921 ਵਿੱਚ ਇਨ੍ਹਾਂ ਨੂੰ ਮਿਲਾ ਕੇ ਇੰਪੀਰੀਅਲ ਬੈਂਕ ਆਫ ਇੰਡੀਆ ਬਣਾਇਆ ਗਿਆ ਅਤੇ 1955 ਵਿੱਚ ਇਸ ਦਾ ਰਾਸ਼ਟਰੀਕਰਨ ਕੀਤਾ ਗਿਆ ਅਤੇ ਇਹ ਸਟੇਟ ਬੈਂਕ ਆਫ ਇੰਡੀਆ ਬਣਿਆ। ਰਿਜ਼ਰਵ ਬੈਂਕ ਆਫ ਇੰਡੀਆ 1935 ਵਿੱਚ ਰਿਜ਼ਰਵ ਬੈਂਕ ਆਫ ਇੰਡੀਆ ਐਕਟ 1934 ਦੇ ਤਹਿਤ ਬਣਾਇਆ ਗਿਆ ਅਤੇ 1949 ਵਿੱਚ ਇਸ ਦਾ ਰਾਸ਼ਟਰੀਕਰਨ ਕੀਤਾ ਗਿਆ। ਇਸ ਸਮੇਂ ਦੌਰਾਨ ਬਹੁਤ ਸਾਰੇ ਬੈਂਕ (ਨਿੱਜੀ) ਖੁੱਲ੍ਹੇ ਅਤੇ ਫੇਲ੍ਹ ਹੋਣ ਕਾਰਨ ਬੰਦ ਹੋ ਗਏ। ਦੇਸ਼ ਦੇ ਕਈ ਸਰਮਾਏਦਾਰਾਂ ਨੇ ਬੈਂਕ ਖੋਲ੍ਹੇ, ਜਿਵੇਂ 1865 ਵਿੱਚ ਅਲਾਹਾਬਾਦ ਬੈਂਕ ਲਿ., 1894 ਵਿੱਚ ਪੰਜਾਬ ਨੈਸ਼ਨਲ ਬੈਂਕ ਲਿ. ਆਦਿ। 1911 ਵਿੱਚ ਅੰਗਰੇਜ਼ਾਂ ਦੀ ਨੌਕਰੀ ਛੱਡ ਕੇ ਸੋਰਾਬਜੀ ਪੋਚਖਾਨਾਵਾਲਾ ਨੇ ਪਹਿਲਾ ਸਵਦੇਸ਼ੀ ਬੈਂਕ ਸੈਂਟਰਲ ਬੈਂਕ ਆਫ ਇੰਡੀਆ ਲਿਮ. ਖੋਲ੍ਹਿਆ। 1959 ਵਿੱਚ ਸਟੇਟ ਬੈਂਕ ਆਫ ਇੰਡੀਆ ਦੀਆ ਸੱਤ ਸਬਸਿਡਰੀਆਂ ਦਾ ਰਾਸ਼ਟਰੀਕਰਨ ਕੀਤਾ ਗਿਆ। ਬੈਂਕਾਂ ਵਿੱਚ ਪਿਆ ਪੈਸਾ ਆਮ ਲੋਕਾਂ ਦੀ ਜਮ੍ਹਾਂ ਪੂੰਜੀ ਹੁੰਦੀ ਸੀ, ਪਰ ਇਸ ਦੀ ਵਰਤੋਂ ਸ਼ਾਹੂਕਾਰ ਆਪਣੇ ਮਕਸਦ ਲਈ ਕਰਦੇ ਸਨ । ਲੋਕਾਂ ਨੂੰ ਆਪਣੀਆਂ ਪੂੰਜੀ ਦੀਆਂ ਲੋੜਾਂ ਪੂਰੀਆਂ ਕਰਨ ਲਈ ਸ਼ਾਹੂਕਾਰਾਂ ਕੋਲ ਜਾਣਾ ਪੈਂਦਾ ਸੀ ।

ਬੈਂਕਾਂ ਦੀ ਯੂਨੀਅਨ ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ ਵੱਲੋਂ ਸਰਕਾਰ 'ਤੇ ਇਸ ਗੱਲ ਦਾ ਦਬਾਅ ਬਣਾਇਆ ਜਾ ਰਿਹਾ ਸੀ ਕਿ ਬੈਂਕਾਂ ਦਾ ਕੌਮੀਕਰਨ ਕੀਤਾ ਜਾਵੇ। ਖੱਬੀਆਂ ਪਾਰਟੀਆਂ ਦੀ ਅਗਵਾਈ ਵਿੱਚ ਆਮ ਲੋਕਾਂ ਨੇ, ਜਿਨ੍ਹਾਂ ਵਿੱਚ ਮਜ਼ਦੂਰ, ਮੁਲਾਜ਼ਮ, ਕਿਸਾਨ ਅਤੇ ਔਰਤਾਂ ਵੀ ਸ਼ਾਮਲ ਸਨ, ਨੇ ਬੈਂਕਾਂ ਦੇ ਕੌਮੀਕਰਨ ਲਈ ਵੱਖ-ਵੱਖ ਥਾਂਵਾਂ 'ਤੇ ਸੰਘਰਸ਼ ਕੀਤੇ ਅਤੇ ਬੈਂਕ ਕਰਮਚਾਰੀਆਂ ਦੇ ਇਸ ਰਾਸ਼ਟਰ ਵਿਆਪੀ ਸੰਘਰਸ਼ ਵਿਚ ਰਾਜਧਾਨੀ ਦਿੱਲੀ ਦੀਆਂ ਸੜਕਾਂ 'ਤੇ ਉਹਨਾਂ ਦਾ ਸਾਥ ਦਿੱਤਾ। ਉਨ੍ਹਾਂ ਨੂੰ ਉਮੀਦ ਸੀ ਕਿ ਬੈਂਕਾਂ ਦੇ ਕੌਮੀਕਰਨ ਤੋਂ ਬਾਅਦ ਇਨ੍ਹਾਂ ਦੇ ਦਰਵਾਜ਼ੇ ਆਮ ਲੋਕਾਂ ਲਈ ਖੁੱਲ੍ਹ ਜਾਣਗੇ।

ਆਖਰਕਾਰ ਬੈਂਕਿੰਗ ਕੰਪਨੀਜ਼ (ਐਕੂਜੀਸ਼ਨ ਐਂਡ ਟਰਾਂਸਫਰ ਆਫ ਅੰਡਰਟੇਕਿੰਗਜ਼) ਆਰਡੀਨੈਂਸ ਦੇ ਤਹਿਤ 19 ਜੁਲਾਈ 1969 ਨੂੰ ਉਸ ਸਮੇਂ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ 14 ਵੱਡੇ ਕਮਰਸ਼ੀਅਲ ਬੈਂਕਾਂ ਦਾ ਰਾਸ਼ਟਰੀਕਰਨ ਕੀਤਾ ਗਿਆ। ਬੈਂਕਾਂ ਦੇ ਦਰਵਾਜ਼ੇ ਆਮ ਲੋਕਾਂ ਲਈ ਖੁੱਲ੍ਹੇ ਅਤੇ ਉਨ੍ਹਾਂ ਦੇ ਆਪਣੇ ਕੰਮਾਂ-ਕਾਰਾਂ ਲਈ ਕਰਜ਼ੇ ਲੈਣੇ ਸ਼ੁਰੂ ਕੀਤੇ। ਦੂਰ-ਦੁਰਾਡੇ ਪਿੰਡਾਂ ਵਿੱਚ ਬੈਂਕਾਂ ਦੀਆਂ ਬਰਾਂਚਾਂ ਖੁੱਲ੍ਹੀਆਂ ਅਤੇ ਨੌਜਵਾਨਾਂ ਲਈ ਬੈਂਕਾਂ ਵਿਚ ਭਰਤੀ ਦੇ ਮੌਕੇ ਪੈਦਾ ਹੋਏ । ਐੱਸ ਸੀ/ ਐੱਸ ਟੀ ਵਰਗ ਦੇ ਨੌਜਵਾਨਾਂ ਦੀ ਬੈਂਕਾਂ ਵਿੱਚ ਭਰਤੀ ਹੋਈ। ਪੇਂਡੂ ਵਿਕਾਸ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਬਹੁਤ ਸੁਧਾਰ ਹੋਇਆ। ਹਰਾ ਇਨਕਲਾਬ ਅਤੇ ਚਿੱਟਾ ਇਨਕਲਾਬ ਇਸ ਰਾਸ਼ਟਰੀਕਰਨ ਦੀ ਦੇਣ ਹਨ। ਛੋਟੇ ਅਤੇ ਮੱਧਮ ਦਰਜੇ ਦੇ ਕਾਰੋਬਾਰੀਆਂ ਨੇ ਬੈਂਕਾਂ ਤੋਂ ਕਰਜ਼ੇ ਲੈ ਕੇ ਆਪਣੇ ਕਾਰੋਬਾਰ ਵਧਾਏ । ਇਸ ਸਫਲਤਾ ਨੂੰ ਦੇਖਦੇ ਹੋਏ ਦੇਸ਼ ਦੀ ਉਸ ਵੇਲੇ ਦੀ ਪ੍ਰਧਾਨ ਮੰਤਰੀ ਨੇ 1980 ਵਿੱਚ ਛੇ ਹੋਰ ਬੈਂਕਾਂ ਦਾ ਰਾਸ਼ਟਰੀਕਰਨ ਕੀਤਾ। ਇਸ ਤਰ੍ਹਾਂ ਕੌਮੀਕ੍ਰਿਤ ਬੈਂਕਾਂ ਦੀ ਗਿਣਤੀ ਵਧ ਕੇ 20 ਹੋ ਗਈ।

ਰਾਸ਼ਟਰੀਕਰਨ ਤੋਂ ਪਹਿਲਾਂ 1969 ਵਿੱਚ ਬੈਂਕਾਂ ਦੀਆਂ ਕੁੱਲ ਬਰਾਂਚਾਂ ਤਕਰੀਬਨ 8000 ਸਨ, ਜੋ ਵਧ ਕੇ ਇੱਕ ਲੱਖ ਹੋ ਗਈਆਂ ਹਨ। ਬੈਂਕਾਂ ਦੀ ਕੁਲ ਜਮ੍ਹਾਂਪੂੰਜੀ, ਜੋ ਉਸ ਵੇਲੇ 4646 ਕਰੋੜ ਸੀ, ਵਧ ਕੇ180 ਲੱਖ ਕਰੋੜ ਹੋ ਗਈ, ਕੁੱਲ ਕਰਜ਼ੇ ਜੋ 3599 ਕਰੋੜ ਸਨ, ਵਧ ਕੇ 135 ਲੱਖ ਕਰੋੜ ਹੋ ਗਏ ਅਤੇ ਕੁਲ ਕਰਮਚਾਰੀ ਜੋ ਉਸ ਸਮੇਂ 1 ਲੱਖ 65 ਹਜ਼ਾਰ ਸਨ, ਦੀ ਗਿਣਤੀ ਵਧ ਕੇ 2021-22 ਅਨੁਸਾਰ 770812 ਹੋ ਗਈ। ਅੱਜ ਦੀ ਭਾਜਪਾ, ਜੋ ਉਦੋਂ ਜਨ ਸੰਘ ਹੁੰਦੀ ਸੀ, ਨੇ ਬੈਂਕਾਂ ਦੇ ਕੌਮੀਕਰਨ ਦਾ ਤਿੱਖਾ ਵਿਰੋਧ ਕੀਤਾ ਸੀ। ਜਨਸੰਘ ਦੇ ਸੰਸਦ ਮੈਂਬਰ ਬਲਰਾਜ ਮਧੋਕ ਨੇ ਕੌਮੀਕਰਨ ਵਿਰੋਧੀ ਸਰਗਰਮੀਆਂ ਵਿੱਚ ਖੁੱਲ੍ਹ ਕੇ ਹਿੱਸਾ ਲਿਆ ਸੀ।

2008 ਵਿਚ ਜਦੋਂ ਅਮਰੀਕਾ ਦੇ ਵੱਡੇ-ਵੱਡੇ ਬੈਂਕ ਫੇਲ੍ਹ ਹੋ ਗਏ ਸਨ, ਭਾਰਤ ਦੇ ਬੈਂਕਾਂ 'ਤੇ ਇਸ ਦਾ ਕੋਈ ਅਸਰ ਨਹੀਂ ਪਿਆ। ਇਹ ਗੱਲ ਭਾਰਤ ਦੇ ਉਸ ਵੇਲੇ ਦੇ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਵੀ ਮੰਨੀ ਸੀ ਕਿਉਂਕਿ ਸਾਡੇ ਦੇਸ਼ ਦੇ ਬੈਂਕ ਰਾਸ਼ਟਰੀ ਖੇਤਰ ਵਿੱਚ ਹਨ, ਜਿਸ ਕਰਕੇ ਇਹ ਬਚ ਗਏ ਹਨ। ਸਰਕਾਰ ਦੀਆਂ ਸਕੀਮਾਂ ਨੂੰ ਕੌਮੀਕ੍ਰਿਤ ਬੈਂਕ ਹੀ ਲਾਗੂ ਕਰਦੇ ਹਨ। ਜਦੋਂ ਜਨ ਧਨ ਖਾਤੇ ਖੋਲ੍ਹੇ ਗਏ ਸਨ ਤਾਂ ਸਰਕਾਰੀ ਬੈਂਕਾਂ ਨੇ 98 ਫੀਸਦੀ ਖਾਤੇ ਖੋਲ੍ਹੇ ਸਨ।

ਹੁਣ ਇਕ ਸਾਜਿਸ਼ ਦੇ ਤਹਿਤ ਸਰਕਾਰੀ ਬੈਂਕਾਂ ਨੂੰ ਫੇਲ੍ਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਦਾਹਰਣ ਦੇ ਤੌਰ 'ਤੇ ਮਾਰਚ 2022 ਨੂੰ ਬੈਂਕਾਂ ਦਾ ਕੁੱਲ ਮੁਨਾਫਾ 208654 ਕਰੋੜ ਸੀ, ਜਿਸ ਵਿੱਚੋਂ ਮਾੜੇ ਕਰਜ਼ਿਆਂ ਲਈ ਬੈਂਕਾਂ ਨੇ 141918 ਕਰੋੜ ਰਾਖਵੇਂ ਰੱਖੇ । ਇਸ ਤਰਾਂ ਬੈਂਕਾਂ ਦਾ ਸ਼ੁੱਧ ਮੁਨਾਫਾ 66736 ਕਰੋੜ ਹੀ ਰਹਿ ਗਿਆ।

ਪਹਿਲਾਂ ਤਾਂ ਸਰਕਾਰ ਦੀ ਸ਼ਹਿ 'ਤੇ ਵੱਡੇ-ਵੱਡੇ ਕਾਰੋਬਾਰੀ ਬੈਂਕਾਂ ਦਾ ਪੈਸਾ ਮਾਰ ਕੇ ਵਿਦੇਸ਼ਾਂ ਵਿਚ ਚਲੇ ਜਾਂਦੇ ਸਨ, ਜਿਵੇਂ ਕਿ ਵਿਜੇ ਮਾਲੀਆ, ਨੀਰਵ ਮੋਦੀ ਅਤੇ ਮੇਹੁਲ ਚੋਕਸੀ ਆਦਿ, ਪਰ ਹੁਣ ਕਿਸੇ ਨੂੰ ਬੈਂਕਾਂ ਦਾ ਪੈਸਾ ਮਾਰ ਕੇ ਵਿਦੇਸ਼ਾਂ ਨੂੰ ਭੱਜਣ ਦੀ ਲੋੜ ਨਹੀਂ, ਕਿਉਂਕਿ ਸਰਕਾਰ ਨੇ ਬੈਂਕਿੰਗ ਇਨਸੌਲਵੈਂਸੀ ਐਂਡ ਬੈਂਕਿਗ ਕੋਡ 2016 ਨਾਂਅ ਦਾ ਕਾਨੂੰਨ ਬਣਾ ਕੇ ਉਨ੍ਹਾਂ ਲਈ ਇੱਥੇ ਹੀ ਸੁਰੱਖਿਅਤ ਰਹਿਣ ਦਾ ਇੰਤਜ਼ਾਮ ਕਰ ਦਿੱਤਾ ਹੈ। ਪਿਛਲੇ 6 ਸਾਲਾਂ ਵਿੱਚ ਜਿਹੜੇ ਮਾੜੇ ਕਰਜ਼ੇ ਇਸ ਅਧੀਨ ਬਣੇ ਟ੍ਰਿਬਿਊਨਲ ਨੂੰ ਭੇਜੇ ਗਏ ਹਨ, ਉਨ੍ਹਾਂ ਦੀ ਰਿਕਵਰੀ ਕਰਨ ਦੀ ਥਾਂ ਇਨ੍ਹਾਂ ਨੂੰ ਕੌਡੀਆਂ ਦੇ ਭਾਅ ਵੇਚਿਆ ਜਾ ਰਿਹਾ ਹੈ ਅਤੇ ਬੈਂਕ ਦੇ ਪੱਲੇ ਕੁਝ ਵੀ ਨਹੀਂ ਪੈ ਰਿਹਾ, ਯਾਨੀ 100 ਵਿਚੋਂ ਸਿਰਫ 13 ਰੁਪਏ ਹੀ। 90 ਪ੍ਰਤੀਸਤ ਤੋਂ ਜ਼ਿਆਦਾ ਮਾੜੇ ਕਰਜ਼ੇ ਨਿਜੀ ਕਾਰਪੋਰੇਟ ਕੰਪਨੀਆਂ ਦੇ ਹਨ। 1100000 ਕਰੋੜ ਦੇ ਇਲੈਕਟਰੋਲ ਬਾਂਡ ਵਿਕੇ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾ ਪੈਸਾ ਭਾਜਪਾ ਨੂੰ ਮਿਲਿਆ ਹੈ। ਪਿਛਲੇ 6 ਸਾਲਾਂ ਵਿਚ ਬੈਂਕਾਂ ਨੇ 11 ਲੱਖ ਕਰੋੜ ਦੇ ਕਰਜ਼ੇ ਮਾਫ ਕੀਤੇ ਹਨ। ਮੋਦੀ ਦੇ ਸੱਤਾ ਵਿਚ ਆਉਣ ਤੋਂ ਬਾਅਦ ਭਾਰਤ ਸਿਰ ਕਰਜ਼ਾ 155 ਲੱਖ ਕਰੋੜ ਹੋ ਗਿਆ ਹੈ, ਜੋ 2014 ਵਿੱਚ 55 ਲੱਖ ਕਰੋੜ ਸੀ। ਸਲਾਨਾ ਕਰਜ਼ੇ ਦੀ ਕਿਸ਼ਤ 11 ਲੱਖ ਕਰੋੜ ਦੀ ਹੈ। ਕਰਜ਼ਾ ਪ੍ਰਤੀ ਵਿਅਕਤੀ ਜੋ 2014 ਵਿੱਚ 43 ਹਜ਼ਾਰ ਰੁਪਏ ਸੀ, ਅੱਜ ਉਹ ਵਧ ਕੇ 1 ਲੱਖ 11 ਹਜ਼ਾਰ ਹੋ ਗਿਆ ਹੈ। ਦੇਸ਼ ਦਾ ਹਰ ਚੌਥਾ ਵਿਅਕਤੀ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਿਹਾ ਹੈ । ਕਰਜ਼ਾ ਜੋ 2019-20 ਵਿਚ ਜੀ ਡੀ ਪੀ ਦਾ 52.5% ਸੀ, ਹੁਣ ਉਹ ਜੀਡੀਪੀ ਦਾ 84% ਹੋ ਗਿਆ ਹੈ। ਸਰਕਾਰ ਕੋਲ ਸਲਾਨਾ ਜੀ ਐੱਸ ਟੀ ਤੋਂ 9 ਲੱਖ 56 ਹਜ਼ਾਰ ਕਰੋੜ ਆਉਂਦਾ ਹੈ, ਇਸ ਵਿੱਚੋਂ ਸਿਰਫ ਅਪ੍ਰੈਲ ਵਿੱਚ ਹੀ ਇੱਕ ਲੱਖ 87 ਹਜ਼ਾਰ ਕਰੋੜ ਆਇਆ ਹੈ, ਇਸ ਵਿੱਚੋਂ ਹੇਠਲੀ 50% ਜਨਸੰਖਿਆ ਨੇ 135600 ਯਾਨੀ 64%, ਅਮੀਰ ਕਾਰਪੋਰੇਟਾਂ ਨੇ 5610 ਕਰੋੜ ਯਾਨੀ ਸਿਰਫ 3% ਅਤੇ ਬਾਕੀ ਮੱਧਮ ਵਰਗ ਨੇ 61710 ਕਰੋੜ ਯਾਨੀ 33% ਹਿੱਸਾ ਪਾਇਆ ਹੈ।

ਦੇਸ਼ ਦੀ ਆਰਥਿਕਤਾ ਵਿੱਚ ਕੌਮੀਕ੍ਰਿਤ ਬੈਂਕਾਂ ਦਾ ਬਹੁਤ ਵੱਡਾ ਯੋਗਦਾਨ ਹੈ ਅਤੇ ਬੈਂਕਾਂ ਦੀ ਕਾਮਯਾਬੀ ਵਿੱਚ ਦੇਸ਼ ਦੇ ਆਮ ਲੋਕਾਂ ਦਾ ਯੋਗਦਾਨ ਹੈ। ਇਸ ਲਈ ਕਿਸੇ ਨੂੰ ਹੱਕ ਨਹੀਂ ਕਿ ਉਹ ਸਰਕਾਰੀ ਬੈਂਕਾਂ ਦਾ ਨਿੱਜੀਕਰਨ ਕਰੇ।

# ਸੰਪਰਕ : 99884-91002

# ਮੁਆਵਜ਼ੇ ਦੀ ਗਲਤ ਰਿਪੋਰਟ ਤਿਆਰ ਕਰਨ 'ਤੇ ਭੜਕੇ ਕਿਸਾਨ

■ ਕੁੱਲ ਹਿੰਦ ਕਿਸਾਨ ਸਭਾ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਦਾ ਫੂਕਿਆ ਪੁਤਲਾ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਬਲਾਕ ਖੇਤੀਬਾੜੀ ਵਿਭਾਗ ਦੇ ਦਫਤਰ ਸਾਹਮਣੇ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਪ੍ਰਧਾਨ ਹੁਸ਼ਿਆਰ ਸਿੰਘ ਤੇ ਤਹਿਸੀਲ ਸਕੱਤਰ ਕੁਲਦੀਪ ਸਿੰਘ ਬੱਖੂਸ਼ਾਹ ਦੀ ਅਗਵਾਈ ਹੇਠ ਏ. ਟੀ. ਐੱਮ. ਜਸਪ੍ਰੀਤ ਸਿੰਘ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਪ੍ਰੈੱਸ ਸਕੱਤਰ ਸੁਬੇਗ ਝੰਗੜ ਭੈਣੀ ਨੇ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਤੋਂ ਤਕਰੀਬਨ 4 ਮਹੀਨੇ ਪਹਿਲਾਂ ਕੁਦਰਤੀ ਭਾਰੀ ਗੇੜੇ ਮਾਰੀ ਤੇ ਬਰਸ਼ਾਤ ਨਾਲ ਬਾਰਡਰ ਪੱਟੀ ਦੇ ਨਾਲ ਵੱਸਦੇ ਕਿਸਾਨਾਂ ਦੀ ਪੱਕੀ ਕਣਕ ਦੀ ਫਸਲ, ਚਾਰਾ ਤੇ ਸਬਜ਼ੀਆਂ ਦਾ ਵੱਡਾ ਨੁਕਸਾਨ ਹੋਇਆ ਸੀ, ਜਿਸ ਕਰਕੇ ਉਨ੍ਹਾਂ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਫਾਜ਼ਿਲਕਾ ਨੂੰ ਲਿਖਤੀ ਦਰਖਾਸਤ ਦੇ ਕੇ ਮੌਕਾ ਦੇਖ ਕੇ ਨੁਕਸਾਨ ਦਾ ਜਾਇਜ਼ਾ ਲੈਣ ਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਿਪੋਰਟ ਕਰਕੇ ਪੀੜਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਬੇਨਤੀ ਕੀਤੀ ਗਈ ਸੀ। ਉਸ ਸਮੇਂ ਡਿਪਟੀ ਕਮਿਸ਼ਨਰ ਵੱਲੋਂ ਨਾਇਬ ਤਹਿਸੀਲਦਾਰ ਅਵਿਨਾਸ਼ ਚੰਦਰ ਦੀ ਡਿਊਟੀ ਲਗਾਈ ਗਈ ਸੀ ਤੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਮੌਕੇ 'ਤੇ ਕੁੱਝ ਅਧਿਕਾਰੀ ਭੇਜ ਕੇ ਤੁਰੰਤ ਕਾਰਵਾਈ ਕਰਨ ਦੇ ਉਦੇਸ਼ ਦਿੱਤੇ ਗਏ ਸਨ, ਜਿਸ 'ਤੇ ਨਾਇਬ ਤਹਿਸੀਲਦਾਰ ਵੱਲੋਂ ਉਨ੍ਹਾਂ ਦੀ ਹਾਜ਼ਰੀ ਵਿੱਚ ਹਲਕਾ ਪਟਵਾਰੀ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਏ ਟੀ ਐੱਮ ਜਸਪ੍ਰੀਤ ਸਿੰਘ ਦੀ ਮੌਕੇ 'ਤੇ ਜਾ ਕੇ ਰਿਪੋਰਟ ਤਿਆਰ ਕਰਨ ਦੀ ਡਿਊਟੀ ਲਗਾਈ ਗਈ ਸੀ। ਇਨ੍ਹਾਂ ਵੱਲੋਂ ਪਿੰਡ ਬੱਖੂਸ਼ਾਹ ਦਾ ਮੌਕਾ ਤਾਂ ਦੇਖਾ ਗਿਆ, ਪਰ ਪਿੰਡਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਤੋਂ ਬਾਅਦ ਮੁੱਖ ਖੇਤੀਬਾੜੀ ਅਫਸਰ ਨੂੰ ਵਫਦ ਦੇ ਤੌਰ 'ਤੇ ਮਿਲਿਆ ਗਿਆ। ਉਨ੍ਹਾਂ ਵੱਲੋਂ ਬਲਾਕ ਖੇਤੀਬਾੜੀ ਅਫਸਰ ਬਲਦੇਵ ਸਿੰਘ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਹੱਲ ਕਰਨ ਲਈ ਕਿਹਾ ਗਿਆ, ਪਰ ਜਸਪ੍ਰੀਤ ਸਿੰਘ ਏ ਟੀ ਐੱਮ ਵੱਲੋਂ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਜਿੱਥੇ ਉੱਚ ਅਧਿਕਾਰੀਆਂ ਨੂੰ ਟਿੱਚ ਸਮਝਦੇ ਹੋਏ ਕੋਈ ਰਿਪੋਰਟ ਨਹੀਂ ਤਿਆਰ ਕਰਕੇ ਭੇਜੀ ਗਈ, ਉਲਟਾ ਆਗੂਆਂ ਨੂੰ ਮੰਦਾ ਚੰਗਾ ਵੀ ਬੋਲਿਆ ਗਿਆ, ਜਿਸ ਤੋਂ ਬਾਅਦ ਵੀ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਦੇ ਧਿਆਨ ਵਿੱਚ ਲਿਆਉਣ 'ਤੇ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ।

ਉਨ੍ਹਾਂ ਕਿਹਾ ਕਿ ਜਸਪ੍ਰੀਤ ਸਿੰਘ ਏ ਟੀ ਐੱਮ ਵੱਲੋਂ ਆਪਣੀ ਮਨਮਰਜ਼ੀ ਨਾਲ 4 ਮਹੀਨੇ ਬੀਤ ਜਾਣ ਤੋਂ ਬਾਅਦ ਉਸ ਦਿਨ ਹੀ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਗਲਤ ਰਿਪੋਰਟ ਬਣਾ ਕੇ ਪੇਸ਼ ਕੀਤੀ ਗਈ ਹੈ। ਇਸ ਕਰਕੇ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਫਾਜ਼ਿਲਕਾ ਇਸ ਅਧਿਕਾਰੀ 'ਤੇ ਬੰਨ੍ਹਦੀ ਕਨੂੰਨੀ ਕਾਰਵਾਈ ਕਰਕੇ ਇਸ ਨੂੰ ਸਬਕ ਸਿਖਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਬਾਰਡਰ ਪੱਟੀ ਸਤਲੁਜ ਦਰਿਆ ਦੇ ਕਿਨਾਰੇ ਕਿਸਾਨਾਂ ਦੇ ਖਰਾਬੇ ਦੀ ਰਿਪੋਰਟ ਕਰਨ ਸਮੇਂ ਵੀ ਇਸ ਘਟੀਆ ਸੋਚ ਵਾਲੇ ਅਧਿਕਾਰੀ ਨੂੰ ਕਿਸੇ ਵੀ ਟੀਮ ਦਾ ਹਿੱਸਾ ਨਾ ਬਣਾਇਆ ਜਾਵੇ। ਇਸ ਰੋਸ ਕਰਕੇ ਇਸ ਦਾ ਪੁਤਲਾ ਫੂਕਿਆ ਗਿਆ ਹੈ। ਇਸ ਮੌਕੇ ਰਣਜੀਤ ਸਿੰਘ, ਸੀਤਾ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰ ਹਾਜ਼ਰ ਸਨ।

## ਗੰਦੇ ਪਾਣੀ ਤੋਂ ਪ੍ਰੇਸ਼ਾਨ ਦੁਕਾਨਦਾਰਾਂ ਵੱਲੋਂ ਪ੍ਰਸ਼ਾਸਨ ਤੇ ਸਰਕਾਰ ਖਿਲਾਫ ਨਾਅਰੇਬਾਜ਼ੀ



**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਦੇ ਪਟਿਆਲਾ ਗੇਟ ਵਿਖੇ ਸੀਵਰੇਜ ਦੇ ਗੰਦੇ ਪਾਣੀ ਤੋਂ ਪ੍ਰੇਸ਼ਾਨ ਦੁਕਾਨਦਾਰ ਭਰਾਵਾਂ ਨੇ ਸਰਕਾਰ ਖਿਲਾਫ ਤੇ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਦਾ ਹੱਲ ਇੱਕ ਹਫਤੇ ਵਿੱਚ ਨਾ ਹੋਇਆ ਤਾਂ ਪਟਿਆਲਾ ਗੇਟ ਵਿਖੇ ਦੁਕਾਨਦਾਰਾਂ ਤੇ ਸੰਗਰੂਰ ਦੀ ਕਾਂਗਰਸ ਪਾਰਟੀ ਨਾਲ ਮਿਲ ਕੇ ਪੱਕਾ ਧਰਨਾ ਲਗਾਇਆ ਜਾਵੇਗਾ। ਇਸ ਮੌਕੇ ਹਰਪਾਲ ਸਿੰਘ ਸੋਨੂੰ ਵਾਈਸ ਚੇਅਰਮੈਨ ਓਬੀਸੀ ਪੰਜਾਬ ਕਾਂਗਰਸ, ਸਕਤੀਜੀਤ ਸਿੰਘ, ਅਸ਼ਵਨੀ ਗਰਗ, ਅਸ਼ੋਕ ਕੁਮਾਰ, ਸੰਦੀਪ ਕੁਮਾਰ, ਰਿਸ਼ੂ, ਦੀਪਕ ਸਿੰਗਲਾ, ਬਬਲੂ, ਡਾ. ਨਵੀ, ਜਨਤਾ ਰੇਡੀਓ, ਬਾਲਾ ਜੀ ਜੂਸ ਬਾਰ, ਧਰਮ ਅਰਥ ਲੰਗਰ, ਕ੍ਰਿਸ਼ਨਾ ਬੁੱਕ ਸਟੋਰ ਤੇ ਹੋਰ ਮੈਂਬਰ ਹਾਜ਼ਰ ਸਨ।

## ਮਨਮੋਹਨ ਕੁਮਾਰ ਨੇ ਤਹਿਸੀਲਦਾਰ ਵਜੋਂ ਅਹੁਦਾ ਸੰਭਾਲਿਆ

**ਅਹਿਮਦਗੜ੍ਹ (ਪਵਨ ਗੁਪਤਾ)**-ਮੰਡੀ ਅਹਿਮਦਗੜ੍ਹ ਵਿਖੇ ਮਨਮੋਹਨ ਕੁਮਾਰ ਨੇ ਬਤੌਰ ਤਹਿਸੀਲਦਾਰ ਅਹੁਦਾ ਸੰਭਾਲ ਲਿਆ ਹੈ। ਪਿਛਲੇ ਦਿਨੀਂ ਸਭ ਤਹਿਸੀਲ ਵਿਖੇ ਤਾਇਨਾਤ ਨੈਬ ਤਹਿਸੀਲਦਾਰ ਰਾਮ ਲਾਲ ਦਾ ਤਬਾਦਲਾ ਮਲੇਰਕੋਟਲਾ ਵਿਖੇ ਹੋ ਜਾਣ ਕਾਰਨ ਅਹਿਮਦਗੜ੍ਹ ਦੇ ਤਹਿਸੀਲਦਾਰ ਦਾ ਅਹੁਦਾ ਮਨਮੋਹਨ ਕੁਮਾਰ ਨੂੰ ਸੌਂਪਿਆ ਗਿਆ ਹੈ। ਇਸ ਮੌਕੇ ਰੈਵੀਨਿਊ ਪਟਵਾਰੀ ਯੂਨੀਅਨ, ਸਥਾਨਕ ਸਟਾਫ, ਅਸ਼ਟਾਮ ਫਰੋਸ਼ ਤੇ ਵਸੀਕਾ ਨਵੀਸਾਂ ਵੱਲੋਂ ਮਨਮੋਹਨ ਕੁਮਾਰ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਨਿੱਘਾ ਸੁਆਗਤ ਕੀਤਾ ਗਿਆ।

# ਬਿਜਲੀ ਕਾਮਿਆਂ ਵੱਲੋਂ ਹੜ੍ਹ ਪੀੜਤਾਂ ਲਈ ਇੱਕ ਦਿਨ ਦੀ ਤਨਖਾਹ ਦੇਣ ਦਾ ਫੈਸਲਾ : ਭਾਰਦਵਾਜ



**ਸਮਰਾਲਾ (ਸੁਰਜੀਤ ਸਿੰਘ)**-ਬਿਜਲੀ ਕਾਮਿਆਂ ਦੀਆਂ ਪ੍ਰਮੁੱਖ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ, ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ, ਇੰਪਲਾਈਜ਼ ਫੈਡਰੇਸ਼ਨ (ਸੁਰਿੰਦਰ ਸਿੰਘ ਪਹਿਲਵਾਨ) ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ, ਇੰਪਲਾਈਜ਼ ਫੈਡਰੇਸ਼ਨ (ਫਲਜੀਤ ਸਿੰਘ), ਮਨਿਸਟੀਰੀਅਲ ਸਰਵਿਸ ਯੂਨੀਅਨ, ਥਰਮਲਜ਼ ਇੰਪਲਾਈਜ਼ ਕੁਆਰਡੀਨੇਸ਼ਨ ਕਮੇਟੀ, ਵਰਕਰਜ਼ ਫੈਡਰੇਸ਼ਨ ਇੰਟਕ, ਹੈੱਡ ਆਫਿਸ ਇੰਪਲਾਈਜ਼ ਫੈਡਰੇਸ਼ਨ ਤੇ ਸਬ ਸਟੇਸ਼ਨ ਸਟਾਫ ਵੈਲਫਅਰ ਐਸੋਸੀਏਸ਼ਨ ਵੱਲੋਂ ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਦੇ ਫੈਸਲੇ ਅਨੁਸਾਰ ਇੱਕ ਦਿਨ ਦੀ ਤਨਖਾਹ ਪੰਜਾਬ ਦੇ ਹੜ੍ਹ ਪੀੜਤਾਂ ਦੀ ਮਦਦ ਲਈ ਦੇਣ ਦਾ ਫੈਸਲਾ ਕੀਤਾ ਹੈ। ਜੁਆਇੰਟ ਫੋਰਮ ਦੇ ਸੂਬਾਈ ਆਗੂ ਸਰਬ ਸਾਥੀ ਕਰਮ ਚੰਦ ਭਾਰਦਵਾਜ, ਰਤਨ ਸਿੰਘ ਮਜਾਰੀ, ਬਲਦੇਵ ਸਿੰਘ ਮੰਢਾਲੀ, ਰਵੇਲ ਸਿੰਘ ਸਹਾਏਪੁਰ, ਕੌਰ ਸਿੰਘ ਸੋਹੀ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਜਗਰੂਪ ਸਿੰਘ ਮਹਿਮਦਪੁਰ, ਅਵਤਾਰ ਸਿੰਘ ਕੈਂਥ ਤੇ ਜਗਜੀਤ ਸਿੰਘ ਕੰਡਾ ਨੇ ਦੱਸਿਆ ਕਿ ਪਿਛਲੇ ਦਿਨਾਂ ਵਿੱਚ ਭਾਰੀ ਬਾਰਸ਼ ਹੋਣ ਕਾਰਨ ਹੜ੍ਹਾਂ ਦੀ ਤਬਾਹੀ ਨਾਲ ਪੰਜਾਬ ਦੇ ਕਾਫੀ ਇਲਾਕੇ ਦੀਆਂ ਫਸਲਾਂ, ਇਮਾਰਤਾਂ, ਘਰ, ਮਾਲ ਡੰਗਰ, ਸੇਵਾਵਾਂ ਦੇਣ ਵਾਲਾ ਬੁਨਿਆਦੀ ਢਾਂਚਾ ਤਹਿਤ ਨਹਿਸ ਹੋ ਗਿਆ ਹੈ। ਹੜ੍ਹਾਂ ਦੀ ਇਸ ਤਬਾਹੀ ਕਾਰਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ। ਪ੍ਰਭਾਵਿਤ ਹੋਏ ਲੋਕਾਂ ਨੂੰ ਫੌਰੀ ਰਾਹਤ ਦੇਣਾ ਜ਼ਰੂਰੀ ਕਾਰਜ ਹੈ।

ਜੁਆਇੰਟ ਫੋਰਮ ਨੇ ਪਾਵਰ ਮੈਨੇਜਮੈਂਟ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਕਰਮਚਾਰੀਆਂ ਦੀ ਮਹੀਨਾ ਜੁਲਾਈ 2023 ਦੀ ਤਨਖਾਹ ਵਿੱਚੋਂ ਇੱਕ ਦਿਨ ਦੀ ਤਨਖਾਹ ਕੱਟ ਕੇ ਮੁੱਖ ਮੰਤਰੀ ਪੰਜਾਬ ਰਾਹਤ ਫੰਡ ਵਿੱਚ ਭੇਜ ਕੇ ਫੌਰੀ ਤੌਰ 'ਤੇ ਪ੍ਰਭਾਵਤ ਲੋਕਾਂ ਨੂੰ ਦੇਵੇ। ਉਨ੍ਹਾਂ ਮੈਨੇਜਮੈਂਟ ਨੂੰ ਕਿਹਾ ਕਿ ਜਿਹੜੇ ਕਰਮਚਾਰੀ ਪਰਖ ਕਾਲ 'ਤੇ ਹਨ ਤੇ ਜੋ ਅਜੇ ਬਹੁਤ ਨਿਗੂਣੀ ਤਨਖਾਹ ਲੈ ਰਹੇ ਹਨ, ਉਨ੍ਹਾਂ ਕਰਮਚਾਰੀਆਂ ਦੀ ਇਹ ਕਟੌਤੀ ਨਾ ਕੀਤੀ ਜਾਵੇ। ਇਨ੍ਹਾਂ ਆਗੂਆਂ ਤੋਂ ਇਲਾਵਾ ਕੁਲਵਿੰਦਰ ਸਿੰਘ ਢਿੱਲੋਂ, ਬਲਜੀਤ ਸਿੰਘ ਮੋਦਲਾ, ਸੁਖਵਿੰਦਰ ਸਿੰਘ ਚਾਹਲ, ਸਰਬਜੀਤ ਸਿੰਘ ਭਾਣਾ, ਸਿਕੰਦਰ ਨਾਥ, ਹਰਮੇਸ਼ ਧੀਮਾਨ, ਸੁਖਵਿੰਦਰ ਸਿੰਘ ਦੁੰਮਣਾ, ਰਘਬੀਰ ਸਿੰਘ, ਲਖਵੰਤ ਸਿੰਘ ਦਿਓਲ, ਜਰਨੈਲ ਸਿੰਘ ਔਲਖ, ਇੰਦਰਜੀਤ ਢਿੱਲੋਂ, ਜਗਦੀਪ ਸਿੰਘ ਸਹਿਗਲ, ਤੇਜਿੰਦਰ ਸੇਖੋਂ, ਬਰਜਿੰਦਰ ਸ਼ਰਮਾ, ਲਖਵੀਰ ਸਿੰਘ ਜ਼ੀਰਾ ਆਦਿ ਨੇ ਬਿਜਲੀ ਕਾਮਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਜਾਨ ਦੀ ਪ੍ਰਵਾਹ ਨਾ ਕਰਦਿਆਂ ਪੀੜਤ ਲੋਕਾਂ ਦੀ ਸਹਾਇਤਾ ਕੀਤੀ ਤੇ ਨਿਰਵਿਘਨ ਬਿਜਲੀ ਸਪਲਾਈ ਦੇਣ ਵਿੱਚ ਭਰਪੂਰ ਯੋਗਦਾਨ ਪਾਇਆ। ਉਨ੍ਹਾਂ ਪਾਵਰ ਮੈਨੇਜਮੈਂਟ ਪਾਸੋਂ ਮੰਗ ਕੀਤੀ ਕਿ ਨਿਰਵਿਘਨ ਸਪਲਾਈ ਜਾਰੀ ਰੱਖਣ ਲਈ ਲੋੜੀਂਦਾ ਸਾਮਾਨ ਤੇ ਟੀ. ਐਂਡ ਪੀ. ਬਿਜਲੀ ਕਾਮਿਆਂ ਨੂੰ ਮੁਹੱਈਆ ਕਰਵਾਏ।

## ਡੇਂਗੂ ਬਾਰੇ ਜਾਗਰੂਕਤਾ ਕੈਂਪ ਲਾਇਆ

**ਅਮਲੋਹ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਦੀ ਅਗਵਾਈ 'ਚ ਹੈਲਥ ਸੈਂਟਰ ਲੱਖਾ ਸਿੰਘ ਵਾਲਾ ਵਿਖੇ ਡੇਂਗੂ ਬਾਰੇ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਮੌਕੇ ਐੱਸ ਆਈ ਹਰਮਿੰਦਰਪਾਲ ਸਿੰਘ ਤੇ ਰਵੀਇੰਦਰ ਸਿੰਘ ਨੇ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਬਚਾਅ ਤੇ ਇਲਾਜ ਬਾਰੇ ਜਾਗਰੂਕ ਕੀਤਾ ਤੇ ਹਰ ਸ਼ੁੱਕਰਵਾਰ ਖੁਸ਼ਕ ਦਿਵਸ ਮਨਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਘਰਾਂ ਵਿੱਚ ਸਰਵੇ ਕੀਤਾ ਗਿਆ ਤੇ ਬੁਖਾਰ ਦੇ ਮਰੀਜ਼ਾਂ ਦੀਆਂ ਸਲਾਇਡਾਂ ਬਣਾਈਆਂ ਗਈਆਂ। ਇਸ ਮੌਕੇ ਹਰਪਾਲ ਕੌਰ ਸੀ.ਐੱਚ.ਓ., ਭੁਪਿੰਦਰ ਕੌਰ ਏ.ਐੱਨ.ਐੱਮ., ਬਲਜੀਤ ਸਿੰਘ ਸਰਪੰਚ, ਗੁਰਮੀਤ ਸਿੰਘ ਸਕੂਲ, ਰਣਦੀਪ ਸਿੰਘ ਸਕੂਲ ਟੀਚਰ, ਜਸਵੀਰ ਕੌਰ ਆਂਗਣਵਾੜੀ ਵਰਕਰ, ਅਮ੍ਰਿਤਪਾਲ ਕੌਰ ਆਸ਼ਾ ਤੇ ਹੋਰ ਹਾਜ਼ਰ ਸਨ।

## ਕਾਤਰਾਂ

### ਸਤਲੁਜ ਦੀ ਫਾਟ 'ਚ ਡੁੱਬਣ ਨਾਲ ਨੌਜਵਾਨ ਦੀ ਮੌਤ

**ਜਲਾਲਾਬਾਦ (ਜੀਤ ਕੁਮਾਰ)**-ਸਤਲੁਜ ਦਰਿਆ ਦੀ ਫਾਟ ਵਿੱਚ ਪਿਛਲੇ ਦਿਨੀਂ ਪਾਣੀ ਆਉਣ ਕਾਰਨ ਢਾਣੀ ਨੱਥਾ ਸਿੰਘ ਦੇ ਨੌਜਵਾਨ ਦੀ ਇਸ 'ਚ ਡੁੱਬਣ ਕਾਰਨ ਮੌਤ ਹੋ ਗਈ। ਜਾਣਕਾਰੀ ਅਨੁਸਾਰ ਉਕਤ ਵਿਅਕਤੀ, ਜਿਸ ਦੀ ਪਹਿਚਾਣ ਬੱਬੂ ਸਿੰਘ (37) ਪੁੱਤਰ ਜੈਲਾ ਸਿੰਘ ਵਾਸੀ ਢਾਣੀ ਨੱਥਾ ਸਿੰਘ ਵਜੋਂ ਹੋਈ ਹੈ, ਦਰਿਆ ਦੀ ਫਾਟ ਦੇ ਨੇੜੇ ਖੜ੍ਹ ਸੀ ਤੇ ਉਸ ਦਾ ਅਚਾਨਕ ਪੈਰ ਫਿਸਲ ਗਿਆ ਅਤੇ ਦਰਿਆ ਦੀ ਫਾਟ ਵਿੱਚ ਪਾਣੀ ਦਾ ਵਹਾਅ ਤੇਜ਼ ਹੋਣ ਕਾਰਨ ਇਹ ਵਿਅਕਤੀ ਰੁੜ੍ਹ ਗਿਆ। ਜਿਵੇਂ ਹੀ ਲੋਕਾਂ ਨੂੰ ਇਸ ਬਾਰੇ ਪਤਾ ਚੱਲਿਆ ਤਾਂ ਲੋਕਾਂ ਨੇ ਬਚਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਬਚਾਇਆ ਨਹੀਂ ਜਾ ਸਕਿਆ। ਉਧਰ, ਜਿਵੇਂ ਹੀ ਇਸ ਹਾਦਸੇ ਪਾਸੇ ਸਿਵਲ ਤੇ ਪੁਲਸ ਪ੍ਰਸ਼ਾਸਨ ਨੂੰ ਪਤਾ ਚੱਲਿਆ ਤਾਂ ਐੱਸ.ਡੀ.ਐੱਮ. ਰਵਿੰਦਰ ਸਿੰਘ ਅਰੋੜਾ ਤੇ ਪੁਲਸ ਕਰਮਚਾਰੀ ਮੌਕੇ 'ਤੇ ਪੁੱਜ ਗਏ। ਪ੍ਰਸ਼ਾਸਨ ਵੱਲੋਂ ਕਾਰਵਾਈ ਕਰਦੇ ਹੋਏ ਮ੍ਰਿਤਕ ਬੱਬੂ ਦੀ ਲਾਸ਼ ਨੂੰ ਪੋਸਟਮਾਰਟਮ ਲਈ ਫਾਜ਼ਿਲਕਾ ਭੇਜ ਦਿੱਤਾ ਗਿਆ ਹੈ। ਉਧਰ, ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਗਹਿਰਾ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਸਰਕਾਰ ਪਾਸੋਂ ਜਲਦ ਪੀੜਤ ਪਰਿਵਾਰ ਨੂੰ ਮੁਆਵਜ਼ਾ ਦਿਵਾਇਆ ਜਾਵੇਗਾ।

### ਹੈਰੋਇਨ ਸਮੇਤ ਨੌਜਵਾਨ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਥਾਣਾ ਸਿਟੀ ਪੁਲਸ ਨੇ ਹੈਰੋਇਨ ਸਮੇਤ ਨੌਜਵਾਨ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਗੁਰੂ ਨਾਨਕ ਨਗਰੀ ਮਲੋਟ ਸੀ ਤਾਂ ਇੱਕ ਨੌਜਵਾਨ ਨਰਿੰਦਰ ਸ਼ਰਮਾ ਵਾਸੀ ਗੁਰੂ ਨਾਨਕ ਨਗਰੀ ਮਲੋਟ ਪੈਦਲ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਕੋਲ ਬੁਲਾਇਆ ਤਾਂ ਨੌਜਵਾਨ ਆਪਣੇ ਹੱਥ 'ਚ ਫੜੀ ਲਿਫ਼ਾਫ਼ੀ ਸੁੱਟ ਕੇ ਪਿੱਛੇ ਨੂੰ ਮੁੜਨ ਲੱਗਿਆ ਤਾਂ ਉਸ ਨੂੰ ਕਾਬੂ ਕਰ ਲਿਆ ਤੇ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਨੌਜਵਾਨ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਠਾਠ ਨਾਨਕਸਰ ਵਿਖੇ ਧਾਰਮਿਕ ਸਮਾਗਮ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਭਾਈ ਤਾਰੂ ਸਿੰਘ ਦੀ ਯਾਦ ਨੂੰ ਸਮਰਪਤ ਠਾਠ ਨਾਨਕਸਰ ਮਹਿਲ ਕਲਾਂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ, ਮਹੰਤ ਗੁਰਪ੍ਰੀਤ ਸਿੰਘ ਨੇ ਕਥਾ ਕੀਰਤਨ ਦੁਆਰਾ ਭਾਈ ਤਾਰੂ ਸਿੰਘ ਦੀ ਸ਼ਹੀਦੀ, ਕੁਰਬਾਨੀ ਭਰੇ ਜੀਵਨ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਹਰ ਇੱਕ ਨੌਜਵਾਨ, ਸੰਗਤਾਂ ਨੂੰ ਕੇਸਾਧਾਰੀ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੁੜਨ ਦਾ ਉਪਦੇਸ਼ ਦਿੱਤਾ। ਸੰਤ ਬਾਬਾ ਗੁਰਦੀਪ ਸਿੰਘ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

## 'ਸੁਭਾਸ਼ ਚੰਦਰ ਬੋਸ ਆਪਦਾ ਪ੍ਰਬੰਧਨ ਪੁਰਸਕਾਰ' ਲਈ 31 ਅਗਸਤ ਤੱਕ ਅਰਜ਼ੀਆਂ ਦੀ ਮੰਗ

*ਆਪਦਾ ਪ੍ਰਬੰਧਨ ਦੇ ਖੇਤਰ 'ਚ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਵਿਅਕਤੀਆਂ/ਸੰਸਥਾਵਾਂ ਨੂੰ ਮਿਲੇਗਾ ਇਹ ਪੁਰਸਕਾਰ : ਡੀ ਸੀ*



**ਮੋਗਾ (ਅਮਰਜੀਤ ਬੱਬਰੀ)**-ਭਾਰਤ ਸਰਕਾਰ ਵੱਲੋਂ ਸਾਲਾਨਾ "ਸੁਭਾਸ਼ ਚੰਦਰ ਬੋਸ ਆਪਦਾ ਪ੍ਰਬੰਧਨ ਪੁਰਸਕਾਰ" ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਕਿ ਆਪਦਾ ਪ੍ਰਬੰਧਨ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਵਿਅਕਤੀਆਂ ਤੇ ਸੰਸਥਾਵਾਂ ਨੂੰ ਇਸ ਪੁਰਸਕਾਰ ਨਾਲ ਨਿਵਾਜਿਆ ਜਾ ਸਕੇ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਜਾ ਸਕੇ। ਭਾਰਤ ਸਰਕਾਰ ਦੀ ਨੈਸ਼ਨਲ ਡਿਜਾਸਟਰ ਮੈਨੇਜਮੈਂਟ ਅਥਾਰਟੀ ਵੱਲੋਂ ਇਸ ਪੁਰਸਕਾਰ ਲਈ 31 ਅਗਸਤ 2023 ਤੱਕ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਹੈ। ਪੁਰਸਕਾਰ ਲਈ ਯੋਗ ਵਿਅਕਤੀ ਜਾਂ ਸੰਸਥਾਵਾਂ ਵੱਲੋਂ ਸਰਕਾਰੀ ਵੈੱਬਸਾਈਟ https://awards.gov.in ਉੱਪਰ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਪੁਰਸਕਾਰ ਨੇਤਾ ਸੁਭਾਸ਼ ਚੰਦਰ ਬੋਸ ਜੀ ਦੇ ਜਨਮ ਦਿਵਸ ਉੱਪਰ 23 ਜਨਵਰੀ ਨੂੰ ਦਿੱਤਾ ਜਾਵੇਗਾ। 51 ਲੱਖ ਸੰਸਥਾ ਨੂੰ ਤੇ 5 ਲੱਖ ਰੁਪਏ ਵਿਅਕਤੀ ਨੂੰ ਕੈਸ਼ ਇਨਾਮ ਦੇ ਕੇ ਇਸ ਪੁਰਸਕਾਰ ਨਾਲ ਨਿਵਾਜਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪੁਰਸਕਾਰ ਲਈ ਅਪਲਾਈ ਕਰਨ ਦੀਆਂ ਸ਼ਰਤਾਂ, ਪੁਰਸਕਾਰ ਲਈ ਚੋਣ ਪ੍ਰਕਿਰਿਆ, ਲੋੜੀਂਦੀਆਂ ਯੋਗਤਾਵਾਂ ਜਾਂ ਆਪਦਾ ਪ੍ਰਬੰਧਨ ਲਈ ਕੀਤੇ ਗਏ ਕੰਮਾਂ ਦੀ ਸੂਚੀ ਆਦਿ ਸਭ ਕੁਝ ਸਰਕਾਰੀ ਵੈੱਬਸਾਈਟ https://awards.gov.in ਉੱਪਰ ਉਪਲੱਬਧ ਹੈ। ਚਾਹਵਾਨ ਵਿਅਕਤੀ ਜਾਂ ਸੰਸਥਾ ਜਿਹੜੇ ਆਪਦਾ ਪ੍ਰਬੰਧਨ ਦੌਰਾਨ ਵਧੀਆ ਸੇਵਾਵਾਂ ਦੇ ਰਹੇ ਹਨ ਜਾਂ ਦਿੱਤੀਆਂ ਹਨ, ਉਹ ਉਕਤ ਵੈਬਸਾਈਟ ਉੱਪਰ 31 ਅਗਸਤ 2023 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ।

# ਮੁਲਾਜ਼ਮਾਂ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਲਈ 21 ਨੂੰ ਸੰਗਰੂਰ 'ਚ ਸੰਘਰਸ਼ ਦਾ ਐਲਾਨ



**ਹਠੂਰ (ਨਛੱਤਰ ਸੰਧੂ)**-ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਦੇ ਆਗੂਆਂ ਦੀ ਅਹਿਮ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਜਗਰਾਉਂ ਵਿਖੇ ਜਗਸੀਰ ਸਿੰਘ ਨੇਰੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਜਗਰਾਉਂ ਡਿੱਪੂ ਦੇ ਅਮ੍ਰਿਤਪਾਲ ਸਿੰਘ ਜਨਰਲ ਸਕੱਤਰ ਤੇ ਕੁਲਦੀਪ ਸਿੰਘ ਖਹਿਰਾ ਕੈਸ਼ੀਅਰ ਨੇ ਕਿਹਾ ਕਿ ਮੌਜੂਦਾ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਚੋਣਾਂ ਸਮੇਂ ਮੁਲਾਜ਼ਮਾਂ ਨਾਲ ਨਵੀਂ ਕੰਟਰੀਬਿਊਟਰੀ ਪੈਨਸ਼ਨ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਲਾਗੂ ਕਰਨ ਬਾਰੇ ਵਾਅਦਾ ਕੀਤਾ ਗਿਆ ਸੀ, ਪਰ ਡੇਢ ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਆਪਣੇ ਵਾਅਦੇ ਪ੍ਰਤੀ ਗੰਭੀਰ ਨਹੀਂ। ਉਨ੍ਹਾਂ ਕਿਹਾ ਕਿ ਹਰ ਮੀਟਿੰਗ ਉਪਰੰਤ ਕਮੇਟੀਆਂ ਦਾ ਗਠਨ ਕਰਨਾ ਸਿਰਫ ਮਸਲੇ ਨੂੰ ਉਲਝਾਉਣ ਵਰਗਾ ਹੈ, ਜਦੋਂਕਿ ਪੁਰਾਣੀ ਪੈਨਸ਼ਨ 1972 ਦੇ ਨਿਯਮ ਅਨੁਸਾਰ ਲਾਗੂ ਕਰਨੀ ਚਾਹੀਦੀ ਹੈ। ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਲਾਗੂ ਕਰਨ ਬਾਰੇ ਭਾਵੇਂ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ, ਪਰ ਇੱਕ ਵੀ ਮੁਲਾਜ਼ਮ ਦਾ ਜੀ.ਪੀ.ਐੱਫ. ਖਾਤਾ ਨਹੀਂ ਖੋਲ੍ਹਿਆ ਗਿਆ, ਪ੍ਰੰਤੂ ਸਰਕਾਰ ਬਣਨ ਤੋਂ ਪਹਿਲਾਂ ਮੁਲਾਜ਼ਮਾਂ ਦੇ ਐਕਸ਼ਨ ਵਿੱਚ ਤਖਤੀਆਂ ਫੜ ਕੇ ਬੈਠਣ ਵਾਲੇ ਸਿਆਸੀ ਆਗੂ, ਜੋ ਹੁਣ ਵਿੱਤ ਮੰਤਰੀ ਬਣੇ ਹਨ, ਬਜਾਏ ਪੁਰਾਣੀ ਪੈਨਸ਼ਨ ਲਾਗੂ ਕਰਨ ਦੇ ਉਹ ਨਵਾਂ ਪੈਨਸ਼ਨ ਮਾਡਲ ਤਿਆਰ ਕਰਨ ਵਰਗਾ ਸਰਮਾਏਦਾਰੀ ਪੱਖੀ ਬਿਆਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਮੋਰਚੇ ਵੱਲੋਂ ਵਿੱਤ ਮੰਤਰੀ ਹਰਪਾਲ ਚੀਮਾ ਨੂੰ 17 ਅਗਸਤ 2022 ਦੀ ਮੀਟਿੰਗ ਵਿੱਚ ਤੱਥਾਂ ਸਮੇਤ ਮੰਗ ਪੱਤਰ ਦਿੱਤਾ ਗਿਆ ਸੀ, ਪਰ ਹਾਂ-ਪੱਖੀ ਹੁੰਗਾਰੇ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਠੋਸ ਕਦਮ ਇਸ ਪਾਸੇ ਨਹੀਂ ਚੁੱਕਿਆ ਗਿਆ। ਦੂਜੇ ਪਾਸੇ ਰਾਜਸਥਾਨ, ਝਾਰਖੰਡ, ਛਤੀਸ਼ਗੜ੍ਹ ਤੇ ਹਿਮਾਚਲ ਪ੍ਰਦੇਸ ਸੂਬਿਆਂ ਦੀਆਂ ਸਰਕਾਰਾਂ ਨੇ ਪੁਰਾਣੀ ਪੈਨਸ਼ਨ ਲਾਗੂ ਕਰ ਦਿੱਤੀ ਹੈ। ਇਸ ਲਈ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਆਪਣੀ ਇਸ ਹੱਕੀ ਮੰਗ ਲਈ ਪੰਜਾਬ ਦੇ ਮੁਲਾਜ਼ਮ 21 ਜੁਲਾਈ 2023 ਨੂੰ ਸੰਗਰੂਰ ਵਿੱਚ ਰੋਸ ਪ੍ਰਦਰਸ਼ਨ ਕਰਨ ਜਾ ਰਹੇ ਹਨ। ਜੇਕਰ ਸਰਕਾਰ ਮੰਗ ਪ੍ਰਤੀ ਆਪਣੇ ਕੀਤੇ ਹੋਏ ਵਾਅਦੇ ਨੂੰ ਪੂਰਾ ਨਹੀਂ ਕਰਦੀ ਤਾਂ ਹੋਰ ਵੀ ਸਖਤ ਐਕਸ਼ਨ ਮੁਲਾਜ਼ਮ ਵਰਗ ਵੱਲੋਂ ਕੀਤੇ ਜਾਣਗੇ।

ਇਸ ਸਮੇਂ ਅਰੁਣਦੀਪ ਸਿੰਘ, ਇੰਦਰਜੀਤ ਸਿੰਘ ਮੋਗਾ, ਨਰੇਸ਼ ਕੁਮਾਰ ਸਟੈਨੋ, ਗੁਰਦੀਪ ਸਿੰਘ, ਅਮਰਜੀਤ ਸਿੰਘ ਮੱਲ੍ਹਾ, ਬਿੰਦਰ ਸਿੰਘ ਮਹਿਰੋਂ, ਬਲਵਿੰਦਰ ਸਿੰਘ, ਰਮਨਦੀਪ ਸਿੰਘ, ਸੁਖਵਿੰਦਰ ਸਿੰਘ ਸੁਖੀ, ਜਗਰੂਪ ਸਿੰਘ, ਦਲਜੀਤ ਸਿੰਘ, ਕੁਲਵੀਰਪਾਲ ਸਿੰਘ, ਗੁਰਭੇਜ ਸਿੰਘ, ਕੁਲਵੀਰ ਸਿੰਘ, ਸਲੀਮ ਮੁਹੰਮਦ, ਜਸਵੀਰ ਸਿੰਘ ਆਦਿ ਹਾਜ਼ਰ ਸਨ।

# ਕਾਤਲ 18 ਘੰਟਿਆਂ 'ਚ ਗ੍ਰਿਫ਼ਤਾਰ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਸ ਵੱਲੋਂ ਅਮਲੋਹ 'ਚ ਦਰਜ ਹੋਏ ਕਤਲ ਦੇ ਮੁਕੱਦਮੇ ਦੇ ਕਥਿਤ ਦੋਸ਼ੀ ਨੂੰ 18 ਘੰਟਿਆਂ ਅੰਦਰ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ 16 ਜੁਲਾਈ ਨੂੰ ਮੁਕੱਦਮਾ ਨੰਬਰ 94 ਮਿਤੀ 16.7.2023 ਅ/ਧ 302,34 ਆਈ ਪੀ ਸੀ ਥਾਣਾ ਅਮਲੋਹ ਦੇ ਮੁੱਖ ਮੁਲਜ਼ਮ ਠੇਕੇਦਾਰ ਗੁਰਮੋਹਨ ਸਿੰਘ ਪੁੱਤਰ ਅਜਮੇਰ ਸਿੰਘ ਵਾਸੀ ਪਿੰਡ ਝਬਾਲੀ ਸਾਹਨੀ ਥਾਣਾ ਭਾਦਸੋਂ ਜ਼ਿਲ੍ਹਾ ਪਟਿਆਲਾ ਨੂੰ ਬੀਤੀ 16 ਜੁਲਾਈ ਨੂੰ ਹੀ ਮੁਕੱਦਮੇ ਦੇ ਕੁੱਝ ਘੰਟੇ ਬਾਅਦ ਹੀ ਗ੍ਰਿਫਤਾਰ ਕੀਤਾ ਗਿਆ। ਮੁਦਈ ਮਹਿੰਦਰ ਕੌਰ ਪਤਨੀ ਸਰਬਜੀਤ ਸਿੰਘ ਵਾਸੀ ਕੁਆਟਰ ਨੰਬਰ 03 ਸਿਵਲ ਹਸਪਤਾਲ ਅਮਲੋਹ ਨੇ ਸਬ ਇੰਸਪੈਕਟਰ ਸਾਹਿਬ ਸਿੰਘ ਕੋਲ ਆਪਣਾ ਬਿਆਨ ਦਰਜ ਕਰਵਾਇਆ ਸੀ, ਜਿਸ 'ਤੇ ਪਲਸ ਵੱਲੋਂ ਕਾਰਵਾਈ ਕਰਦੇ ਹੋਏ ਮੁੱਖ ਮੁਲਜ਼ਮ ਠੇਕੇਦਾਰ ਗੁਰਮੋਹਨ ਸਿੰਘ ਨੂੰ ਮਹਿਜ 18 ਘੰਟੇ ਅੰਦਰ ਗ੍ਰਿਫਤਾਰ ਕੀਤਾ ਗਿਆ ਤੇ ਮੁਲਜ਼ਮ ਗੁਰਮੋਹਨ ਸਿੰਘ ਨੂੰ ਮਾਨਯੋਗ ਅਦਾਲਤ ਵਿੱਚ ਨੂੰ ਪੇਸ਼ ਕਰਕੇ 03 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ। ਮੁਲਜ਼ਮਾਂ ਵੱਲੋਂ ਵਾਰਦਾਤ ਵਿੱਚ ਵਰਤੀ ਕਾਰ ਵਰਨਾ ਨੰਬਰ ਪੀ ਬੀ 39 ਏ 5081 ਨੂੰ ਬਰਾਮਦ ਕਰ ਲਿਆ ਗਿਆ ਹੈ। ਠੇਕੇਦਾਰ ਗੁਰਮੋਹਨ ਸਿੰਘ ਦੇ ਦੂਜੇ ਸਾਥੀ ਕਥਿਤ ਦੋਸ਼ੀ ਭੁਪਿੰਦਰ ਸਿੰਘ ਉਰਫ ਭਿੰਦਾ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਝੰਬਾਲੀ ਸਾਹਨੀ ਥਾਣਾ ਭਾਦਸੋਂ ਜ਼ਿਲ੍ਹਾ ਪਟਿਆਲਾ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

# ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੌਂਸਲਰਾਂ ਨੇ ਕੀਤਾ ਅਹਿਮ ਫੈਸਲਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**

ਇਲਾਕੇ ਵਿੱਚ ਚਿੱਟਾ ਅਤੇ ਹੋਰ ਨਸ਼ਿਆਂ ਦੇ ਵਧ ਰਹੇ ਪ੍ਰਚਲਣ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਨਗਰ ਕੌਂਸਲ ਲੌਂਗੋਵਾਲ ਦੇ ਸਮੁੱਚੇ ਕੌਂਸਲਰਾਂ ਨੇ ਸਮੂਹਕ ਰੂਪ ਵਿੱਚ ਨਸ਼ੇੜੀਆਂ ਤੇ ਨਸ਼ਾ ਤਸਕਰਾਂ ਨੂੰ ਥਾਣੇ 'ਚੋਂ ਛੁਡਵਾਉਣ ਜਾਂ ਉਨ੍ਹਾਂ ਦੀ ਜਮਾਨਤ ਲਈ ਨਾ ਜਾਣ ਦਾ ਫੈਸਲਾ ਕੀਤਾ ਹੈ। ਅੱਜ ਨਗਰ ਕੌਂਸਲ ਦਫਤਰ ਵਿੱਚ ਪ੍ਰਧਾਨ ਪਰਮਿੰਦਰ ਕੌਰ ਬਰਾੜ, ਮੀਤ ਪ੍ਰਧਾਨ ਰਣਜੀਤ ਸਿੰਘ ਕੁੱਕਾ, ਕੌਂਸਲਰ ਮੇਲਾ ਸਿੰਘ ਸੂਬੇਦਾਰ ਸਾਬਕਾ ਪ੍ਰਧਾਨ, ਰੀਤੂ ਗੋਇਲ ਸਾਬਕਾ ਪ੍ਰਧਾਨ, ਨਸੀਬ ਕੌਰ ਚੋਟੀਆਂ ਸਾਬਕਾ ਮੀਤ ਪ੍ਰਧਾਨ, ਕੌਂਸਲਰ ਗੁਰਮੀਤ ਸਿੰਘ ਲੱਲੀ, ਸੁਕਰਪਾਲ ਬਟੂਹਾ, ਰੀਨਾ ਰਾਣੀ, ਸੁਸ਼ਮਾ ਰਾਣੀ, ਬਲਜਿੰਦਰ ਕੌਰ, ਬਲਵਿੰਦਰ ਸਿੰਘ, ਬਲਵਿੰਦਰ ਸਿੰਘ ਸਿੱਧੂ, ਗੁਰਮੀਤ ਸਿੰਘ ਫੌਜੀ, ਜਸਪ੍ਰੀਤ ਕੌਰ ਵੱਲੋਂ ਕੌਂਸਲਰਾਂ ਦੀ ਮੀਟਿੰਗ ਤੋਂ ਬਾਅਦ ਇਹ ਫੈਸਲਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤਾ ਗਿਆ। ਕੌਂਸਲਰਾਂ ਨੇ ਕਿਹਾ ਕਿ ਸਮਾਜ ਨੂੰ ਖੋਖਲਾ ਕਰ ਰਹੇ ਨਸ਼ੇ ਦੇ ਮੁੱਦੇ ਨੂੰ ਲੈ ਕੇ ਸ਼ਹਿਰ ਦੇ ਸਮੁੱਚੇ ਕੌਂਸਲਰਾਂ ਨੇ ਅੱਜ ਇਹ ਫੈਸਲਾ ਲਿਆ ਹੈ ਕਿ ਜੇਕਰ ਕੋਈ ਵੀ ਕੌਂਸਲਰ ਨਸ਼ੇੜੀਆਂ ਜਾਂ ਨਸ਼ਾ ਤਸਕਰਾਂ ਦੀ ਮਦਦ ਕਰੇਗਾ ਜਾਂ ਉਨ੍ਹਾਂ ਦੀ ਜਮਾਨਤ ਲਈ ਜਾਵੇਗਾ ਤਾਂ ਉਸ ਦਾ ਸਮਾਜਿਕ ਬਾਈਕਾਟ ਕੀਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਨੰਬਰਦਾਰਾਂ ਨੂੰ ਵੀ ਸਹਿਯੋਗ ਦੇਣ ਦੀ ਅਪੀਲ ਕੀਤੀ, ਤਾਂ ਜੋ ਅੱਜ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਕੌਂਸਲਰਾਂ ਤੋਂ ਇਲਾਵਾ ਕਮਲ ਬਰਾੜ, ਭਾਜਪਾ ਦੇ ਸ਼ਹਿਰੀ ਪ੍ਰਧਾਨ ਵਿਜੇ ਕੁਮਾਰ ਗੋਇਲ, ਸਾਬਕਾ ਕੌਂਸਲਰ ਗੁਰਮੇਲ ਸਿੰਘ ਚੋਟੀਆਂ, ਆਪ ਦੇ ਸ਼ਹਿਰੀ ਪ੍ਰਧਾਨ ਸ਼ਿਸ਼ਨ ਪਾਲ ਗਰਗ, ਡਾਕਟਰ ਬੰਤ ਸਿੰਘ ਗੁੰਮਟੀ ਆਦਿ ਹਾਜ਼ਰ ਸਨ।

## ਪੁਰਾਣੀ ਰੰਜਿਸ਼ ਨੂੰ ਲੈ ਕੇ ਪਿਓ-ਧੀ ਦੀ ਕੁੱਟਮਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਦੀ ਪੁਲਸ ਵੱਲੋਂ ਪਿੰਡ ਜੋਧਾ ਭੈਣੀ ਵਿਖੇ ਸਰਪੰਚੀ ਦੀ ਚੋਣ ਦੀ ਪੁਰਾਣੀ ਰੰਜਿਸ਼ ਨੂੰ ਲੈ ਕੇ ਇੱਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ 6 ਲੋਕਾਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਮੁਦੱਈ ਗੁਰਮੇਜ ਸਿੰਘ ਪੁੱਤਰ ਖੁਸ਼ਹਾਲ ਸਿੰਘ ਵਾਸੀ ਜੋਧਾ ਭੈਣੀ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਬੀਤੀ 13 ਜੁਲਾਈ ਨੂੰ ਦੇਰ ਸ਼ਾਮ ਕਰੀਬ ਸਵਾ 6 ਵਜੇ ਉਹ (ਮੁਦੱਈ ਗੁਰਮੇਜ ਸਿੰਘ) ਆਪਣੀ ਕਾਰ ਸਮੇਤ ਪਿੰਡ ਜੋਧਾ ਭੈਣੀ ਦੀ ਬਾਹਰਲੀ ਫਿਰਨੀ 'ਤੇ ਪੁੱਜਾ ਤਾਂ ਰਛਪਾਲ ਸਿੰਘ ਵਗੈਰਾ ਨੇ ਉਸ ਦੀ (ਮੁਦੱਈ) ਤੇ ਉਸ ਦੀ ਲੜਕੀ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ। ਮੁਦੱਈ ਨੇ ਦੱਸਿਆ ਕਿ ਸਾਲ 2019 ਵਿੱਚ ਸਰਪੰਚੀ ਦੀ ਚੋਣ ਰਛਪਾਲ ਸਿੰਘ ਪੁੱਤਰ ਕਰਨੈਲ ਸਿੰਘ ਵਿਰੁੱਧ ਜਿੱਤ ਗਿਆ ਸੀ, ਜਿਸ ਕਰਕੇ ਰਛਪਾਲ ਸਿੰਘ ਵਗੈਰਾ ਨੇ ਉਸ (ਮੁਦੱਈ) ਦੇ ਤੇ ਉਸ ਦੀ ਲੜਕੀ ਪ੍ਰਵੀਨ ਕੌਰ ਦੇ ਸੱਟਾਂ ਮਾਰੀਆਂ ਹਨ। ਥਾਣਾ ਸਦਰ ਦੀ ਪੁਲਸ ਨੇ ਮੁਦੱਈ ਗੁਰਮੇਜ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਰਛਪਾਲ ਸਿੰਘ ਪੁੱਤਰ ਕਰਨੈਲ ਸਿੰਘ, ਪਰਮਜੀਤ ਸਿੰਘ ਪੁੱਤਰ ਕਰਨੈਲ ਸਿੰਘ, ਜਸਵੰਤ ਸਿੰਘ ਪੁੱਤਰ ਕਰਨੈਲ ਸਿੰਘ, ਜੋਗਿੰਦਰ ਸਿੰਘ ਪੁੱਤਰ ਕਰਤਾਰ ਸਿੰਘ, ਸੀਮਾ ਰਾਣੀ ਪੱਤਨੀ ਪਰਮਜੀਤ ਸਿੰਘ ਤੇ ਸਰੋਜ ਰਾਣੀ ਪਤਨੀ ਜੋਗਿੰਦਰ ਸਿੰਘ ਵਾਸੀਆਨ ਜੋਧਾ ਭੈਣੀ ਖਿਲਾਫ ਮੁਕੱਦਮਾ ਦਰਜ ਕਰ ਲਿਆ ਹੈ।

# ਪ੍ਰਸ਼ਾਸਨ ਦੇ ਦਾਅਵਿਆਂ ਦੀ ਨਿਕਲੀ ਫੂਕ; ਫਟੀਆਂ ਨਿੱਕਲੀਆਂ ਤਰਪਾਲਾਂ, ਪਿੰਡ ਵਾਸੀਆਂ ਨੇ ਜਤਾਇਆ ਰੋਸ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**



ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਲੋਕਾਂ ਨੂੰ ਰਾਹਤ ਪਹੁੰਚਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਇਹ ਸਾਰੇ ਦਾਅਵੇ ਜ਼ਮੀਨੀ ਪੱਧਰ 'ਤੇ ਖੋਖਲੇ ਸਾਬਿਤ ਹੋ ਰਹੇ ਹਨ। ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਦਾਅਵਿਆਂ ਦੀ ਉਸ ਸਮੇਂ ਪੋਲ ਖੁੱਲ੍ਹ ਕੇ ਸਾਹਮਣੇ ਆਈ, ਜਦੋਂ ਪਿੰਡ ਵਾਸੀਆਂ ਨੂੰ ਵੰਡੀਆਂ ਜਾ ਰਹੀਆਂ ਤਰਪਾਲਾਂ ਫਟੀਆਂ ਹੋਈਆਂ ਨਿਕਲੀਆਂ। ਪਿੰਡ ਰੇਤੇ ਵਾਲੀ ਭੈਣੀ ਵਿੱਚ ਸੋਮਵਾਰ ਸ਼ਾਮ 6 ਵਜੇ ਦੇ ਕਰੀਬ ਪਿੰਡ ਵਾਸੀਆਂ ਨੂੰ ਵੰਡੀਆਂ ਜਾ ਰਹੀਆਂ ਜ਼ਿਆਦਾਤਰ ਤਰਪਾਲਾਂ ਫਟੀਆਂ ਹੋਈਆਂ ਨਿੱਕਲੀਆਂ। ਇਨ੍ਹਾਂ ਤਰਪਾਲਾਂ ਵਿੱਚ ਵੱਡੇ-ਵੱਡੇ ਛੇਕ ਸਨ, ਜਿਸ ਕਾਰਨ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਗਿਆ। ਕੁਝ ਪਿੰਡ ਵਾਸੀਆਂ ਨੇ ਗੁੱਸੇ ਵਿੱਚ ਇਨ੍ਹਾਂ ਤਰਪਾਲਾਂ ਨੂੰ ਲੈਣ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਫਟੀਆਂ ਤਰਪਾਲਾਂ ਦੇ ਕੇ ਰਾਹਤ ਦੇਣ ਦੀ ਬਜਾਏ ਪ੍ਰਸ਼ਾਸਨ ਤੇ ਸੱਤਾਧਾਰੀ ਧਿਰ ਦੇ ਲੋਕ ਉਨ੍ਹਾਂ ਦੇ ਜ਼ਖਮਾਂ 'ਤੇ ਲੂਣ ਛਿੜਕ ਰਹੇ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਉਹ ਹੜ੍ਹ ਕਾਰਨ ਬਰਬਾਦ ਹੋ ਗਏ ਹਨ ਤੇ ਦੂਜੇ ਪਾਸੇ ਉਨ੍ਹਾਂ ਨੂੰ ਫਟੀਆਂ ਹੋਈਆਂ ਤਰਪਾਲਾਂ ਦੇ ਕੇ ਉਨ੍ਹਾਂ ਨਾਲ ਵੱਡਾ ਮਜ਼ਾਕ ਕੀਤਾ ਜਾ ਰਿਹਾ ਹੈ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਵੱਲੋਂ ਭੇਜੀ ਗਈ ਰਾਹਤ ਸਿਰਫ ਸਰਪੰਚਾਂ ਤੇ ਕੁਝ ਲੋਕਾਂ ਤੱਕ ਹੀ ਸੀਮਤ ਰਹੀ ਹੈ। ਅਜੇ ਤੱਕ ਰਾਹਤ ਦੇ ਨਾਂਅ 'ਤੇ ਆਮ ਲੋਕਾਂ ਤੱਕ ਕੁਝ ਨਹੀਂ ਪਹੁੰਚਿਆ ਹੈ।

ਇਸ ਮੌਕੇ ਰਾਜ ਸਿੰਘ, ਗੁਰਮੁੱਖ ਸਿੰਘ ਤੇ ਲਛਮਣ ਸਿੰਘ ਨੇ ਦੋਸ਼ ਲਾਇਆ ਕਿ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਪਿੰਡ ਰੇਤੇ ਵਾਲੀ ਭੈਣੀ ਵਿੱਚ ਭੇਜੀਆਂ ਗਈਆਂ 328 ਤਰਪਾਲਾਂ ਵਿੱਚੋਂ ਜ਼ਿਆਦਾਤਰ ਫਟੀਆਂ ਪਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਉਨ੍ਹਾਂ ਨਾਲ ਮਜ਼ਾਕ ਖੇਡਿਆ ਗਿਆ ਹੈ, ਕਿਉਂਕਿ ਉਹ ਆਪਣੀਆਂ ਛੱਤਾਂ 'ਤੇ ਪਏ ਸਾਮਾਨ ਨੂੰ ਫਟੀਆਂ ਤਰਪਾਲਾਂ ਤੋਂ ਕਿਵੇਂ ਬਚਾ ਸਕਣਗੇ। ਬਿਹਤਰ ਹੈ ਕਿ ਅਸੀਂ ਕਿਸੇ ਤਰ੍ਹਾਂ ਇਧਰੋਂ-ਉਧਰੋਂ ਪੈਸਿਆਂ ਦਾ ਇੰਤਜ਼ਾਮ ਕਰਕੇ ਆਪਣਾ ਮਾਲ ਬਚਾ ਲਈਏ ਤੇ ਖੁਦ ਖਰੀਦ ਲਈਏ।

ਦੂਜੇ ਪਾਸੇ ਮੌਕੇ 'ਤੇ ਮੌਜੂਦ ਪੰਚਾਇਤ ਸਕੱਤਰ ਵਿਸ਼ਵਦੀਪ ਸਿੰਘ ਨੇ ਕਿਹਾ ਕਿ ਜੋ ਤਰਪਾਲਾਂ ਉਨ੍ਹਾਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੰਡਣ ਲਈ ਦਿੱਤੀਆਂ ਗਈਆਂ ਸਨ, ਉਹ ਹੀ ਵੰਡ ਰਹੇ ਹਨ। ਉਸ ਨੇ ਇਹ ਵੀ ਕਿਹਾ ਕਿ ਇਨ੍ਹਾਂ ਵਿੱਚੋਂ ਕੁਝ ਤਰਪਾਲਾਂ ਫਟੀਆਂ ਹੋਈਆਂ ਨਿਕਲੀਆਂ ਸਨ, ਜਿਨ੍ਹਾਂ ਨੂੰ ਉਹ ਬਦਲ ਰਹੇ ਹਨ।

# ਸਿਹਤ ਮੰਤਰੀ ਨੇ ਹੜ੍ਹਾਂ ਦੀ ਤਾਜ਼ਾ ਸਥਿਤੀ ਦਾ ਲਿਆ ਜਾਇਜ਼ਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਿਹਤ ਤੇ ਪਰਵਾਰ ਭਲਾਈ ਮੰਤਰੀ, ਪੰਜਾਬ ਡਾ. ਬਲਵੀਰ ਸਿੰਘ ਨੇ ਸੂਬੇ ਦੇ ਸਮੂਹ ਸਿਵਲ ਸਰਜਨਾਂ ਨਾਲ ਵੀਡੀਓ ਕਾਨਫਰੰਸ ਕਰਕੇ ਹੜ੍ਹਾਂ ਦੀ ਤਾਜ਼ਾ ਸਥਿਤੀ ਦਾ ਜਾਇਜ਼ਾ ਲਿਆ। ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਸਿਹਤ ਮੰਤਰੀ ਨੂੰ ਜ਼ਿਲੇ ਦੀ ਹੜ੍ਹਾਂ ਸੰਬੰਧੀ ਸਥਿਤੀ ਬਾਰੇ ਜਾਣੂ ਕਰਾਉਂਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚੋਂ ਹੜ੍ਹਾਂ ਦੇ ਪਾਣੀ ਦੀ ਨਿਕਾਸੀ ਭਾਵੇਂ ਹੋ ਚੁੱਕੀ ਹੈ ਪਰ ਵਾਟਰ ਬੌਰਨ ਤੇ ਵੈਕਟਰ ਬੌਰਨ ਬਿਮਾਰੀਆਂ ਦਾ ਖਤਰਾ ਅਜੇ ਬਣਿਆ ਹੋਇਆ ਹੈ, ਇਸ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਇਨ੍ਹਾਂ ਬਿਮਾਰੀਆਂ ਨੂੰ ਮੁਢਲੇ ਪੜਾਅ 'ਤੇ ਹੀ ਰੋਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਜ਼ਿਲ੍ਹੇ ਅੰਦਰ ਇੰਸੈਕਟੀਸਾਈਡ ਤੇ ਲਾਰਵੀਸਾਈਡ ਦੀ ਸਪਰੇਅ ਕੀਤੀ ਜਾ ਰਹੀ ਹੈ ਅਤੇ ਪ੍ਰਭਾਵਿਤ ਥਾਵਾਂ 'ਤੇ ਲਗਾਤਾਰ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, 56 ਰੈਪਿਡ ਰਿਸਪਾਂਸ ਟੀਮਾਂ ਵੀ ਜ਼ਿਲ੍ਹੇ ਨੂੰ ਕਵਰ ਕਰ ਰਹੀਆਂ ਹਨ । ਇਸ ਤੋਂ ਇਲਾਵਾ ਜ਼ਿਲ੍ਹੇ ਅੰਦਰ 24 ਘੰਟੇ ਮੈਡੀਕਲ ਸਟਾਫ ਤੇ ਮੈਡੀਕਲ ਸੇਵਾਵਾਂ ਉਪਲਬਧ ਹਨ ਅਤੇ ਲੋੜ ਮੁਤਾਬਕ ਐਂਬੂਲੈਂਸਾਂ ਦਾ ਵੀ ਪ੍ਰਬੰਧ ਕੀਤਾ ਹੋਇਆ ਹੈ। ਉਨ੍ਹਾਂ ਸਿਹਤ ਮੰਤਰੀ ਨੂੰ ਯਕੀਨ ਦਿਵਾਇਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਮੈਡੀਕਲ ਪੱਧਰ 'ਤੇ ਕਿਸੇ ਵੀ ਕਿਸਮ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਸਿਹਤ ਮੰਤਰੀ ਨੇ ਸਿਵਲ ਸਰਜਨਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਇਸ ਕੰਮ ਲਈ ਆਈ.ਐਮ.ਏ, ਪ੍ਰਾਈਵੇਟ ਹਸਪਤਾਲ, ਪ੍ਰਾਈਵੇਟ ਪ੍ਰੈਕਟੀਸ਼ਨਰ, ਰੋਟਰੀ ਕਲੱਬ ਅਤੇ ਜ਼ਿਲ੍ਹੇ ਦੀਆਂ ਹੋਰ ਐਨ ਜੀ ਓ ਨਾਲ ਤਾਲਮੇਲ ਕਰਕੇ ਲੋੜ ਪੈਣ 'ਤੇ ਉਨ੍ਹਾਂ ਤੋਂ ਸਹਿਯੋਗ ਲੈ ਸਕਦੇ ਹਨ। ਇਸ ਮੌਕੇ ਜ਼ਿਲ੍ਹਾ ਐਪੀਡਿਮੀਆਲੋਜਿਸਟ ਡਾ. ਗੁਰਪ੍ਰੀਤ ਕੌਰ, ਡਾ. ਦੀਪਤੀ, ਸਟੈਨੋ ਬਲਜੀਤ ਕੌਰ ਵੀ ਹਾਜ਼ਰ ਸਨ।

# ਬਿਜਲੀ ਬੋਰਡ ਦੀ ਅਣਗਹਿਲੀ ਕਾਰਨ ਕਿਸਾਨ ਦੀ ਫਸਲ ਬਰਬਾਦ

■ ਪੰਜਾਬ ਕਿਸਾਨ ਯੂਨੀਅਨ ਵੱਲੋਂ ਜ਼ਿੰਮੇਵਾਰ ਅਧਿਕਾਰੀਆਂ ਖਿਲਾਫ ਕਾਰਵਾਈ ਦੀ ਮੰਗ



**ਮਾਨਸਾ (ਪਮਾਰ)**-ਪਿੰਡ ਸੱਦਾ ਸਿੰਘ ਵਾਲਾ ਦੇ ਕਿਸਾਨ ਲਾਭ ਸਿੰਘ ਦੇ ਬਿਜਲੀ ਬੋਰਡ ਦੀ ਅਣਗਹਿਲੀ ਕਾਰਨ ਹੋਏ ਫਸਲੀ ਨੁਕਸਾਨ ਦੇ ਚਲਦਿਆਂ ਐੱਸ ਡੀ ਓ ਬਿਜਲੀ ਬੋਰਡ ਮਾਨਸਾ ਖਿਲਾਫ ਧਰਨਾ ਦਿੱਤਾ ਗਿਆ।

ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਆਗੂ ਹਰਜਿੰਦਰ ਸਿੰਘ ਮਾਨਸਾਹੀਆ ਤੇ ਬਲਾਕ ਦੇ ਪ੍ਰਚਾਰ ਸਕੱਤਰ ਗੁਰਮੁੱਖ ਸੱਦਾ ਸਿੰਘ ਵਾਲਾ ਨੇ ਕਿਹਾ ਕਿ ਉਪਰੋਕਤ ਕਿਸਾਨ ਵੱਲੋਂ ਚਾਰ ਸਾਲ ਪਹਿਲਾਂ ਆਪਣੇ ਖੇਤ ਵਿੱਚ ਲੱਗੀ ਟਿਊਬਵੈੱਲ ਮੋਟਰ ਦੀ ਤਬਦੀਲੀ ਲਈ 19.6.19 ਨੂੰ ਰਸੀਦ ਨੰਬਰ 50889 ਤੇ 500/-ਰੁਪੈ ਭਰ ਕੇ ਬਿਜਲੀ ਬੋਰਡ ਨੂੰ ਦਰਖਾਸਤ ਦਿੱਤੀ ਗਈ ਸੀ, ਇਸ ਤੋਂ ਬਾਅਦ 1000/-ਰੁਪੈ ਜ਼ਮੀਨ ਤਬਦੀਲੀ ਤੇ 22600/-ਰੁਪੈ ਮੋਟਰ ਦੇ ਸਾਮਾਨ ਅਤੇ ਲੇਬਰ ਦਾ ਖਰਚਾ ਭਰਵਾ ਕੇ ਮੋਟਰ ਦੂਜੇ ਖੇਤ ਵਿੱਚ ਤਬਦੀਲ ਕਰ ਦਿੱਤੀ ਗਈ, ਜੋ ਲਗਾਤਾਰ ਉਸ ਖੇਤ ਵਿੱਚ ਚੱਲ ਰਹੀ ਹੈ ਤੇ ਹੁਣ ਅਚਾਨਕ ਐੱਸ ਡੀ ਓ ਮਾਨਸਾ ਵੱਲੋਂ ਕਿਸਾਨ ਉੱਪਰ ਚੋਰੀ ਦਾ ਪਰਚਾ ਦਰਜ ਕਰਵਾ ਕੇ ਕਿਸਾਨ ਨੂੰ 1 ਲੱਖ 20 ਹਜ਼ਾਰ ਰੁਪਏ ਦਾ 'ਐਸਟੀਮੇਟ ਬਿੱਲ' ਭਰਨ ਦਾ ਹੁਕਮ ਜਾਰੀ ਕਰ ਦਿੱਤਾ ਗਿਆ, ਉਪਰੰਤ ਚਲਦੀ ਮੋਟਰ ਦਾ ਕੁਨੈਕਸ਼ਨ ਕੱਟ ਕੇ ਕਿਸਾਨ ਦੀ ਜ਼ੀਰੀ ਬਰਬਾਦ ਕਰ ਦਿੱਤੀ ਗਈ।

ਉਨ੍ਹਾਂ ਕਿਹਾ ਕਿ ਜਦ ਅਸੀਂ ਸੰਬੰਧਤ ਮਹਿਕਮੇ ਤੋਂ ਰਿਕਾਰਡ ਮੰਗਿਆ ਤਾਂ ਅਫਸਰ ਤੇ ਅਧਿਕਾਰੀਆਂ ਵੱਲੋਂ ਰਿਕਾਰਡ ਪਾਣੀ ਵਿੱਚ ਡੁੱਬ ਗਿਆ ਕਹਿ ਕੇ ਪੱਲਾ ਝਾੜ ਲਿਆ ਗਿਆ, ਜਦਕਿ ਇਸ ਤੋਂ ਪਹਿਲਾਂ ਕਦੇ ਵੀ ਮਹਿਕਮੇ ਵੱਲੋਂ ਇਸ ਖੇਤ ਵਿੱਚ ਚਲਦੀ ਮੋਟਰ 'ਤੇ ਕੋਈ ਇਤਰਾਜ਼ ਨਹੀਂ ਕੀਤਾ ਗਿਆ।

ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੋਟਰ ਦਾ ਕੁਨੈਕਸ਼ਨ ਤੁਰੰਤ ਜੁੜਵਾਇਆ ਜਾਵੇ ਤੇ ਪੀੜਤ ਕਿਸਾਨ 'ਤੇ ਕੀਤਾ ਗਿਆ ਪਰਚਾ ਰੱਦ ਕੀਤਾ ਜਾਵੇ, ਜਿਨ੍ਹਾਂ ਅਧਿਕਾਰੀਆਂ ਵੱਲੋਂ ਰਿਕਾਰਡ ਸਾਂਭਣ 'ਚ ਕੁਤਾਹੀ ਕੀਤੀ ਗਈ ਹੈ, ਉਨ੍ਹਾਂ ਅਧਿਕਾਰੀਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਕਿਸਾਨ ਨੂੰ ਅਧਿਕਾਰੀਆਂ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਗਿਆ ਤੇ ਮੋਟਰ ਦਾ ਕਾਗਜ਼ੀ ਰਿਕਾਰਡ ਸਹੀ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਲੰਬੀ ਲਾਮਬੰਦੀ ਕਰਕੇ ਸੰਘਰਸ਼ ਤਿੱਖਾ ਕੀਤਾ ਜਾਵੇਗਾ।

ਧਰਨੇ ਨੂੰ ਕਿਸਾਨ ਆਗੂ ਜਗਤਾਰ ਸਿੰਘ ਸਹਾਰਨਾ, ਸੁਖਚਰਨ ਦਾਨੇਵਾਲੀਆ, ਕਰਨੈਲ ਸਿੰਘ ਮਾਨਸਾ, ਗੁਰਦੀਪ ਸਿੰਘ ਖਿਆਲਾ, ਬੀ ਕੇ ਯੂ ਉਗਰਾਹਾਂ ਦੇ ਆਗੂ ਹਰਦੇਵ ਸਿੰਘ ਸੱਦਾ ਸਿੰਘ ਵਾਲਾ, ਸੁਰਜੀਤ ਸਿੰਘ ਸੱਦਾ ਸਿੰਘ ਵਾਲਾ, ਬੀ ਕੇ ਯੂ ਡਕੌਂਦਾ ਦੇ ਆਗੂ ਸੁਖਵਿੰਦਰ ਸਿੰਘ, ਜੀਤ ਸਿੰਘ, ਬਲਦੇਵ ਸਿੰਘ ਨੇ ਸੰਬੋਧਨ ਕੀਤਾ।

# ਪੰਜਾਬ ਸਰਕਾਰ ਨੇ ਕੇਂਦਰ ਦੀਆਂ ਧੱਕੇਸ਼ਾਹੀਆਂ ਵਿਰੁੱਧ ਚੁੱਪ ਧਾਰੀ : ਮੰਗਤ ਰਾਮ ਪਾਸਲਾ

■ ਆਰ ਐੱਮ ਪੀ ਆਈ ਵੱਲੋਂ ਮਾਲਵਾ ਪੱਧਰੀ ਕਨਵੈਂਸ਼ਨ 28 ਨੂੰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੋਦੀ ਸਰਕਾਰ ਵੱਲੋਂ ਚੰਡੀਗੜ੍ਹ 'ਚ ਹਰਿਆਣਾ ਨੂੰ ਰਾਜਧਾਨੀ ਬਣਾਉਣ ਵਾਸਤੇ ਜ਼ਮੀਨ ਦੇਣ ਤੇ ਪੰਜਾਬ ਦੀਆਂ ਹੱਕੀ ਮੰਗਾਂ ਨੂੰ ਪੂਰਾ ਕਰਨ ਲਈ ਧਾਰੀ ਸਾਜ਼ਿਸ਼ੀ ਚਾਲ ਨੂੰ ਅਸਫ਼ਲ ਬਣਾਉਣ ਲਈ ਮਾਲਵਾ ਖੇਤਰ ਦੀ ਕਨਵੈਨਸ਼ਨ 28 ਜੁਲਾਈ ਨੂੰ ਸਵੇਰੇ 11 ਵਜੇ ਅਨਾਜ ਮੰਡੀ ਬਰਨਾਲਾ ਵਿਖੇ ਆਰ.ਐੱਮ.ਪੀ.ਆਈ. ਵੱਲੋਂ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਆਰ.ਐੱਮ.ਪੀ.ਆਈ. ਦੇ ਕੌਮੀ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਇਸ ਕਨਵੈਂਸ਼ਨ ਦੌਰਾਨ ਵੱਡੀ ਗਿਣਤੀ 'ਚ ਮਜ਼ਦੂਰ, ਕਿਸਾਨ ਬੁੱਧੀਜੀਵੀ ਤੇ ਜਮਹੂਰੀ ਲੋਕ ਸ਼ਾਮਲ ਹੋਣਗੇ। ਮੋਦੀ ਸਰਕਾਰ ਦੇ ਫਿਰਕੂ, ਫ਼ਾਸ਼ੀਵਾਦੀ ਹੱਲੇ ਨਾਲ ਪੰਜਾਬੀਆਂ ਦੀ ਨਾਬਰੀ ਦੀ ਵਿਰਾਸਤ ਤੋੜ ਕੇ ਲੋਕਾਂ 'ਚ ਡਰ ਤੇ ਭੈਅ ਦਾ ਵਾਤਾਵਰਨ ਪੈਦਾ ਕਰ ਕੇ ਇੱਥੇ ਇਨਕਲਾਬੀ ਮਾਨਵੀ ਭਾਵਨਾਵਾਂ ਨੂੰ ਖ਼ਤਮ ਕਰਨ ਦਾ ਮਨ ਬਣਾਈ ਬੈਠੀ ਹੈ। ਉਸ ਦੇ ਮਨਸੂਬਿਆਂ ਨੂੰ ਨੰਗਾ ਕਰਨ ਵਾਸਤੇ ਇਹ ਕਨਵੈਂਸ਼ਨ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕਰੇਗੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਸੰਘੀ, ਧਰਮ ਨਿਰਪੱਖਤਾ ਤੇ ਜਮਹੂਰੀ ਢਾਂਚੇ ਨੂੰ ਖ਼ਤਮ ਕਰ ਕੇ ਇਕ ਧਰਮ 'ਤੇ ਅਧਾਰਤ ਦੇਸ਼ ਸਥਾਪਤ ਕਰਨਾ ਚਾਹੁੰਦੀ ਹੈ। ਅਜਿਹਾ ਹੋਣ ਨਾਲ ਲੋਕਾਂ ਦੀ ਤਬਾਹੀ ਹੀ ਨਹੀਂ, ਬਲਕਿ ਭਾਰਤ ਜੋ ਬਹੁ-ਕੌਮੀ, ਬਹੁ-ਭਾਸ਼ਾਈ, ਬਹੁ-ਸੱਭਿਆਚਾਰਾਂ ਦਾ ਦੇਸ਼ ਹੈ, ਉਸ ਦੀ ਏਕਤਾ ਤੇ ਅਖੰਡਤਾ ਨੂੰ ਖ਼ਤਰੇ ਪੈਦਾ ਹੋਣਗੇ।

ਉਨ੍ਹਾਂ ਕਿਹਾ ਕਿ ਬਦਕਿਸਮਤੀ ਦੀ ਗੱਲ ਹੈ ਕਿ ਪੰਜਾਬ ਦੀ 'ਆਪ' ਸਰਕਾਰ ਰਾਜਸੀ ਬਦਲਾਅ ਦੇਣ ਦਾ ਨਾਅਰਾ ਦੇ ਕੇ ਸੱਤਾ 'ਚ ਆਈ ਸੀ, ਉਹ ਹੁਣ ਕੇਂਦਰ ਸਰਕਾਰ ਦੀਆਂ ਧੱਕੇਸ਼ਾਹੀਆਂ 'ਤੇ ਚੁੱਪ ਧਾਰੀ ਬੈਠੀ ਹੈ। ਸੂਬਾ ਸਰਕਾਰ ਵੱਲੋਂ ਸੰਘਰਸ਼ ਕਰਦੇ ਲੋਕਾਂ 'ਤੇ ਬਿਲਕੁੱਲ ਉਸੇ ਤਰ੍ਹਾਂ ਲਾਠੀਆਂ ਬਰਸਾਈਆਂ ਜਾ ਰਹੀਆਂ ਹਨ, ਜਿਵੇਂ ਰਵਾਇਤੀ ਰਾਜਨੀਤਕ ਪਾਰਟੀਆਂ ਦੀਆਂ ਸਰਕਾਰਾਂ ਅੱਤਿਆਚਾਰ ਕਰਦੀਆਂ ਸਨ। ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਕਨਵੈਂਸ਼ਨ 'ਚ ਵੱਡੀ ਗਿਣਤੀ 'ਚ ਪਹੁੰਚ ਕੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਖ਼ਿਲਾਫ਼ ਆਪਣੀ ਆਵਾਜ਼ ਜ਼ੋਰਦਾਰ ਢੰਗ ਨਾਲ ਬੁਲੰਦ ਕਰਨ।

19-JULY-PAGE-7.qxd 7/18/2023 10:31 PM Page 1



# ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਥਰਮਲ ਗੇਟ ਅੱਗੇ ਧਰਨਾ

## ਸਰਕਾਰ ਪਾਵਰਕਾਮ ਤੇ ਟ੍ਰਾਂਸਕੋ ਦੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰੇ : ਜਗਰੂਪ ਸਿੰਘ


ਪਾਵਰਕਾਮ ਤੇ ਟ੍ਰਾਂਸਕੋ ਦੇ ਆਊਟਸੋਰਸਡ ਠੇਕਾ ਮੁਲਾਜ਼ਮ ਮੰਗਾਂ ਨੂੰ ਲੈ ਕੇ ਥਰਮਲ ਲਹਿਰਾ ਦੇ ਮੇਨ ਗੇਟ ਅੱਗੇ ਰੋਸ ਧਰਨਾ ਦਿੰਦੇ ਹੋਏ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਾਵਰਕਾਮ ਤੇ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਦੇ ਬੈਨਰ ਹੇਠ ਪਾਵਰਕਾਮ ਤੇ ਟ੍ਰਾਂਸਕੋ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਵਿਭਾਗ ਵਿੱਚ ਰੈਗੂਲਰ ਕਰਨ ਸਮੇਤ ਹੋਰ ਜਾਇਜ਼ ਤੇ ਮੰਨੀਆਂ ਮੰਗਾਂ ਦੀ ਪ੍ਰਾਪਤੀ ਲਈ ਆਪਣੇ ਪਰਿਵਾਰਾਂ ਸਮੇਤ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਮੇਨ ਗੇਟ ਅੱਗੇ ਸਵੇਰੇ 8 ਤੋਂ ਸ਼ਾਮ 5 ਵਜੇ ਤੱਕ ਧਰਨਾ ਦਿੱਤਾ। ਕਮੇਟੀ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਬਾਦਲ ਸਿੰਘ ਭੁੱਲਰ ਤੇ ਬਲਜਿੰਦਰ ਸਿੰਘ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਊਟਸੋਰਸਡ ਠੇਕਾ ਮੁਲਾਜ਼ਮ ਮੰਗਾਂ ਨੂੰ ਲੈ ਕੇ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਸੰਘਰਸ਼ ਦੇ ਰਾਹ 'ਤੇ ਹਨ, ਪ੍ਰੰਤੂ ਪੰਜਾਬ ਸਰਕਾਰ ਤੇ ਪਾਵਰਕਾਮ ਟ੍ਰਾਂਸਕੋ ਦੀ ਮੈਨੇਜਮੈਂਟ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਦੀਆਂ ਲੰਬੀਆਂ ਸੇਵਾਵਾਂ ਨੂੰ ਅਣ-ਵੇਖਿਆ ਕਰਕੇ ਵਿਭਾਗ ਵਿੱਚ ਪੱਕਾ ਕਰਨ ਸਮੇਤ ਸਮੂਹ ਮੰਗਾਂ ਤੋਂ ਟਾਲਾ ਵੱਟ ਰਹੀ ਹੈ, ਜਦੋਂ ਕਿ ਸਮੁੱਚੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਕੋਲ ਯੋਗਤਾ ਦੇ ਰੂਪ ਵਿੱਚ ਪੜ੍ਹਾਈ ਦੇ ਨਾਲ-ਨਾਲ ਵਿਭਾਗ ਵਿੱਚ ਸਾਲਾਂ-ਬੱਧੀ ਕੰਮ ਦਾ ਤਜਰਬਾ ਵੀ ਹੈ ਤੇ ਪੱਕੀ ਭਰਤੀ ਦੀਆਂ ਸਾਰੀਆਂ ਸ਼ਰਤਾਂ ਵੀ ਪੂਰੀਆਂ ਕਰਦੇ ਹਨ। ਇਸ ਹਾਲਤ ਵਿੱਚ ਪੱਕਾ ਨਾ ਕਰਕੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨਾਲ ਧ੍ਰੋਹ ਕਮਾਇਆ ਜਾ ਰਿਹਾ ਹੈ। ਆਗੂਆਂ ਨੇ ਪਾਵਰਕਾਮ ਤੇ ਟ੍ਰਾਂਸਕੋ ਦੀ ਮੈਨੇਜਮੈਂਟ ਵੱਲੋਂ ਸੀ. ਐੱਚ. ਬੀ./ਡਬਲਯੂ ਠੇਕਾ ਮੁਲਾਜ਼ਮਾਂ ਖ਼ਿਲਾਫ਼ ਡਿਊਟੀ ਦੌਰਾਨ ਕੁਤਾਹੀ ਕਰਨ ਦੇ ਜਾਰੀ ਕੀਤੇ ਪੱਤਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਨ੍ਹਾਂ ਠੇਕਾ ਮੁਲਾਜ਼ਮਾਂ ਨੂੰ ਪਹਿਲ ਤੇ ਤਜਰਬੇ ਦੇ ਆਧਾਰ 'ਤੇ ਵਿਭਾਗ ਵਿੱਚ ਮਰਜ਼ ਕਰਕੇ ਪੱਕਾ ਕੀਤਾ ਜਾਵੇ, 15ਵੀਂ ਲੇਬਰ ਕਾਨਫਰੰਸ ਦੇ ਫਾਰਮੂਲੇ ਤੇ ਮਹਿੰਗਾਈ ਮੁਤਾਬਿਕ ਅਨ-ਸਕਿਲਡ ਆਊਟਸੋਰਸਡ ਠੇਕਾ ਮੁਲਾਜ਼ਮ ਦੀ ਤਨਖਾਹ ਘੱਟੋ-ਘੱਟ 25 ਹਜ਼ਾਰ ਰੁਪਏ ਨਿਸ਼ਚਿਤ ਕੀਤੀ ਜਾਵੇ, ਡਿਊਟੀ ਦੌਰਾਨ ਮੌਤ/ਅਪੰਗ ਹੋਣ ਤੇ ਘੱਟੋ-ਘੱਟ 50 ਲੱਖ ਰੁਪਏ ਮੁਆਵਜ਼ਾ ਤੇ ਪਰਿਵਾਰ ਦੇ ਇੱਕ ਜੀ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਤੇ ਪਿਛਲੇ ਸਮੇਂ ਹੋਈਆਂ ਪੈਨਲ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ ਨੂੰ ਤੁਰੰਤ ਪ੍ਰਭਾਵ ਨਾਲ਼ ਲਾਗੂ ਕੀਤਾ ਜਾਵੇ। ਇਸੇ ਦੌਰਾਨ ਥਰਮਲ ਮੈਨੇਜਮੈਂਟ ਵੱਲੋਂ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ ਗੱਲਬਾਤ ਦਾ ਰਸਤਾ ਨਾ ਇਖ਼ਤਿਆਰ ਕਰਨ ਦੇ ਵਿਰੋਧ 'ਚ ਠੇਕਾ ਮੁਲਾਜ਼ਮਾਂ ਨੇ ਦੁਪਹਿਰ ਤਿੰਨ ਵਜੇ ਦੇ ਕਰੀਬ ਕਲੋਨੀ ਨੂੰ ਜਾਣ ਵਾਲੇ ਗੇਟ ਨੂੰ ਜਾਮ ਕਰਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਾਇਬ ਸਿੰਘ, ਲਛਮਣ ਸਿੰਘ, ਸਤਨਾਮ ਢਿੱਲੋਂ, ਖੇਮਪਾਲ ਸ਼ਰਮਾ, ਅਮਨਦੀਪ ਸਿੰਘ, ਦੌਲਤ ਰਾਮ, ਜਗਤਾਰ ਸਿੰਘ, ਹਰਦੀਪ ਢੱਡੇ, ਜਗਜੀਤ ਸਿੰਘ, ਹਰਬੰਸ ਸਿੰਘ, ਕੱਤਰ ਸਿੰਘ, ਸੁਲੱਖਣ ਸਿੰਘ, ਗੁਰਪ੍ਰੀਤ ਗੁਰੂਸਰ, ਰਣਧੀਰ ਸਿੰਘ, ਸੰਦੀਪ ਸਿੰਘ, ਲਵਪ੍ਰੀਤ ਸਿੰਘ, ਰਮਜ਼ਾਨ ਖ਼ਾਨ, ਗੁਰਸੇਵਕ ਬਾਠ, ਹਰਜਿੰਦਰ ਸਿੰਘ, ਅਮ੍ਰਿਤਪਾਲ ਸਿੰਘ, ਜਸਕਰਨ ਜੱਸੀ, ਗੁਰਪ੍ਰੀਤ ਲਹਿਰਾ, ਗੁਰਸ਼ਰਨ ਸਿੰਘ ਤੇ ਪਰਮਜੀਤ ਕੌਰ ਸਮੇਤ ਭਰਾਤਰੀ ਜਥੇਬੰਦੀਆਂ 'ਚੋਂ ਭਾਕਿਯੂ ਏਕਤਾ ਉਗਰਾਹਾਂ ਦੇ ਬਲਾਕ ਜਰਨਲ ਸਕੱਤਰ ਬਲਜੀਤ ਸਿੰਘ ਪੂਹਲਾ, ਨੌਜਵਾਨ ਭਾਰਤ ਸਭਾ ਦੇ ਬਲਕਰਨ ਸਿੰਘ, ਮੁਕਤੀ ਮੋਰਚਾ ਪੰਜਾਬ ਦੇ ਡੀ ਸੀ ਸਿੰਘ ਕੋਟੜਾ ਤੇ ਟੀ. ਐੱਸ. ਯੂ. ਭੰਗਲ ਦੇ ਸੂਬਾ ਮੀਤ ਪ੍ਰਧਾਨ ਚੰਦਰ ਪ੍ਰਕਾਸ਼ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਲੋਕ ਭਲਾਈ ਮੰਚ ਵੱਲੋਂ ਹੜ੍ਹ ਪੀੜਤਾਂ ਲਈ ਇੱਕ ਲੱਖ ਦੀ ਰਾਸ਼ੀ ਸੀਚੇਵਾਲ ਨੂੰ ਭੇਟ



**ਮਲੋਟ (ਗੁਰਮੀਤ ਸਿੰਘ ਮੱਕੜ)**
ਲੋਕ ਭਲਾਈ ਮੰਚ ਪਿੰਡ ਮਲੋਟ ਵੱਲੋਂ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਦੀ ਮੱਦਦ ਲਈ ਇੱਕ ਲੱਖ ਦੀ ਰਾਸ਼ੀ ਦਾ ਚੈੱਕ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸੌਂਪਿਆ ਗਿਆ। ਲੋਕ ਭਲਾਈ ਮੰਚ ਦੇ ਪ੍ਰਧਾਨ ਗੁਰਜੀਤ ਸਿੰਘ ਗਿੱਲ ਤੇ ਦਿਲਜੋਤ ਸਿੰਘ ਗਿੱਲ ਵੱਲੋਂ ਇਹ ਚੈੱਕ ਸੰਤ ਸੀਚੇਵਾਲ ਨੂੰ ਭੇਟ ਕਰਨ ਸਮੇਂ ਮੈਂਬਰ ਪਾਰਲੀਮੈਂਟ ਸੁਸ਼ੀਲ ਸਿੰਘ ਰਿੰਕੂ ਤੇ ਐਡਵੋਕੇਟ ਗੁਰਭੇਜ ਸਿੰਘ ਮਲੋਟ ਵੀ ਸੰਤ ਸੀਚੇਵਾਲ ਨਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪ੍ਰਧਾਨ ਗੁਰਜੀਤ ਗਿੱਲ ਨੇ ਕਿਹਾ ਕਿ ਹੜ੍ਹਾਂ ਨੇ ਪੰਜਾਬ ਦਾ ਬਹੁਤ ਭਾਰੀ ਨੁਕਸਾਨ ਕੀਤਾ ਹੈ ਤੇ ਸੰਸਥਾ ਅਤੇ ਪਿੰਡ ਵਾਸੀਆਂ ਵੱਲੋਂ ਇਕ ਛੋਟੀ ਜਿਹੀ ਸ਼ੁਰੂਆਤ ਹੈ। ਉਨ੍ਹਾ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜਿੱਥੇ ਜਿੱਥੇ ਵੀ ਜਿਸ ਤਰ੍ਹਾਂ ਦੀ ਜ਼ਰੂਰਤ ਹੋਈ, ਸੰਸਥਾ ਦੇ ਸਮੂਹ ਅਹੁਦੇਦਾਰ ਹਰ ਸੰਭਵ ਮਦਦ ਕਰਨ ਦੀ ਕੋਸ਼ਿਸ਼ ਕਰਨਗੇ। ਇਸ ਮੌਕੇ ਅਵਤਾਰ ਸਿੰਘ ਸਾਬਕਾ ਸਰਪੰਚ, ਗੁਰਮੀਤ ਸਿੰਘ ਗਿੱਲ, ਮਾਸਟਰ ਦਰਸ਼ਨ ਲਾਲ ਕਾਂਸਲ, ਬਲਕਰਨ ਸਿੰਘ ਗਿੱਲ, ਬਲਜੀਤ ਸਿੰਘ ਵਿਰਕਾਂ, ਗੁਰਪ੍ਰੀਤ ਸਿੰਘ, ਰਾਜਾ ਮਾਨ, ਕੁਲਜੀਤ ਸਿੰਘ ਗਿੱਲ, ਜਗਸੀਰ ਸਿੰਘ ਗਿੱਲ, ਜਗਮੀਤ ਸਿੰਘ ਗਿੱਲ, ਨਿੰਦਰ ਕਾਲੜਾ, ਰਾਮ ਸਿੰਘ, ਪਿੰਦਰ ਕੰਗ ਵਿਰਕਾਂ, ਸਰਬਿੰਦਰ ਸਿੰਘ ਗਿੱਲ, ਜਸਕਰਨ ਗਿੱਲ, ਗੁਰਲਾਲ ਸਿੰਘ ਕੰਗ, ਹਰਪ੍ਰੀਤ ਸਿੰਘ ਗਿੱਲ, ਭਗਵੰਤ ਗਿੱਲ, ਰਾਜਪਾਲ ਗਿੱਲ, ਹਰਦੀਪ ਸਿੰਘ ਗਿੱਲ ਆਦਿ ਹਾਜ਼ਰ ਸਨ।

# ਸਰਕਾਰ ਹੜ੍ਹਾਂ ਨਾਲ ਪ੍ਰਭਾਵਿਤ ਉਦਯੋਗਾਂ ਦੇ ਨੁਕਸਾਨ ਦੀ ਭਰਪਾਈ ਕਰੇ : ਸਡਿਕ



**ਸੰਗਰੂਰ (ਪ੍ਰਵੀਨ ਸਿੰਘ)**
ਸੰਗਰੂਰ ਜ਼ਿਲ੍ਹਾ ਇੰਡਸਟਰੀ ਚੈਂਬਰ ਦੇ ਚੇਅਰਮੈਨ ਡਾ: ਏ. ਆਰ. ਸ਼ਰਮਾ, ਪ੍ਰਧਾਨ ਸੰਜੀਵ ਚੋਪੜਾ ਕਿੱਟੀ ਤੇ ਵਾਈਸ ਚੇਅਰਮੈਨ ਘਨਸ਼ਿਆਮ ਕਾਂਸਲ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਹੜ੍ਹਾਂ ਨਾਲ ਪ੍ਰਭਾਵਿਤ ਉਦਯੋਗਾਂ ਦੇ ਨੁਕਸਾਨ ਦਾ ਸਰਕਾਰ ਨੂੰ ਮੁਆਵਜ਼ਾ ਦਿੱਤਾ ਜਾਵੇ। ਚੈਂਬਰ ਦੇ ਨੁਮਾਇੰਦਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੂਨਕ, ਖਨੌਰੀ ਤੇ ਲਹਿਰਾਗਾਗਾ ਖੇਤਰਾਂ ਵਿੱਚ ਵੀ ਹੜ੍ਹਾਂ ਕਾਰਨ ਉਦਯੋਗਾਂ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਲਈ ਸਰਕਾਰ ਨੂੰ ਉਨ੍ਹਾਂ ਦੇ ਨੁਕਸਾਨ ਦਾ ਜਾਇਜ਼ਾ ਲੈ ਕੇ ਯੋਗ ਮੁਆਵਜ਼ਾ ਦੇਣਾ ਚਾਹੀਦਾ ਹੈ। ਚੇਅਰਮੈਨ ਡਾ: ਏ. ਆਰ. ਸ਼ਰਮਾ ਤੇ ਵਾਈਸ ਚੇਅਰਮੈਨ ਘਨਸ਼ਿਆਮ ਕਾਂਸਲ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਚੈਂਬਰ ਇਸ ਔਖੀ ਘੜੀ ਵਿੱਚ ਸਰਕਾਰ ਤੇ ਪੀੜਤਾਂ ਨਾਲ ਚਟਾਨ ਵਾਂਗ ਖੜਾ ਹੈ। ਖਨੌਰੀ ਚੈਂਬਰ ਦੇ ਬਲਾਕ ਪ੍ਰਧਾਨ ਰਾਮ ਨਿਵਾਸ, ਮੂਨਕ ਦੇ ਪ੍ਰਧਾਨ ਭੀਮ ਸੇਨ ਗਰਗ, ਲਹਿਰਾਗਾਗਾ ਦੇ ਪ੍ਰਧਾਨ ਭਾਰਤ ਭੂਸ਼ਣ ਗਰਗ ਤੇ ਪੱਟਾਡਾ ਦੇ ਪ੍ਰਧਾਨ ਸੰਜੇ ਗਰਗ ਨੇ ਆਪਣੀ ਟੀਮ ਸਮੇਤ ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਮਦਦ ਪਹੁੰਚਾਉਣੀ ਸ਼ੁਰੂ ਕਰ ਦਿੱਤੀ ਹੈ। ਰਾਸ਼ਨ ਤੋਂ ਇਲਾਵਾ ਪਸ਼ੂਆਂ ਲਈ ਹਰੇ ਚਾਰੇ ਆਦਿ ਦਾ ਪ੍ਰਬੰਧ ਕਰਕੇ ਪੀੜਤਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਚੈਂਬਰ ਆਪਣੀ ਜ਼ਿੰਮੇਵਾਰੀ ਤੋਂ ਪਿੱਛੇ ਨਹੀਂ ਹਟੇਗਾ ਤੇ ਸਰਕਾਰ ਨੂੰ ਪੂਰਾ ਸਹਿਯੋਗ ਦੇਵੇਗਾ। ਇੱਕ ਸਵਾਲ ਦੇ ਜਵਾਬ ਵਿੱਚ ਡਾ. ਏ. ਆਰ. ਸ਼ਰਮਾ ਨੇ ਕਿਹਾ ਕਿ ਸਰਕਾਰਾਂ ਨੂੰ ਹੜ੍ਹ ਵਰਗੇ ਹਾਲਾਤ ਪੈਦਾ ਹੋਣ ਤੋਂ ਪਹਿਲਾਂ ਹੀ ਪ੍ਰਭਾਵੀ ਕਦਮ ਚੁੱਕਣੇ ਚਾਹੀਦੇ ਹਨ। ਸਮੁੱਚੀ ਸਮੀਖਿਆ ਕਰਕੇ ਕੋਈ ਠੋਸ ਹੱਲ ਜਾਂ ਠੋਸ ਬਦਲ ਤਿਆਰ ਕਰਨਾ ਸਮੇਂ ਦੀ ਲੋੜ ਹੈ। ਇਸ ਮੌਕੇ ਸੁਨਾਮ ਬਲਾਕ ਪ੍ਰਧਾਨ ਰਾਜੀਵ ਮੱਖਣ ਤੇ ਲਹਿਰਾਗਾਗਾ ਬਲਾਕ ਪ੍ਰਧਾਨ ਭਾਰਤ ਭੂਸ਼ਣ ਗਰਗ ਹਾਜ਼ਰ ਸਨ।

## ਕਾਤਰਾਂ

### ਖੀਰ-ਪੂੜਿਆਂ ਦਾ ਲੰਗਰ ਲਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਅੰਦਰ ਬਣੇ ਬਾਗ 'ਚ ਬਾਬਾ ਕਾਹਲਾ ਸਿੰਘ ਦੇ ਅਸਥਾਨ 'ਤੇ ਸੰਗਤਾਂ ਵੱਲੋਂ ਸੰਗਰਾਂਦ ਦੇ ਪਵਿੱਤਰ ਦਿਹਾੜੇ ਮੌਕੇ ਉਨ੍ਹਾਂ ਦੀ ਯਾਦ ਵਿੱਚ ਖੀਰ-ਪੂੜਿਆਂ ਦਾ ਲੰਗਰ ਲਾਇਆ ਗਿਆ। ਸੇਵਾਮੁਕਤ ਜੇ. ਈ. ਨਿਰਮਲ ਸਿੰਘ ਨੇ ਦਿੰਦਿਆਂ ਦੱਸਿਆ ਕਿ ਬਾਬਾ ਕਾਹਲਾ ਸਿੰਘ ਦੀ ਯਾਦ ਵਿਚ ਸੰਗਤਾਂ ਵਲੋਂ ਹਰ ਸਾਲ ਸਾਵਣ ਮਹੀਨੇ ਦੀ ਸੰਗਰਾਂਦ ਮੌਕੇ ਖੀਰ-ਪੂੜਿਆਂ ਦਾ ਲੰਗਰ ਲਗਾਇਆ ਜਾਂਦਾ ਹੈ।

### ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੰਗਲਿਸ਼ ਸਟੂਡੀਓ ਸੰਸਥਾ, ਜੋ ਕਿ ਕੋਟਕਪੂਰਾ ਰੋਡ ਉਤੇ ਬਾਘਾ ਪੁਰਾਣਾ ਵਿਖੇ ਪੈਟ੍ਰੋਲ ਪੰਪ ਦੇ ਸਾਹਮਣੇ ਹੈ। ਇਥੇ ਵਿਦਿਆਰਥੀਆਂ ਨੂੰ ਸਾਰੀਆਂ ਆਧੁਨਿਕ ਤੇ ਬੁਨਿਆਦੀ ਸਹੂਲਤਾਂ ਪ੍ਰਧਾਨ ਕੀਤੀਆਂ ਜਾਂਦੀਆਂ ਹਨ। ਇਥੇ ਆਈਲਟਸ ਕਰਕੇ ਵਿਦਿਆਰਥੀ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ, ਇਸ ਵਾਰ ਇਸ ਸੰਸਥਾ ਦੀ ਵਿਦਿਆਰਥਣ ਗੁਰਲੀਨ ਕੌਰ ਪੁੱਤਰੀ ਨਿਰਮਲ ਸਿੰਘ ਵਾਸੀ ਪਿੰਡ ਰੌਲੀ ਦਾ ਕੈਨੇਡਾ ਦਾ ਸਟੱਡੀ ਵੀਜ਼ਾ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਲਗਵਾ ਕੇ ਦਿੱਤਾ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥੀ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

### ਵਿਦਿਆਰਥੀਆਂ ਨੂੰ ਡੇਂਗੂ ਤੇ ਮਲੇਰੀਆਂ ਸੰਬੰਧੀ ਜਾਣਕਾਰੀ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਡਾ. ਦੀਪਕ ਰਾਏ ਐਸ ਐਮ ਓ ਦੋਦਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ ਵਿਦਿਆਰਥੀਆਂ ਨੂੰ ਡੇਂਗੂ ਅਤੇ ਮਲੇਰੀਆਂ ਸੰਬੰਧੀ ਜਾਣਕਾਰੀ ਦਿੱਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਸਤਪਾਲ ਸਿੰਘ ਹੈਲਥ ਸੁਪਰਵਾਈਜ਼ਰ ਨੇ ਵਿਦਿਆਰਥੀਆਂ ਨੂੰ ਬਾਰਸ਼ ਦੇ ਮੌਸਮ ਵਿੱਚ ਡੇਂਗੂ ਅਤੇ ਮਲੇਰੀਆ ਤੋਂ ਬਚਣ ਲਈ ਬਿਮਾਰੀ ਦੇ ਚਿੰਨ੍ਹ ਲੱਛਣ ਅਤੇ ਸਾਵਧਾਨੀਆਂ ਸੰਬੰਧੀ ਜਾਣਕਾਰੀ ਦਿੱਤੀ। ਸਤਪਾਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਅਜੇਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ। ਮੱਛਰ ਪੈਦਾ ਹੋਣ ਵਾਲੇ ਸੋਮਿਆਂ ਨੂੰ ਨਸ਼ਟ ਕਰਨਾ ਚਾਹੀਦਾ ਹੈ। ਘਰਾਂ ਵਿੱਚ ਵਾਧੂ ਬਰਤਨ ਜਿਵੇਂ ਟਾਇਰ, ਟੁੱਟੇ ਘੜੇ ਅਤੇ ਗਮਲੇ ਵਿੱਚ ਪਾਣੀ ਖੜ੍ਹਨ ਨਹੀਂ ਦੇਣਾ ਚਾਹੀਦਾ, ਮੱਛਰਦਾਨੀਆਂ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਵਰਤੋਂ ਕਰੋ, ਸਾਰੇ ਸਰੀਰ ਨੂੰ ਢਕਦੇ ਕੱਪੜੇ ਪਾਓ, ਡੇਂਗੂ ਦੇ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।

### ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਕਥਾ ਤੇ ਕੀਰਤਨ ਆਰੰਭ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ ਪ੍ਰਾਚੀਨ ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਕਥਾ ਤੇ ਕੀਰਤਨ ਆਰੰਭ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਮੰਦਰ ਵਿੱਚ ਸ਼ਿਵ ਪੁਰਾਣ ਦੀ ਕਥਾ ਤੇ ਕੀਰਤਨ 7 ਸਤੰਬਰ ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਸ਼ਿਵ ਪੁਰਾਣ ਪਾਠ ਦਾ ਭੋਗ 25 ਅਗਸਤ ਨੂੰ ਪਾਇਆ ਜਾਵੇਗਾ। ਸੰਗਰਾਂਦ ਦੇ ਸ਼ੁੱਭ ਦਿਹਾੜੇ 'ਤੇ ਮੰਦਰ ਦੇ ਸੇਵਾਦਾਰਾਂ ਵੱਲੋਂ ਖੀਰ ਦਾ ਲੰਗਰ ਵੀ ਲਗਾਇਆ ਗਿਆ।

### 5 ਕਿੱਲੋ ਚੂਰਾ ਪੋਸਤ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਦੀ ਪੁਲਸ ਨੇ 5 ਕਿੱਲੋਗ੍ਰਾਮ ਭੁੱਕੀ ਚੂਰਾ ਪੋਸਤ ਤੇ ਮੋਟਰਸਾਈਕਲ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਮੁਖੀ ਐੱਸ. ਆਈ. ਗੁਰਵਿੰਦਰ ਕੁਮਾਰ ਸਮੇਤ ਐੱਸ. ਸੀ. ਗੁਰਜੀਤ ਸਿੰਘ, ਸਿਪਾਹੀ ਰੰਜੀਵ ਕੁਮਾਰ, ਪੀ.ਐੱਚ.ਜੀ. ਹਰਬੰਸ ਸਿੰਘ, ਕੇਵਲ ਕ੍ਰਿਸ਼ਨ ਦੇ ਨਾਲ ਸਰਕਾਰੀ ਗੱਡੀ ਸੀ.ਡੀ.ਵੀ.ਆਰ. ਜਸਪ੍ਰੀਤ ਸਿੰਘ ਗਸ਼ਤ ਦੌਰਾਨ ਸ਼ੱਕੀ ਲੋਕਾਂ ਦੀ ਚੈਕਿੰਗ ਦੌਰਾਨ ਬੱਸ ਸਟੈਂਡ ਬੱਘੇਕੇ ਮੌਜੂਦ ਸੀ ਤਾਂ ਮੁਖਬਰ ਦੀ ਇਤਲਾਹ 'ਤੇ ਪਿੰਡ ਸੁਖੇਰਾ ਬੋਦਲਾ ਦੇ ਚੜ੍ਹਦੇ ਪਾਸੇ ਨਹਿਰ ਨੇੜੇ ਨਾਕਾਬੰਦੀ ਕਰਕੇ ਸੁਖਵਿੰਦਰ ਸਿੰਘ ਉਰਫ ਸੁੱਖ ਪੁੱਤਰ ਗੁਰਜੰਟ ਸਿੰਘ ਵਾਸੀ ਦੋਲੇਵਾਲਾ ਥਾਣਾ ਕੋਟ ਈਸੇ ਖਾਂ (ਮੋਗਾ) ਨੂੰ 5 ਕਿੱਲੋਗ੍ਰਾਮ ਚੂਰਾ ਪੋਸਤ ਤੇ ਮੋਟਰਸਾਈਕਲ ਸਣੇ ਕਾਬੂ ਕੀਤਾ ਹੈ। ਪੁਲਸ ਨੇ ਥਾਣਾ ਸਦਰ 'ਚ ਸੁਖਵਿੰਦਰ ਸਿੰਘ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

# ਸਰਕਾਰ ਖਿਲਾਫ ਮੋਰਚਾ ਮਜ਼ਬੂਤ ਕਰਨ ਦੀ ਲੋੜ : ਵਿਜੇ ਭੀਖੀ


ਮੀਟਿੰਗ ਵਿੱਚ ਹਾਜ਼ਰ ਵਿਜੇ ਕੁਮਾਰ ਭੀਖੀ ਤੇ ਹੋਰ।

**ਭੀਖੀ (ਧਰਮਵੀਰ ਸ਼ਰਮਾ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਸਬੰਧਤ ਆਇਰਲਾ ਵੱਲੋਂ ਪਿੰਡ ਅਤਲਾ ਕਲਾਂ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਦੇ ਮਜ਼ਦੂਰਾਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਚਰਚਾ ਕੀਤੀ ਗਈ। ਇਸ ਮੀਟਿੰਗ ਵਿੱਚ ਪੁਰਾਣੀ ਪਿੰਡ ਕਮੇਟੀ ਨੂੰ ਭੰਗ ਕਰਕੇ ਨਵੀਂ ਪਿੰਡ ਇਕਾਈ ਦਾ ਗਠਨ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਵਿਜੈ ਕੁਮਾਰ ਭੀਖੀ ਨੇ ਪਿੰਡ ਦੀ ਨਵੀਂ ਇਕਾਈ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਵਿੱਚ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨ ਤੇ ਪਿੰਡ ਵਿੱਚ ਆਉਂਦੀਆਂ ਸਮੱਸਿਆਵਾਂ ਜਿਵੇਂ ਕਿ ਨਰੇਗਾ ਦਾ ਕੰਮ, ਕਣਕ ਦੀ ਵੰਡ ਪ੍ਰਣਾਲੀ ਵੱਲੋਂ ਕੱਟੇ ਗਏ ਰਾਸ਼ਨ ਕਾਰਡ, ਚੋਰੀ ਤੇ ਲੁੱਟ ਖੋਹ ਦੀਆਂ ਵਾਰਦਾਤਾਂ ਖਿਲਾਫ਼ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਉਨ੍ਹਾਂ ਨਰੇਗਾ ਦਾ ਕੰਮ ਸੁਚਾਰੂ ਰੂਪ ਵਿੱਚ ਚਲਾਉਣ ਲਈ ਜਾਲ੍ਹੀ ਹਾਜ਼ਰੀਆਂ ਖਿਲਾਫ਼ ਸਖਤ ਕਾਰਵਾਈ ਕਰਨ ਦੀ ਮੰਗ, ਮਜ਼ਦੂਰਾਂ ਦੀ ਦਿਹਾੜੀ ਪੂਰੀ ਜਾਰੀ ਕਰਵਾਉਣ ਸਹਿਤ ਮਸਟ੍ਰੋਲ 21 ਦਿਨਾਂ ਦਾ ਜਾਰੀ ਹੋਵੇ ਇਸ ਲਈ ਸਾਨੂੰ ਪਿੰਡ ਵਿੱਚ ਮੋਰਚੇ ਦੀ ਇਕਾਈ ਮਜ਼ਬੂਤ ਕਰਨੀ ਚਾਹੀਦੀ ਹੈ ਤੇ ਪਿੰਡ ਦਾ ਬੱਚਾ ਬੱਚਾ ਮੋਰਚੇ ਦਾ ਮੈਂਬਰ ਬਣਾਉਣਾ ਚਾਹੀਦਾ ਹੈ ਤਾਂ ਜੋ ਅਸੀਂ ਸਰਕਾਰ ਖਿਲਾਫ਼ ਵੱਡੀ ਪੱਧਰ 'ਤੇ ਮੋਰਚਾ ਮਜ਼ਬੂਤ ਕਰ ਸਕੀਏ। ਵਿਜੈ ਕੁਮਾਰ ਭੀਖੀ ਨੇ ਕਿਹਾ ਕਿ ਜ਼ਿਆਦਾਤਰ ਮਜ਼ਦੂਰ ਜਮਾਤ ਬੇਰੋਜ਼ਗਾਰ ਫਿਰ ਰਹੀ ਹੈ, ਉਨ੍ਹਾਂ ਨੂੰ ਸਰਕਾਰਾਂ ਨਸ਼ਿਆਂ ਦੀ ਦਲਦਲ ਵਿੱਚ ਆਪਣੇ ਨਸ਼ਾ ਤਸ਼ਕਰਾਂ ਦੀ ਸ਼ਹਿ ਤੇ ਫਸਾ ਰਹੀਆਂ ਹਨ। ਅੱਜ ਸਾਨੂੰ ਪੰਜਾਬ ਅੰਦਰ ਨਸ਼ੇ ਨਹੀਂ ਰੁਜ਼ਗਾਰ ਦਿਓ ਦੇ ਨਾਅਰੇ ਨੂੰ ਮਜ਼ਬੂਤ ਕਰਨ ਦੀ ਲੋੜ ਹੈ। ਆਗੂ ਨੇ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਨੌਜਵਾਨ ਆਗੂ ਪਰਮਿੰਦਰ ਸਿੰਘ ਝੋਟਾ ਦੀ ਗ੍ਰਿਫ਼ਤਾਰੀ ਵਿਰੁੱਧ 21 ਜੁਲਾਈ ਦੇ ਜ਼ਿਲ੍ਹਾ ਪੱਧਰੀ ਇਕੱਠ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਪੰਜਾਬ ਅੰਦਰ ਆਏ ਹੜ੍ਹ ਪੀੜਤ ਲੋਕਾਂ ਲਈ ਰਾਹਤ ਸਮੱਗਰੀ, ਲੋੜੀਂਦੀਆਂ ਵਸਤਾਂ ਆਦਿ ਇਕੱਠੀਆਂ ਕਰਕੇ ਪ੍ਰਭਾਵਿਤ ਇਲਾਕਿਆਂ ਵਿੱਚ ਪਹੁੰਚਾਉਣ ਲਈ ਮੁਹਿੰਮ ਵਿੱਢੀ ਮੁਹਿੰਮ ਤਹਿਤ ਖਾਣ ਲਈ ਰਾਸ਼ਨ, ਪੀਣ ਲਈ ਪਾਣੀ ਲੋੜੀਂਦੀਆਂ ਵਸਤਾਂ ਪਿੰਡ ਇਕਾਈ ਰਾਹੀਂ ਇਕੱਠਾ ਕਰਕੇ ਬਾਬਾ ਬੂਝਾ ਸਿੰਘ ਭਵਨ ਮਾਨਸਾ ਵਿਖੇ ਇਕੱਠਾ ਕਰਕੇ ਸਾਧਨਾਂ ਰਾਹੀਂ ਭੇਜਣ ਦਾ ਫੈਸਲਾ ਕੀਤਾ। ਇਸ ਮੌਕੇ ਸ਼ਿੰਦਰ ਕੌਰ ਪ੍ਰਧਾਨ, ਬਘੇਰ ਸਿੰਘ ਮੀਤ ਪ੍ਰਧਾਨ, ਸੋਮਾ ਕੌਰ ਸਕੱਤਰ ਤੇ ਮਿੱਠੂ ਸਿੰਘ ਪਿੰਡ ਇਕਾਈ ਦੇ ਆਗੂ ਚੁਣੇ ਗਏ।

# ਲਾਇਨ ਕਲੱਬ ਮੇਨ ਵੱਲੋਂ ਹੜ੍ਹ ਪੀੜਤ ਇਲਾਕਿਆਂ 'ਚ ਪਸ਼ੂਆਂ ਲਈ ਅਚਾਰ ਦੀ ਸੇਵਾ



**ਜਗਰਾਉਂ (ਸੰਜੀਵ ਅਰੋੜਾ)**-ਜਗਰਾਉਂ ਸ਼ਹਿਰ ਤੇ ਆਸ ਪਾਸ ਦੇ ਪਿੰਡਾਂ 'ਚ ਲੋਕ ਭਲਾਈ ਨੂੰ ਸਮਰਪਤ ਸੰਸਥਾ ਲਾਇਨ ਕਲੱਬ ਜਗਰਾਉਂ ਮੇਨ ਵੱਲੋਂ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਦੇ ਪ੍ਰਧਾਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਲੋਕ ਭਲਾਈ ਦੇ ਕੰਮ ਬੜੇ ਜ਼ੋਰ ਸ਼ੋਰ ਨਾਲ ਕੀਤੇ ਜਾ ਰਹੇ ਹਨ। ਪਿਛਲੇ ਕੁਝ ਦਿਨਾਂ ਤੋਂ ਪੰਜਾਬ ਦੇ ਕਈ ਹਿੱਸਿਆਂ ਵਿੱਚ ਹੜ੍ਹਾਂ ਕਾਰਨ ਸਥਿਤੀ ਬਹੁਤ ਹੀ ਖਰਾਬ ਸੀ। ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਏਰੀਆ 'ਚ ਮਨੁੱਖੀ ਜਾਨਾਂ ਤੇ ਮਾਲ ਡੰਗਰ ਨੂੰ ਰਹਿਣ ਤੇ ਖਾਣ ਪੀਣ ਦੇ ਸਮਾਨ ਦੀ ਕਿੱਲਤ ਹੋ ਗਈ। ਕਲੱਬ ਪ੍ਰਧਾਨ ਵੱਲੋਂ ਲਾਇਨ ਨਿਰਵੈਰ ਸਿੰਘ ਸੋਹੀ ਤੇ ਕੁਝ ਹੋਰ ਮੈਂਬਰਾਂ ਦੀ ਡਿਊਟੀ ਲਗਾਈ ਕਿ ਪ੍ਰਭਾਵਿਤ ਖੇਤਰ 'ਚ ਜਾ ਕੇ ਪਤਾ ਕਰੋ ਕਿ ਆਪਾਂ ਇਨ੍ਹਾਂ ਦੀ ਕਿਵੇਂ ਸਹਾਇਤਾ ਕਰ ਸਕਦੇ ਹਾਂ। ਉਥੇ ਕੁਝ ਹੋਰ ਸੰਸਥਾਨਾਂ ਵੱਲੋਂ ਇਨ੍ਹਾਂ ਲਈ ਰਹਿਣ ਤੇ ਖਾਣ ਪੀਣ ਦਾ ਇੰਤਜ਼ਾਮ ਵੀ ਕੀਤਾ ਜਾ ਰਿਹਾ। ਪਰ ਡੰਗਰਾਂ ਨੂੰ ਦੇਣ ਵਾਲਾ ਚਾਰਾ 1, 2 ਦਿਨਾਂ ਵਿੱਚ ਖ਼ਰਾਬ ਹੋ ਜਾਂਦਾ ਹੈ। ਫਿਰ ਇਹ ਫੈਸਲਾ ਲਿਆ ਗਿਆ ਕਿ ਹੜ੍ਹ ਵਾਲੇ ਖੇਤਰਾਂ 'ਚ ਜਾਨਵਰਾਂ ਵਾਸਤੇ ਮੱਕੀ ਦਾ ਅਚਾਰ ਵੰਡਿਆ ਜਾਵੇ, ਜੋ ਕਿ ਘੱਟੋ-ਘੱਟ ਇਕ ਸਾਲ ਖ਼ਰਾਬ ਨਹੀਂ ਹੁੰਦਾ। ਜਦੋਂ ਸਾਡੇ ਕਲੱਬ ਮੈਂਬਰ ਲਾਇਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ ਨੇ ਇਹ ਸਾਰੇ ਕਾਰਜ ਦੀ ਸੇਵਾ ਆਪ ਤੇ ਠੇਕੇਦਾਰ ਫੈਮਿਲੀ ਸਿੱਧਵਾਂ ਬੇਟ ਨੇ ਲੈ ਲਈ। ਕਲੱਬ ਵੱਲੋਂ ਹੜ੍ਹ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਪਿੰਡ ਸਫੀਪੁਰ, ਦਾਰੇਵਾਲ ਅਤੇ ਗਿੱਦੜਵਿੰਡੀ ਵਿੱਚ 60 ਕਵਿੰਟਲ ਮੱਕੀ ਦਾ ਅਚਾਰ ਪਿੰਡ ਦੇ ਸਰਪੰਚ ਕਰਮ ਸਿੰਘ ਦੀ ਹਾਜ਼ਰੀ ਵਿੱਚ ਸਾਰੇ ਪਿੰਡ 'ਚ ਵੰਡਿਆ ਗਿਆ। ਇਸ ਨੇਕ ਕੰਮ 'ਚ ਕਲੱਬ ਦੇ ਕੁਝ ਹੋਰ ਮੈਂਬਰਾਂ ਵੱਲੋਂ ਵੀ ਹਿੱਸਾ ਪਾਇਆ ਗਿਆ। ਇਸ ਮੌਕੇ ਪ੍ਰਧਾਨ ਲਾਇਨ ਅਮਰਿੰਦਰ ਸਿੰਘ, ਸੈਕਟਰੀ ਲਾਇਨ ਹਰਪ੍ਰੀਤ ਸਿੰਘ ਸੱਗੂ, ਕੈਸ਼ੀਅਰ ਲਾਇਨ ਗੁਰਪ੍ਰੀਤ ਸਿੰਘ ਛੀਨਾ, ਪੀ. ਆਰ. ਓ. ਲਾਇਨ ਰਜਿੰਦਰ ਸਿੰਘ ਢਿੱਲੋਂ, ਡਿਪਟੀ ਡਿਸਟ੍ਰਿਕ ਗਵਰਨਰ ਸੈਕਟਰੀ ਲਾਇਨ ਦਵਿੰਦਰ ਸਿੰਘ ਤੂਰ, ਜ਼ੋਨ ਚੇਅਰਮੈਨ ਲਾਇਨ ਸ਼ਰਨਦੀਪ ਸਿੰਘ ਬੈਨੀਪਾਲ, ਪ੍ਰੋਜੈਕਟ ਚੇਅਰਮੈਨ ਲਾਇਨ ਨਿਰਵੈਰ ਸਿੰਘ ਸੋਹੀ, ਲਾਇਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ, ਲਾਇਨ ਇੰਦਰਪਾਲ ਸਿੰਘ ਢਿੱਲੋਂ, ਲਾਇਨ ਨਿਰਭੈ ਸਿੰਘ ਸਿੱਧੂ, ਲਾਇਨ ਜਸਜੀਤ ਸਿੰਘ ਮੱਲ੍ਹੀ, ਲਾਇਨ ਮਨਜੀਤ ਸਿੰਘ ਮਠਾੜੂ, ਲਾਇਨ ਰਾਜਵਿੰਦਰ ਸਿੰਘ, ਸਰਪੰਚ ਪਰਮਜੀਤ ਸਿੰਘ ਸਿੱਧਵਾਂ ਬੇਟ, ਠੇਕੇਦਾਰ ਸੁਰਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਸਿੱਧਵਾਂ ਬੇਟ, ਸਰਪੰਚ ਕਰਮ ਸਿੰਘ ਤੇ ਵੈਟਨਰੀ ਡਾ. ਸੁਖਵਿੰਦਰ ਸਿੰਘ ਮੌਜੂਦ ਸਨ। ਲਾਇਨ ਕਲੱਬ ਜਗਰਾਉਂ ਮੇਨ ਦੇ ਪ੍ਰਧਾਨ ਅਮਰਿੰਦਰ ਸਿੰਘ ਤੇ ਪ੍ਰੋਜੈਕਟ ਚੇਅਰਮੈਨ ਲਾਇਨ ਨਿਰਵੈਰ ਸਿੰਘ ਸੋਹੀ ਵੱਲੋਂ ਇਸ ਮਹੱਤਵਪੂਰਨ ਕੰਮ ਨੂੰ ਸਫ਼ਲ ਬਣਾਉਣ ਲਈ ਸਾਰੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

# ਹੁੰਡਈ ਵੱਲੋਂ ਨਵੀਂ ਕਾਰ 'ਐਕਸਟਰ' ਲਾਂਚ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਮਰਾਲਾ ਰੋਡ 'ਤੇ ਸਥਿਤ ਏਜੰਸੀ ਪੋਲ ਹੁੰਡਈ ਵਿਖੇ ਕੰਪਨੀ ਦੀ ਨਵੀਂ ਕਾਰ 'ਐਕਸਟਰ' ਲਾਂਚ ਕੀਤੀ ਗਈ, ਜਿਸ ਦੀ ਘੁੰਡ ਚੁਕਾਈ ਸਬ-ਇੰਸਪੈਕਟਰ ਕੁਲਜੀਤ ਸਿੰਘ ਤੇ ਸਮਾਜ ਸੇਵੀ ਸ਼ਿਵ ਕੁਮਾਰ ਸਿਵਲੀ ਨੇ ਸੰਯੁਕਤ ਰੂਪ ਵਿੱਚ ਕੀਤੀ। ਇਸ ਮੌਕੇ ਕੰਪਨੀ ਦੇ ਐੱਮ. ਡੀ. ਸਮਿੰਦਰ ਸਿੰਘ ਨੇ ਦੱਸਿਆ ਕਿ ਕੰਪਨੀ ਵੱਲੋਂ ਬਹੁਤ ਘੱਟ ਰੇਟ 'ਤੇ ਆਧੁਨਿਕ ਤਕਨੀਕਾਂ ਨਾਲ ਭਰਪੂਰ ਇਹ 'ਐਕਸਟਰ' ਕਾਰ ਹਰੇਕ ਵਰਗ ਦੀ ਪਹਿਲੀ ਪਸੰਦ ਬਣੇਗੀ। ਉਨ੍ਹਾ ਦੱਸਿਆ ਕਿ ਨਵੀਂ ਲਾਂਚ ਕੀਤੀ ਕਾਰ ਦੀ ਕੀਮਤ ਘੱਟ ਤੇ ਸਹੂਲਤਾਂ ਵੱਧ ਦਿੱਤੀਆਂ ਗਈਆਂ ਹਨ। ਬ੍ਰਾਂਚ ਮੈਨੇਜਰ ਆਰ. ਕੇ. ਚੌਧਰੀ ਤੇ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਦਾ ਇੰਜਣ 1200 ਸੀ.ਸੀ. ਹੈ, ਜੋ ਪੈਟਰੋਲ ਤੇ ਸੀ.ਐੱਨ.ਜੀ. ਵਿੱਚ ਉਪਲਬਧ ਹੋਵੇਗਾ। ਇਸ ਕਾਰ ਦੇ ਵੱਖ-ਵੱਖ 5 ਮਾਡਲ ਹਨ, ਜਿਨ੍ਹਾਂ ਵਿੱਚ ਛੇ ਏਅਰ ਬੈਗ ਸਟੈਂਡਰਡ, 18+ ਐਵਰੇਜ, ਕੈਮਰਾ ਤੇ ਹੋਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਦੱਸਿਆ ਕਿ ਨਵੀਂ ਲਾਂਚ ਕੀਤੀ ਕਾਰ ਦੀ 6 ਲੱਖ ਤੋਂ ਸ਼ੁਰੂ ਹੋ ਕੇ 9 ਲੱਖ 50 ਹਜ਼ਾਰ ਤੱਕ ਰੱਖੀ ਗਈ ਹੈ। ਇਸ ਮੌਕੇ ਐੱਮ. ਡੀ. ਹਰਪ੍ਰੀਤ ਸਿੰਘ, ਗੁਰਪ੍ਰੀਤ ਕੌਰ, ਬ੍ਰਾਂਚ ਮੈਨੇਜਰ ਆਰ. ਕੇ. ਚੌਧਰੀ, ਹਰਸਿਮਰਤ ਸਿੰਘ, ਏਕਜੋਤ ਸਿੰਘ, ਕੁਲਵੰਤ ਸਿੰਘ, ਯਾਦਵਿੰਦਰ ਸਿੰਘ, ਡਿਪਟੀ ਸਿੰਘ, ਸਰਬਜੋਤ ਸਿੰਘ, ਨਵਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਰਮਨਦੀਪ, ਜਗਤਾਰ ਸਿੰਘ ਜੱਸੋਵਾਲ, ਜਗਦੀਸ਼ ਚਾਨਣਾ, ਲਵਰੀਸ਼ ਸ਼ਰਮਾ, ਦਲਜੀਤ ਸਿੰਘ, ਹਰਜਿੰਦਰ ਸਿੰਘ (ਦੋਵੇਂ ਸਾਬਕਾ ਸਰਪੰਚ), ਸੁੱਖਾ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਲੋਕਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ : ਵਿਧਾਇਕ ਸਿੱਧੂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਮੀਂਹਾਂ ਮਗਰੋਂ ਹੜ੍ਹਾਂ ਵਰਗੀ ਕੁਦਰਤੀ ਕਰੋਪੀ ਦਾ ਸ਼ਿਕਾਰ ਹੋਏ ਖੇਤਰਾਂ ਵਿੱਚ ਰਾਹਤ, ਮੁੜ ਵਸੇਬਾ ਅਤੇ ਬੁਨਿਆਦੀ ਢਾਂਚੇ ਨੂੰ ਮੁੜ ਲੀਹਾਂ 'ਤੇ ਖੜ੍ਹਾ ਕਰਨ ਲਈ ਵਚਨਬੱਧ ਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਰਾਮਪੁਰਾ ਤੋਂ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਨਵੀਂ ਅਨਾਜ ਮੰਡੀ ਰਾਮਪੁਰਾ ਫੂਲ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਪਸ਼ੂਆਂ ਲਈ ਮੱਕੀ ਦੇ ਅਚਾਰ ਦੀਆਂ ਗੱਠਾਂ ਦੇ 2 ਟਰੱਕਾਂ ਨੂੰ ਹਲਕਾ ਰਾਮਪੁਰਾ ਫੂਲ ਦੇ ਵਾਸੀਆਂ ਦੇ ਸਹਿਯੋਗ ਸਦਕਾ ਰਵਾਨਾ ਕਰਨ ਉਪਰੰਤ ਕੀਤਾ। ਇਸ ਮੌਕੇ ਵਿਧਾਇਕ ਸਿੱਧੂ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲਗਾਤਾਰ ਹੜ੍ਹਾਂ ਕਾਰਨ ਜਾਨ-ਮਾਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤੇ ਲੋਕਾਂ ਨੂੰ ਉਨ੍ਹਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਦਾ ਭਰੋਸਾ ਵੀ ਦਿਵਾਇਆ ਜਾ ਰਿਹਾ ਹੈ। ਇਸ ਮੌਕੇ ਬਲਕਾਰ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਮੁਸ਼ਕਲ ਘੜੀ ਵਿੱਚ ਲੋਕਾਂ ਦੇ ਨਾਲ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ ਹੈ ਤੇ ਸਰਕਾਰ ਵੱਲੋਂ ਕੀਤੇ ਅਗੇਤੇ ਪ੍ਰਬੰਧਾਂ ਕਾਰਨ ਹੀ ਵੱਡਾ ਨੁਕਸਾਨ ਹੋਣ ਤੋਂ ਬਚਿਆ ਹੈ। ਉਨ੍ਹਾ ਕਿਹਾ ਕਿ ਮਨੁੱਖੀ ਆਬਾਦੀ ਪੂਰੀ ਤਰ੍ਹਾਂ ਨਾਲ ਸੁਰੱਖਿਤ ਹੈ। ਇਸ ਮੌਕੇ ਉਨ੍ਹਾ ਆਪਣੀ ਇੱਕ ਮਹੀਨੇ ਦੀ ਤਨਖਾਹ ਵੀ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਉਨ੍ਹਾਂ ਪੰਜਾਬੀ ਕੌਮ 'ਤੇ ਫਖਰ ਮਹਿਸੂਸ ਕਰਦਿਆਂ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਮੁਸੀਬਤ ਤੋਂ ਘਬਰਾਉਣ ਵਾਲੇ ਨਹੀਂ ਸਗੋਂ ਉਸ ਦਾ ਡਟ ਕੇ ਮੁਕਾਬਲਾ ਕਰਦੇ ਹਨ। ਹਲਕਾ ਰਾਮਪੁਰਾ ਫੂਲ ਦੇ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਸਹਿਯੋਗ ਸਦਕਾ ਇਹ ਰਾਹਤ ਕਾਰਜ ਕੀਤੇ ਜਾ ਰਹੇ ਹਨ ਅਤੇ ਆਉਣ ਵਾਲੇ ਦਿਨਾਂ ਦੌਰਾਨ ਵੀ ਇਸ ਤਰ੍ਹਾਂ ਦੀ ਰਾਹਤ ਸਮੱਗਰੀ ਹੋਰ ਭੇਜ ਕੇ ਹੜ੍ਹ ਪੀੜਤਾਂ ਦੀ ਹੋਰ ਸਹਾਇਤਾ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਦੂਜੀਆਂ ਪਾਰਟੀਆਂ ਦੇ ਸਾਰੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਸ ਦੁੱਖ ਦੀ ਘੜੀ ਵਿੱਚ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਹੜ੍ਹ ਪੀੜਤਾਂ ਦੀ ਸਹਾਇਤਾ ਕੀਤੀ ਜਾਵੇ। ਉਨ੍ਹਾ ਕਿਹਾ ਕਿ ਇਹ ਕੋਈ ਰਾਜਨੀਤੀ ਕਰਨ ਦਾ ਸਮਾਂ ਨਹੀਂ ਹੈ ਸਗੋਂ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਦੇ ਦੁੱਖ ਵਿੱਚ ਉਨ੍ਹਾਂ ਦਾ ਸਾਥ ਦੇਣ ਦੀ ਜ਼ਰੂਰਤ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂਆਂ ਤੋਂ ਇਲਾਵਾ ਵਰਕਰ ਅਤੇ ਆਮ ਲੋਕ ਹਾਜ਼ਰ ਸਨ।

# ਮਾਹਿਰਾ ਬਾਜਵਾ ਨੇ 799.64 ਅੰਕ ਹਾਸਲ ਕਰਕੇ ਪ੍ਰਾਪਤ ਕੀਤਾ ਪਹਿਲਾ ਰੈਂਕ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਗੂ ਰੋਡ ਦੀ ਰਹਿਣ ਵਾਲੀ ਬਠਿੰਡਾ ਦੀ ਵਿਦਿਆਰਥਣ ਮਾਹਿਰਾ ਬਾਜਵਾ ਨੇ ਕਾਮਨ ਯੂਨੀਵਰਸਿਟੀ ਐਂਟਰੈਂਸ ਟੈਸਟ (ਸੀ ਯੂ ਈ ਟੀ ) ਦੇ ਯੂ ਜੀ ਸੀ ਨਤੀਜੇ 2023 ਵਿੱਚੋਂ 800 ਵਿੱਚੋਂ 799.64 ਅੰਕ ਪ੍ਰਾਪਤ ਦੇਸ਼ ਭਰ ਵਿੱਚੋਂ ਟਾਪ ਰੈਂਕ ਪ੍ਰਾਪਤ ਕੀਤਾ ਹੈ, ਜਿਸ ਦਾ ਨਤੀਜਾ ਸ਼ਨੀਵਾਰ ਨੂੰ ਐਲਾਨਿਆ ਗਿਆ। ਇਸ ਟੈਸਟ ਦੇ ਚਾਰ ਵਿਸ਼ਿਆਂ ਅੰਗਰੇਜ਼ੀ, ਭੂਗੋਲ, ਰਾਜਨੀਤੀ ਸ਼ਾਸਤਰ ਅਤੇ ਮਨੋਵਿਗਿਆਨ ਵਿੱਚ 100 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਸੀ. ਯੂ. ਈ.ਟੀ ਭਾਰਤ ਦੀਆਂ ਕੇਂਦਰੀ ਯੂਨੀਵਰਸਿਟੀਆਂ ਵਿੱਚ ਵੱਖ-ਵੱਖ ਅੰਡਰਗਰੈਜੂਏਟ ਕੋਰਸਾਂ ਵਿੱਚ ਦਾਖਲੇ ਲਈ ਨੈਸ਼ਨਲ ਟੈਸਟਿੰਗ ਏਜੰਸੀ (ਐਨ. ਟੀ. ਏ ) ਦੁਆਰਾ ਆਯੋਜਿਤ ਇੱਕ ਆਲ ਇੰਡੀਆ ਪ੍ਰੀਖਿਆ ਹੈ। ਮਾਹਿਰਾ ਨੇ ਦੱਸਿਆ ਕਿ ਇਸ ਰੈਂਕ ਨੇ ਮੇਰੇ ਲਈ ਦਿੱਲੀ ਯੂਨੀਵਰਸਿਟੀ ਦੇ ਸਭ ਤੋਂ ਵਧੀਆ ਕਾਲਜਾਂ ਵਿੱਚੋਂ ਇੱਕ ਵਿੱਚ ਦਾਖਲਾ ਲੈਣ ਦਾ ਰਾਹ ਪੱਧਰਾ ਕਰ ਦਿੱਤਾ ਹੈ। ਬਾਜਵਾ ਨੇ ਦੱਸਿਆ ਕਿ ਇਸ ਪ੍ਰੀਖਿਆ ਦੀ ਤਿਆਰੀ ਦੌਰਾਨ ਅਤੇ ਇਸ ਤੋਂ ਇਲਾਵਾ ਦਿਨ ਵਿੱਚ 7-8 ਘੰਟੇ ਅਧਿਐਨ ਕਰਦੀ ਰਹੀ । ਮੈਂ ਐਨ. ਸੀ ਆਰ. ਟੀ ਕਿਤਾਬਾਂ ਤੋਂ ਤਿਆਰੀ ਕਰਨ 'ਤੇ ਧਿਆਨ ਕੇਂਦਰਤ ਕੀਤਾ ਅਤੇ ਇਸ ਦੌਰਾਨ ਉਸ ਵੱਲੋਂ ਆਨਲਾਈਨ ਕੋਚਿੰਗ ਕੀਤੀ। ਮਾਹਿਰਾ ਬਾਜਵਾ ਸੇਂਟ ਜੋਸਫ ਕਾਨਵੈਂਟ ਸਕੂਲ, ਬਠਿੰਡਾ ਦੀ ਵਿਦਿਆਰਥਣ ਰਹੀ ਹੈ, ਜਿੱਥੇ ਉਹ 2022-23 ਬੈਚ ਲਈ ਵਿਦਿਆਰਥੀ ਕੌਂਸਲ ਦੀ ਮੁਖੀ ਸੀ ਅਤੇ ਉਸ ਨੇ 12ਵੀਂ ਸੀ ਬੀ ਐਸ ਈ ਦੀ ਪ੍ਰੀਖਿਆ ਵਿੱਚ 95.6% ਅੰਕ ਪ੍ਰਾਪਤ ਕੀਤੇ ਸਨ। ਉਸ ਦੀ ਮਾਤਾ ਅਮਰਦੀਪ ਕੌਰ ਨੇ ਕਿਹਾ, "ਉਸ ਦਾ ਝੁਕਾਅ ਬਚਪਨ ਤੋਂ ਹੀ ਕਿਤਾਬਾਂ ਪੜ੍ਹਨ ਵੱਲ ਸੀ ਅਤੇ ਉਸ ਦੀਆਂ ਦੋਵੇਂ ਭੈਣਾਂ ਵੱਲੋਂ ਸਫਲਤਾ ਵਿੱਚ ਅਹਿਮ ਭੂਮਿਕਾ ਨਿਭਾਈ ਹੈ।"ਬਠਿੰਡਾ ਵਿਖੇ ਰਹਿ ਰਹੇ ਪਿਤਾ ਜਸਵਿੰਦਰ ਸਿੰਘ ਬਾਜਵਾ ਜ਼ਿਮੀਂਦਾਰ ਹਨ ਅਤੇ ਮਾਤਾ ਅਮਰਦੀਪ ਕੌਰ ਬਾਜਵਾ ਵਕੀਲ ਹਨ। ਉਸ ਦੀ ਭੈਣ ਨੇਹਮਤ ਬਾਜਵਾ ਔਲਖ ਚੰਡੀਗੜ੍ਹ ਵਿਖੇ ਇੱਕ ਪ੍ਰੋਫੈਸਰ ਹੈ ਅਤੇ ਦੂਜੀ ਭੈਣ ਸਿਮਰਨ ਬਾਜਵਾ ਐਨ. ਐਲ. ਯੂ ਜੋਧਪੁਰ ਤੋਂ ਐਲ. ਐਲ ਐਮ ਵਿੱਚ ਤੀਹਰੀ ਸੋਨ ਤਗਮਾ ਜੇਤੂ ਹੈ।

ਕੇਂਦਰੀ ਯੂਨੀਵਰਸਿਟੀ ਦਾਖਲਾ ਪ੍ਰੀਖਿਆ ਭਾਰਤ ਦੀਆਂ ਕੇਂਦਰੀ ਯੂਨੀਵਰਸਿਟੀਆਂ ਵਿੱਚ ਵੱਖ-ਵੱਖ ਅੰਡਰ-ਗ੍ਰੈਜੂਏਟ ਕੋਰਸਾਂ ਵਿੱਚ ਦਾਖਲੇ ਲਈ ਨੈਸ਼ਨਲ ਟੈਸਟਿੰਗ ਏਜੰਸੀ (ਐਨ. ਟੀ. ਏ) ਦੁਆਰਾ ਆਯੋਜਿਤ ਇੱਕ ਆਲ-ਭਾਰਤੀ ਪ੍ਰੀਖਿਆ ਹੈ। ਇਹ ਟੈਸਟ ਪਾਸ ਕਰਨ ਤੋਂ ਬਾਅਦ ਸੇਂਟ ਸਟੀਫਨਜ, ਹਿੰਦੂ, ਲੇਡੀ ਸ੍ਰੀ ਰਾਮ, ਹੰਸਰਾਜ, ਰਾਮਜਸ ਕਾਲਜ ਆਦਿ ਲਈ ਸੀ. ਯੂ. ਈ. ਟੀ ਪ੍ਰੀਖਿਆ ਕੇਂਦਰੀ ਯੂਨੀਵਰਸਿਟੀਆਂ ਨਾਲ ਸੰਬੰਧਤ ਅਜਿਹੇ ਸਾਰੇ ਵੱਕਾਰੀ ਕਾਲਜਾਂ ਲਈ ਗੇਟਵੇ ਹੈ।

# ਪਰਜਾਪਤ ਗਰਦਾਰੀ ਵੱਲੋਂ ਮੁਆਵਜ਼ੇ ਦੀ ਮੰਗ



**ਮੂਨਕ (ਰਾਜਪਾਲ ਸਿੰਗਲਾ)**-ਇਲਾਕੇ ਵਿੱਚ ਘੱਗਰ ਦੇ ਤੇਜ਼ ਪਾਣੀ ਦੀ ਤਬਾਹੀ ਨਾਲ ਜਿੱਥੇ ਲੋਕਾਂ ਦੇ ਵੱਡੇ ਵੱਡੇ ਨੁਕਸਾਨ ਹੋਏ ਹਨ, ਉੱਥੇ ਹੀ ਸ਼ਹਿਰ ਦੇ ਇੱਕ ਗਰੀਬ ਪਰਜਾਪਤ ਦੀ ਕੁੱਝ ਦਿਨ ਪਹਿਲਾਂ ਹੀ ਸ਼ਹਿਰ ਦੀ ਕੋਰਟ ਕੰਪਲੈਕਸ ਕੋਲ ਮਿੱਟੀ ਦੇ ਭਾਂਡੇ ਵਾਲੀ ਦੁਕਾਨ ਘੱਗਰ ਦੇ ਤੇਜ਼ ਪਾਣੀ ਵਿੱਚ ਰੁੜ੍ਹ ਗਈ। ਇਸ ਗਰੀਬ ਲਈ ਇਲਾਕੇ ਦੇ ਲੋਕਾਂ ਨੇ ਪੰਜਾਬ ਸਰਕਾਰ ਤੋਂ ਮਾਲੀ ਮਦਦ ਦੀ ਅਪੀਲ ਵੀ ਕੀਤੀ। ਇਸ ਸੰਬੰਧੀ ਮੂਨਕ ਵਾਸੀ ਪਰਜਾਪਤ ਗਰਦਾਰੀ ਨੇ ਬੋਲਦੇ ਕਿਹਾ ਕਿ ਕੁਝ ਦਿਨ ਪਹਿਲਾਂ ਹੀ ਕਰਜ਼ਾ ਚੁੱਕੇ ਆਪਣੇ ਪਰਵਾਰ ਦੇ ਗੁਜ਼ਾਰੇ ਲਈ ਕੋਰਟ ਕੰਪਲੈਕਸ ਦੇ ਕੋਲ ਮਿੱਟੀ ਦੇ ਭਾਂਡਿਆਂ ਦੀ ਦੁਕਾਨ ਕੀਤੀ ਸੀ, ਤਾਂ ਕਿ ਇਸ ਦੁਕਾਨ ਦੇ ਸਹਾਰੇ ਪਰਵਾਰ ਦਾ ਗੁਜ਼ਾਰਾ ਚੱਲ ਸਕੇ, ਪਰ ਇਸ ਕੁਦਰਤੀ ਆਫਤ ਕਾਰਨ ਪੂਰੇ ਪਰਵਾਰ ਸਮੇਤ ਸੜਕ 'ਤੇ ਆਉਣ ਲਈ ਮਜਬੂਰ ਹਾਂ। ਪੰਜਾਬ ਸਰਕਾਰ ਤੋਂ ਉਮੀਦ ਕਰਦੇ ਕਿਹਾ ਕਿ ਉਸ ਦੀ ਮਾਲੀ ਮਦਦ ਕਰੇ ਤਾਂ ਕਿ ਉਹ ਫੇਰ ਤੋਂ ਅਪਣਾ ਰੁਜ਼ਗਾਰ ਚਲਾ ਕੇ ਪਰਵਾਰ ਦਾ ਪਾਲਣ ਪੋਸ਼ਣ ਕਰ ਸਕੇ।

# 'ਜੇ ਫਾਰਮ' ਦੇ ਅਧਾਰ 'ਤੇ ਪੈਨਸ਼ਨ ਬੰਦ ਕਰਨਾ ਬਜ਼ੁਰਗਾਂ ਨਾਲ ਬੇਇਨਸਾਫੀ : ਢਿੱਲੋਂ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ 'ਜੇ ਫਾਰਮ' ਮੁਤਾਬਕ ਮਹਿਜ ਸੱਠ ਹਜ਼ਾਰ ਤੋਂ ਵੱਧ ਰੁਪਏ ਦੀ ਸਾਲਾਨਾ ਆਮਦਨ ਮੰਨ ਕੇ ਬਜ਼ੁਰਗ ਲੋਕਾਂ ਦੀ ਬੁਢਾਪਾ ਪੈਨਸ਼ਨ ਬੰਦ ਕਰਨਾ ਗਰੀਬ ਲੋਕਾਂ ਤੇ ਕਿਸਾਨਾਂ ਨਾਲ ਬੇ-ਇਨਸਾਫੀ ਹੈ। ਸਰਕਾਰ ਦੀ ਇਸ ਪਹਿਲ ਦਾ ਹਰ ਹੀਲੇ ਵਿਰੋਧ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਜਨਰਲ ਸਕੱਤਰ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ, ਜੋ ਆਪਣੇ ਆਪ ਨੂੰ ਲੋਕਾਂ ਦੀ ਹਿਮਾਇਤੀ ਸਰਕਾਰ ਅਖਵਾਉਣ ਦੇ ਦਮਗਜ਼ੇ ਮਾਰਦੀ ਹੈ, ਉਹ ਅੰਦਰਖਾਤੇ ਲੋਕਾਂ ਦੀਆਂ ਜੜ੍ਹਾਂ ਵੱਢਦੀ ਹੈ। ਉਨ੍ਹਾ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੇ ਲੋਕ ਵਿਰੋਧੀ ਫੁਰਮਾਨ ਜਾਰੀ ਕੀਤਾ ਹੈ ਕਿ ਢਾਈ ਏਕੜ ਜ਼ਮੀਨ ਦੇ ਮਾਲਕ 'ਜੇ ਫਾਰਮ' ਦੇ ਅਧਾਰ 'ਤੇ ਜਿਨ੍ਹਾਂ ਬੁਢਾਪਾ ਪੈਨਸ਼ਨ ਧਾਰਕ ਲੋਕਾਂ ਦੀ ਆਮਦਨ ਸੱਠ ਹਜ਼ਾਰ ਤੋਂ ਉੱਤੇ ਟੱਪ ਜਾਂਦੀ ਹੈ, ਉਨ੍ਹਾਂ ਦੀ ਪੈਨਸ਼ਨ ਬੰਦ ਕੀਤੀ ਜਾਵੇਗੀ। ਇਸ ਸੰਬੰਧੀ ਸਰਕਾਰ ਵੱਲੋਂ ਪੈਨਸ਼ਨ ਧਾਰਕਾਂ ਨੂੰ 15 ਦਿਨਾਂ ਦੇ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਮਰਾਲਾ ਸਬ ਡਵੀਜ਼ਨ ਵਿੱਚ ਅਜੇ ਤੱਕ ਕਰੀਬ 300 ਲੋਕਾਂ ਨੂੰ ਪੈਨਸ਼ਨ ਸਬੰਧੀ ਜਵਾਬ ਤਲਬੀ ਦੇ ਨੋਟਿਸ ਆ ਗਏ ਹਨ ਤੇ ਇਨ੍ਹਾਂ ਨੋਟਿਸਾਂ ਦਾ ਆਉਣਾ ਜਾਰੀ ਹੈ। ਅਕਾਲੀ ਜਨਰਲ ਸਕੱਤਰ ਨੇ ਕਿਹਾ ਕਿ ਸਰਕਾਰ ਦੀ ਇਸ ਪਹਿਲ ਨਾਲ ਪੈਨਸ਼ਨ ਧਾਰੀ ਲੋਕਾਂ ਵਿੱਚ ਸਹਿਮ ਤੇ ਅਣਸੁਰੱਖਿਆ ਦੀ ਭਾਵਨਾ ਬਣੀ ਹੋਈ ਹੈ, ਕਿਉਂਕਿ ਸਰਕਾਰ ਵੱਲੋਂ ਮਹਿਜ ਨਿਗੁਣੀ ਜਿਹੀ ਮਿਲਦੀ ਬੁਢਾਪਾ ਪੈਨਸ਼ਨ 'ਤੇ ਹੀ ਗਾਜ ਗਿਰ ਰਹੀ ਹੈ। ਉਨ੍ਹਾ ਕਿਹਾ ਕਿ ਜੇ ਸਰਕਾਰ ਢਾਈ ਏਕੜ ਦੇ ਮਾਲਕ ਕਿਸਾਨ ਦੀ ਸੱਠ ਹਜ਼ਾਰ ਰੁਪਏ ਨੂੰ ਹੀ ਆਮਦਨ ਦਾ ਪੈਮਾਨਾ ਤੈਅ ਕਰਦੀ ਹੈ ਤਾਂ ਮਹਿਜ ਇੱਕ ਏਕੜ ਵਿੱਚੋਂ ਰਬੀ ਤੇ ਖਰੀਫ ਦੀਆਂ ਫਸਲਾਂ ਵਿੱਚ ਹੀ ਇਸ ਲਿਮਿਟ ਤੋਂ ਵੱਧ ਆਮਦਨ 'ਜੇ ਫਾਰਮ' 'ਤੇ ਸ਼ੋਅ ਹੋ ਜਾਂਦੀ ਹੈ। ਇਸ ਹਿਸਾਬ ਨਾਲ ਤਾਂ ਢਾਈ ਏਕੜ ਵਾਲੇ ਸਾਰੇ ਹੀ ਕਿਸਾਨ ਜੋ ਬੁਢਾਪਾ ਪੈਨਸ਼ਨ ਲੈ ਰਹੇ ਹਨ, ਸਰਕਾਰ ਦੀ ਮਾਰ ਹੇਠ ਆ ਜਾਣਗੇ।

ਉਨ੍ਹਾ ਸਰਕਾਰ ਦੇ ਇਸ ਫੈਸਲੇ ਆਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਨੇ ਹੁਣ ਤੱਕ ਜਿੰਨੇ ਵੀ ਫੈਸਲੇ ਲਏ ਹਨਸ ਉਹ ਲੋਕ ਵਿਰੋਧੀ ਹਨ। ਇਸ ਤਰ੍ਹਾਂ ਇਹ ਸਰਕਾਰ ਹਰ ਫਰੰਟ 'ਤੇ ਅਸਫਲ ਸਾਬਿਤ ਹੋ ਰਹੀ ਹੈ। ਉਨ੍ਹਾ ਕਿਹਾ ਸੂਬੇ ਵਿਚ ਬਦਅਮਨੀ ਫੈਲ ਰਹੀ ਹੈ। ਲੋਕ ਸਰਕਾਰ ਦੀਆਂ ਕਾਰਗੁਜ਼ਾਰੀਆਂ ਤੋਂ ਤੰਗ ਆ ਚੱਕੇ ਹਨ। ਇਹੋ ਕਾਰਣ ਹੈ ਕਿ ਹਰ ਰੋਜ਼ ਧਰਨੇ ਤੇ ਸਰਕਾਰ ਦੇ ਪਿੱਟ ਸਿਆਪੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਅਸੰਤੋਸ਼ ਫੈਲਿਆ ਹੋਇਆ ਹੈ, ਜਿਸ ਦੇ ਸਿੱਟੇ ਵਜੋਂ ਕਰਮਚਾਰੀ ਧਰਨੇ ਲਾਉਂਦੇ ਹਨ ਤੇ ਸੜਕਾਂ 'ਤੇ ਜਾਮ ਲਾਉਂਦੇ ਹਨ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਦਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਡੱਟਵਾਂ ਵਿਰੋਧ ਕੀਤਾ ਜਾਵੇਗਾ ਤੇ ਸਰਕਾਰ ਦੀ ਡਰਾਮੇਬਾਜ਼ੀ ਦੇ ਪਾਜ ਉਧੇੜੇ ਜਾਣਗੇ।

# ਸ਼ਾਹੀ ਇਮਾਮ ਲੁਧਿਆਣਵੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ

## ਮੁਸਲਿਮ ਸਮਾਜ ਦੁੱਖ ਦੀ ਘੜੀ 'ਚ ਪੀੜਤ ਲੋਕਾਂ ਨਾਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਹੜ੍ਹ ਦੀ ਮਾਰ ਝੱਲ ਰਹੇ ਪਟਿਆਲਾ ਦਾ ਹਲਕਾ ਸ਼ੁਤਰਾਣਾ ਦੇ ਪਿੰਡਾਂ 'ਚ ਰਾਹਤ ਸਮੱਗਰੀ ਲੈ ਕੇ ਪਹੁੰਚੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਹਲਕਾ ਸ਼ੁਤਰਾਣਾ ਦੇ ਪਿੰਡ ਦੁਤਾਲ ਵਿੱਚ ਪਹੁੰਚਣ ਮਗਰੋਂ ਉੱਥੇ ਜੋਹਰ ਦੀ ਨਮਾਜ਼ ਅਦਾ ਕਰਨ ਤੋਂ ਬਾਅਦ ਹੜ੍ਹ ਪ੍ਰਭਾਵਿਤ ਪਿੰਡ ਜੋਗੇਵਾਲਾ, ਬਹਿਰ ਸਾਹਿਬ ਦੇ ਡੇਰਿਆਂ 'ਚ, ਚਿੱਚੜਵਾਲਾ, ਰਸੌਲੀ, ਸ਼ੁਤਰਾਣਾ ਆਦਿ ਪਿੰਡਾਂ ਦਾ ਦੌਰਾ ਕੀਤਾ। ਸ਼ਾਹੀ ਇਮਾਮ ਪੰਜਾਬ ਨੇ ਹਲਕੇ ਦੇ ਲੋਕਾਂ ਨਾਲ ਦੁੱਖ ਸਾਂਝਾ ਕੀਤਾ ਤੇ ਹੜ੍ਹ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ ਵੰਡੀ। ਜਾਣਕਾਰੀ ਦਿੰਦਿਆਂ ਮੁਸਲਿਮ ਸਮਾਜ ਦੇ ਆਗੂ ਦਿਲਬਰ ਖਾਨ ਬਾਦਸ਼ਾਹਪੁਰ ਨੇ ਦੱਸਿਆ ਕਿ ਸ਼ਾਹੀ ਇਮਾਮ ਪੰਜਾਬ ਵੱਲੋਂ ਇਸ ਦੁੱਖ ਦੀ ਘੜੀ ਵਿੱਚ ਹਲਕੇ ਦੇ ਲੋਕਾਂ ਦੀ ਮਦਦ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਭਾਵੇਂ ਇਲਾਕੇ ਵਿੱਚ ਮੁਸਲਿਮ ਭਾਈਚਾਰਾ ਬਿਲਕੁਲ ਥੋੜ੍ਹੀ ਗਿਣਤੀ ਵਿੱਚ ਹੈ, ਪਰ ਇਸ ਦੁੱਖ ਦੀ ਘੜੀ ਵਿੱਚ ਧਰਮ, ਜਾਤ ਤੇ ਮਜ਼ਬ ਤੋਂ ਉੱਪਰ ਉੱਠ ਕੇ ਹਰ ਇੱਕ ਪੰਜਾਬੀ ਵੱਲੋਂ ਇਨਸਾਨੀਅਤ ਨਿਭਾਈ ਜਾ ਰਹੀ ਹੈ। ਉਨ੍ਹਾ ਕਿਹਾ ਕਿ ਪੰਜਾਬ ਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਲਈ ਸਾਰਿਆਂ ਦਾ ਇੱਕ ਜੁੱਟ ਹੋਣਾ ਹੀ ਇਸ ਦੀ ਸਭ ਤੋਂ ਵੱਡੀ ਖੂਬਸੂਰਤੀ ਹੈ। ਉਨ੍ਹਾਂ ਸ਼ਾਹੀ ਇਮਾਮ ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਸ਼ੁਤਰਾਣਾ ਦਾ ਮੁਸਲਿਮ ਭਾਈਚਾਰਾ ਦਿਲ ਦੀਆਂ ਗਹਿਰਾਈਆਂ ਵਿੱਚੋਂ ਉਨ੍ਹਾਂ ਦਾ ਧੰਨਵਾਦ ਕਰਦਾ ਹੈ। ਇਸ ਮੌਕੇ ਉਨ੍ਹਾਂ ਨਾਲ ਮੁਸਤਕੀਮ ਬਾਈ ਜਾਨ, ਬਹਾਦਰ ਖਾਨ ਧਬਲਾਨ ਮੈਂਬਰ ਘੱਟ ਗਿਣਤੀ ਕਮਿਸ਼ਨ ਪੰਜਾਬ ਚੇਅਰਮੈਨ ਮੁਸਲਿਮ ਮਹਾਂ ਸਭਾ ਪੰਜਾਬ, ਡਾ. ਜਤਿੰਦਰ ਸਿੰਘ ਮੱਟੂ ਸੂਬਾ ਪ੍ਰਧਾਨ ਡਾ. ਅੰਬੇਡਕਰ ਕਿਰਤੀ ਮਜ਼ਦੂਰ ਸੰਘ ਪੰਜਾਬ, ਚਮਨ ਕੁਰੈਸ਼ੀ ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰਧਾਨ ਫਤਹਿਗੜ੍ਹ ਸਾਹਿਬ, ਮੁਹੰਮਦੀ ਮਸਜਿਦ ਪਿੰਡ ਦੁਤਾਲ ਪ੍ਰਧਾਨ ਦਿਲਬਰ ਖਾਨ ਬਾਦਸ਼ਾਹਪੁਰ, ਮੀਤ ਪ੍ਰਧਾਨ ਪ੍ਰਤਾਪ ਸਿੰਘ ਵਿਰਕ, ਰਮਜਾਨ ਖਾਨ, ਲੱਕੀ ਕਲਵਾਨੂੰ, ਟਿੰਕੂ ਕਲਵਾਨੂੰ, ਅਨਵਰ ਖਾਨ, ਬੱਬੂ ਵਿਰਕ, ਮੇਜਰ ਸਿੰਘ ਵਿਰਕ, ਸੂਬਾ ਖਾਨ ਕਲਰਭੈਣੀ ਆਦਿ ਹਾਜ਼ਰ ਸਨ।

# ਪੀੜਤਾਂ ਦੇ ਦਰਾਂ 'ਤੇ ਜਾ ਕੇ ਰਾਹਤ ਸਮਗਰੀ ਵੰਡ ਰਹੇ ਨੇ ਡੇਰਾ ਸ਼ਰਧਾਲੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਮਦਦ ਲਈ ਡੇਰਾ ਸੱਚਾ ਸੌਦਾ ਦੀ ਸ਼ਾਹ ਸਤਿਨਾਮ ਜੀ ਗ੍ਰੀਨ ਐੱਸ ਵੈੱਲਫੇਅਰ ਫੋਰਸ ਵਿੰਗ ਦੇ ਬਲਾਕ ਪਾਤੜਾਂ ਦੇ ਸੇਵਾਦਾਰ ਲਗਾਤਾਰ ਜੁਟੇ ਹੋਏ ਹਨ। ਸੇਵਾਦਾਰਾਂ ਦੇ ਹੌਸਲੇ ਐਨੇ ਬੁਲੰਦ ਹਨ ਕਿ ਉਹ ਆਪਣੀ ਜਾਨ ਦੀ ਪ੍ਰਵਾਹ ਨਾ ਕਰਕੇ ਦੂਜਿਆਂ ਦੀ ਜਾਨ ਬਚਾਉਣ ਤੇ ਰਾਹਤ ਸਮੱਗਰੀ ਪਹੁੰਚਾ ਰਹੇ ਹਨ। ਪਾਤੜਾਂ ਖੇਤਰ 'ਚ ਹੜ੍ਹਾਂ ਦੀ ਮਾਰ ਝੱਲ ਰਹੇ ਵੱਡੀ ਗਿਣਤੀ ਪਿੰਡਾਂ ਦੀ ਮਦਦ ਲਈ ਸ਼ਾਹ ਸਤਿਨਾਮ ਜੀ ਗ੍ਰੀਨ ਐੱਸ ਵੈੱਲਫੇਅਰ ਫੋਰਸ ਵਿੰਗ ਦੇ ਸੈਂਕੜੇ ਸੇਵਾਦਾਰ ਜੁਟੇ ਹੋਏ ਹਨ। ਸੇਵਾਦਾਰਾਂ ਵੱਲੋਂ ਪੀੜਤਾਂ ਨੂੰ ਜਿਸ ਤਰ੍ਹਾਂ ਦੇ ਵੀ ਸਾਮਾਨ ਦੀ ਜ਼ਰੂਰਤ ਮਹਿਸੂਸ ਹੋ ਰਹੀ ਹੈ, ਉਸੇ ਤਰ੍ਹਾਂ ਦਾ ਸੁੱਕਾ ਰਾਸ਼ਨ ਜਾਂ ਮੈਡੀਕਲ ਸਮੱਗਰੀ ਪਹੁੰਚਾਈ ਜਾ ਰਹੀ ਹੈ। ਸੇਵਾਦਾਰਾਂ ਦੇ ਸੇਵਾ ਭਾਵਨਾ ਦੇ ਜਜ਼ਬੇ ਨੂੰ ਦੇਖ ਕੇ ਪਾਣੀ 'ਚ ਘਿਰੇ ਲੋਕ ਕਾਫੀ ਸ਼ਲਾਘਾ ਕਰ ਰਹੇ ਹਨ। ਸੇਵਾਦਾਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਸਿੱਖਿਆ ਪੂਜਨੀਕ ਹਜ਼ੂਰ ਪਿਤਾ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਵੱਲੋਂ ਦਿੱਤੀ ਗਈ ਹੈ ਕਿ ਮੁਸੀਬਤ 'ਚ ਫਸੇ ਲੋਕਾਂ ਦੀ ਮੱਦਦ ਕਰੋ ਤਾਂ ਜੋ ਉਨ੍ਹਾਂ ਦੇ ਦੁੱਖਾਂ ਨੂੰ ਘਟਾਇਆ ਜਾ ਸਕੇ, ਇਹ ਹੀ ਇਨਸਾਨੀਅਤ ਹੈ।

# ਆਪ ਵਲੰਟੀਅਰਾਂ ਦੀ ਗੁੰਡਾਗਰਦੀ ਦੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਨਿੰਦਾ



**ਮੋਗਾ (ਅਮਰਜੀਤ ਬੱਬਰੀ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਵੱਲੋਂ ਬੀਤੇ ਦਿਨ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਦੇ ਸੱਦੇ ਤਹਿਤ ਮਹਿੰਦਰਪਾਲ ਲੂੰਬਾ ਦੀ ਬਦਲੀ ਰੱਦ ਕਰਵਾਉਣ ਲਈ ਤੇ ਸਿਵਿਲ ਹਸਪਤਾਲ ਮੋਗਾ ਵਿੱਚ ਕੀਤੀਆਂ ਜਾ ਰਹੀਆਂ ਧਾਂਦਲੀਆਂ ਖਿਲਾਫ ਮੋਗਾ ਜ਼ਿਲ੍ਹੇ ਦੇ ਸ਼ਹਿਰਾਂ ਤੇ ਪਿੰਡਾਂ 'ਚ ਐੱਮ ਐੱਲ ਏ ਅਮਨਦੀਪ ਕੌਰ ਅਰੋੜਾ ਦੇ ਪੁਤਲੇ ਫੂਕਣ ਦਾ ਪ੍ਰੋਗਰਾਮ ਐਲਾਨਿਆ ਗਿਆ ਸੀ। ਇਸ ਤਹਿਤ ਬਾਘਾ ਪੁਰਾਣਾ, ਨਿਹਾਲ ਸਿੰਘ ਵਾਲਾ ਤੇ ਧਰਮਕੋਟ ਵਿੱਚ ਪੁਤਲੇ ਫੂਕੇ ਗਏ, ਪ੍ਰੰਤੂ ਮੋਗਾ ਸ਼ਹਿਰ ਦੇ ਮੇਨ ਚੌਕ ਵਿੱਚ ਪੁਤਲਾ ਫੂਕਿਆ ਜਾਣਾ ਸੀ ਤੇ ਨਾਲ ਹੀ ਪਿੰਡ ਖੋਸਾ ਪਾਂਡੋ ਤੇ ਖੁਖਰਾਣਾ ਪਿੰਡ ਵਿੱਚ ਵੀ ਵਿਧਾਇਕਾ ਅਮਨਦੀਪ ਅਰੋੜਾ ਦੇ ਪੁਤਲੇ ਫੂਕੇ ਜਾਣੇ ਸਨ, ਪ੍ਰਸ਼ਾਸਨ ਨਾਲ ਮੀਟਿੰਗ ਹੋਈ ਤੇ ਦੋ ਦਿਨ ਲਈ ਪੁਤਲੇ ਫੂਕਣ ਦਾ ਪ੍ਰੋਗਰਾਮ ਰੱਦ ਕੀਤਾ ਗਿਆ, ਪ੍ਰੰਤੂ ਜਿਸ ਜਗ੍ਹਾ ਪੁਤਲੇ ਫੂਕਣੇ ਸਨ, ਉਨ੍ਹਾਂ ਵੱਖ-ਵੱਖ ਤਿੰਨ ਜਗ੍ਹਾ ਮੋਗਾ, ਖੋਸਾ ਪਾਂਡੋ ਤੇ ਖੁਖਰਾਣਾ 'ਚ ਵਿਧਾਇਕਾ ਅਮਨਦੀਪ ਅਰੋੜਾ ਦੀ ਕਥਿਤ ਸ਼ਹਿ 'ਤੇ ਆਮ ਆਦਮੀ ਪਾਰਟੀ ਦੇ ਗੁੰਡੇ ਆਏ ਤੇ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਦੇ ਮੈਂਬਰਾਂ ਤੇ ਭਰਾਤਰੀ ਜਥੇਬੰਦੀਆ ਦੇ ਆਗੂਆਂ ਨੂੰ ਡਰਾਉਣ ਧਮਕਾਉਣ ਲੱਗੇ ਤੇ ਗੁੰਡਾਗਰਦੀ 'ਤੇ ਉੱਤਰ ਆਏ। ਪਿੰਡ ਖੁਖਰਾਣਾ 'ਚ ਪ੍ਰੋਗਰਾਮ ਰੱਦ ਹੋਣ ਉਪਰੰਤ ਵੀ ਆਪ ਦਾ ਗੁੰਡਾ-ਗਰੋਹ ਗੁੰਡਾਗਰਦੀ ਕਰਨੋਂ ਨਾ ਟਲਿਆ ਤੇ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਆਗੂ ਕੁਲਦੀਪ ਖੁਖਰਾਣਾ ਨੂੰ ਕੁੱਟਣ-ਮਾਰਨ ਲੱਗਿਆ, ਪ੍ਰੰਤੂ ਲੋਕਾਂ ਦੇ ਰੋਹ ਅੱਗੇ ਧਮਕੀਆਂ ਦਿੰਦੇ ਹੋਏ ਤੇ ਗਾਲੀ-ਗਲੋਚ ਕਰਦੇ ਹੋਏ ਫਰਾਰ ਹੋ ਗਏ। ਆਮ ਆਦਮੀ ਪਾਰਟੀ ਦੇ ਗੁੰਡਾ-ਗਰੋਹ ਵਿੱਚ ਅੰਗਰੇਜ ਸਿੰਘ ਸਮਰਾ, ਪਿਆਰਾ ਸਿੰਘ ਬੱਧਨੀ, ਅਮਿਤ ਪੁਰੀ, ਰਮਨਪ੍ਰੀਤ ਸਿੰਘ ਦੱਦਾਹੂਰ, ਨਛੱਤਰ ਸਿੰਘ, ਕਮਲ ਮੱਲੀਆਂ ਵਾਲਾ, ਗੁਰਵੰਤ ਸਿਵੀਆਂ ਸ਼ੋਸ਼ਣ, ਕੁਲਵਿੰਦਰ ਤਾਰੇਵਾਲਾ ਨੈਸਲੇ, ਜਸਵੰਤ ਬੈਂਸ, ਹਰਜੀਤ ਗਿੱਲ ਲੰਢੇਕੇ, ਨਿਸ਼ਾਨ ਸਿੰਘ, ਅੰਗਰੇਜ ਦੌਲਤਪੁਰਾ, ਹੈਪੀ ਖੋਸਾ ਪਾਂਡੋ, ਊਧਮ ਸਿੰਘ, ਬਲਜਿੰਦਰ ਸਿੰਘ, ਹਰਪ੍ਰੀਤ ਸਿੰਘ, ਬਲਦੇਵ ਖੁਖਰਾਣਾ, ਮਨਜੀਤ ਕੋਰੇਵਾਲਾ ਹਾਜ਼ਰ ਸਨ। ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਦੇ ਕਮੇਟੀ ਆਗੂਆਂ ਨੇ ਪ੍ਰਸ਼ਾਸਨ ਤੇ ਆਮ ਆਦਮੀ ਪਾਰਟੀ ਨੂੰ ਸਖਤ ਚਿਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਇਨ੍ਹਾਂ ਗੁੰਡਿਆਂ ਉੱਪਰ ਕਨੂੰਨੀ ਕਾਰਵਾਈ ਨਾ ਕੀਤੀ ਤੇ ਇਨ੍ਹਾਂ ਨੂੰ ਨੱਥ ਨਾ ਪਾਈ ਤਾਂ ਆਉਂਦੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਨੇ ਆਪਣੇ ਦਫਤਰ ਵਿੱਚ ਮੀਟਿੰਗ ਕਰਕੇ ਆਪ ਦੇ ਗੁੰਡਿਆਂ ਵੱਲੋਂ ਕੀਤੀ ਗੁੰਡਾਗਰਦੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

# ਸਰੀਰ ਦਾਨੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਦਿੱਤਾ ਜਾਵੇ ਮਾਣ-ਸਤਿਕਾਰ : ਜੈਨ



ਨਵਾਂਸ਼ਹਿਰ ,( ਕੁਲਵਿੰਦਰ ਸਿੰਘ ਦੁਰਗਾਪੁਰੀਆ) ਦੋਆਬਾ ਸੇਵਾ ਸੰਮਤੀ ਨਵਾਂਸਹਿਰ ਵੱਲੋਂ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਪੰਜਾਬ ਡਾਕਟਰ ਬਲਬੀਰ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਮ੍ਰਿਤਕ ਸਰੀਰ ਦਾਨੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਬਣਦਾ ਮਾਣ-ਸਤਿਕਾਰ ਦੇਣ ਦੀ ਮੰਗ ਕੀਤੀ ਗਈ। ਸੰਮਤੀ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਹੁਣ ਕਈ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਤੋਂ ਪ੍ਰੇਰਨਾ ਲੈ ਕੇ ਲੋਕ ਮਰਨ ਉਪਰੰਤ ਸਰੀਰ ਦਾਨ ਕਰਨ ਦਾ ਪ੍ਰਣ ਲੈ ਰਹੇ ਹਨ। ਪਰ ਜਦੋਂ ਕਿਸੇ ਸਰੀਰ ਦਾਨੀ ਦੀ ਮੌਤ ਹੋ ਜਾਂਦੀ ਹੈ! ਇਸ ਦੁੱਖ ਦੀ ਘੜੀ ਵਿਚ ਜਦੋਂ ਉਸਦੇ ਪਰਵਾਰਕ ਮੈਂਬਰਾਂ ਨੇ ਮੈਡੀਕਲ ਕਾਲਜ ਵਾਲਿਆਂ ਨਾਲ ਸੰਪਰਕ ਕੀਤਾ ਤਾਂ ਉਕਤ ਮੈਡੀਕਲ ਕਾਲਜ ਵਾਲਿਆਂ ਦਾ ਕਹਿਣਾ ਹੈ ਕਿ ਤੁਸੀਂ ਖ਼ੁਦ ਆ ਕੇ ਲਾਸ਼ ਸਰਕਾਰੀ ਮੈਡੀਕਲ ਕਾਲਜ ਨੂੰ ਦੇ ਜਾਉ! ਇਹ ਸੁਣ ਕੇ ਉਸ ਸਮੇਂ ਦਾਨੀ ਦੇ ਪਰਵਾਰ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚ ਜਾਂਦੀ ਹੈ, ਉਹ ਸੋਚਣ ਲੱਗ ਪੈਂਦਾ ਹੈ ਕਿ ਅਸੀਂ ਆਪਣੇ ਪਿਆਰੇ ਦਾ ਸੰਸਕਾਰ ਕਰਨ ਦੀ ਬਜਾਏ ਉਸ ਦਾ ਮ੍ਰਿਤਕ ਸਰੀਰ ਸਰਕਾਰੀ ਮੈਡੀਕਲ ਕਾਲਜ ਨੂੰ ਦੇ ਰਹੇ ਹਾਂ। ਪਰ ਮੈਡੀਕਲ ਕਾਲਜ ਵਾਲੇ ਖੁਦ ਸਰੀਰ ਦਾਨੀ ਦੇ ਘਰ ਆ ਕੇ ਉਸ ਦਾ ਮ੍ਰਿਤਕ ਸਰੀਰ ਇੱਜਤ ਮਾਣ ਦੇ ਨਾਲ ਲੈ ਕੇ ਨਹੀਂ ਜਾਂਦੇ , ਜਦ ਕਿ ਮੈਡੀਕਲ ਕਾਲਜ ਵਿੱਚ ਪੜ੍ਹਾਈ ਕਰਨ ਵਿਦਿਆਰਥੀ ਨੂੰ ਉਸ ਦੀ ਬਹੁਤ ਲੋੜ ਹੁੰਦੀ ਹੈ। ਇਸ ਮੌਕੇ ਦੋਆਬਾ ਸੇਵਾ ਸੰਮਤੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਦੋਂ ਕਿਸੇ ਸਰੀਰ ਦਾਨੀ ਦੀ ਮੌਤ ਹੋ ਜਾਂਦੀ ਹੈ ਤਾਂ ਸਰਕਾਰੀ ਮੈਡੀਕਲ ਕਾਲਜ ਦੀ ਟੀਮ ਖੁਦ ਹੀ ਉਸ ਸਰੀਰ ਦਾਨੀ ਦੀ ਦੇਹ ਲੈ ਕੇ ਜਾਵੇ, ਜਦੋਂ ਸਰੀਰ ਦਾਨੀ ਦੇ ਭੋਗ ਦੀ ਰਸਮ ਹੁੰਦੀ ਹੈ ਤਾਂ ਪ੍ਰਸ਼ਾਸਨਿਕ ਅਧਿਕਾਰੀ ਖੁਦ ਜਾ ਕੇ ਉਨ੍ਹਾਂ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਅਤੇ ਬਣਦਾ ਸਤਿਕਾਰ ਦੇਣ। 15 ਅਗਸਤ ਜਾਂ 26 ਜਨਵਰੀ ਨੂੰ ਸਰੀਰ ਦਾਨੀਆਂ ਦੇ ਪਰਵਾਰ ਨੂੰ ਸਨਮਾਨਿਤ ਕੀਤਾ ਜਾਵੇ। ਇਸ ਮੌਕੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਬੱਲੂ, ਹਲਕਾ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆ, ਮਾਰਕੀਟ ਕਮੇਟੀ ਦੇ ਚੇਅਰਮੈਨ ਗਗਨ ਅਗਨੀਹੋਤਰੀ ਅਤੇ ਦੋਆਬਾ ਸੇਵਾ ਸੰਮਤੀ ਦੇ ਅਸ਼ੋਕ ਸ਼ਰਮਾ , ਹਰਵਿੰਦਰ ਸਿੰਘ ਹਾਫਿਜਾਬਾਦੀ ਅਤੇ ਹੋਰ ਪਤਵੰਤੇ ਸੱਜਣ ਹਾਜਰ ਸਨ ।

# ਲੱਤ ਵਿਹੂਣੇ ਲਾਲ ਚੰਦ ਨੂੰ ਟਰਾਈ ਸਾਇਕਲ ਭੇਟ



ਬਹਿਰਾਮ (ਅਵਤਾਰ ਕਲੇਰ) ਪਿੰਡ ਲਾਲਪੁਰ ਵਾਸੀ ਲਾਲ ਚੰਦ (70) ਨੂੰ ਸਮਾਜ ਸੇਵੀਆਂ ਦੇ ਤਰਦੱਦ ਨਾਲ ਟਰਾਈ ਸਾਇਕਲ ਪ੍ਰਦਾਨ ਕੀਤੀ ਗਈ। ਇਹ ਰਸਮ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਜਨਰਲ ਸਕੱਤਰ ਜੱਥੇਦਾਰ ਕੁਲਵਿੰਦਰ ਸਿੰਘ ਢਾਹਾਂ ਨੇ ਨਿਭਾਈ। ਉਹਨਾਂ ਕਿਹਾ ਕਿ ਲੋਕ ਸੇਵਾ ਵਿੱਚ ਹੀ ਕੁਦਰਤ ਦੀ ਰਜਾ ਹੁੰਦੀ ਹੈ। ਇਸ ਮੌਕੇ ਸਾਇਕਲ ਸਵੇਰ ਕਾਫ਼ਲਾ ਬੰਗਾ ਦੇ ਨੁਮਾਇੰਦੇ ਇੰਜ. ਭੁਪੇਸ਼ ਕੁਮਾਰ ਨੇ ਵੀ ਅਜੋਕੇ ਨਿੱਜਵਾਦ ਦੌਰ 'ਚ ਸਾਂਝੇ ਕਾਰਜਾਂ ਲਈ ਹਿੱਸੇਦਾਰ ਬਣਨ ਦਾ ਸੁਨੇਹਾ ਦਿੱਤਾ। ਦੱਸਣਯੋਗ ਹੈ ਕਿ ਉਕਤ ਲਾਭਪਾਤਰੀ ਲਾਲ ਚੰਦ ਦੇ ਸ਼ੂਗਰ ਨਾਲ ਪੀੜਤ ਹੋਣ ਕਰਕੇ ਇੱਕ ਲੱਤ ਕੱਟਣੀ ਪਈ ਸੀ। ਇਸ ਮੌਕੇ ਪਿੰਡ ਲਾਲਪੁਰ ਦੇ ਸਾਬਕਾ ਸਰਪੰਚ ਬਿੰਦਰ ਲਾਲਪੁਰ, ਸਮਾਜਿਕ ਸਾਂਝ ਸੰਸਥਾ ਬੰਗਾ ਦੇ ਸਕੱਤਰ ਸੁਰਜੀਤ ਮਜਾਰੀ ਅਤੇ ਪਿੰਡ ਬਲਾਕੀਪੁਰ ਵਾਸੀ ਜੱਥੇਦਾਰ ਕਿਰਪਾਲ ਸਿੰਘ ਆਦਿ ਵੀ ਸ਼ਾਮਲ ਸਨ।

# ਸੇਂਟ ਸੋਲਜਰ ਮੈਨੇਜਮੈਂਟ ਦੇ ਵਿਦਿਆਰਥੀਆਂ ਨੇ ਸਭ ਨੂੰ ਬੂਟੇ ਲਗਾਉਣ ਦੀ ਕੀਤੀ ਅਪੀਲ



ਜਲੰਧਰ, (ਇਕਬਾਲ ਸਿੰਘ ਉੱਭੀ) :- ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਚਿਊਟ, ਕਪੂਰਥਲਾ ਰੋਡ ਵਿਖੇ ਪਲਾਂਟੇਸ਼ਨ ਡਰਾਈਵ ਦਾ ਆਯੋਜਨ ਕਰਕੇ ਵਣ ਮਹੋਤਸਵ ਮਨਾਇਆ ਗਿਆ। ਜਿਸ ਵਿਚ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਜਿਨ੍ਹਾਂ ਦਾ ਸਵਾਗਤ ਪ੍ਰਿੰਸੀਪਲ ਡਾ. ਰੋਹਨ ਸ਼ਰਮਾ ਨੇ ਕੀਤਾ। ਸਾਰਿਆਂ ਨੇ ਕਾਲਜ ਕੈਂਪਸ ਅਤੇ ਆਲੇ-ਦੁਆਲੇ ਬੂਟੇ ਲਗਾਏ। ਇਸ ਦੌਰਾਨ ਮੈਰੀਗੋਲਡ, ਅੰਬ, ਸੰਤਰਾ, ਸਪਾਈਡਰ ਪਲਾਂਟ, ਲਿਲੀ ਫਲਾਵਰ, ਡੇਜ਼ੀ, ਹਿਬਿਸਕਸ ਅਜ਼ਾਲੀਆ ਆਦਿ ਦੇ ਪੌਦੇ ਲਗਾਏ ਗਏ ਅਤੇ ਉਨ੍ਹਾਂ ਦੀ ਦੇਖਭਾਲ ਦੀ ਜ਼ਿੰਮੇਵਾਰੀ ਵੀ ਲਈ ਗਈ। ਵਿਦਿਆਰਥੀ ਕਾਲਜ ਸਮੇਂ ਦੌਰਾਨ ਉਨ੍ਹਾਂ ਪੌਦਿਆਂ ਦੀ ਦੇਖਭਾਲ ਕਰਨਗੇ, ਖਾਦ ਪਾਉਣਗੇ ਅਤੇ ਪਾਣੀ ਦੀ ਜ਼ਰੂਰਤ ਦਾ ਵੀ ਧਿਆਨ ਰੱਖਣਗੇ। ਵਿਦਿਆਰਥੀਆਂ ਨੂੰ ਪੌਦਿਆਂ ਨੂੰ ਵਧਣ-ਫੁੱਲਣ ਲਈ ਕਿਸ ਮੌਸਮ ਵਿੱਚ ਕਿੰਨਾ ਪਾਣੀ ਅਤੇ ਕਿੰਨੀ ਖਾਦ ਦੀ ਲੋੜ ਹੁੰਦੀ ਹੈ, ਬਾਰੇ ਵੀ ਜਾਣਕਾਰੀ ਦਿੱਤੀ ਗਈ। ਹਰ ਹਫ਼ਤੇ ਪ੍ਰਿੰਸੀਪਲ ਅਤੇ ਕਲਾਸ ਇੰਚਾਰਜ ਵੱਲੋਂ ਪੌਦਿਆਂ ਦੀ ਜਾਂਚ ਕੀਤੀ ਜਾਵੇਗੀ। ਪ੍ਰਿੰਸੀਪਲ ਡਾ. ਰੋਹਨ ਸ਼ਰਮਾ ਨੇ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਵਿਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੋਵੇਗੀ। ਚੇਅਰਮੈਨ ਅਨਿਲ ਚੋਪੜਾ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਵਾਤਾਵਰਨ ਵਿੱਚ ਵੱਧ ਰਹੇ ਪ੍ਰਦੂਸ਼ਣ ਨੂੰ ਘੱਟ ਕਰਨ ਅਤੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨੀ ਪਵੇਗੀ ਅਤੇ ਇਸ ਲਈ ਨੌਜਵਾਨ ਪੀੜ੍ਹੀ ਨੂੰ ਵੱਧ ਤੋਂ ਵੱਧ ਪ੍ਰੇਰਿਤ ਕਰਨ ਦੀ ਲੋੜ ਹੈ ਕਿਉਂਕਿ ਹਰੇ-ਭਰੇ ਰੁੱਖ ਹੀ ਸਾਡਾ ਭਵਿੱਖ ਹਨ। ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਆਧਾਰ ਹਨ। ਰੁੱਖ ਅਤੇ ਪੌਦੇ ਮਨੁੱਖ ਦੀਆਂ ਹਜ਼ਾਰਾਂ ਲੋੜਾਂ ਪੂਰੀਆਂ ਕਰਦੇ ਹਨ। ਜੇਕਰ ਧਰਤੀ 'ਤੇ ਰੁੱਖ ਨਹੀਂ ਹਨ ਤਾਂ ਸਾਡਾ ਜੀਵਨ ਅਸੰਭਵ ਹੈ।

# ਸਿਲਵਰ ਓਕ ਸਕੂਲ ਨੇ ਮਿਸ਼ਨ ਹਰਿਆਲੀ ਤਹਿਤ ਲਗਾਏ ਹਜ਼ਾਰਾਂ ਬੂਟੇ : ਪ੍ਰਿੰਸੀਪਲ



ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)- ਟਾਂਡਾ ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾਂ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਵੱਲੋਂ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਦੇ ਸਹਿਯੋਗ ਨਾਲ ਜਾਰੀ ਕੀਤੇ ਮਿਸ਼ਨ ਹਰਿਆਲੀ 2023 ਵਿੱਚ ਬੜੇ ਜੋਸ਼ ਨਾਲ ਹਿੱਸਾ ਲਿਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਦੀ ਮੈਨੇਜਮੈਂਟ, ਸਟਾਫ ਅਤੇ ਬੱਚਿਆਂ ਨੇ ਹਜਾਰਾਂ ਪੌਦੇ ਲਗਾ ਕੇ ਇੱਕ ਦਿਨ ਦੇ ਵਿੱਚ 7 ਲੱਖ ਤੋਂ ਵੱਧ ਪੌਦੇ ਲਗਾਉਣ ਦੇ ਵਿਸ਼ਵ ਰਿਕਾਰਡ ਨੂੰ ਬਣਾਉਣ ਦੇ ਵਿੱਚ ਹਿੱਸਾ ਪਾਇਆ। ਪ੍ਰਿੰਸੀਪਲ ਨੇ ਦੱਸਿਆ ਕਿ ਕੇਵਲ ਸਕੂਲ ਦੇ ਸਟਾਫ ਅਤੇ ਬੱਚੇ ਹੀ ਨਹੀਂ ਸਗੋਂ ਬੱਚਿਆਂ ਦੇ ਮਾਪਿਆਂ ਨੇ ਵੀ ਇਸ ਮਿਸ਼ਨ ਦੇ ਵਿੱਚ ਪੂਰੀ ਤਨਦੇਹੀ ਨਾਲ ਭਾਗ ਲਿਆ। ਬੱਚਿਆਂ ਵਲੋਂ ਹਿਊਮਨ ਟਰੀ ਦਾ ਆਕਾਰ ਬਣਾ ਕੇ ਵਾਤਾਵਰਨ ਨੂੰ ਬਚਾਉਣ ਦਾ ਸੁਨੇਹਾ ਦਿੱਤਾ ਗਿਆ। ਉਹਨਾਂ ਦੱਸਿਆ ਕਿ ਪੰਜਾਬ ਨੂੰ ਮੌਜੂਦਾ ਹਾਲਾਤਾਂ ਵਿੱਚੋਂ ਬਾਹਰ ਕੱਢਣ ਲਈ ਇਹ ਬਹੁਤ ਜਰੂਰੀ ਹੈ ਕਿ ਵੱਧ ਤੋਂ ਵੱਧ ਛਾਂਦਾਰ ਬੂਟੇ ਲਗਾਏ ਜਾਣ। ਜ਼ਿਕਰਯੋਗ ਹੈ ਕਿ ਸਕੂਲ ਮੈਨੇਜਮੈਂਟ ਵੱਲੋਂ 2000 ਤੋਂ ਵੱਧ ਛਾਂਦਾਰ ਅਤੇ ਫਲਦਾਰ ਬੂਟੇ ਬੱਚਿਆਂ ਨੂੰ ਸੌਂਪੇ ਗਏ ਤਾਂ ਕਿ ਬੱਚੇ ਆਪਣੇ ਆਪਣੇ ਘਰਾਂ ਵਿੱਚ ਜਾ ਕੇ ਸਹੀ ਜਗ੍ਹਾ ਦੇ ਉੱਤੇ ਇਹ ਪੌਦੇ ਲਗਾ ਸਕਣ ਤੇ ਇਹਨਾਂ ਦੀ ਦੇਖ ਭਾਲ ਕਰ ਸਕਣ। ਇਸ ਮੌਕੇ 'ਤੇ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਰਾਜਵਿੰਦਰ ਕੌਰ, ਜਗਬੰਧਨ ਸਿੰਘ, ਪਰਮਜੀਤ ਕੌਰ, ਰਾਜਵੀਰ ਕੌਰ, ਪ੍ਰਿਯਾ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਕੰਚਨ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਹਰਜੀਤ, ਕੁਲਵਿੰਦਰ, ਪਰਮਿੰਦਰ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ 10 ਰੋਜ਼ਾ ਲੋਕ ਨਾਚ ਭੰਗੜਾ ਕੈਂਪ ਸ਼ਾਨੋ-ਸ਼ੌਕਤ ਨਾਲ ਸੰਪੰਨ



ਜਲੰਧਰ( ਸ਼ੈਲੀ ਐਲਬਰਟ) ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ ਪੰਜਾਬੀ ਲੋਕਨਾਚਾਂ ਨੂੰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ 10 ਰੋਜ਼ਾ ਲੋਕ ਨਾਚ ਭੰਗੜਾ ਟ੍ਰੇਨਿੰਗ ਕੈਂਪ ਲਗਾਇਆ ਗਿਆ, ਜਿਸ ਵਿੱਚ ਤਿੰਨ ਸਾਲ ਤੋਂ ਲੈ ਕੇ 60 ਸਾਲ ਤੱਕ ਦੀ ਉਮਰ ਦੇ 450 ਤੋਂ ਵੱਧ ਭੰਗੜਾ ਪ੍ਰੇਮੀਆਂ ਨੇ ਭਾਗ ਲਿਆ । ਅੰਤਿਮ ਦਿਨ ਚੰਨੀ ਟਕੁਲੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ, ਪ੍ਰੋ. ਨਵਦੀਪ ਕੌਰ, ਪ੍ਰੋ. ਸੁਮਨ ਚੋਪੜਾ, ਪ੍ਰੋ. ਜਸਵਿੰਦਰ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਬਲਰਾਜ ਕੌਰ, ਪ੍ਰੋ. ਐਸ.ਐਸ. ਬੈਂਸ, ਪ੍ਰੋ. ਪਲਵਿੰਦਰ ਸਿੰਘ ਡੀਨ ਕਲਚਰਲ ਮਾਮਲੇ ਨੇ ਮੁੱਖ ਮਹਿਮਾਨ ਸੁਆਗਤ ਕੀਤਾ। ਪ੍ਰਿੰਸੀਪਲ ਨੇ ਦੱਸਿਆ ਕਿ ਇਹ ਕੈਂਪ ਬਿਲਕੁਲ ਮੁਫ਼ਤ ਲਗਾਇਆ ਗਿਆ ਤੇ ਕਿਸੇ ਕੋਲੋਂ ਕੋਈ ਫੀਸ ਨਹੀਂ ਲਈ ਗਈ । ਉਹਨਾਂ ਕਿਹਾ ਕਿ ਭੰਗੜਾ ਕੈਂਪ ਦੇ ਸਾਰੇ ਹੀ ਦਿਨ ਵਿੱਚ ਸਾਰੇ ਹੀ ਭੰਗੜਾ ਪ੍ਰੇਮੀਆਂ ਨੇ ਬੜਾ ਉਤਸ਼ਾਹ ਦਿਖਾਇਆ ਅਤੇ ਪੂਰੀ ਲਗਨ ਤੇ ਤਨਦੇਹੀ ਨਾਲ ਭੰਗੜਾ ਸਿੱਖਿਆ। ਪ੍ਰੋ. ਪਲਵਿੰਦਰ ਸਿੰਘ ਡੀਨ, ਕਚਰਲ ਮਾਮਲੇ ਨੇ ਲੋਕਨਾਚ ਭੰਗੜੇ ਦਾ ਇਤਿਹਾਸ ਤੇ ਵਿਰਾਸਤ ਦੱਸਦੇ ਹੋਏ ਭੰਗੜੇ ਦੀਆਂ ਬਰੀਕੀਆਂ ਦੱਸੀਆਂ। ਮੁੱਖ ਮਹਿਮਾਨ ਅਤੇ ਪ੍ਰਿੰਸੀਪਲ ਵਲੋਂ ਸਾਰੇ ਸਿਖਾਂਦਰੂ ਭੰਗੜਾ ਪ੍ਰੇਮੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ। ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਡਾ. ਹਰਜਿੰਦਰ ਸਿੰਘ ਸੇਖੋਂ ਅਤੇ ਪ੍ਰੋ. ਸਤਪਾਲ ਸਿੰਘ ਨੇ ਕੀਤਾ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਡਾ. ਦਿਨਕਰ ਸ਼ਰਮਾ, ਪ੍ਰੋ. ਅਜੀਤਪਾਲ ਸਿੰਘ, ਪ੍ਰੋ. ਓਂਕਾਰ, ਪ੍ਰੋ. ਮਨਦੀਪ ਸਿੰਘ, ਪ੍ਰੋ. ਮਨੀਸ਼ ਗੋਇਲ, ਪ੍ਰੋ. ਹਰਜਿੰਦਰ ਕੌਰ, ਪ੍ਰੋ. ਰਵਨੀਤ ਕੌਰ, ਪ੍ਰੋ. ਸੋਨੂੰ ਗੁਪਤਾ, ਪ੍ਰੋ. ਕੀਰਤਪ੍ਰੀਤ ਕੌਰ, ਪ੍ਰੋ. ਪਿਅੰਕਾ ਸ਼ਰਮਾ ਅਤੇ ਕਾਲਜ ਦੇ ਪੁਰਾਣੇ ਭੰਗੜਾ ਵਿਦਿਆਰਥੀ ਵੀ ਹਾਜ਼ਰ ਸਨ ।

# ਐੱਸ ਟੀ ਐੱਸ ਵਰਲਡ ਸਕੂਲ ਨੇ ਜ਼ਿਲ੍ਹਾ ਵੁਸ਼ੂ ਚੈਂਪੀਅਨਸ਼ਿਪ 'ਚ 11 ਤਗਮੇ ਜਿੱਤੇ



ਗੁਰਾਇਆ (ਬਿੰਦਰ ਸੁਮਨ)- ਪੀ. ਏ .ਪੀ ਕੰਪਲੈਕਸ ਜਲੰਧਰ ਵਿਖੇ ਆਯੋਜਿਤ 15 ਵੀਂ ਸਬ-ਜੂਨੀਅਰ, ਜੂਨੀਅਰ ਅਤੇ ਸੀਨੀਅਰ ਵੁਸ਼ੂ ਚੈਂਪੀਅਨਸ਼ਿਪ ਵਿੱਚ ਐੱਸ.ਟੀ.ਐੱਸ ਵਰਲਡ ਸਕੂਲ ਨੇ 11 ਤਗਮੇ ਜਿੱਤੇ ।ਜਿਸ ਵਿੱਚ 5 ਸੋਨੇ ਦੇ, 4 ਚਾਂਦੀ ਦੇ 2 ਕਾਂਸੀ ਦੇ ਤਗਮੇ ਸ਼ਾਮਲ ਹਨ। ਲੜਕੀਆਂ ਅੰਡਰ-14 ਵਰਗ: ਅਰਪਿਤਾ (8) ਸੋਨੇ ਦਾ ਤਗਮਾ (42 ਕਿਲੋ ਭਾਰ) ,ਹਰਲੀਨ (9)- ਚਾਂਦੀ ਦਾ ਤਗਮਾ (48 ਕਿਲੋ ਭਾਰ ਅੰਡਰ-17 ਸ਼੍ਰੇਣੀ: ਸੁਖਮਨੀ (9)- ਸੋਨੇ ਦਾ ਤਗਮਾ (52 ਕਿਲੋ ਭਾਰ), ਅਦਿਤੀ (12) ਚਾਂਦੀ ਦਾ ਤਗਮਾ (48 ਕਿਲੋ ਭਾਰ) ਸੀਨੀਅਰ ਵਿੰਗ ਸ਼੍ਰੇਣੀ: ਦੀਆ (12)- ਸੋਨੇ ਦਾ ਤਗਮਾ(48 ਕਿਲੋ ਭਾਰ) ਲੜਕੇ ਅੰਡਰ - 17 ਸ਼੍ਰੇਣੀ: ਅਜੈਵੀਰ ਲੱਖਾ (10ਵਾਂ) ਸੋਨੇ ਦਾ ਤਗਮਾ(80 ਕਿਲੋ ਭਾਰ), ਅਭੈ ਰਜਾ (11) - ਸੋਨੇ ਦਾ ਤਗਮਾ(65 ਕਿਲੋ ਭਾਰ), ਵੰਸ਼ ਸ਼ਰਮਾ (11) ਚਾਂਦੀ ਦਾ ਤਗਮਾ(48 ਕਿਲੋ ਭਾਰ), ਸੁਖਮਨ ਸੰਧੂ (9)- ਚਾਂਦੀ ਦਾ ਤਗਮਾ(52 ਕਿਲੋ ਭਾਰ) , ਲਵਲੀਨ ਰਜਾ (9)ਕਾਂਸੀ ਦਾ ਤਗਮਾ(60 ਕਿਲੋ ਭਾਰ) , ਹਾਰਦਿਕ ਸਰਮਾ (9) - ਕਾਂਸੀ ਦਾ ਤਗਮਾ (60 ਕਿਲੋ ਭਾਰ) ਜਿੱਤ ਕੇ ਸਕੂਲ ਅਤੇ ਆਪਣੇ ਖੇਤਰ ਦਾ ਨਾਂਅ ਰੌਸ਼ਨ ਕੀਤਾ। ਇਹ ਸਭ ਤਗਮੇ ਵਿਦਿਆਰਥੀਆਂ ਨੇ ਡੀ.ਪੀ. ਅਧਿਆਪਕ ਸ੍ਰੀਮਤੀ ਸੰਦੀਪ ਕੌਰ ਦੀ ਅਗਵਾਈ ਹੇਠ ਪ੍ਰਾਪਤ ਕੀਤੇ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਕੌਰ ਗਿੱਲ ਨੇ ਸਾਰੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਨਾ ਦਿੱਤੀ।

# ਸ਼੍ਰੋਮਣੀ ਅਕਾਲੀ ਦਲ ਨੇ ਫੇਜ 11 'ਚ ਕੁਦਰਤੀ ਕਰੋਪੀ ਨਾਲ ਝੰਬੇ ਲੋਕਾਂ ਨੂੰ ਵੰਡਿਆ ਰਾਸ਼ਨ



ਚੰਡੀਗੜ੍ਹ (ਗੁਰਜੀਤ ਬਿੱਲਾ)- ਮੋਹਾਲੀ ਦੇ ਫੇਜ 11 ਵਿੱਚ ਭਾਰੀ ਬਰਸਾਤ ਕਾਰਨ ਕੁਦਰਤੀ ਕਰੋਪੀ ਨਾਲ ਝੰਬੇ ਲੋਕਾਂ ਦੀ ਮਦਦ ਲਈ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਮੌਕੇ 'ਤੇ ਪੁੱਜ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਵੱਲੋਂ ਰਾਸ਼ਨ ਵੰਡਿਆ। ਪ੍ਰੋਫੈਸਰ ਚੰਦੂਮਾਜਰਾ ਨੇ ਇਸ ਮੌਕੇ ਫੇਜ 11 ਦੀ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਸਿਰਫ ਪੂਜਾ ਕਰਨ ਦੇ ਸਥਾਨ ਨਹੀਂ ਹਨ ਸਗੋਂ ਇਹ ਰੈਣ ਬਸੇਰੇ ਵੀ ਬਣਦੇ ਹਨ ਅਤੇ ਇੱਥੋਂ ਲੋਕਾਂ ਨੂੰ ਲੰਗਰ ਵੀ ਮਿਲਦਾ ਹੈ ਤੇ ਗੁਰਦੁਆਰਾ ਸਾਹਿਬਾਨ ਵਿਚਾਰ ਦਾ ਕੇਂਦਰ ਵੀ ਹੁੰਦੇ ਹਨ। ਉਹਨਾਂ ਕਿਹਾ ਧਾਰਮਿਕ ਸੰਸਥਾਵਾਂ ਜੋ ਮਦਦ ਕਰਦੀਆਂ ਹਨ ਉਹ ਸੰਕੇਤਕ ਹੁੰਦੀ ਹੈ ਅਤੇ ਅਸਲੀ ਮਦਦ ਤਾਂ ਸਰਕਾਰ ਨੇ ਕਰਨੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਸੰਸਥਾਵਾਂ ਮਦਦ ਕਰਕੇ ਸਰਕਾਰ ਨੂੰ ਜਗਾਉਂਦੀਆਂ ਹਨ ਕਿਉਂਕਿ ਅਸਲੀ ਡਿਊਟੀ ਸਰਕਾਰ ਦੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅੱਗੇ ਨੰਗਲ ਤੋਂ ਸਰਦੂਲਗੜ੍ਹ ਦਾ ਵੀ ਸਾਰਾ ਏਰੀਆ ਤਬਾਹ ਹੋਇਆ ਪਿਆ ਹੈ ਅਤੇ ਉਥੇ ਵੀ ਦੌਰਾ ਕਰਕੇ ਉਹ ਕਈ ਥਾਵਾਂ 'ਤੇ ਮਦਦ ਪਹੁੰਚਾ ਕੇ ਆਏ ਹਨ। ਉਹਨਾਂ ਕਿਹਾ ਅਕਾਲੀ ਆਗੂਆਂ ਨੇ ਉਹਨਾਂ ਨੂੰ ਦੱਸਿਆ ਹੈ ਕਿ ਫੇਜ 11 ਵਿੱਚ ਖਾਸ ਤੌਰ ਤੇ ਲੋਕਾਂ ਦਾ ਬਹੁਤ ਭਾਰੀ ਨੁਕਸਾਨ ਹੋਇਆ ਹੈ। ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਹਾਲੀ ਪਰਵਿੰਦਰ ਸਿੰਘ ਸੋਹਾਣਾ ਅਤੇ ਸ਼ਹਿਰੀ ਪ੍ਰਧਾਨ ਕਮਲਜੀਤ ਸਿੰਘ ਰੂਬੀ ਨੇ ਕਿਹਾ ਕਿ ਇਸ ਕੁਦਰਤੀ ਮਾਰ 'ਚ ਆਏ ਸ਼ਹਿਰ ਦੇ ਹਰ ਵਾਰਡ ਤੇ ਬੂਥ ਪੱਧਰ 'ਤੇ ਹਰ ਲੋੜਵੰਦ ਦੀ ਮਦਦ ਕਰਨ ਲਈ ਉਹ ਵਚਨਬੱਧ ਹਨ।

ਇਸ ਮੌਕੇ ਹਰਜੀਤ ਸਿੰਘ, ਜਗਜੀਤ ਸਿੰਘ, ਕੁਲਵਿੰਦਰ ਸਿੰਘ, ਗੁਰਚਰਨ ਸਿੰਘ ਚੇਚੀ, ਹਰਜੀਤ ਸਿੰਘ, ਸੁਖਦੇਵ ਸਿੰਘ ਵਾਲੀਆ, ਮਹਿੰਦਰ ਸਿੰਘ, ਹਰਪਾਲ ਸਿੰਘ, ਪ੍ਰਮੋਟ ਕੁਮਾਰ ਮਿਸਰਾ, ਕਸਮੀਰ ਕੌਰ, ਪਿੰਕੀ ਬਾਲਾ, ਸੁਰਿੰਦਰ ਕੌਰ, ਬੀਬੀ ਸੋਨੀਆ, ਬੀਬੀ ਬਾਲਾ ਠਾਕੁਰ, ਮੱਖਣ ਸਿੰਘ, ਕਰਮ ਸਿੰਘ ਬਬਰਾ, ਮਨਜੀਤ ਸਿੰਘ ਮਾਨ, ਗੁਰਚਰਨ ਸਿੰਘ ਨਨੜਾ, ਗੁਰਪ੍ਰੀਤ ਸਿੰਘ ਸਿੱਧੂ, ਸਰਬਜੀਤ ਸਿੰਘ ਗੋਲਡੀ, ਕੈਪਟਨ ਰਮਨਦੀਪ ਸਿੰਘ ਬਾਵਾ ਸਮੇਤ ਹੋਰ ਆਗੂ ਅਤੇ ਇਲਾਕਾ ਵਾਸੀ ਹਾਜਰ ਸਨ।

# 26 ਹਜ਼ਾਰ ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ

ਚੰਡੀਗੜ੍ਹ, (ਗੁਰਜੀਤ ਬਿੱਲਾ)-ਸੂਬੇ ਵਿੱਚ ਰਾਹਤ ਕਾਰਜਾਂ ਨੂੰ ਤੇਜ ਕਰਦਿਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸਾਂ ਅਨੁਸਾਰ 26250 ਵਿਅਕਤੀਆਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਕੱਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਪਟਿਆਲਾ ਵਿੱਚੋਂ 14296, ਰੂਪਨਗਰ ਵਿੱਚੋਂ 2200, ਮੋਗਾ ਵਿੱਚੋਂ 250, ਲੁਧਿਆਣਾ ਵਿੱਚੋਂ 300, ਮੁਹਾਲੀ ਵਿੱਚੋਂ 1400, ਐਸ.ਬੀ.ਐਸ. ਨਗਰ ਵਿੱਚੋਂ 200, ਫ਼ਤਿਹਗੜ੍ਹ ਸਾਹਿਬ ਵਿੱਚੋਂ 600, ਤਰਨਤਾਰਨ ਵਿੱਚੋਂ 241, ਜਲੰਧਰ ਵਿੱਚੋਂ 670, ਕਪੂਰਥਲਾ ਵਿੱਚੋਂ 380, ਫਿਰੋਜ਼ਪੁਰ ਵਿੱਚੋਂ 5400, ਸੰਗਰੂਰ ਵਿੱਚੋਂ 263, ਫਾਜ਼ਲਿਕਾ ਵਿੱਚੋਂ 17 ਅਤੇ ਮਾਨਸਾ ਜ਼ਿਲ੍ਹੇ ਦੇ 33 ਵਿਅਕਤੀਆਂ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਤੋਂ ਬਚਾ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਹੈ। ਸਰਕਾਰੀ ਬੁਲਾਰੇ ਨੇ ਦੱਸਿਆ ਕਿ 1422 ਪਿੰਡ ਹੜ੍ਹ ਤੋਂ ਪ੍ਰਭਾਵਿਤ ਹੋਏ ਹਨ। ਸੂਬੇ ਵਿੱਚ ਕੁੱਲ 168 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 16 ਕੈਂਪ ਪਟਿਆਲਾ, 16 ਰੂਪਨਗਰ ਅਤੇ 7 ਮੋਗਾ ਵਿੱਚ ਚੱਲ ਰਹੇ ਹਨ। ਇਸੇ ਤਰ੍ਹਾਂ ਲੁਧਿਆਣਾ ਵਿੱਚ 3, ਮੁਹਾਲੀ ਵਿੱਚ 1, ਐਸ.ਬੀ.ਐਸ. ਨਗਰ ਵਿੱਚ 2, ਸੰਗਰੂਰ ਵਿੱਚ 27, ਫਿਰੋਜ਼ਪੁਰ ਵਿੱਚ 18, ਹੁਸ਼ਿਆਰਪੁਰ ਵਿੱਚ 3, ਤਰਨ ਤਾਰਨ ਵਿੱਚ 7, ਜਲੰਧਰ ਵਿੱਚ 38, ਕਪੂਰਥਲਾ ਵਿੱਚ 8, ਫਾਜ਼ਿਲਕਾ ਵਿੱਚ 2 ਅਤੇ ਮਾਨਸਾ ਵਿਖੇ 20 ਰਾਹਤ ਕੈਂਪ ਲਗਾਏ ਗਏ ਹਨ। ਜ਼ਿਕਰਯੋਗ ਹੈ ਕਿ ਤਰਨ ਤਾਰਨ, ਫਿਰੋਜ਼ਪੁਰ, ਫ਼ਤਿਹਗੜ੍ਹ ਸਾਹਿਬ, ਫ਼ਰੀਦਕੋਟ, ਹੁਸ਼ਿਆਰਪੁਰ, ਰੂਪਨਗਰ, ਕਪੂਰਥਲਾ, ਪਟਿਆਲਾ, ਮੋਗਾ, ਲੁਧਿਆਣਾ, ਐਸ.ਏ.ਐਸ. ਨਗਰ, ਜਲੰਧਰ, ਸੰਗਰੂਰ, ਐਸ.ਬੀ.ਐਸ. ਨਗਰ, ਫਾਜ਼ਿਲਕਾ, ਗੁਰਦਾਸਪੁਰ, ਮਾਨਸਾ ਅਤੇ ਪਠਾਨਕੋਟ ਸਮੇਤ 18 ਜ਼ਿਲ੍ਹੇ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ। ਮਾਲ ਵਿਭਾਗ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਤੋਂ ਪ੍ਰਾਪਤ ਰਿਪੋਰਟਾਂ ਅਨੁਸਾਰ ਸੂਬੇ ਵਿੱਚ ਹੜ੍ਹਾਂ ਕਾਰਨ ਕੁੱਲ 35 ਲੋਕਾਂ ਦੀ ਜਾਨ ਗਈ ਹੈ ਅਤੇ 15 ਜਖ਼ਮੀ ਹੋਏ ਹਨ ਜਦਕਿ 3 ਅਜੇ ਵੀ ਲਾਪਤਾ ਹਨ। ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਤਨਦੇਹੀ ਨਾਲ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਕੰਮ ਕਰ ਰਹੀਆਂ ਹਨ। ਬੁਲਾਰੇ ਅਨੁਸਾਰ 437 ਰੈਪਿਡ ਰਿਸਪਾਂਸ ਟੀਮਾਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਕੰਮ ਕਰ ਰਹੀਆਂ ਹਨ। ਸਿਹਤ ਵਿਭਾਗ ਨੇ ਪ੍ਰਭਾਵਿਤ ਖੇਤਰਾਂ ਵਿੱਚ 243 ਮੈਡੀਕਲ ਕੈਂਪ ਲਗਾਏ ਹਨ ਅਤੇ ਓ.ਪੀ.ਡੀਜ਼. ਦੀ ਕੁੱਲ ਗਿਣਤੀ 7551 ਹੈ।

# ਕੈਬਨਿਟ ਮੰਤਰੀ ਨੇ ਸਹਿਕਾਰੀ ਖੇਤੀਬਾੜੀ ਸਭਾਵਾਂ ਦੇ ਨਵੇਂ ਸਕੱਤਰਾਂ ਨੂੰ ਵੰਡੇ ਨਿਯੁਕਤੀ ਪੱਤਰ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਵੱਖ-ਵੱਖ ਵਿਭਾਗਾਂ ਵਿਚ ਹੁਣ ਤੱਕ ਲਗਭਗ 30 ਹਜ਼ਾਰ ਨਵੇਂ ਕਰਮਚਾਰੀਆਂ ਦੀ ਰੈਗੂਲਰ ਭਰਤੀ ਕੀਤੀ ਜਾ ਚੁੱਕੀ ਹੈ ਅਤੇ ਇਹ ਸਾਰੀ ਭਰਤੀ ਬਿਨਾਂ ਕਿਸੇ ਸਿਫਾਰਸ਼ ਅਤੇ ਰਿਸ਼ਵਤ ਦੇ ਨਿਰੋਲ ਮੈਰਿਟ ਦੇ ਆਧਾਰ 'ਤੇ ਕੀਤੀ ਗਈ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸਹਿਕਾਰੀ ਖੇਤੀਬਾੜੀ ਸਭਾਵਾਂ ਵਿਚ 5 ਨਵੇਂ ਸਕੱਤਰਾਂ ਨੂੰ ਨਿਯੁਕਤੀ ਪੱਤਰ ਵੰਡਣ ਮੌਕੇ ਮੁੱਖ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਕੀਤਾ। ਹੁਸ਼ਿਆਰਪੁਰ ਕੇਂਦਰੀ ਸਹਿਕਾਰੀ ਬੈਂਕ ਦੇ ਬੋਰਡ ਆਫ਼ ਡਾਇਰੈਕਟਰਜ਼ ਦੇ ਚੇਅਰਮੈਨ ਵਿਕਰਮ ਸ਼ਰਮਾ ਦੀ ਪ੍ਰਧਾਨਗੀ ਹੇਠ ਬੈਂਕ ਦੇ ਮੁੱਖ ਦਫ਼ਤਰ ਵਿਖੇ ਕਰਵਾਏ ਗਏ ਇਸ ਨਿਯੁਕਤੀ ਪੱਤਰ ਵੰਡ ਸਮਾਗਮ ਵਿਚ ਨਗਰ ਨਿਗਮ ਹੁਸ਼ਿਆਰਪੁਰ ਦੇ ਮੇਅਰ ਸੁਰਿੰਦਰ ਕੁਮਾਰ ਅਤੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਲਿਜਾਣ ਲਈ ਦਿਨ-ਰਾਤ ਇਕ ਕਰ ਰਹੀ ਹੈ ਅਤੇ ਸਰਕਾਰ ਵਲੋਂ ਆਪਣੇ ਕਾਰਜਕਾਲ ਦੇ ਇਕ ਸਾਲ ਦੌਰਾਨ ਹੀ ਲਾਮਿਸਾਲ ਕੰਮ ਕੀਤਾ ਗਿਆ ਹੈ। ਉਨ੍ਹਾਂ ਨਵੇਂ ਨਿਯੁਕਤ ਹੋਏ ਸਕੱਤਰਾਂ ਨੂੰ ਸ਼ੁਭ ਇਛਾਵਾਂ ਦਿੰਦਿਆਂ ਉਨ੍ਹਾਂ ਨੂੰ ਆਪਣੀ ਡਿਊਟੀ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਗਜ਼ੈਕਟਿਵ ਡਾਇਰੈਕਟਰ ਪਰਮਿੰਦਰ ਸਿੰਘ ਪੰਨੂ ਨੇ ਕੈਬਨਿਟ ਮੰਤਰੀ ਨੂੰ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਦੇ ਮਰਜ਼ਰ ਦੇ ਖਿਲਾਫ਼ ਸਰਕਾਰ ਕੋਲ ਇਨ੍ਹਾਂ ਬੈਂਕਾਂ ਦਾ ਪੱਖ ਪੇਸ਼ ਕਰਨ ਦੀ ਬੇਨਤੀ ਕੀਤੀ। ਬੈਂਕ ਦੇ ਜ਼ਿਲ੍ਹਾ ਮੈਨੇਜਰ ਲਖਵੀਰ ਸਿੰਘ ਕੌਰਾ ਨੇ ਕੈਬਨਿਟ ਮੰਤਰੀ ਦਾ ਬੈਂਕ ਆਉਣ 'ਤੇ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਚੇਅਰਮੈਨ ਵਿਕਰਮ ਸ਼ਰਮਾ ਵਲੋਂ ਕੈਬਨਿਟ ਮੰਤਰੀ, ਮੇਅਰ ਅਤੇ ਡਿਪਟੀ ਮੇਅਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਹੁਸ਼ਿਆਰਪੁਰ ਮਲਕੀਤ ਰਾਮ, ਕੇਂਦਰੀ ਸਹਿਕਾਰੀ ਬੈਂਕ ਦੇ ਵਾਈਸ ਚੇਅਰਮੈਨ ਜਸਵੀਰ ਸਿੰਘ, ਐਗਜ਼ੈਕਟਿਵ ਡਾਇਰੈਕਟਰ ਲਖਨਵੀਰ ਸਿੰਘ, ਚੇਅਰਮੈਨ ਪੀ.ਏ.ਡੀ.ਬੀ ਹੁਸ਼ਿਆਰਪੁਰ ਹਰਸਨਜੀਤ ਸਿੰਘ (ਸੰਨੀ ਥਿਆੜਾ), ਬੈਂਕ ਦੀ ਮੁਲਾਜ਼ਮ ਜਥੇਬੰਦੀ ਦੇ ਪ੍ਰਧਾਨ ਬੇਅੰਤ ਸਿੰਘ ਰੰਧਾਵਾ, ਜਨਰਲ ਸਕੱਤਰ ਰੋਹਿਤ ਕੌਸ਼ਲ, ਮੈਨੇਜਰ ਸੰਜੀਵ ਕੁਮਾਰ, ਨੋਡਲ ਅਫ਼ਸਰ ਕੰਵਰਦੀਪ ਸਿੰਘ, ਬਰਾਂਚ ਮੈਨੇਜਰ ਹਰਸਾ ਮਾਨਸਰ ਸੁਰਿੰਦਰਜੀਤ ਸਿੰਘ, ਬਰਾਂਚ ਮੈਨੇਜਰ ਹਾਜੀਪੁਰ ਵਰਿੰਦਰ ਕੁਮਾਰ, ਸਹਾਇਕ ਮੈਨੇਜਰ ਬਲਦੇਵ ਸਿੰਘ, ਸਹਾਇਕ ਮੈਨੇਜਰ ਅਸ਼ੋਕ ਕੁਮਾਰ, ਮੋਹਿਤ ਕੁੰਦਰਾ, ਲਾਜਵੰਤ ਕੌਰ, ਮਧੂ ਵਾਲੀਆ ਤੋਂ ਇਲਾਵਾ ਬੈਂਕ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਪਰਤੀਆਂ ਰੌਣਕਾਂ



ਐੱਸ ਏ ਐੱਸ ਨਗਰ, (ਗੁਰਜੀਤ ਬਿੱਲਾ) ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਲੰਘੇ ਦਿਨੀਂ ਸੂਬੇ ਵਿੱਚ ਪਈ ਭਾਰੀ ਬਾਰਸ ਅਤੇ ਹੜ੍ਹਾਂ ਕਾਰਨ ਮਜਬੂਰੀ ਵੱਸ ਬੰਦ ਕਰਨੇ ਪਏ ਜ਼ਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਭਰਵੀਂ ਹਾਜਰੀ ਕਰਨ ਮੁੜ ਰੌਣਕਾਂ ਪਰਤ ਆਈਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਅਪਰ ਪ੍ਰਾਇਮਰੀ ਅਤੇ ਪ੍ਰਾਇਮਰੀ ਸਕੂਲਾਂ ਵਿੱਚ ਪਹਿਲੇ ਦਿਨ 70 ਫੀਸਦੀ ਤੋਂ ਵਧੇਰੇ ਹਾਜਰੀ ਦਰਜ ਕੀਤੀ ਗਈ। ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਅਸ਼ਵਨੀ ਕੁਮਾਰ ਦੱਤਾ ਨੇ ਦੱਸਿਆ ਕਿ ਉਹਨਾਂ ਵੱਲੋਂ ਜ਼ਿਲ੍ਹਾ ਮੋਹਾਲੀ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਹੜ੍ਹਾਂ ਦੀ ਮਾਰ ਹੇਠ ਆਏ ਸਕੂਲਾਂ ਦਾ ਦੌਰਾ ਕਰਨ ਲਈ ਟੀਮਾਂ ਬਣਾਈਆਂ ਗਈਆਂ, ਜਿਸਦੀ ਅਗਵਾਈ ਉਨ੍ਹਾਂ ਖੁਦ ਕਰਦਿਆਂ ਸਕੂਲਾਂ ਅਤੇ ਉਨ੍ਹਾਂ ਦੇ ਨੇੜਲੇ ਇਲਾਕਿਆਂ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਜ਼ਿਆਦਾਤਰ ਸਕੂਲ ਵਿੱਚ ਸਾਫ-ਸਫਾਈ ਕਰਵਾ ਕੇ ਖੋਲ੍ਹੇ ਗਏ ਹਨ। ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਹਰ ਤਰ੍ਹਾਂ ਦੀ ਸੁਰੱਖਿਆ ਦਾ ਜਾਇਜਾ ਲੈਣ ਲਈ ਡਿਪਟੀ ਡੀ ਈ ਓ ਐਲੀਮੈਂਟਰੀ ਪਰਮਿੰਦਰ ਕੌਰ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਨੇ ਸਕੂਲਾਂ ਦੇ ਦੌਰੇ ਕੀਤੇ। ਤਿੰਨ ਪ੍ਰਾਇਮਰੀ/ਮਿਡਲ ਸਕੂਲਾਂ ਵਿੱਚ ਸਮੱਸਿਆਵਾਂ ਹੋਣ ਕਾਰਨ ਡਿਪਟੀ ਕਮਿਸ਼ਨਰ ਵੱਲੋਂ ਅਗਲੇ ਹੁਕਮ ਤੱਕ ਸਕੂਲ ਬੰਦ ਰੱਖਣ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ।

# ਪੰਜਾਬ ਦੇ ਕਾਂਗਰਸੀਆਂ ਦੀ ਹਾਲਤ ਸੱਪ ਦੇ ਮੂੰਹ 'ਚ ਕਿਰਲੀ ਵਰਗੀ: ਤੀਕਸ਼ਣ ਸੂਦ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਸਾਬਕਾ ਕੈਬਨਿਟ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਤੀਕਸ਼ਣ ਸੂਦ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਕੇਜਰੀਵਾਲ ਕੇਂਦਰ ਸਰਕਾਰ ਵੱਲੋਂ ਦਿੱਲੀ ਦੀਆਂ ਸ਼ਕਤੀਆਂ ਸਬੰਧੀ ਜਾਰੀ ਕੀਤੇ ਆਰਡੀਨੈਂਸ ਦੇ ਵਿਰੋਧ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਤੋਂ ਸਮਰਥਨ ਮੰਗ ਰਿਹਾ ਹੈ। ਪੰਜਾਬ ਦੇ ਕਾਂਗਰਸੀ ਆਗੂਆਂ ਵੱਲੋਂ ਕੇਜਰੀਵਾਲ ਦੀ ਖੁੱਲ੍ਹੀ ਹਮਾਇਤ ਦਾ ਇਹ ਕਹਿ ਕੇ ਵਿਰੋਧ ਕੀਤਾ ਗਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਂਗਰਸੀ ਆਗੂਆਂ ਨੂੰ ਭ੍ਰਿਸ਼ਟਾਚਾਰ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਸਿਆਸੀ ਬਦਲਾ ਲੈ ਰਹੀ ਹੈ। ਜਿਸ ਕਰਕੇ ਪੰਜਾਬ ਦੇ ਕੁਝ ਕਾਂਗਰਸੀ ਆਗੂਆਂ ਨੇ ਦਿੱਲੀ ਵਿਖੇ ਹਾਈਕਮਾਂਡ ਨਾਲ ਮੁਲਾਕਾਤ ਕਰਕੇ ਸਮਰਥਨ ਦਾ ਵਿਰੋਧ ਕੀਤਾ। ਹੁਣ ਕਾਂਗਰਸ ਵੱਲੋਂ ਕੇਜਰੀਵਾਲ ਨੂੰ ਸਮਰਥਨ ਦੇਣ ਦੇ ਐਲਾਨ ਨਾਲ ਪੰਜਾਬ ਦੇ ਕਾਂਗਰਸੀਆਂ ਦੀ ਹਾਲਤ ਸੱਪ ਦੇ ਮੂੰਹ ਵਿੱਚ ਕਿਰਲੀ ਵਰਗੀ ਹੋ ਗਈ ਹੈ। ਜਿਸ ਨੂੰ ਨਾ ਤਾਂ ਨਿਗਲਿਆ ਜਾ ਸਕਦਾ ਹੈ ਅਤੇ ਨਾ ਹੀ ਥੁੱਕਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਹਮਾਇਤ ਦੇ ਐਲਾਨ ਤੋਂ ਇੱਕ ਗੱਲ ਤਾਂ ਸਪੱਸ਼ਟ ਹੋ ਗਈ ਹੈ ਕਿ ਦਿੱਲੀ ਵਿੱਚ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਅੰਦਰੂਨੀ ਮਿਲੀਭੁਗਤ ਹੈ। ਜਿਸ ਕਾਰਨ ਪੰਜਾਬ ਵਿੱਚ ਕਾਂਗਰਸੀਆਂ ਦੀ ਬਲੀ ਦੇ ਕੇ ਇਹ ਦੋਸਤੀ ਕਾਇਮ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਬਿੱਲੀ ਥੈਲੇ ਵਿੱਚੋਂ ਬਾਹਰ ਆ ਗਈ ਹੈ ਅਤੇ ਲੋਕ ਜਾਣ ਚੁੱਕੇ ਹਨ ਕਿ ਕਾਂਗਰਸ ਸਿਆਸਤ ਵਿੱਚ ਕਿਸ ਹੱਦ ਤੱਕ ਵੀ ਝੁਕ ਸਕਦੀ ਹੈ। ਇਸ ਮੌਕੇ ਭਾਜਪਾ ਆਗੂਆਂ ਤੋਂ ਇਲਾਵਾ ਜ਼ਿਲ੍ਹਾ ਜਨਰਲ ਸਕੱਤਰ ਸੁਰੇਸ਼ ਭਾਟੀਆ ਬਿੱਟੂ, ਜ਼ਿਲ੍ਹਾ ਸਕੱਤਰ ਅਸ਼ਵਨੀ ਗੈਂਦ, ਬਬਲੂ ਪੁਰੀ, ਨਵਨੀਤ ਭਾਟੀਆ ਅਤੇ ਨਰੇਸ਼ ਕੁਮਾਰ ਵਰਮਾ ਵੀ ਹਾਜ਼ਰ ਸਨ।

# ਡੇਂਗੂ ਬੁਖਾਰ ਫੈਲਣ, ਲੱਛਣ ਤੇ ਇਲਾਜ ਸੰਬੰਧੀ ਦਿੱਤੀ ਜਾਣਕਾਰੀ



ਭੋਗਪੁਰ:-( ਗੁਰਪ੍ਰੀਤ ਸਿੰਘ ਭੋਗਲ)- ਸਿਵਲ ਸਰਜਨ ਜਲੰਧਰ ਦੇ ਦਿਸ਼ਾ ਨਿਰਦੇਸ਼ ਅਤੇ ਐਸ ਐਮ ਓ ਡਾ: ਰਿਚਰਡ ਓਹਰੀ ਦੀ ਅਗਵਾਈ ਹੇਠ ਪਿੰਡ ਬਹਿਰਾਮ ਸਰਿਸਤਾ H.W.C binpalke, C.H.C ਕਾਲਾ ਬੱਕਰਾ ਅਧੀਨ ਪੈਂਦੀਆਂ ਨਰਸਰੀਆਂ ਅਤੇ ਸਰਵਿਸ ਸਟੇਸਨ ਤੇ ਡੇਂਗੂ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਦੌਰਾਨ ਟੁੱਟੇ ਭੱਜੇ ਭਾਂਡੇ ਫਾਲਤੂ ਪਏ ਟਾਇਰ, ਸਰਵਿਸ ਸਟੇਸ਼ਨ 'ਤੇ ਬਣਾਏ ਗਏ ਪਾਣੀ ਦੇ ਡੰਪਰਾ ਵਿੱਚ ਲਾਰਵਾ ਚੈੱਕ ਕੀਤਾ ਗਿਆ। ਅੰਮ੍ਰਿਤਪਾਲ ਹੈਲਥ ਇੰਸਪੈਕਟਰ ਨੇ ਡੇਂਗੂ ਬੁਖਾਰ ਫੈਲਣ ਤੇ ਉਸਦੇ ਲੱਛਣ ਅਤੇ ਇਲਾਜ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਡੇਂਗੂ ਬੁਖਾਰ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਮੱਛਰ ਖੜੇ ਅਤੇ ਸਾਫ ਪਾਣੀ ਵਿਚ ਪਾਇਆ ਜਾਂਦਾ ਹੈ। ਮੱਛਰ ਦੇ ਕੱਟਣ ਨਾਲ ਤੇਜ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ 'ਚ ਦਰਦ, ਚਮੜੀ 'ਤੇ ਦਾਣੇ ਅਤੇ ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਇਸ ਦੇ ਮੁੱਖ ਲੱਛਣ ਹਨ। ਇਸ ਮੌਕੇ ਸੁਖਵਿੰਦਰ ਪਾਲ, ਅਤੇ ਮੈਡਮ ਸਿਮਰਨਜੀਤ ਕੌਰ ਨੇ ਵੀ ਸ਼ਾਮਲ ਸਨ।

# ਭਾਸ਼ਾ ਵਿਭਾਗ ਵੱਲੋਂ ਪੰਜਾਬੀ ਸਾਹਿਤ ਸਿਰਜਣਾ ਤੇ ਕਵਿਤਾ ਗਾਇਨ ਮੁਕਾਬਲੇ 1 ਅਗਸਤ ਤੋਂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਭਾਸ਼ਾ ਵਿਭਾਗ ਪੰਜਾਬ ਵਲੋਂ ਨਵੀਂ ਪੀੜ੍ਹੀ ਵਿੱਚ ਸਾਹਿਤ ਸਿਰਜਣ ਦੀ ਰੁਚੀ ਵਿਕਸਤ ਕਰਨ ਲਈ ਜ਼ਿਲ੍ਹਾ ਤੇ ਰਾਜ ਪੱਧਰ ਤੇ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਜਾਂਦੇ ਹਨ। ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਰਾਜ ਪੱਧਰ ਤੇ ਮੁਕਾਬਲੇ ਵਿੱਚ ਹਿੱਸਾ ਲੈਂਦੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪੱਧਰੀ ਇਹ ਮੁਕਾਬਲੇ 1 ਅਗਸਤ, 2023 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੇਰਗੜ੍ਹ ਵਿਖੇ ਕਰਵਾਏ ਜਾ ਰਹੇ ਹਨ। ਇਸ ਵਿੱਚ ਦਸਵੀਂ ਸ਼੍ਰੇਣੀ ਤੱਕ ਦੇ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ/ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਪੰਜਾਬ ਸਾਹਿਤ ਸਿਰਜਣ ਲਈ ਇਹ ਮੁਕਾਬਲੇ ਕਵਿਤਾ/ਕਹਾਣੀ/ਲੇਖ ਲਿਖਣ ਅਤੇ ਕਵਿਤਾ ਗਾਇਨ ਦੇ ਹੋਣਗੇ। ਕਵਿਤਾ, ਕਹਾਣੀ ਅਤੇ ਲੇਖ ਲਿਖਣ ਲਈ ਵਿਸ਼ਾ ਮੌਕੇ 'ਤੇ ਦਿੱਤਾ ਜਾਵੇਗਾ। ਇਨ੍ਹਾਂ ਮੁਕਾਬਲਿਆਂ ਲਈ ਐਂਟਰੀ ਫਾਰਮ ਭੇਜਣ ਦੀ ਆਖ਼ਰੀ ਮਿਤੀ 26 ਜੁਲਾਈ, 2023 ਨਿਰਧਾਰਿਤ ਕੀਤੀ ਹੋਈ ਹੈ। ਇਨ੍ਹਾਂ ਮੁਕਾਬਲਿਆਂ ਸੰਬੰਧੀ ਕਿਸੇ ਵੀ ਪ੍ਰਕਾਰ ਦੀ ਜਾਣਕਾਰੀ ਜ਼ਿਲ੍ਹਾ ਭਾਸ਼ਾ ਦਫ਼ਤਰ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

# ਹੜ੍ਹ ਪ੍ਰਭਾਵਤ ਲੋਕਾਂ ਦੇ ਘਰ ਲੰਗਰ ਪਹੁੰਚਾਇਆ



ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)-ਗੁਰਦੁਆਰਾ ਸ੍ਰੀ ਦਸ਼ਮੇਸ਼ਗੜ੍ਹ ਸਾਹਿਬ ਭੈਰੋਂ ਮਾਜਰਾ ਦੇ ਕਮੇਟੀ ਮੈਂਬਰ ਗੁਰਮੁੱਖ ਸਿੰਘ ਸਾਬਕਾ ਸਰਪੰਚ ਭੈਰੋਂ ਮਾਜਰਾ, ਜੱਸ ਭੈਰੋਂ ਮਾਜਰਾ ਸਮਾਜ ਸੇਵੀ, ਭਿੰਦੀ ਭੈਰੋਂ ਮਾਜਰਾ, ਡਾ. ਅਵਤਾਰ ਸਿੰਘ ਘੁੰਮਣ, ਗੁਰਿੰਦਰ ਸਿੰਘ ਗਿੰਦੂ, ਬਲਵਿੰਦਰ ਸਿੰਘ ਪੱਪੂ, ਗਗਨ ਸੈਣੀ, ਕਾਕੂ, ਹੈਪੀ, ਰਮਨ ਲੌਂਗੀਆ, ਜੋਰਾਂ, ਵਿੱਕੀ ਕਲੇਰ, ਹਰਜੀਤ ਸਿੰਘ ਖਾਲਸਾ, ਗੋਪੀ ਆਦਿ ਨੇ ਜਥੇਦਾਰ ਬਾਬਾ ਸੁਖਪਾਲ ਸਿੰਘ ਦੀ ਅਗਵਾਈ ਵਿਚ ਹੜ੍ਹਾਂ ਦੌਰਾਨ ਜਿਨ੍ਹਾਂ ਘਰਾਂ ਵਿੱਚ ਪਾਣੀ ਆ ਗਿਆ ਸੀ ਉਨ੍ਹਾਂ ਦੇ ਘਰਾਂ ਤੱਕ ਲੰਗਰ ਪਹੁੰਚਾਇਆ ਤਾਂ ਜੋ ਸ੍ਰੀ ਚਮਕੌਰ ਸਾਹਿਬ ਦਾ ਕੋਈ ਵੀ ਘਰ ਭੁੱਖਾ ਨਾ ਰਹੇ। ਇਸ ਦੌਰਾਨ ਜਥੇਦਾਰ ਬਾਬਾ ਸੁਖਪਾਲ ਸਿੰਘ ਵਲੋਂ ਆਪ ਪਿੰਡਾਂ ਵਿੱਚ ਜਾ ਕੇ ਲੰਗਰ ਵਰਤਾਉਣ ਦੀ ਸੇਵਾ ਕੀਤੀ ਗਈ।

# ਮਹਾਂ-ਸ਼ਿਵਪੁਰਾਣ ਧੂਮਧਾਮ ਨਾਲ ਸਮਾਪਤ



ਮੋਹਾਲੀ (ਗੁਰਜੀਤ ਬਿੱਲਾ)-ਮਟੌਰ ਸਥਿਤ ਬਾਬਾ ਬਾਲ ਭਾਰਤੀ ਸਮਾਧ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਪਿਛਲੇ ਅੱਠ ਦਿਨਾਂ ਤੋਂ ਚੱਲ ਰਿਹਾ ਸ੍ਰੀ ਮਹਾਂ ਸ਼ਿਵ ਪੁਰਾਣ ਬੜੀ ਧੂਮਧਾਮ ਨਾਲ ਸਮਾਪਤ ਹੋ ਗਿਆ। ਪ੍ਰੋਗਰਾਮ ਦੇ ਆਖਰੀ ਦਿਨ ਜਿੱਥੇ ਕਥਾ ਵਿਆਸ ਪੰਡਿਤ ਕਿਸ਼ੋਰ ਸਾਸ਼ਤਰੀ ਨੇ ਆਪਣੇ ਧਾਰਮਿਕ ਪ੍ਰੋਗਰਾਮ ਰਾਹੀਂ ਮੰਦਿਰ ਵਿਖੇ ਪਹੁੰਚੀਆਂ ਸੰਗਤਾਂ ਦਾ ਮਨੋਰੰਜਨ ਕੀਤਾ, ਉੱਥੇ ਹੀ ਸ੍ਰੀ ਬ੍ਰਾਹਮਣ ਸਭਾ ਮੁਹਾਲੀ ਵਿਸ਼ਾਲ ਸ਼ਰਮਾ, ਚੰਦਰ ਸ਼ੇਖਰ, ਰਮਨ ਸ਼ੈਲੀ ਅਤੇ ਆਪ ਪਾਰਟੀ ਦੇ ਸੀਨੀਅਰ ਆਗੂ ਹਰਸੁੱਖ ਇੰਦਰ ਸਿੰਘ ਬੱਬੀ ਬਾਦਲ, ਅਵਤਾਰ ਸਿੰਘ ਮੌਲੀ ਬੈਦਵਾਨ, ਭੁਪਿੰਦਰ ਸ਼ਰਮਾ ਅਤੇ ਹੋਰ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ। ਬਾਬਾ ਬਾਲ ਭਾਰਤੀ ਵੈਲਫੇਅਰ ਕਮੇਟੀ ਦੇ ਮੁਖੀ ਤਿਰਲੋਚਨ ਸਿੰਘ ਬੈਦਵਾਨ ਅਤੇ ਮੰਦਰ ਦੇ ਮੁੱਖ ਸੇਵਾਦਾਰ ਮਾਸਟਰ ਵਾਸੂਦੇਵ ਕੌਸ਼ਿਕ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਅਤੇ ਮਹਿਲਾ ਸੰਕੀਰਤਨ ਮੰਡਲ ਦੀ ਮੁਖੀ ਸ੍ਰੀਮਤੀ ਪੂਨਮ ਕੌਸ਼ਿਕ ਸਮੁੱਚੀ ਟੀਮ ਨੇ ਯਾਦਗਾਰੀ ਚਿੰਨ੍ਹ ਭੇਂਟ ਕੀਤੇ। ਸ਼ਰਧਾਲੂਆਂ ਲਈ ਖੀਰ ਪੂੜੇ ਅਤੇ ਪੂੜੀ ਸਬਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਬਾਬਾ ਹਰਨਾਮ ਸਿੰਘ ਦੀ 42 ਵੀਂ ਬਰਸੀ 'ਤੇ 15 ਸਹਿਜ ਪਾਠਾਂ ਦੀ ਆਰੰਭਤਾ



ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)- ਗੁਰਦੁਆਰਾ ਸੰਤ ਬਾਬਾ ਹਰਨਾਮ ਸਿੰਘ ਜੀ ਕਿੰਗ ਵਾਲੇ ਕੰਬਲੀ ਵਾਲੇ ਪਿੰਡ ਜੰਡੋਲੀ ਵਿਖੇ ਗੁਰਦੁਆਰਾ ਸਾਹਿਬ ਦੀ ਸਮੂੰਹ ਪ੍ਰਬੰਧਕ ਕਮੇਟੀ ਵੱਲੋਂ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਹਰਨਾਮ ਸਿੰਘ ਜੀ ਕਿੰਗ ਵਾਲੇ ਕੰਬਲੀ ਵਾਲੇ ਭੂਰੀ ਵਾਲਿਆਂ ਦੀ ਸਾਲਾਨਾ ਬਰਸੀ ਨੂੰ ਮੁੱਖ ਰੱਖਦਿਆਂ ਗੁਰਦੁਆਰਾ ਸਾਹਿਬ ਵਿਖੇ 15 ਸ੍ਰੀ ਸਹਿਜ ਪਾਠ ਸਾਹਿਬ ਆਰੰਭ ਕੀਤੇ ਗਏ। ਜਿਨ੍ਹਾਂ ਦੇ ਭੋਗ 23 ਜੁਲਾਈ ਨੂੰ ਪੈਣਗੇ।

ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਸੁਖਵਿੰਦਰ ਸਿੰਘ ਸੋਨੀ (ਚੰਡੀਗੜ੍ਹ ਵਾਲੇ), ਸਰਦਾਰਾ ਸਿੰਘ ਜੰਡੋਲੀ, ਕੈਪਟਨ ਕਮਲਜੀਤ ਸਿੰਘ, ਬਲਵੀਰ ਸਿੰਘ ਮੈਗਰ, ਸੋਹਣ ਸਿੰਘ ਪਲਾਹਾ, ਨਰਿੰਦਰ ਸਿੰਘ ਹੀਰ, ਅਮਰਿੰਦਰ ਸਿੰਘ ਜੱਜ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸੰਤ ਬਾਬਾ ਹਰਨਾਮ ਸਿੰਘ ਜੀ 42ਵੀਂ ਸਾਲਾਨਾ ਬਰਸੀ 'ਤੇ ਮੁੱਖ ਸਮਾਗਮ 19 ਅਗਸਤ ਨੂੰ ਹੋਵੇਗਾ। ਇਸ ਮੌਕੇ ਬੀਬੀ ਮਨਜੀਤ ਕੌਰ ਅਮਰੀਕਾ ਵਾਲੇ ,ਬੀਬੀ ਸੁਰਜੀਤ ਕੌਰ ਕੈਨੇਡਾ ਵਾਲੇ ਅਤੇ ਦਰਬਾਰ ਬਾਬਾ ਬੋਦੀਆਂ ਵਾਲੀ ਸਰਕਾਰ ਪਿੰਡ ਬਿਹਾਲਾ ਦੀ ਸੰਗਤ ਹਾਜਰ ਸੀ।

# ਐੱਮ ਪੀ ਡਾ. ਅਸ਼ੋਕ ਕੁਮਾਰ ਮਿੱਤਲ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ



**ਜਲੰਧਰ :-( ਸ਼ੈਲੀ ਐਲਬਰਟ)**
ਮੈਂਬਰ ਪਾਰਲੀਮੈਂਟ (ਰਾਜ ਸਭਾ) ਡਾ ਅਸ਼ੋਕ ਕੁਮਾਰ ਮਿੱਤਲ ਨੇ ਪੰਜਾਬ ਦੇ ਜਲੰਧਰ ਜ਼ਿਲ੍ਹੇ ਵਿੱਚ ਹੜ੍ਹ ਪ੍ਰਭਾਵਿਤ ਸ਼ਾਹਕੋਟ ਖੇਤਰ ਦਾ ਦੌਰਾ ਕੀਤਾ। ਉਨ੍ਹਾਂ ਦੇ ਦੌਰੇ ਦਾ ਮਕਸਦ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣਾ ਅਤੇ ਪ੍ਰਭਾਵਿਤ ਲੋਕਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਾ ਸੀ । ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ ਨਕੋਦਰ ਕੰਵਲਜੀਤ ਸਿੰਘ ਅਤੇ ਸ਼ਾਹਕੋਟ ਦੇ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਵੀ ਹਾਜ਼ਰ ਸਨ।

ਆਪਣੀ ਫੇਰੀ ਦੌਰਾਨ ਡਾ: ਮਿੱਤਲ ਨੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਸਥਿਤੀ ਨਾਲ ਨਜਿੱਠਣ ਲਈ ਉਨ੍ਹਾਂ ਦੇ ਬਹਾਦਰੀ ਅਤੇ ਮਦਦਗਾਰ ਯਤਨਾਂ ਬਾਰੇ ਜਾਣਿਆ ।

ਉਨ੍ਹਾਂ ਨੇ ਉਨ੍ਹਾਂ ਲੋਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਨੇ ਪਾੜਾਂ ਦੀ ਮੁਰੰਮਤ ਲਈ ਹਜ਼ਾਰਾਂ ਰੇਤ ਦੀਆਂ ਬੋਰੀਆਂ ਲਿਆਂਦੀਆਂ ਹਨ ਅਤੇ ਇਨ੍ਹਾਂ ਔਖੇ ਸਮੇਂ ਦੌਰਾਨ ਪ੍ਰਭਾਵਿਤ ਲੋਕਾਂ ਦੀ ਦੇਖਭਾਲ ਅਤੇ ਸਹਾਇਤਾ ਕਰਨ ਵਾਲੇ ਵਾਲੰਟੀਅਰਾਂ ਨੂੰ 2 ਲੱਖ ਰੁਪਏ ਦਿੱਤੇ ਹਨ । ਉਨ੍ਹਾਂ ਨੇ ਖੇਤਰ ਵਿੱਚੋਂ ਗਾਰ ਕੱਢਣ ਦੀ ਪ੍ਰਕਿਰਿਆ ਨੂੰ ਵੀ ਦੇਖਿਆ । ਉਨਾਂ ਲੋਹੀਆ ਖਾਸ ਖੇਤਰ ਦੇ ਪਿੰਡਾਂ ਦਾ ਦੌਰਾ ਕੀਤਾ ਅਤੇ ਨਜ਼ਦੀਕੀ ਬੰਦ (ਕੰਡੇ) ਤੇ ਮੁਰੰਮਤ ਦੇ ਕੰਮ ਦੀ ਤਸੱਲੀਬਖਸ਼ ਪ੍ਰਗਤੀ ਨੂੰ ਦੇਖਿਆ । ਪੰਜਾਬ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦੇ ਚਾਂਸਲਰ ਹੋਣ ਦੇ ਨਾਤੇ, ਡਾ. ਮਿੱਤਲ ਨੇ ਯੂਨੀਵਰਸਿਟੀ ਵਿੱਚ ਐਨਐਸਐਸ (ਰਾਸ਼ਟਰੀ ਸੇਵਾ ਯੋਜਨਾ) ਦੇ ਵਲੰਟੀਅਰਾਂ ਨੂੰ ਵੀ ਨਿਰਦੇਸ਼ ਦਿੱਤੇ ਹਨ ਕਿ ਉਹ ਪ੍ਰਭਾਵਿਤ ਲੋਕਾਂ ਨੂੰ ਉਨ੍ਹਾਂ ਦੀਆਂ ਫੌਰੀ ਲੋੜਾਂ ਵਿੱਚ ਮਦਦ ਅਤੇ ਸਹਾਇਤਾ ਕਰਨ ਲਈ ਤਿਆਰ ਰਹਿਣ ।

# ਪੰਜਾਬ ਪੈਨਸ਼ਨ ਯੂਨੀਅਨ ਦੀ ਮਹੀਨਾਵਾਰ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਮਹੀਨਾ ਵਾਰ ਮੀਟਿੰਗ ਸਾਥੀ ਹਰਿੰਦਰ ਸਿੰਘ ਸੀਨੀ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਕਾ. ਜਸਵੰਤ ਸਮਰਾ ਯਾਦਗਾਰ ਹਾਲ ਵਿਖੇ ਹੋਈ। ਇਸ ਮੌਕੇ ਪਿਛਲੇ ਦਿਨੀਂ ਹੜ੍ਹਾਂ ਨਾਲ ਹੋਏ ਜਾਨੀ ਤੇ ਮਾਲੀ ਹੋਏ ਨੁਕਸਨ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਵਿੱਛੜੀਆਂ ਰੂਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਾਥੀ ਜਗਤਾਰ ਸਿੰਘ ਭੁੰਗਰਨੀ ਨੇ ਦੱਸਿਆ ਕਿ ਭਗਵੰਤ ਮਾਨ ਦੀ ਤੀਜੇ ਬਦਲ ਦੀ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੇ ਪੂਰਨਿਆਂ ਤੇ ਚੱਲਦੀ ਹੋਈ ਵਰਕਰਾਂ ਅਤੇ ਪੈਂਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਲਈ ਟਾਲ ਮਟੋਲ ਦੀ ਨੀਤੀ ਅਪਨਾ ਰਹੀ ਹੈ। ਇਸ ਮੌਕੇ ਪੈਂਸ਼ਨਰਾਂ ਦੇ ਏ .ਜੀ. ਦਫਤਰ ਦੇ ਕੰਮਾਂ ਵਿਚ ਆਈ ਖੜੋਤ ਦੂਰ ਕਰਨ , ਮੈਡੀਕਲ ਬਿੱਲਾਂ ਦਾ ਨਿਪਟਾਰਾ ਕਰਨ, ਸਰਕਾਰ ਵੱਲੋਂ ਦਿੱਤੇ 6% ਡੀ ਏ ਦੀ ਕਿਸ਼ਤ ਦੇ ਬਕਾਏ ਬੈਂਕਾਂ ਵਲੋਂ ਭੁਗਤਾਨ ਨਾ ਕਰਨ ਦੀ ਸਖਤ ਨਿਖੇਧੀ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਹਾਲ ਦੇ ਟਰੱਸਟੀ ਜਨ. ਸਕੱਤਰ ਕਾ. ਪ੍ਰਿਥੀਪਾਲ ਸਿੰਘ ਮਾੜੀ ਮੇਘਾ ਨੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਇਆ , ਬੈਂਕ ਇੰਪਲਾਈਜ ਫੈਡਰੇਸ਼ਨ ਦੇ ਪ੍ਰਧਾਨ ਐਸ .ਪੀ .ਐਸ. ਵਿਰਕ ਕਾ. ਐਚ ਐਸ ਵੀਰ , ਪ੍ਰਧਾਨ ਹਰਿੰਦਰ ਸਿੰਘ ਚੀਮਾਂ , ਸਕੱਤਰ ਰਸ਼ਪਾਲ ਸਿੰਘ ਕੈਲੇ ,ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ, ਦਿਲਜੀਤ ਸਿੰਘ ਸੁੱਜੋ , ਗੁਰਮੁੱਖ ਸਿੰਘ ਮੀਤ ਪ੍ਰਧਾਨ ,ਰੇਸ਼ਮ ਸਿੰਘ ਕੰਗ ,ਸੰਤੋਖ ਸਿੰਘ ਕੈਸ਼ੀਅਰ ਬਲਵਿੰਦਰ ਸਿੰਘ ਮੁਲਤਾਨੀ,ਦਵਿੰਦਰਪਾਲ ਸਿੰਘ ,ਸ਼ਾਮ ਲਾਲ, ਸਿੰਘ, ਪ੍ਰਧਾਨ ਹਰਿੰਦਰ ਸਿੰਘ ਚੀਮਾਂ, ਮੀਤ ਪ੍ਰਧਾਨ ਸੰਦੀਪ ਕੁਮਾਰ , ਭੁਪਿੰਦਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਪ੍ਰੋ: ਹਰਨੇਕ ਸਿੰਘ ਨੂੰ ਇਕੱਤੀ ਹਜ਼ਾਰ ਦੀ ਥੈਲੀ ਭੇਂਟ

**ਬਹਿਰਾਮ (ਅਵਤਾਰ ਕਲੇਰ)** ਐਸ ਸੀ ਬੀ ਸੀ ਅਧਿਆਪਕ ਯੂਨੀਅਨ ਜ਼ਿਲ੍ਹਾ ਸਹੀਦ ਭਗਤ ਸਿੰਘ ਨਗਰ ਵਲੋਂ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਵਾਲਮੀਕਿ ਮੰਦਿਰ ਬੰਗਾ ਵਿਖੇ ਇੱਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਰਿਜਰਵੇਸ਼ਨ ਚੋਰ ਫੜੋ ਮੋਰਚੇ ਦੇ ਕਨਵੀਨਰ ਪ੍ਰੋ: ਹਰਨੇਕ ਸਿੰਘ ਉਚੇਚੇ ਤੌਰ 'ਤੇ ਪਹੁੰਚੇ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਮੁਹਾਲੀ ਵਿੱਚ ਲੱਗਾ ਹੋਇਆ ਮੋਰਚਾ ਦੋਸ਼ੀਆਂ ਨੂੰ ਸਜਾਵਾਂ ਦਿਵਾਉਣ ਤੱਕ ਜਾਰੀ ਰਹੇਗਾ। ਡਾ. ਕਸ਼ਮੀਰ ਚੰਦ ਪ੍ਰਧਾਨ ਭਾਰਤ ਫਾਊਂਡੇਸ਼ਨ ਨੇ ਕਿਹਾ ਕਿ ਸਮਾਜਿਕ ਭਰਾਤਰੀ ਜਥੇਬੰਦੀਆਂ ਵਲੋਂ ਮੋਰਚੇ ਦੀ ਹਰ ਤਰ੍ਹਾਂ ਨਾਲ ਮੱਦਦ ਕੀਤੀ ਜਾਏਗੀ। ਡਾ. ਪ੍ਰਭਦਿਆਲ ਤੇ ਜੱਸੀ ਤੱਲਣ ਪ੍ਰਧਾਨ ਗੁਰੂ ਰਵਿਦਾਸ ਟਾਈਗਰ ਫੋਰਸ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਅਗਰ ਪੰਜਾਬ ਸਰਕਾਰ ਨੇ ਜਾਅਲੀ ਸਰਟੀਫਿਕੇਟ ਬਣਾ ਕੇ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਵਾਲੇ ਲੋਕਾਂ ਖਿਲਾਫ ਕਾਰਵਾਈ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤਕੜਾ ਕੀਤਾ ਜਾਵੇਗਾ। ਇਸ ਮੌਕੇ ਸਮਾਜਿਕ ਭਰਾਤਰੀ ਜਥੇਬੰਦੀਆਂ ਵਲੋਂ ਮੋਰਚੇ ਨੂੰ ਇਕੱਤੀ ਹਜਾਰ ਦੀ ਥੈਲੀ ਭੇਂਟ ਕੀਤੀ ਗਈ ਜਿਸ ਵਿੱਚ ਵਾਲਮੀਕਿ ਭਾਈਚਾਰੇ ਵਲੋਂ ਇਕਵੰਜਾ ਸੌ ਰੁਪਏ ਦਾ ਸਹਿਯੋਗ ਪਾਇਆ ਗਿਆ। ਸਟੇਜ ਦੀ ਕਾਰਵਾਈ ਮਾਸਟਰ ਸਤਪਾਲ ਰਟੈਂਡਾ ਵਲੋਂ ਨਿਭਾਈ ਗਈ। ਇਸ ਮੌਕੇ ਰਾਮ ਕ੍ਰਿਸ਼ਨ ਪੱਲੀ ਝਿੱਕੀ, ਲੈਕ. ਸੁਰਜੀਤ ਸੈਂਪਲੇ, ਲੈਕ. ਬਲਿਹਾਰ ਚੰਦ, ਲੈਕ. ਕੁਲਵਿੰਦਰ ਬੰਗਾ, ਵਿਪਨ ਕੁਮਾਰ ਬੰਗਾ, ਭਗਵਾਨ ਦਾਸ, ਦੀਪਕ ਘਈ,(ਇੰਚਾਰਜ ਪੰਜਾਬ) ਅਰੁਣ ਘਈ ਸਾਬਕਾ ਐਮ ਸੀ, ਸਚਿਨ ਘਈ ਸਾਬਕਾ ਐਮ ਸੀ, ਮੀਨਾ ਘਈ ਪ੍ਰਧਾਨ, ਸਤਨਾਮ ਬਖਲੌਰ, ਸੁਰਜੀਤ ਕਰੀਹਾ, ਡਾ. ਸੁਰਿੰਦਰ ਏ ਡੀ ਓ ਸੁਰਿੰਦਰ ਮੋਹਣ ਸਕੱਤਰ ਡਾ. ਬੀ ਆਰ ਅੰਬੇਡਕਰ ਚੇਤਨਾ ਸੁਸਾਇਟੀ ਬੰਗਾ , ਰਾਮ ਲਾਲ ਭੂਤ, ਰਮੇਸ਼ ਕੁਮਾਰ ਪੀ ਟੀ ਆਈ, ਬੁੱਧ ਦਾਸ, ਜਸਵੀਰ ਬੇਗਮਪੁਰੀ, ਦੀਦਾਰ ਸੋਤਰਾਂ, ਮੇਜਰ ਸਿੰਘ ਡੀ ਪੀ ਈ, ਸੁਰਿੰਦਰ ਸਿੰਘ ਖਾਲਸਾ, ਜੋਗ ਰਾਜ ਬਖਲੌਰ, ਸਤਵੀਰ ਸਿੰਘ, ਪਰਮਜੀਤ ਝੰਮਟ, ਰਮੇਸ ਅਟਾਰੀ, ਧਰਮਿੰਦਰ ਮਸਾਣੀ, ਨਿਤਨ ਮੁਕੰਦਪੁਰ, ਨਵੀਨ ਕਰੀਹਾ, ਮੰਗਤ ਰਾਮ ਬਖਲੌਰ, ਕੇਸ਼ਵ ਘਈ, ਪ੍ਰਿਥੀ ਭਾਟੀਆ, ਦਿਲਬਾਗ ਸਰਹਾਲ ਕਾਜ਼ੀਆਂ, ਦਰਬਾਰੀ ਲਾਲ, ਰਵੀ ਕੁਮਾਰ ਆਦਿ ਹਾਜ਼ਰ



# ਪੰਜਾਬ 'ਚ ਹਿੰਦੂਆਂ ਨਾਲ ਹੋ ਰਹੇ ਵਿਤਕਰੇ ਨੂੰ ਬੰਦ ਨਾ ਕੀਤਾ ਤਾਂ ਸੰਘਰਸ਼ ਕਰਾਂਗੇ ਤੇਜ਼ : ਮਿੱਕੀ ਪੰਡਤ



ਟਾਂਡਾ ਉੜਮੁੜ (ਜਸਵਿੰਦਰ ਸੰਧੂ ,ਉਂਕਾਰ ਸਿੰਘ )-ਕਾਂਵੜੀਆਂ ਤੇ ਮੋਗਾ ਪੁਲਸ ਵੱਲੋਂ ਗੱਡੀ ਚੜ੍ਹਾਉਣ, ਲਾਠੀਚਾਰਜ ਕਰਨ ਅਤੇ ਫਾਇਰਿੰਗ ਕਰਨ ਦੇ ਰੋਸ ਵਜੋਂ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਅਤੇ ਜ਼ਿਲ੍ਹਾ ਪ੍ਰਧਾਨ ਸ਼ਿਵਮ ਵੈਦ ਦੀ ਦੇਖ ਰੇਖ ਵਿੱਚ ਇੱਕ ਵਫਦ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੂੰ ਮਿਲਿਆ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਾਂਅ 'ਤੇ ਉਨ੍ਹਾਂ ਨੂੰ ਇੱਕ ਮੰਗ ਪੱਤਰ ਸੌਂਪਿਆ। ਉਨ੍ਹਾਂ ਨਾਲ ਭਾਜਪਾ ਜ਼ਿਲ੍ਹਾ ਪ੍ਰਧਾਨ ਸੰਜੀਵ ਮਿਨਹਾਸ, ਸੇਠ ਰਾਮ ਸੇਠੂ ਅਤੇ ਹੋਰ ਆਗੂ ਹਾਜਰ ਸਨ।

ਇਸ ਮੰਗ ਪੱਤਰ ਰਾਹੀਂ ਮਿੱਕੀ ਪੰਡਿਤ ਨੇ ਕਿਹਾ ਕਿ ਵੱਖ-ਵੱਖ ਤੀਰਥ ਸਥਾਨਾਂ 'ਤੇ ਯਾਤਰਾ ਕਰ ਰਹੇ ਕਾਂਵੜੀਆਂ ਤੇ ਮੋਗਾ ਵਿਖੇ ਪੁਲਸ ਮੁਲਾਜਮ ਵੱਲੋਂ ਗੱਡੀ ਚੜ੍ਹਾਉਣ ਦੇ ਰੋਸ ਵਜੋਂ ਜਦੋਂ ਕਾਵੜੀਆਂ ਵੱਲੋਂ ਰੋਸ ਦਾ ਪ੍ਰਗਟਾਵਾ ਕੀਤਾ ਗਿਆ ਤਾਂ ਫਿਰ ਪੁਲਸ ਮੁਲਾਜਮਾਂ ਵੱਲੋਂ ਉਨ੍ਹਾਂ 'ਤੇ ਲਾਠੀਚਾਰਜ ਤੇ ਫਾਇਰਿੰਗ ਕੀਤੀ ਗਈ, ਅਜਿਹੀ ਘਿਣੌਨੀ ਤਾਨਾਸ਼ਾਹੀ ਨੂੰ ਕੋਈ ਵੀ ਹਿੰਦੂ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਸ਼ਿਵਮ ਵੈਦ ਨੇ ਕਿਹਾ ਕਿ ਜਦੋਂ ਤੋਂ ਮਾਨ ਸਰਕਾਰ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਹਿੰਦੂਆਂ ਦੀ ਧਾਰਮਿਕ ਯਾਤਰਾ ਵਿੱਚ ਕੋਈ ਨਾ ਕੋਈ ਵਿਘਨ ਪਾਇਆ ਜਾ ਰਿਹਾ ਹੈ।

ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇ ਹਿੰਦੂਆਂ ਨਾਲ ਹੋ ਰਹੇ ਅਜਿਹੇ ਵਿਤਕਰੇ ਨੂੰ ਬੰਦ ਨਾ ਕੀਤਾ ਤਾਂ ਸ਼ਿਵ ਸੈਨਾ ਪੰਜਾਬ ਹੋਰ ਹਿੰਦੂਆਂ ਸੰਗਠਨਾਂ ਦੇ ਸਹਿਯੋਗ ਨਾਲ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਅਤੇ ਪੁਤਲੇ ਫੂਕ ਪ੍ਰਦਰਸ਼ਨ ਸ਼ੁਰੂ ਕਰ ਦੇਵੇਗੀ। ਸੋਮ ਪ੍ਰਕਾਸ਼ ਨੇ ਭਰੋਸਾ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦੀ ਅਵਾਜ ਕੇਂਦਰ ਸਰਕਾਰ ਤੱਕ ਪਹੁੰਚਾ ਦਿੱਤੀ ਜਾਵੇਗੀ ਅਤੇ ਉਨ੍ਹਾਂ ਨੂੰ ਪੂਰਾ-ਪੂਰਾ ਇਨਸਾਫ ਦਵਾਇਆ ਜਾਵੇਗਾ। ਇਸ ਮੌਕੇ 'ਤੇ ਜਿੰਦਰ ਬਨਿਆਲ, ਹਰਜੀਤ ਸਿੰਘ, ਸੁਧਾਂਸੂ ਮਲਹੋਤਰਾ, ਗੌਰਵ, ਜੋਵਨ, ਗੋਪੀ ਹਰਸੀ ਪਿੰਡ, ਬਬਲੂ, ਰਿਸੀ ਬਬਲੂ ਮੁਨੱਕਾ, ਅਖਿਲ ਸਰਮਾ, ਅਮਿਤ ਜੈਨ, ਗੋਰਵ ਮਿਰਜਾਪੁਰ, ਰਿੰਕੂ, ਅਤੇ ਹੋਰ ਹਾਜਰ ਸਨ।

# ਕੰਢੀ ਸੰਘਰਸ਼ ਕਮੇਟੀ ਨੇ ਗੈਰ-ਕਾਨੂੰਨੀ ਮਾਈਨਿੰਗ ਖਿਲਾਫ ਡੀ ਐੱਫ ਓ ਨੂੰ ਦਿੱਤਾ ਮੰਗ ਪੱਤਰ



**ਮਾਹਿਲਪੁਰ/ਗੜ੍ਹਸ਼ੰਕਰੀ (ਸਫਰੀ, ਬੀਰਮਪੁਰ)**- ਕੰਢੀ ਸੰਘਰਸ਼ ਕਮੇਟੀ ਨੇ ਇਲਾਕੇ ਵਿੱਚ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਤੇ ਹੋਰ ਮੰਗਾਂ ਨੂੰ ਲੈ ਕੇ ਚੌਧਰੀ ਅੱਛਰ ਸਿੰਘ ਬਿਲੜੋਂ ਅਤੇ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਡੀ.ਐਫ.ਓ ਗੜ੍ਹਸ਼ੰਕਰ ਨੂੰ ਮੰਗ ਪੱਤਰ ਦਿੰਦਿਆਂ ਕਿਹਾ ਕਿ ਜੇਕਰ ਸਮੱਸਿਆਵਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਜੋਰਦਾਰ ਸੰਘਰਸ਼ ਉਲੀਕਿਆ ਜਾਵੇਗਾ। ਆਗੂਆਂ ਨੇ ਕਿਹਾ ਕਿ ਇਲਾਕੇ ਵਿੱਚ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ, ਜੰਗਲ ਵਿੱਚ ਗੈਰ ਕਾਨੂੰਨੀ ਟਿੱਪਰ, ਘੋੜੇ ਤੇ ਟਰਾਲੀਆਂ ਲਈ ਬਣਾਏ ਗੈਰ ਕਾਨੂੰਨੀ ਰਾਸਤੇ ਬੰਦ ਕਰਾਉਣ, ਜੰਗਲੀ ਜਾਨਵਰਾਂ ਦਾ ਪ੍ਰਬੰਧ ਕਰਵਾਉਣ ਲਈ ਤੇ ਹੋਰ ਮੰਗਾਂ ਲਈ ਪਿੰਡਾਂ 'ਚ ਮੀਟਿੰਗਾਂ ਕਰਕੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਪਰਵਾਨ ਨਾ ਹੋਈਆਂ ਤਾਂ ਪੱਕਾ ਮੋਰਚਾ ਲਗਾਇਆ ਜਾਵੇਗਾ। ਇਸ ਮੌਕੇ ਡੀ.ਐਫ.ਓ ਹਰਭਜਨ ਸਿੰਘ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ ਉਹ ਇਨ੍ਹਾਂ ਮੰਗ ਨੂੰ ਜਲਦ ਹੱਲ ਕਰਵਾਉਣ ਦਾ ਯਤਨ ਕਰਣਗੇ। ਇਸ ਮੌਕੇ ਦਿਲਬਾਗ ਮਹਿਦੂਦ, ਕੈਪਟਨ ਕਰਨੈਲ ਸਿੰਘ, ਗਰੀਬ ਦਾਸ ਬੀਟਨ, ਪ੍ਰੇਮ ਸਿੰਘ, ਹਰਨੇਕ ਸਿੰਘ ਬੰਗਾ, ਚੌਧਰੀ ਕ੍ਰਿਸ਼ਨ ਚੰਦ, ਬਲਵਿੰਦਰ ਸਿੰਘ, ਜੁਝਾਰ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਸੁਰਿੰਦਰ ਕੌਰ ਚੁੰਬਰ, ਦਲਜੀਤ ਕੌਰ, ਰਸ਼ਪਾਲ ਕੌਰ, ਵਿਸ਼ਲੀ ਬੰਗਾ, ਮਹਿੰਦਰ ਕੌਰ, ਸੁਖਵਿੰਦਰ ਸਿੰਘ, ਦਿਲਬਾਗ ਸਿੰਘ ਮੱਟੂ, ਗੁਰਮੀਤ ਸਿੰਘ, ਰਣਜੀਤ ਸਿੰਘ, ਕੁਲਦੀਪ ਸਿੰਘ, ਸਤਵਿੰਦਰ ਸਿੰਘ, ਨਿਰਮਲ ਸਿੰਘ, ਪ੍ਰੇਮ ਸਿੰਘ, ਰਤਨ ਸਿੰਘ, ਦੌਲਤ ਰਾਮ ਤੇ ਸ਼ਾਂਤੀ ਦੇਵੀ ਆਦਿ ਹਾਜਰ ਸਨ।

# ਰੈੱਡ ਕਰਾਸ ਸੁਸਾਇਟੀ ਵੱਲੋਂ ਕਰਵਾਏ ਜਾ ਰਹੇ ਕੋਰਸਾਂ 'ਚ 31 ਤੱਕ ਲਿਆ ਜਾ ਸਕਦੈ ਦਾਖ਼ਲਾ : ਡੀ ਸੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਕੋਮਲ ਮਿੱਤਲ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਜਿੱਥੇ ਲੋੜਵੰਦਾਂ, ਅੰਗਹੀਣਾਂ ਦੀ ਮਦਦ ਲਈ ਕਈ ਸਮਾਜ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਉੱਥੇ ਹੀ ਵਿਦਿਆਰਥੀਆਂ ਲਈ ਕਿੱਤਾਮੁਖੀ ਸਿਖਲਾਈ ਕੇਂਦਰ ਵੀ ਚਲਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਬਿਊਟੀ ਪਾਰਲਰ, ਫੈਸ਼ਨ ਡਿਜ਼ਾਈਨਿੰਗ, ਅੰਗਰੇਜ਼ੀ-ਪੰਜਾਬੀ ਟਾਈਪਿੰਗ, ਪੰਜਾਬੀ ਸ਼ਾਰਟ ਹੈਂਡ ਅਤੇ ਕੰਪਿਊਟਰ ਵਰਗੇ ਕਿੱਤਾਮੁਖੀ ਕੋਰਸ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਦਾਖਲਾ ਲੈ ਕੇ ਵਿਦਿਆਰਥੀ ਆਪਣੇ ਪੈਰਾਂ 'ਤੇ ਖੜ੍ਹਾ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਵਿੱਚ ਦਾਖਲਾ ਲੈਣ ਦੀ ਆਖਰੀ ਮਿਤੀ 31 ਜੁਲਾਈ ਹੈ ਅਤੇ ਚਾਹਵਾਨ ਉਮੀਦਵਾਰ ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰੈੱਡ ਕਰਾਸ ਦਫਤਰ, ਸਿਵਲ ਲਾਈਨ ਹੁਸ਼ਿਆਰਪੁਰ ਵਿਖੇ ਨਿੱਜੀ ਤੌਰ 'ਤੇ ਪੁੱਛਗਿੱਛ ਕਰ ਸਕਦੇ ਹਨ। ਇਸ ਤੋਂ ਇਲਾਵਾ ਫੋਨ ਨੰਬਰ 79737-99983, 94643-62567, 01882-221071 'ਤੇ ਵੀ ਜਾਣਕਾਰੀ ਲਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਲਈ ਘੱਟੋ-ਘੱਟ ਯੋਗਤਾ 10ਵੀਂ, 12ਵੀਂ ਪਾਸ ਹੈ ਅਤੇ ਇਹ ਕੋਰਸ ਨਵੀਨਤਮ ਸਿਲੇਬਸ ਅਨੁਸਾਰ 6 ਮਹੀਨੇ ਜਾਂ 1 ਸਾਲ ਦੀ ਮਿਆਦ ਦੇ ਹਨ। ਉਨ੍ਹਾਂ ਕਿਹਾ ਕਿ ਉਦਯੋਗ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਦੀ ਵਰਤੋਂ ਕਰਕੇ ਸਿਧਾਂਤਕ ਅਤੇ ਪ੍ਰੈਕਟੀਕਲ ਗਿਆਨ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਕੋਰਸ ਦੇ ਮੁਕੰਮਲ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਮੌਕੇ ਵੀ ਪ੍ਰਦਾਨ ਕੀਤੇ ਜਾਣਗੇ।

# ਹਾਈਵੇ 'ਤੇ ਖੜੀ ਗੱਡੀ 'ਚੋਂ ਦੋ ਮੋਬਾਇਲ ਚੋਰੀ

**ਫਿਲੌਰ (ਨਿਰਮਲ)**-ਇੱਕ ਗੱਡੀ ਦੇ ਡਰਾਈਵਰ ਅਤੇ ਕਲੀਨਰ ਸਨੀ ਪੁੱਤਰ ਮਦਨ ਲਾਲ ਵਾਸੀ ਪਿੰਡ ਹੋਠੀਆਂ ਕਪੂਰਥਲਾ ਅਤੇ ਅਮਿਤ ਕੁਮਾਰ ਪੁੱਤਰ ਪ੍ਰਤਾਪ ਚੰਦ ਵਾਸੀ ਚੰਬਾ ਹਿਮਾਚਲ ਨੇ ਦੱਸਿਆ ਕਿ ਉਨ੍ਹਾਂ ਫਿਲੌਰ ਵਾਲਾ ਪੁੱਲ ਟੱਪ ਕੇ ਬਾਥਰੂਮ ਕਰਨ ਲਈ ਆਪਣੀ ਗੱਡੀ ਖੜ੍ਹੀ ਕੀਤੀ ਸੀ ਕਿ ਝਾੜੀਆਂ ਵਿੱਚੋਂ ਲੁਟੇਰੇ ਆਏ ਅਤੇ ਗੱਡੀ ਵਿੱਚੋਂ ਦੋ ਮੋਬਾਈਲ ਚੋਰੀ ਕਰਕੇ ਲੈ ਗਏ । ਜਿਨ੍ਹਾਂ ਦੀ ਕੀਮਤ 21000 ਅਤੇ 16000 ਰੁਪਏ ਹੈ। ਥਾਣਾ ਮੁਖੀ ਫਿਲੌਰ ਹਰਜਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਜਲਦ ਹਾਈਵੇ 'ਤੇ ਗਸ਼ਤ ਵਧਾਈ ਜਾਵੇਗੀ।

# ਹੜ੍ਹ ਪੀੜਤ ਪਰਵਾਰਾਂ ਦੀਆਂ ਅੱਖਾਂ ਸਰਕਾਰੀ ਸਹਾਇਤਾ ਉਡੀਕਦੀਆਂ ਥੱਕੀਆਂ

**ਮਾਹਿਲਪੁਰ (ਸਫਰੀ)** ਇਲਾਕਾ ਮਾਹਿਲਪੁਰ ਚੱਬੇਵਾਲ ਦੇ ਹੜ੍ਹਾਂ ਦੀ ਮਾਰ ਹੇਠ ਆਏ ਪਿੰਡ ਲਲਵਾਨ,ਫਤਿਹਪੁਰ ਕੋਠੀ,ਕਹਾਰਪੁਰ ਦੇ ਪੀੜ੍ਹਤ ਪਰਵਾਰਾਂ ਦੀ ਮੌਜੂਦਾ ਸਥਿਤੀ ਤੇ ਹਾਲ ਚਾਲ ਜਾਨਣ ਲਈ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਸਾਥੀਆਂ ਸਮੇਤ ਸਬੰਧਤ ਪਿੰਡਾਂ ਵਿੱਚ ਪਹੁੰਚੇ ਤੇ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਪੀੜ੍ਹਤ ਰਿਵਾਰਾਂ ਵਲੋਂ ਅੱਜ ਵੀ ਸਰਕਾਰਾਂ ਤੇ ਪ੍ਰਸਾਸਨਿਕ ਅਧਿਕਾਰੀਆਂ ਨੂੰ ਵਾਰ ਵਾਰ ਅਰਜੋਈਆਂ ਕੀਤੀਆਂ ਜਾ ਰਹੀਆਂ ਹਨ ਕਿ ਉਨ੍ਹਾਂ ਦੇ ਹੱਦੋਂ ਵੱਧ ਹੋਏ ਨੁਕਸਾਨ ਦੀ ਤੁਰੰਤ ਭਰਪਾਈ ਕਰਕੇ ਜ਼ਿੰਦਗੀ ਨੂੰ ਲੀਹ 'ਤੇ ਲਿਆਉਣ ਲਈ ਲੋੜੀਂਦਾ ਸਹਿਯੋਗ ਦਿੱਤਾ ਜਾਵੇ। ਸਿਆਸੀ ਆਗੂਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਦੌਰੇ ਮਹਿਜ ਖਾਨਾਪੂਰਤੀ ਬਣ ਕੇ ਰਹਿ ਗਏ ਹਨ, ਇੱਕ ਧੇਲੇ ਦੀ ਵੀ ਰਾਹਤ ਨਹੀਂ ਪਹੁੰਚਾਈ ਗਈ। ਹੜ੍ਹਾਂ ਵਾਲੇ ਦਿਨ ਤੋਂ ਲੈ ਕੇ ਅੱਜ ਤੱਕ ਅਨੇਕਾਂ ਸਿਆਸੀ ਆਗੂਆਂ ਤੇ ਅਧਿਕਾਰੀਆਂ ਨੇ ਨੁਕਸਾਨ ਦੇ ਮੁਆਇਨੇ ਕੀਤੇ, ਲਾਰੇ ਵੀ ਲਾਏ ਪਰ ਅਸਲੀਅਤ ਵਿੱਚ ਕੋਈ ਮੱਦਦ ਨਹੀਂ ਨਹੀਂ ਕੀਤੀ ਤੇ ਨਾ ਹੀ ਅਜੇ ਨੇੜ੍ਹ ਭਵਿੱਖ ਵਿੱਚ ਕੋਈ ਆਸ ਦਿਖਾਈ ਦੇ ਰਹੀ ਹੈ। ਘਰਾਂ ਦਾ ਜਰੂਰੀ ਵਰਤੋਂ ਦਾ ਸਮਾਨ ਖਰਾਬ ਹੋਣ ਕਾਰਨ ਗੰਭੀਰ ਸੰਕਟ 'ਚੋਂ ਗੁਜਰਨਾ ਪੈ ਰਿਹਾ ਹੈ। ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਤੁਰੰਤ ਨਿਭਾਏ ਤੇ ਪੀੜ੍ਹਤ ਲੋਕਾਂ ਨੂੰ ਆਉਂਣ ਵਾਲੇ ਸਮੇਂ ਵਿੱਚ ਸੰਭਾਵੀ ਖਤਰਿਆਂ ਤੋਂ ਬਚਾਉਣ ਲਈ ਬਿਨਾਂ ਕਿਸੇ ਦੇਰੀ ਦੇ ਤੁਰੰਤ ਰਾਹਤ ਪਹੁੰਚਾਏ। ਇਸ ਮੌਕੇ 'ਤੇ ਦਿਆਲ ਸਿੰਘ ਬੈਂਸ ਨੰਗਲ ਕਲਾਂ,ਸਤਵੰਤ ਕੌਰ,ਜੁਗਿੰਦਰ ਸਿੰਘ ਲਲਵਾਨ,ਨਿਰਪਾਲ ਚੰਦ, ਬਲਜਿੰਦਰ ਸਿੰਘ,ਸੁਰਜੀਤ ਸਿੰਘ ਹਾਜਰ ਸਨ।

# ਨਸ਼ੇ 'ਚ ਟੁੰਨ ਨੌਜਵਾਨ ਦੀ ਗੁਰਦੁਆਰਾ ਸਾਹਿਬ 'ਚ ਹੁੱਲੜਬਾਜ਼ੀ ਕਰਦੇ ਸਮੇਂ ਮੌਤ



**ਆਦਮਪੁਰ ( ਪਰਮਜੀਤ ਸਿੰਘ )**:-ਪਿੰਡ ਸਲਾਲਾ ਦੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਨਸ਼ੇ ਦੀ ਹਾਲਤ ਵਿੱਚ ਹੁੱਲੜਬਾਜੀ ਕਰਨ ਬਾਅਦ ਨੌਜਵਾਨ ਦੀ ਮੌਤ ਹੋ ਗਈ। ਮੌਕੇ ਤੇ ਪਹੁੰਚੇ ਡੀ ਐਸ ਪੀ ਸੁਖਨਾਜ ਸਿੰਘ ਨੇ ਦੱਸਿਆ ਕਿ ਪਿੰਡ ਸਲਾਲਾ ਦੇ 30 ਸਾਲਾਂ ਨੌਜਵਾਨ ਗਗਨਦੀਪ ਸਿੰਘ ਗੱਗੀ ਪੁੱਤਰ ਸੁਖਦੇਵ ਸਿੰਘ ਨਸ਼ੇ ਦੀ ਹਾਲਤ ਵਿੱਚ ਲੋਕਾਂ ਨਾਲ ਲੜਾਈ ਝਗੜੇ ਕਰਦਾ ਉਪਰੰਤ ਗੁਰਦੁਆਰਾ ਸਾਹਿਬ ਦੀ ਇਮਾਰਤ ਦੇ ਅੰਦਰ ਆ ਗਿਆ। ਸੇਵਾਦਾਰਾਂ ਸਮੇਤ ਪਰਵਾਰਕ ਮੈਂਬਰਾਂ ਵੱਲੋਂ ਉਸ ਨੂੰ ਰੋਕਿਆ ਪਰ ਉਹ ਜਬਰਦਸਤੀ ਦਰਬਾਰ ਸਾਹਿਬ ਅੰਦਰ ਆ ਗਿਆ ਤੇ ਗੁਲਦਸਤਿਆਂ ਨੂੰ ਤੋੜ ਭੰਨ ਕਰਦਿਆਂ ਸ਼ੀਸ਼ੇ ਦਾ ਦਰਵਾਜਾ ਨਾ ਤੋੜ ਦਿੱਤਾ।

ਸ਼ੀਸ਼ਾ ਲੱਗਣ ਨਾਲ ਉਸ ਦੀ ਬਾਂਹ ਵੱਢੀ ਗਈ ਅਤੇ ਬੇਹੋਸ਼ ਹੋ ਕੇ ਹੇਠਾਂ ਡਿੱਗ ਪਿਆ। ਉਸ ਨੂੰ ਹਸਪਤਾਲ ਪਹੁੰਚਾਇਆ ਗਿਆ ਜਿਥੇ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ। ਡੀ ਐਸ ਪੀ ਨੇ ਦੱਸਿਆ ਕਿ ਨੌਜਵਾਨ ਵਲੋਂ ਕੀਤੀ ਹੁੱਲੜਬਾਜੀ ਦੀ ਘਟਨਾ ਦੀ ਪੂਰੀ ਵੀਡੀਓ ਦੀ ਰਿਕਾਰਡਿੰਗ ਹੋਈ ਹੈ। ਮਾਮਲੇ ਵਿਚ ਪੂਰੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਪਿੰਡ ਵਾਸੀ ਦਵਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਦੇ ਬਿਆਨ 'ਤੇ ਪਰਚਾ ਦਰਜ ਕੀਤਾ ਗਿਆ ਹੈ। ਇਸ ਮੌਕੇ ਸਮੂਹ ਕਮੇਟੀ ਮੈਂਬਰ ਤੇ ਪਿੰਡ ਵਾਸੀ ਸਰਬਜੀਤ ਸਿੰਘ, ਅਮਨਦੀਪ ਸਿੰਘ ਢਿੱਲੋਂ, ਦਵਿੰਦਰ ਸਿੰਘ, ਹਰਪ੍ਰੀਤ ਸਿੰਘ, ਗ੍ਰੰਥੀ ਸਰਵਣ ਸਿੰਘ, ਰਾਜਿੰਦਰ ਸਿੰਘ ਮੰਗੀ, ਅਵਤਾਰ ਸਿੰਘ, ਜਸਵੰਤ ਸਿੰਘ, ਰਵਿੰਦਰ ਸਿੰਘ, ਭੁਪਿੰਦਰ ਸਿੰਘ ਸੇਠ, ਰਾਕੇਸ਼ ਕੁਮਾਰ ਕਾਲਾ , ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਤਹਿਸੀਲਦਾਰ ਨੇ ਕੀਤਾ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਬਰਸਾਤ ਤੋਂ ਬਾਅਦ ਕੀਤੇ ਜਾ ਰਹੇ ਸਫਾਈ ਪ੍ਰਬੰਧਾਂ ਦਾ ਪ੍ਰਸ਼ਾਸਨ ਵੱਲੋਂ ਲਗਾਤਾਰ ਜਾਇਆ ਲਿਆ ਜਾ ਰਿਹਾ ਹੈ। ਸਰਕਾਰੀ ਸਕੂਲ ਢੇਰ ਵਿੱਚ ਸਫਾਈ ਅਤੇ ਹੋਰ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਪਹੁੰਚੇ ਤਹਿਸੀਲਦਾਰ ਬਾਦਲਦੀਨ ਨੇ ਦੱਸਿਆ ਕਿ ਸਕੂਲ ਵਿੱਚ ਪੂਰੀ ਤਰਾਂ ਸਾਫ ਸਫਾਈ ਦਾ ਕੰਮ ਚੱਲ ਰਿਹਾ ਹੈ ਜੋ ਹੁਣ ਮੁਕੰਮਲ ਹੋ ਜਾਵੇਗਾ। ਵਿਦਿਆਰਥੀਆਂ ਅਤੇ ਸਟਾਫ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਆਪਿਕ ਸਫਾਈ ਮੁਹਿੰਮ ਚਲਾਈ ਗਈ ਹੈ। ਹੁਣ ਸਕੂਲ ਆਮ ਵਾਂਗ ਖੁੱਲੇਗਾ। ਉਨਾਂ ਨੇ ਦੱਸਿਆ ਕਿ ਹੋਰ ਵਿੱਦਿਅਕ ਅਦਾਰਿਆਂ ਅਤੇ ਪ੍ਰਭਾਵਿਤ ਖੇਤਰਾਂ ਦਾ ਨਿਰੰਤਰ ਦੌਰਾ ਕਰਕੇ ਜਾਇਜਾ ਲਿਆ ਜਾ ਰਿਹਾ ਹੈ, ਜਿਸ ਦੀ ਰਿਪੋਰਟ ਉੱਚ ਅਧਿਕਾਰੀਆਂ ਨੂੰ ਭੇਜ ਦਿੱਤੀ ਗਈ ਹੈ।

# ਸੈਨਿਕ ਇੰਸਟੀਚਿਊਟ ਮੈਨੇਜਮੈਂਟ ਤੇ ਟੈਕਨਾਲੋਜੀ ਵਿਖੇ ਵੱਖ-ਵੱਖ ਕੋਰਸਾਂ ਲਈ ਦਾਖਲਾ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਅਤੇ ਟੈਕਨਾਲੋਜੀ ਵਿਖੇ ਵਿੱਦਿਅਕ ਸੈਸ਼ਨ 2023-24 ਲਈ ਵੱਖ-ਵੱਖ ਡਿਗਰੀ ਤੇ ਡਿਪਲੋਮਾ ਕੋਰਸਾਂ ਲਈ ਦਾਖਲਾ ਸ਼ੁਰੂ ਹੈ। ਇੰਸਟੀਚਿਊਟ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਬੀ.ਐਸ.ਸੀ. (ਆਈ.ਟੀ.), ਐਮ.ਐਸ.ਸੀ. (ਆਈ.ਟੀ.) ਰੈਗੂਲਰ, ਐਮ.ਐਸ.ਸੀ. (ਆਈ.ਟੀ.) ਐਲ.ਈ., ਪੀ.ਜੀ.ਡੀ.ਸੀ.ਏ., ਬੈਸਿਕ ਕੰਪਿਊਟਰ ਕੋਰਸ ਲਈ ਦਾਖਲੇ ਸ਼ੁਰੂ ਹਨ। ਉਨ੍ਹਾਂ ਦੱਸਿਆ ਕਿ ਤਿੰਨ ਸਾਲਾ ਬੀ.ਐਸ.ਸੀ. (ਆਈ.ਟੀ.) ਲਈ ਵਿੱਦਿਅਕ ਯੋਗਤਾ 12ਵੀਂ ਪਾਸ ਹੈ ਜਦਕਿ ਐਮ.ਐਸ.ਸੀ. (ਆਈ.ਟੀ.) ਅਤੇ ਪੀ.ਜੀ.ਡੀ.ਸੀ.ਏ. ਲਈ ਉਮੀਦਵਾਰ ਗ੍ਰੈਜੂਏਟ ਹੋਣਾ ਚਾਹੀਦਾ ਹੈ। ਇਸੇ ਤਰ੍ਹਾਂ ਐਮ.ਐਸ.ਸੀ. (ਆਈ.ਟੀ.) ਲੇਟਰਲ ਐਂਟਰੀ ਲਈ ਵਿੱਦਿਅਕ ਯੋਗਤਾ ਪੀ.ਜੀ.ਡੀ.ਸੀ.ਏ. ਹੈ ਅਤੇ ਤਿੰਨ ਮਹੀਨੇ ਦੇ ਬੇਸਿਕ ਕੰਪਿਊਟਰ ਕੋਰਸ ਵਿੱਚ ਦਾਖਲਾ ਲੈਣ ਲਈ ਉਮੀਦਵਾਰ 10ਵੀਂ ਪਾਸ ਹੋਣਾ ਚਾਹੀਦਾ ਹੈ। ਸੰਸਥਾ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ ਹੈ ਅਤੇ ਸਾਰੇ ਕੋਰਸ ਯੂਨੀਵਰਸਿਟੀ ਦੇ ਸਿਲੇਬਸ ਅਨੁਸਾਰ ਕਰਵਾਏ ਜਾਂਦੇ ਹਨ। ਵਧੇਰੇ ਜਾਣਕਾਰੀ ਲਈ 94786-18790, 84279-68374, 76962-05657 ਅਤੇ 0181-2452290 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇੰਸਟੀਚਿਊਟ ਵਿਖੇ ਆਰਮੀ/ਨੇਵੀ/ਏਅਰਫੋਰਸ/ਪੈਰਾ ਮਿਲਟਰੀ ਫੋਰਸ ਦੀ ਭਰਤੀ ਦੀ ਤਿਆਰੀ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕਲਾਸਾਂ ਵੀ ਲਗਾਈਆਂ ਜਾਂਦੀਆਂ ਹਨ, ਜਿਸ ਸਬੰਧੀ ਵਧੇਰੇ ਜਾਣਕਾਰੀ ਲਈ 95306-13546 ਤੇ 73409-82774 'ਤੇ ਰਾਬਤਾ ਕੀਤਾ ਜਾ ਸਕਦਾ ਹੈ।

# ਪੀ ਸੀ ਐੱਮ ਐੱਸ ਡੀ ਕਾਲਜ ਫਾਰ ਵੂਮੈਨ ਦਾ ਨਤੀਜਾ ਸ਼ਾਨਦਾਰ ਰਿਹਾ



**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ.ਸੀ.ਐਮ.ਐਸ.ਡੀ. ਕਾਲਜ ਫਾਰ ਵੂਮੈਨ ਦੇ ਪੀਜੀ, ਕੰਪਿਊਟਰ ਸਾਇੰਸ ਅਤੇ ਆਈਟੀ ਵਿਭਾਗ ਦੇ ਬੀਸੀਏ ਸਮੈਸਟਰ ਛੇ ਦੀਆਂ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੇ ਇਮਤਿਹਾਨਾਂ ਵਿੱਚ 7 ਡੀਸਟਿੰਕਸ਼ਨ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਖੁਸ਼ੀ, ਰੀਆ, ਹਰਜੀਤ, ਕ੍ਰਿਤਿਕਾ, ਜਸਮੀਤ, ਪੂਜਾ ਅਤੇ ਰੋਹਿਣੀ ਨੇ ਜੀਐਨਡੀਯੂ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ। ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਸਿਵਲ ਸਰਜਨ ਜਲੰਧਰ ਵਿਰੁੱਧ ਇਰਾਦਾ ਕਤਲ ਦਾ ਮੁਕੱਦਮਾ ਦਰਜ ਕਰਨ ਦੀ ਮੰਗ



**ਹੁਸ਼ਿਆਰਪੁਰ (ਬਲਵੀਰ ਸੈਣੀ)** ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਇੰਦਰਜੀਤ ਵਿਰਦੀ, ਸਕੱਤਰ ਦੀਪਾਂਜਲੀ ਭੱਟੀ ਅਤੇ ਵਿੱਤ ਸਕੱਤਰ ਇੰਦਰਪ੍ਰੀਤ ਸਿੰਘ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਜੱਥੇਬੰਦੀ ਵਲੋਂ ਸਿਵਲ ਹਸਪਤਾਲ ਜਲੰਧਰ ਵਿਖੇ ਫਾਰਮੇਸੀ ਅਫਸਰ ਸਰਵਪ੍ਰੀਤ ਸਿੰਘ ਵਲੋਂ ਕੀਤੀ ਗਈ ਆਤਮ ਹੱਤਿਆ ਦੀ ਕੋਸ਼ਿਸ਼ ਦੇ ਜ਼ਿੰਮੇਵਾਰ ਸਿਵਲ ਸਰਜਨ ਜਲੰਧਰ ਰਮਨ ਸ਼ਰਮਾ ਨੂੰ ਅਹੁਦੇ ਤੋਂ ਬਰਖਾਸਤ ਕਰਨ ਅਤੇ ਇਰਾਦਾ ਕਤਲ ਦਾ ਪਰਚਾ ਦਰਜ ਕਰਕੇ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਸੂਬਾ ਆਗੂ ਬਲਰਾਜ ਸਿੰਘ ਨੇ ਕਿਹਾ ਕਿ ਸਾਥੀ ਸਰਵਪ੍ਰੀਤ ਇੱਕ ਬਹੁਤ ਹੀ ਇਮਾਨਦਾਰ ਅਤੇ ਆਪਣੇ ਕੰਮ ਪ੍ਰਤੀ ਵਫਾਦਾਰ ਫਾਰਮੇਸੀ ਅਫਸਰ ਹੈ ਪ੍ਰੰਤੂ ਸਿਵਲ ਸਰਜਨ ਵਲੋਂ ਆਪਣੀ ਫੋਕੀ ਵਾਹ-ਵਾਹ ਖੱਟਣ ਅਤੇ ਇਮਾਨਦਾਰੀ ਦੇ ਮਖੌਟੇ ਨੂੰ ਉੱਚ ਅਧਿਕਾਰੀਆਂ ਸਾਹਮਣੇ ਪੇਸ਼ ਕਰਨ ਦੀ ਕੀਮਤ ਤੇ ਮੁਲਾਜ਼ਮਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਕਰ ਰਹੇ ਸਾਥੀ ਸਰਵਪ੍ਰੀਤ ਨੂੰ ਵੀ ਡਿਊਟੀ ਖਤਮ ਹੋਣ ਉਪਰੰਤ ਦੇਰ ਰਾਤ ਨੂੰ ਵੀ ਹਸਪਤਾਲ ਆਉਣ ਲਈ ਮਜਬੂਰ ਕੀਤਾ ਜਾਂਦਾ ਹੈ ਅਤੇ ਇਥੋਂ ਤੱਕ ਕਿ ਖਾਣਾ ਖਾਣ ਦੇ ਟਾਈਮ ਵੀ ਆਪਣੇ ਦਫਤਰ ਆਉਣ ਲਈ ਮਜਬੂਰ ਕੀਤਾ ਜਾਂਦਾ ਹੈ। ਭੱਦੀ ਸ਼ਬਦਾਬਲੀ ਬੋਲਣ ਵਿੱਚ ਆਪਣੀ ਸ਼ਾਨ ਸਮਝਣ ਵਾਲੇ ਇਸ ਅਧਿਕਾਰੀ ਵਲੋਂ ਮੁਲਾਜ਼ਮਾਂ ਦੀ ਬੇਇਜ਼ਤੀ ਕਰਨਾ ਆਮ ਗੱਲ ਬਣ ਗਈ ਹੈ। ਜੱਥੇਬੰਦੀ ਦੇ ਆਗੂਆਂ ਜਤਿੰਦਰਪਾਲ ਗੋਲਡੀ, ਓ.ਪੀ. ਸਿੰਘ, ਵਰਿੰਦਰ ਸਿੰਘ ਨੇ ਕਿਹਾ ਕਿ ਫਾਰਮੇਸੀ ਅਫਸਰ ਵਲੋਂ ਮੰਗ ਕੀਤੀ ਗਈ ਕਿ ਫਾਰਮੇਸੀ ਅਫਸਰ ਸਰਵਪ੍ਰੀਤ ਵਲੋਂ ਆਤਮ ਹੱਤਿਆ ਦੀ ਕੋਸ਼ਿਸ਼ ਕਰਨ ਦੇ ਜ਼ਿੰਮੇਵਾਰ ਦੋਸ਼ੀ ਸਿਵਲ ਸਰਜਨ ਜਲੰਧਰ ਵਿਰੁੱਧ ਇਰਾਦਾ ਕਤਲ ਦਾ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕੀਤਾ ਜਾਵੇ।

ਆਗੂਆਂ ਵਲੋਂ ਜਲੰਧਰ ਦੀਆਂ ਜੱਥੇਬੰਦੀਆਂ ਵਲੋਂ ਸਿਵਲ ਸਰਜਨ ਜਲੰਧਰ ਖਿਲਾਫ ਕੀਤੇ ਜਾਣ ਵਾਲੇ ਸੰਘਰਸ਼ ਵਿੱਚ ਵੀ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਭਰਪੂਰ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਬਲਵਿੰਦਰ ਸਿੰਘ, ਅਮ੍ਰਿਤਪਾਲ ਸਿੰਘ, ਬਲਕਾਰ ਚੰਦ, ਪ੍ਰਭਜੋਤ ਕੌਰ, ਪਰਮਿੰਦਰ ਸਿੰਘ, ਰਘਵੀਰ ਸਿੰਘ, ਵਿਜੈ ਕੁਮਰ, ਗਗਨਦੀਪ ਥਾਂਧੀ ਆਦਿ ਆਗੂ ਵੀ ਹਾਜ਼ਰ ਸਨ।

# ਡੀ ਐੱਸ ਪੀ ਨੂੰ ਦਿੱਤਾ ਮੰਗ ਪੱਤਰ



**ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)**- ਦਿਹਾਤੀ ਮਜਦੂਰ ਸਭਾ ਅਤੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਪਿੰਡ ਪਾਲਨੌਂ 'ਚ ਵਾਪਰੀ ਇੱਕ ਘਟਨਾ ਨੂੰ ਲੈ ਕੇ ਡੀ.ਐਸ.ਪੀ ਫਿਲੌਰ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ। ਦਿਹਾਤੀ ਮਜਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ ਅਤੇ ਤਹਿਸੀਲ ਪ੍ਰਧਾਨ ਜਰਨੈਲ ਫਿਲੌਰ ਨੇ ਦੱਸਿਆ ਕਿ ਕੁੱਝ ਦਿਨ ਪਹਿਲਾਂ ਇੱਕ ਪ੍ਰਵਾਸੀ ਮਜਦੂਰ ਨੂੰ ਪੁੱਠਾ ਲਟਕਾਉਣ ਅਤੇ ਧਮਕੀ ਦੇ ਕੇ ਪੈਸੇ ਵਾਪਸ ਕਰਵਾਉਣ ਲਈ ਅਪਣਾਇਆ ਗੈਰਮਨੁੱਖੀ ਢੰਗ ਅਪਣਾ ਕੇ ਕੰਮ ਕਰਵਾਉਣ ਲਈ ਸਖਤ ਸਜਾ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ ਇਸ ਮਾਮਲੇ 'ਚ ਬਧੂਆਂ ਮਜਦੂਰੀ ਵਾਲਾ ਐਕਟ ਵੀ ਲਾਗੂ ਕੀਤਾ ਜਾਵੇ ਕਿਉਂਕਿ ਪੈਸੇ ਦੇ ਕੇ ਧੱਕੇ ਨਾਲ ਕੰਮ ਨਹੀਂ ਕਰਵਾਇਆ ਜਾ ਸਕਦਾ। ਇਸ ਕੇਸ 'ਚ ਹੋਰ ਵੀ ਕਹਿਰ ਕੀਤਾ ਗਿਆ ਕਿ ਪੈਸੇ ਕਿਸੇ ਹੋਰ ਨੇ ਲਏ ਅਤੇ ਕਿਸੇ ਹੋਰ 'ਤੇ ਤਸ਼ੱਦਦ ਕਰਕੇ ਪੈਸੇ ਮੰਗਵਾਏ ਗਏ। ਆਗੂਆਂ ਨੇ ਮੰਗ ਕੀਤੀ ਕਿ ਮਜਦੂਰ ਦੇ ਹੱਕਾਂ ਦੀ ਰਾਖੀ ਕੀਤੀ ਜਾਵੇ ਅਤੇ ਜੇ ਪ੍ਰਵਾਸੀ ਮਜਦੂਰ ਦੀ ਜ਼ਿੰਦਗੀ ਨੂੰ ਕੋਈ ਖਤਰਾ ਹੋਇਆ ਤਾਂ ਉਸ ਲਈ ਪ੍ਰਸ਼ਾਸਨ ਜਿੰਮੇਵਾਰ ਹੋਵੇਗਾ।

ਇਸ ਮੌਕੇ ਮਨਜੀਤ ਸੂਰਜਾ, ਅੰਮ੍ਰਿਤ ਨੰਗਲ, ਬੇਅੰਤ ਸਿੰਘ, ਤਰਜਿੰਦਰ ਸਿੰਘ, ਕੁਲਜੀਤ ਸਿੰਘ, ਮੱਖਣ ਸੰਗਰਾਮੀ, ਤਰੁਨ ਖੋਸਲਾ, ਸਾਥੀ ਜਗਤਪੁਰ, ਮਾ. ਹੰਸ ਰਾਜ, ਸੁਰਜੀਤ ਸਿੰਘ ਜੀਤਾ, ਰਾਮ ਨਾਥ, ਸਰੋਜ ਰਾਣੀ, ਮਾ. ਮਲਕੀਤ ਸਿੰਘ ਸੰਘੇੜਾ, ਜਸਵੰਤ ਅੱਟੀ, ਰਾਜੂ ਪੰਚ ਆਦਿ ਹਾਜਰ ਸਨ।

# ਬਾਥਰੂਮ ਤੇ ਫਲੱਸ਼ ਤੁਰੰਤ ਲਗਾਉਣ ਦੀ ਮੰਗ

**ਫਿਲੌਰ (ਨਿਰਮਲ)** ਨਗਰ ਕੌਂਸਲ ਫਿਲੌਰ ਦੇ ਸਾਬਕਾ ਪ੍ਰਧਾਨ ਨਰਿੰਦਰ ਗੋਇਲ ਨੇ ਦੱਸਿਆ ਕਿ ਪੁਰਾਣੀ ਦਾਣਾ ਮੰਡੀ ਵਿਖੇ ਨਵੀਆਂ ਫਲੱਸ਼ਾਂ ਅਤੇ ਬਾਥਰੂਮ ਬਣਾਉਣ ਲਈ ਨਗਰ ਕੌਂਸਲ ਦੇ ਠੇਕੇਦਾਰਾਂ ਨੇ ਢਾਹ ਦਿੱਤੇ ਹਨ। 20 ਦਿਨ ਬੀਤ ਗਏ ਹਨ ਪਰ ਅੱਜ ਤੱਕ ਨਹੀਂ ਬਣਾਏ ਗਏ। ਉਨ੍ਹਾਂ ਨਗਰ ਕੌਂਸਲ ਤੋਂ ਮੰਗ ਕੀਤੀ ਹੈ ਕਿ ਦਾਣਾ ਮੰਡੀ ਦੀਆ ਫਲੱਸ਼ਾ ਅਤੇ ਬਾਥਰੂਮ ਤੁਰੰਤ ਬਣਾਇਆ ਜਾਵੇ। ਨਵੀਆਂ ਗਲੀਆਂ ਬਣਾਉਣ ਦਾ ਕੰਮ ਤੁਰੰਤ ਸ਼ੁਰੂ ਕਰਵਾਇਆ ਜਾਵੇ ਕਿਉਂਕਿ ਲੋਕ ਦਾ ਲਾਂਘਾ ਔਖਾ ਹੋ ਗਿਆ ਹੈ। ਇਹ ਵੀ ਮੰਗ ਕੀਤੀ ਕੀ ਸਿੱਧੇ ਕੰਮ ਕਰਾਉਣ ਲਈ ਕੁਟੇਸ਼ਨਾਂ ਲੈ ਕੇ ਕਰਵਾਏ ਜਾਣ ਸਪੀਡ ਬਰੇਕਰਾਂ ਨੂੰ ਠੀਕ ਕੀਤਾ ਜਾਵੇ ਅਤੇ ਨਵੇਂ ਸਿਰਿਓਂ ਬਣਾਏ ਜਾਣ ਜਦੋਂ ਇਸ ਸੰਬੰਧ ਵਿੱਚ ਪ੍ਰਧਾਨ ਮਹਿੰਦਰ ਪਾਲ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਇਹ ਕੰਮ ਜਲਦੀ ਸ਼ੁਰੂ ਕਰਵਾ ਦਿੱਤੇ ਜਾਣਗੇ।

# ਅਣਪਛਾਤੇ ਦੀ ਲਾਸ਼ ਬਰਾਮਦ



**ਕਾਲਾ ਸੰਘਿਆਂ (ਮਨਜੀਤ ਮਾਨ)** ਕਾਲਾ ਸੰਘਿਆਂ ਵਿਖੇ ਹਰ ਮਹੀਨੇ ਲੱਗਦੀ ਮੱਸਿਆ ਨੂੰ ਦੇਖਣ ਆਏ ਇੱਕ ਵਿਅਕਤੀ ਦੀ ਸ਼ਿਵ ਬਾੜੀ ਬਗੀਚੀ 'ਚ ਮੌਤ ਹੋ ਗਈ । ਪੁਲਸ ਚੌਕੀ ਦੇ ਇੰਚਾਰਜ ਐਸ ਆਈ ਰਣਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 25-30 ਸਾਲ ਹੈ ਤੇ ਹਾਰਟ ਅਟੈਕ ਹੋਣ ਦਾ ਖਦਸ਼ਾ ਹੈ। ਲਾਸ਼ ਨੂੰ ਕਬਜੇ ਵਿੱਚ ਲੈ ਕੇ ਸ਼ਨਾਖਤ ਲਈ 72 ਘੰਟਿਆਂ ਲਈ ਮੋਰਚਰੀ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ ।

# ਚਾਰ ਖੱਬੀਆਂ ਪਾਰਟੀਆਂ ਵੱਲੋਂ ਭਲਕ ਦੀ ਸਾਂਝੀ ਸੂਬਾਈ ਕਨਵੈਨਸ਼ਨ ਤੇ ਰੋਸ ਮਾਰਚ ਦੀਆਂ ਤਿਆਰੀਆਂ ਮੁਕੰਮਲ-ਜਾਮਾਰਾਏ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-
ਕੇਂਦਰੀ ਸਰਕਾਰ ਵੱਲੋਂ ਸੂਬਿਆਂ ਦੇ ਅਧਿਕਾਰਾਂ ਨੂੰ ਲਾਏ ਜਾ ਰਹੇ ਨਿਰੰਤਰ ਖੋਰੇ ਅਤੇ ਇਸ ਵੱਲੋਂ ਪੰਜਾਬ ਨੂੰ ਤਬਾਹ ਕਰਨ ਲਈ ਘੜੀਆਂ ਜਾ ਰਹੀਆਂ ਨਿੱਤ ਨਵੀਆਂ ਸਾਜ਼ਿਸ਼ਾਂ ਖ਼ਿਲਾਫ਼ ਲੋਕ ਘੋਲ ਵਿੱਢਣ ਲਈ ਸੂਬੇ ਦੀਆਂ ਚਾਰ ਖੱਬੀਆਂ ਪਾਰਟੀਆਂ ਵੱਲੋਂ 20 ਜੁਲਾਈ ਨੂੰ 'ਦੇਸ਼ ਭਗਤ ਯਾਦਗਾਰ ਜਲੰਧਰ' ਵਿਖੇ ਸੱਦੀ ਦਾ ਰਹੀ ਸਾਂਝੀ ਸੂਬਾਈ ਕਨਵੈਨਸ਼ਨ ਅਤੇ ਰੋਸ ਮਾਰਚ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। 'ਗਦਰੀ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ' ਵਿੱਚ ਸੱਦੀ ਜਾ ਰਹੀ ਇਸ ਕਨਵੈਨਸ਼ਨ ਦੇ ਮੁੱਖ ਬੁਲਾਰੇ ਆਰਐਮਪੀਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਸੀਪੀਆਈ ਦੇ ਸੂਬਾ ਸਕੱਤਰ ਸਾਥੀ ਬੰਤ ਬਰਾੜ, ਸੀਪੀਆਈ (ਐਮ.ਐਲ.) ਲਿਬ੍ਰੇਸ਼ਨ ਦੇ ਸੂਬਾ ਸਕੱਤਰ ਸਾਥੀ ਗੁਰਮੀਤ ਸਿੰਘ ਬਖਤਪੁਰ ਅਤੇ ਐਮ.ਸੀ.ਪੀ.ਆਈ.(ਯੂ.) ਦੀ ਪੋਲਿਟ ਬਿਊਰੋ ਦੇ ਮੈਂਬਰ ਸਾਥੀ ਕਿਰਨਜੀਤ ਸਿੰਘ ਸੇਖੋਂ ਹੋਣਗੇ। ਇਹ ਜਾਣਕਾਰੀ ਅੱਜ ਇਥੋਂ ਜਾਰੀ ਇੱਕ ਬਿਆਨ ਰਾਹੀਂ ਆਰ.ਐਮ.ਪੀ.ਆਈ. ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦਿੱਤੀ।

ਸਾਥੀ ਜਾਮਾਰਾਏ ਨੇ ਦੱਸਿਆ ਕਿ ਉਕਤ ਕਨਵੈਨਸ਼ਨ ਭਾਰਤ ਦੇ ਲੋਕਰਾਜੀ, ਧਰਮ ਨਿਰਪੱਖ ਤੇ ਫੈਡਰਲ ਢਾਂਚੇ ਨੂੰ ਤੋੜ ਕੇ ਦੇਸ਼ ਅੰਦਰ ਤਾਨਾਸ਼ਾਹੀ ਸ਼ਾਸਨ ਕਾਇਮ ਕਰਨ ਦੇ ਆਰ.ਐਸ.ਐਸ. ਦੇ ਕੋਝੇ ਮਨਸੂਬਿਆਂ ਨੂੰ ਅੱਗੇ ਵਧਾ ਰਹੀ ਕੇਂਦਰ ਦੀ ਫਿਰਕੂ-ਫਾਸ਼ੀ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਧੱਕਿਆਂ-ਵਿਤਕਰਿਆਂ ਖਿਲਾਫ ਸਮੁੱਚੇ ਪੰਜਾਬੀਆਂ ਦਾ ਜਮਹੂਰੀ ਲੀਹਾਂ 'ਤੇ ਬਾਜ਼ਾਬਤਾ ਸੰਘਰਸ਼ ਵਿੱਢਣ ਦੀ ਵਿਉਂਤਬੰਦੀ ਕਰਨ ਦੇ ਉਦੇਸ਼ ਤਹਿਤ ਸੱਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਵਿਧਾਨ ਸਭਾ ਦੀ ਇਮਾਰਤ ਉਸਾਰਨ ਲਈ ਚੰਡੀਗੜ੍ਹ ਵਿਖੇ ਜ਼ਮੀਨ ਦੇਣ ਦਾ ਮੋਦੀ-ਸ਼ਾਹ ਸਰਕਾਰ ਦਾ ਇੱਕ ਪਾਸੜ ਤੇ ਭੜਕਾਊ ਫੈਸਲਾ ਉਕਤ ਧੱਕਿਆਂ ਦੀ ਸਭ ਤੋਂ ਤਾਜ਼ਾ ਮਿਸਾਲ ਹੈ। ਸਾਥੀ ਜਾਮਾਰਾਏ ਨੇ ਦੱਸਿਆ ਕਿ ਖੱਬੀਆਂ ਪਾਰਟੀਆਂ ਦੀ ਇਹ ਸਪੱਸ਼ਟ ਰਾਇ ਹੈ ਕਿ ਪੰਜਾਬ ਦੇ ਨਾਬਰੀ ਦੇ ਵਿਰਸੇ ਅਤੇ ਸਾਂਝੀਵਾਲਤਾ ਤੇ ਬਰਾਬਰਤਾ ਦੀਆਂ ਨਰੋਈਆਂ ਪ੍ਰੰਪਰਾਵਾਂ ਨੂੰ ਤਬਾਹ ਕਰਨ 'ਤੇ ਤੁਲੀ ਮੋਦੀ ਸਰਕਾਰ ਦੀਆਂ ਸਾਜ਼ਿਸ਼ਾਂ ਪ੍ਰਤੀ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਧਾਰੀ ਹੋਈ ਚੁੱਪ ਪੰਜਾਬ ਲਈ ਗੰਭੀਰ ਖਤਰਿਆਂ ਅਤੇ ਆਪ-ਭਾਜਪਾ ਦਰਮਿਆਨ ਬਣੀ ਗੁੱਝੀ ਵਿਚਾਰਧਾਰਕ ਸਹਿਮਤੀ ਦੀ ਸੂਚਕ ਹੈ। ਉਨ੍ਹਾਂ ਸਮੂਹ ਇਨਸਾਫ ਪਸੰਦ ਤੇ ਪੰਜਾਬ ਹਿਤੈਸ਼ੀਆਂ ਨੂੰ ਕਨਵੈਨਸ਼ਨ ਅਤੇ ਮਾਰਚ ਵਿਚ ਪੁੱਜਣ ਦੀ ਅਪੀਲ ਵੀ ਕੀਤੀ।

# ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ 'ਚ ਸਟਾਫ ਦੀ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ

**ਜਲੰਧਰ: (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਵਿਖੇ ਚੱਲ ਰਹੇ ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ 11 ਮਹੀਨੇ ਲਈ ਠੇਕੇ ਦੇ ਆਧਾਰ 'ਤੇ ਐਜੂਕੇਸ਼ਨ ਇੰਸਟਰਕਟਰ, ਫਿਜ਼ੀਕਲ ਟ੍ਰੇਨਿੰਗ ਇੰਸਟਰਕਟਰ ਅਤੇ ਪਾਰਟ ਟਾਈਮ ਕਲਰਕ ਦੀ ਇਕ-ਇਕ ਅਸਾਮੀ 'ਤੇ ਨਿਯੁਕਤੀ ਲਈ ਅਰਜੀਆਂ ਦੀ ਮੰਗ ਕੀਤੀ ਗਈ ਹੈ। ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਐਜੂਕੇਸ਼ਨ ਇੰਸਟਰਕਟਰ ਦੀ ਅਸਾਮੀ ਲਈ ਉਮੀਦਵਾਰ ਦੀ ਯੋਗਤਾ ਸੇਵਾਮੁਕਤ ਜੇ.ਸੀ.ਓ./ਹਵਲਦਾਰ (ਆਰਮੀ ਐਜੂਕੇਸ਼ਨ ਕੋਰ) ਜਾਂ ਸਾਬਕਾ ਸੈਨਿਕ ਦੇ ਆਸ਼ਰਿਤ ਸਾਇੰਸ ਤੇ ਹਿਸਾਬ ਨਾਲ ਗ੍ਰੈਜੂਏਸ਼ਨ ਹੋਣੀ ਚਾਹੀਦੀ ਹੈ ਜਦਕਿ ਫਿਜ਼ੀਕਲ ਟ੍ਰੇਨਿੰਗ ਇੰਸਟਰਕਟਰ (ਪੀ.ਟੀ.ਆਈ.) ਦੀ ਅਸਾਮੀ ਲਈ ਉਮੀਦਵਾਰ ਸਾਬਕਾ ਸਰਵਿਸਮੈਨ ਲਾਂਗ ਪੀ.ਟੀ.ਆਈ. ਕੁਆਈਫਾਈਡ ਕੋਰਸ (ਮੈਡੀਕਲ ਕੈਟਾਗਰੀ ਕੈਟ ਸ਼ੇਪ-1) ਹੋਵੇ ਅਤੇ ਪਾਰਟ ਟਾਈਮ ਕਲਰਕ ਦੀ ਅਸਾਮੀ ਲਈ ਉਮੀਦਵਾਰ ਦੀ ਯੋਗਤਾ ਸਾਬਕਾ ਸਰਵਿਸਮੈਨ ਕਲਰਕ/ਜੀ.ਡੀ. (ਐਸ.ਡੀ.)ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਐਜੂਕੇਸ਼ਨ ਇੰਸਟਰਕਟਰ ਅਤੇ ਫਿਜ਼ੀਕਲ ਟ੍ਰੇਨਿੰਗ ਇੰਸਟਰਕਟਰ ਨੂੰ 12000-12000 ਰੁਪਏ ਪ੍ਰਤੀ ਮਹੀਨਾ ਅਤੇ ਪਾਰਟ ਟਾਈਮ ਕਲਰਕ ਨੂੰ 8500 ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਚਾਹਵਾਨ ਉਮੀਦਵਾਰ ਆਪਣੇ ਦਸਤਾਵੇਜ ਅਤੇ ਬਾਇਓ ਡਾਟਾ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ , ਸ਼ਾਸਤਰੀ ਮਾਰਕੀਟ, ਲਾਡੋਵਾਲੀ ਰੋਡ ਜਲੰਧਰ ਵਿਖੇ 28 ਜੁਲਾਈ 2023 ਤੱਕ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਤਰਜੀਹ ਦਿੱਤੀ ਜਾਵੇਗੀ।

# ਬੁਲੇਟ ਦੇ ਪਟਾਕੇ ਵਜਾਉਣ ਵਾਲਿਆਂ 'ਤੇ ਪੁਲਸ ਕਰੇ ਸਖਤ ਕਾਰਵਾਈ : ਬੀ ਟੀ ਐੱਫ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਇਗਰ ਫੋਰਸ ਦੇ ਪੰਜਾਬ ਪ੍ਰਧਾਨ ਵੀਰਪਾਲ ਠਰੋਲੀ, ਦੋਆਬਾ ਪ੍ਰਧਾਨ ਨੇਕੂ ਅਜਨੋਹਾ ਅਤੇ ਹੈਪੀ ਫਤਿਹਗੜ੍ਹ ਨੇ ਜ਼ਿਲ੍ਹਾ ਪੁਲਸ ਮੁਖੀ ਨੂੰ ਅਪੀਲ ਕਰਦੇ ਹੋਏ ਕਿਹਾ ਹੈ ਕਿ ਵਾਹਨਾਂ ਵਿੱਚ ਪ੍ਰੈਸ਼ਰ ਹਾਰਨ ਲਗਾਉਣ ਵਾਲਿਆਂ ਅਤੇ ਬੁਲੇਟ ਮੋਟਰਸਾਈਕਲ ਦਾ ਸਾਈਲੈਂਸਰ ਬਦਲਕੇ ਪਟਾਖੇ ਵਜਾਉਣ ਅਤੇ ਉੱਚੀ ਅਵਾਜ਼ ਕਰਨ ਵਾਲਿਆਂ 'ਤੇ ਨਕੇਲ ਪਾਉਣ ਲਈ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪ੍ਰੈਸ਼ਰ ਹਾਰਨਾਂ ਦਾ ਮੁੱਦਾ ਪਹਿਲਾਂ ਵੀ ਕਈ ਵਾਰ ਚੁੱਕਿਆ ਗਿਆ ਹੈ, ਪਰ ਦੁੱਖ ਦੀ ਗੱਲ ਹੈ ਕਿ ਪੁਲਸ ਵਲੋਂ ਇਕ ਅੱਧਾ ਦਿਨ ਕਾਰਵਾਈ ਕਰਕੇ ਇਸ ਦਾ ਭੋਗ ਪਾ ਦਿੱਤਾ ਜਾਂਦਾ ਹੈ। ਇਹ ਇਸ ਤਰ੍ਹਾਂ ਦੀ ਭਿਆਨਕ ਸਮੱਸਿਆ ਹੈ ਜਿਸ ਉਪਰ ਵੱਡੇ ਤੌਰ 'ਤੇ ਮੁਹਿੰਮ ਚਲਾਉਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਆਏ ਦਿਨ ਲੋਕਾਂ ਨੂੰ ਖਾਸ ਕਰਕੇ ਉਚੀ ਆਵਾਜ਼ ਦੇ ਸ਼ੌਕੀਨਾਂ ਨੂੰ ਅਲੱਗ-ਅਲੱਗ ਪ੍ਰੋਗਰਾਮਾਂ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ, ਪੁਲਸ ਪ੍ਰਸ਼ਾਸਨ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਮਝਾਉਣ ਦਾ ਯਤਨ ਕੀਤਾ ਜਾਂਦਾ ਹੈ, ਪਰ ਇਨ੍ਹਾਂ ਦੇ ਕੰਨ ਉਪਰ ਜੂੰ ਤੱਕ ਨਹੀਂ ਸਰਕਦੀ। ਇਸ ਲਈ ਇਨ੍ਹਾਂ ਨਾਲ ਸਖਤੀ ਨਾਲ ਨਿੱਪਟਣ ਲਈ ਜ਼ਿਲ੍ਹਾ ਪੁਲਸ ਨੂੰ ਸਖਤ ਕਦਮ ਚੁੱਕਣੇ ਚਾਹੀਦੇ ਹਨ। ਉਨਾਂ ਕਿਹਾ ਕਿ ਅਕਸਰ ਦੇਖਣ ਵਿੱਚ ਆਇਆ ਹੈ ਕਿ ਬਜ਼ੁਰਗ ਅਤੇ ਬਿਮਾਰ ਲੋਕਾਂ ਦੇ ਨਜ਼ਦੀਕ ਆ ਕੇ ਜਦੋਂ ਕੋਈ ਪ੍ਰੈਸ਼ਰ ਹਾਰਨ ਵਜਾਉਂਦਾ ਹੈ ਤਾਂ ਉਹ ਇਕਦਮ ਨਾਲ ਘਬਰਾ ਜਾਂਦੇ ਹਨ ਜਿਸ ਨਾਲ ਉਨਾਂ ਦੇ ਦੁਰਘਟਨਾ ਗ੍ਰਸਤ ਹੋਣ ਦਾ ਖਤਰਾ ਰਹਿੰਦਾ ਹੈ। ਐਨਾ ਹੀ ਨਹੀਂ ਕਈ ਲੋਕ ਉਚੀ ਅਵਾਜ਼ ਦੇ ਕਾਰਨ ਜ਼ਖਮੀ ਵੀ ਹੋ ਚੁੱਕੇ ਹਨ। ਇਸ ਦੇ ਨਾਲ ਹੀ ਬੁਲੇਟ ਮੋਟਰਸਾਈਕਲ ਦਾ ਸਾਈਲੈਂਸਰ ਬਦਲਣ ਵਾਲੇ ਵੀ ਹੋਰ ਲੋਕਾਂ ਦੇ ਲਈ ਸਿਰਦਰਦੀ ਤੋਂ ਘੱਟ ਨਹੀਂ ਹਨ ਅਤੇ ਇਹ ਸਮਾਜ ਦੇ ਅਸਮਾਜਿਕ ਅਨਸਰਾਂ ਦੀ ਤਰ੍ਹਾਂ ਹੀ ਹਨ ਜਿਨ੍ਹਾਂ 'ਤੇ ਨਕੇਲ ਪਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਐਸ.ਐਸ.ਪੀ. ਨੂੰ ਅਪੀਲ ਕੀਤੀ ਕਿ ਉਹ ਇਸ ਸਮੱਸਿਆ ਦੇ ਹੱਲ ਲਈ ਨਿੱਜੀ ਤੌਰ 'ਤੇ ਧਿਆਨ ਦੇਣ ਅਤੇ ਪੁਲਸ ਕਰਮਚਾਰੀਆਂ ਨੂੰ ਨਿਰਦੇਸ਼ ਦੇਣ ਕਿ ਪ੍ਰੈਸ਼ਰ ਹਾਰਨ ਅਤੇ ਸਾਈਲੈਂਸਰ ਬਦਲਣ ਵਾਲਿਆਂ 'ਤੇ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਜਿਹੜੇ ਦੁਕਾਨਦਾਰ ਪ੍ਰੈਸ਼ਰ ਹਾਰਨ ਵੇਚਦੇ ਹਨ ਜਾਂ ਸਾਈਲੈਂਸਰ ਬਦਲਦੇ ਹਨ ਉਨ੍ਹਾਂ 'ਤੇ ਵੀ ਕਾਰਵਾਈ ਕੀਤੀ ਜਾਵੇ ਤਾਂ ਕਿ ਕੋਈ ਵੀ ਜਨਤਾ ਨੂੰ ਪਰੇਸ਼ਾਨ ਕਰਨ ਵਾਲੇ ਕੰਮ ਵਿੱਚ ਸਹਿਯੋਗੀ ਨਾ ਬਣ ਸਕੇ।

# ਗੁਰਬਿੰਦਰ ਸਿੰਘ ਨੇ ਪ੍ਰਿੰਸੀਪਲ ਦਾ ਅਹੁਦਾ ਸੰਭਾਲਿਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਸਰਕਾਰੀ ਆਈਟੀਆਈ ਰੂਪਨਗਰ ਵਿਖੇ ਤੈਨਾਤ ਟ੍ਰੇਨਿੰਗ ਅਫਸਰ ਗੁਰਬਿੰਦਰ ਸਿੰਘ ਬੰਗਾ ਨੇ ਸਰਕਾਰੀ ਆਈਟੀਆਈ ਅਗੰਮਪੁਰ ਸ੍ਰੀ ਅਨੰਦਪੁਰ ਸਾਹਿਬ ਨੇ ਪ੍ਰਿੰਸੀਪਲ ਦਾ ਅਹੁਦਾ ਸੰਭਾਲ ਲਿਆ ਹੈ। ਇਸ ਤੋ ਪਹਿਲਾਂ ਸਰਕਾਰੀ ਆਈਟੀਆਈ ਨੰਗਲ ਦੇ ਪ੍ਰਿੰਸੀਪਲ ਗੁਰਨਾਮ ਸਿੰਘ ਇੱਥੇ ਵਾਧੂ ਤੌਰ 'ਤੇ ਤੈਨਾਤ ਸਨ। ਉਨ੍ਹਾਂ ਨੇ ਕਿਹਾ ਕਿ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇ ਕੇ ਆਪਣੇ ਪੈਰਾਂ 'ਤੇ ਖੜੇ ਕਰਨ ਦੇ ਕੀਤੇ ਜਾ ਰਹੇ ਉਪਰਾਲੇ ਨੂੰ ਕਾਮਯਾਬ ਕਰਨ ਵਿੱਚ ਉਹ ਪੂਰੇ ਯਤਨਸ਼ੀਲ ਰਹਿਣਗੇ। ਇਸ ਮੌਕੇ ਟ੍ਰੇਨਿੰਗ ਅਫਸਰ ਨਰੋਤਮ ਲਾਲ, ਰਣਜੀਤ ਸਿੰਘ ਭੱਲੜੀ, ਰਵਿੰਦਰ ਕੁਮਾਰ, ਇੰਸਟਰੱਕਟਰ ਰਾਮ ਦਾਸ, ਹਰਵਿੰਦਰ ਸਿੰਘ ਸੁਪਰਡੈਂਟ ਸਮੇਤ ਸਮੂਹ ਸੰਸਥਾਂ ਦਾ ਸਟਾਫ ਹਾਜਰ ਸੀ। ਇਸ ਮੌਕੇ ਨਵਨਿਯੁਕਤ ਪ੍ਰਿੰਸੀਪਲ ਗੁਰਬਿੰਦਰ ਸਿੰਘ ਬੰਗਾ ਨੇ ਕਿਹਾ ਕਿ ਵਿਭਾਗ ਵੱਲੋਂ ਉਨ੍ਹਾਂ ਨੂੰ ਦਿੱਤੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਉਨ੍ਹਾਂ ਸਾਰਿਆਂ ਤੋਂ ਸਹਿਯੋਗ ਦੀ ਆਸ ਕੀਤੀ।

# ਚਾਂਦਪੁਰਾ ਬੰਨ੍ਹ ਦੇ ਪਾੜ ਦਾ ਕਹਿਰ ਜਾਰੀ, ਬੀਰੇਵਾਲਾ ਡੋਗਰਾਂ 'ਚ ਭਰਿਆ ਪਾਣੀ

## ਪਾਣੀ 'ਚ ਘਿਰੇ ਲੋਕਾਂ ਨੂੰ ਡੀ. ਸੀ. ਖੁਦ ਲੈਣ ਗਏ, ਹਜ਼ਾਰਾਂ ਏਕੜ ਫਸਲ ਤਬਾਹ



ਪਿੰਡ ਬੀਰੇਵਾਲ ਡੋਗਰਾਂ ਦੀਆਂ ਗਲੀਆਂ, ਘਰਾਂ ਅੰਦਰ ਵੜੇ ਪਾਣੀ ਦੇ ਦ੍ਰਿਸ਼।

**ਬਰੇਟਾ (ਰੀਤਵਾਲ)**-ਹੜ੍ਹ ਕਾਰਨ ਪੰਜਾਬ ਦੇ ਕਈ ਜ਼ਿਲ੍ਹਿਆ ਦਾ ਨੁਕਸਾਨ ਹੋ ਚੁੱਕਾ ਹੈ। ਜਿੱਥੇ ਲੋਕਾਂ ਦੇ ਘਰ ਢਹਿਢੇਰੀ ਹੋਏ ਹਨ, ਉਥੇ ਹੀ ਕਿਸਾਨਾਂ ਦੇ ਖੇਤ ਵੀ ਬੁਰੀ ਤਰ੍ਹਾਂ ਨੁਕਸਾਨੇ ਗਏ ਹਨ। ਹਲਕਾ ਬੁਢਲਾਡਾ ਦੇ ਚਾਂਦਪੁਰਾ ਬੰਨ੍ਹ 'ਤੇ ਪਾੜ ਕਾਰਨ ਪੰਜਾਬ ਹਰਿਆਣਾ ਨਾਲ ਲੱਗਦੇ ਪਿੰਡਾਂ ਅੰਦਰ ਤਬਾਹੀ ਦਾ ਮੰਜਰ ਲਗਾਤਾਰ ਜਾਰੀ ਹੈ ਤੇ ਤਰਥੱਲੀ ਮੱਚੀ ਹੋਈ ਹੈ। ਪਾੜ ਤੋਂ ਤੇਜ਼ੀ ਨਾਲ ਪਾਣੀ ਜਿੱਥੇ ਹਜ਼ਾਰਾਂ ਏਕੜ ਫਸਲ ਨੂੰ ਤਬਾਹ ਕਰ ਚੁੱਕਿਆ ਹੈ, ਉਥੇ ਪਿੰਡ ਬੀਰੇਵਾਲਾ ਡੋਗਰਾ ਅੰਦਰ ਦਾਖਲ ਹੋ ਗਿਆ ਹੈ। ਕੁਝ ਘਰਾਂ ਤੇ ਗਲੀਆਂ ਦੇ ਅੱਗੇ ਆਰਜ਼ੀ ਬੰਨ੍ਹ ਬਣਾ ਕੇ ਪਾਣੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪ੍ਰੰਤੂ ਪਾਣੀ ਦਾ ਪੱਧਰ ਲਗਾਤਾਰ ਉੱਚਾ ਹੋ ਰਿਹਾ ਹੈ। ਬੀਰੇਵਾਲਾ ਡੋਗਰਾ ਦੇ ਸੁਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਘਰਾਂ ਅੰਦਰ ਪਾਣੀ ਦਾਖਲ ਹੋਣ ਕਾਰਨ ਡੰਗਰ ਪਸ਼ੂ ਤੋਂ ਇਲਾਵਾ ਪਰਿਵਾਰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ, ਜਿੱਥੇ ਭਿਆਨਕ ਬੀਮਾਰੀ ਫੈਲਣ ਦਾ ਡਰ ਵੀ ਬਣਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਬੀਰੇਵਾਲਾ ਡੋਗਰਾ ਤੋਂ ਬਾਅਦ ਰਿਉਂਦ ਵੱਲ ਤੁਰ ਪਿਆ ਹੈ, ਜੋ ਨੁਕਸਾਨ ਦਾ ਮੰਜਰ ਸਾਫ ਦਿਖਾਈ ਦੇ ਰਿਹਾ ਹੈ। ਲੋਕਾਂ ਨੇ ਖਦਸ਼ਾ ਪ੍ਰਗਟ ਕਰਦਿਆਂ ਕਿਹਾ ਕਿ 1993 ਵਿੱਚ ਆਏ ਹੜ੍ਹਾਂ ਵਾਂਗ ਹਾਲਤ ਮੁੜ ਪੈਦਾ ਹੋ ਚੁੱਕੇ ਹਨ। ਦੂਜੇ ਪਾਸੇ ਐੱਨ ਡੀ ਆਰ ਐੱਫ ਦੀ ਟੀਮ ਨੇ ਕਿਸ਼ਤੀਆਂ ਰਾਹੀਂ ਲੋਕਾਂ ਨੂੰ ਬਾਹਰ ਕੱਢ ਕੇ ਰਾਹਤ ਕੈਂਪਾਂ ਤੱਕ ਪਹੁੰਚਾਉਣ ਦੀਆਂ ਕੋਸ਼ਿਸ਼ਾਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ। ਕਈ ਲੋਕ ਪਰਿਵਾਰਾਂ ਸਮੇਤ ਆਪਣੇ ਘਰ ਛੱਡ ਚੁੱਕੇ ਹਨ ਤੇ ਕਈ ਲੋਕ ਅਜੇ ਅੰਦਰ ਫਸੇ ਹੋਏ ਹਨ। ਦੂਸਰੇ ਪਾਸੇ ਐੱਨ ਡੀ ਆਰ ਐੱਫ ਦੀ ਟੀਮ ਵੱਲੋਂ ਚਾਂਦਪੁਰਾ ਬੰਨ੍ਹ ਨੂੰ ਭਰਨ ਲਈ ਜੱਦੋ ਜਹਿਦ 'ਚ ਲੱਗੇ ਹੋਏ ਹਨ। ਜਿੱਥੇ ਪ੍ਰਸ਼ਾਸਨਕ ਅਧਿਕਾਰੀਆਂ ਤੋਂ ਇਲਾਵਾ ਆਸ ਪਾਸ ਪਿੰਡਾਂ ਦੇ ਲੋਕ ਸਹਿਯੋਗ ਦੇਣ ਵਿੱਚ ਲੱਗੇ ਹੋਏ ਹਨ। ਸਿਹਤ ਵਿਭਾਗ ਵੱਲੋਂ ਚਾਂਦਪੁਰਾ ਬੰਨ੍ਹ ਟੁੱਟਣ ਕਾਰਨ ਹੜ੍ਹ ਦੀ ਮਾਰ 'ਚ ਆਉਣ ਵਾਲੇ ਲੋਕਾਂ ਦੀਆਂ ਸਿਹਤ ਸਹੂਲਤਾਂ ਸੁਰੱਖਿਅਤ ਕਰਦਿਆਂ ਸਿਵਲ ਸਰਜਨ ਮਾਨਸਾ ਡਾ. ਅਸ਼ਵਨੀ ਕੁਮਾਰ ਵੱਲੋਂ 33 ਰੈਪਿਡ ਰਿਸਪੌਂਸ ਟੀਮਾਂ ਤਾਇਨਾਤ ਕਰਦਿਆਂ 3 ਐਂਬੂਲੈਂਸ ਦਾ ਪ੍ਰਬੰਧ ਕੀਤਾ ਗਿਆ ਹੈ। ਹੜ੍ਹ ਪ੍ਰਭਾਵਿਤ ਲੋਕਾਂ ਦਾ ਇਲਾਜ ਜ਼ਿਲ੍ਹੇ ਦੇ 13 ਪ੍ਰਾਈਵੇਟ ਹਸਪਤਾਲਾਂ 'ਚ ਮੁਫਤ ਕੀਤਾ ਜਾਵੇਗਾ। ਲੋਕਾਂ ਨੂੰ ਓ.ਆਰ.ਐੱਸ. ਤੇ ਜ਼ਿੰਕ ਦੇ ਪੈਕਟ ਲੋਕਾਂ ਨੂੰ ਵੰਡੇ ਜਾ ਰਹੇ ਹਨ ਅਤੇ ਕੀਟਨਾਸ਼ਕ ਦਵਾਈਆਂ ਦਾ ਛਿੜਕਾਅ ਕੀਤਾ ਜਾ ਰਿਹਾ ਹੈ।

# ਬਾਬਾ ਫਰੀਦ ਨਰਸਿੰਗ ਕਾਲਜ ਵੱਲੋਂ ਰਾਹਤ ਕਾਰਜਾਂ ਲਈ ਐਂਬੂਲੈਂਸ ਭੇਟ



**ਕੋਟਕਪੂਰਾ (ਰਛਪਾਲ ਭੁੱਲਰ)**-ਜਿੱਥੇ ਪੰਜਾਬ ਦੇ ਦਰਿਆਵਾਂ ਨੇੜਲੇ ਇਲਾਕਿਆਂ ਵਿੱਚ ਆਏ ਹੜ੍ਹ ਕਾਰਨ ਸਰਕਾਰ ਸਮੇਤ ਸਮਾਜਸੇਵੀ ਸੰਸਥਾਵਾਂ ਤੇ ਜਥੇਬੰਦੀਆਂ ਵੱਲੋਂ ਆਪੋ ਆਪਣੇ ਤੌਰ 'ਤੇ ਰਾਹਤ ਕਾਰਜ ਜਾਰੀ ਹਨ, ਉੱਥੇ ਨਰਸਿੰਗ ਟ੍ਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਵੱਲੋਂ ਵੀ ਸਿਹਤ ਵਿਭਾਗ ਨਾਲ ਤਾਲਮੇਲ ਕਰਕੇ ਬਣਦਾ ਯੋਗਦਾਨ ਪਾਇਆ ਜਾ ਰਿਹਾ ਹੈ। ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਮੈਨੇਜਿੰਗ ਡਾਇਰੈਕਟਰ ਬਾਬਾ ਫਰੀਦ ਕਾਲਜ ਆਫ ਨਰਸਿੰਗ ਕੋਟਕਪੂਰਾ ਨੇ ਸਿਵਲ ਸਰਜਨ ਡਾ. ਅਨਿਲ ਗੋਇਲ ਤੇ ਐੱਸ.ਐੱਮ.ਓ. ਡਾ. ਚੰਦਰ ਸ਼ੇਖਰ ਨੂੰ ਐਂਬੂਲੈਂਸ ਗੱਡੀ ਸੌਂਪਦਿਆਂ ਆਖਿਆ ਕਿ ਉਹ ਫਿਰੋਜ਼ਪੁਰ ਇਲਾਕੇ ਵਿੱਚ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਵਸਨੀਕਾਂ ਲਈ ਇਹ ਗੱਡੀ ਜਿੰਨਾ ਚਿਰ ਮਰਜ਼ੀ ਵਰਤ ਸਕਦੇ ਹਨ। ਡਾ. ਅਨਿਲ ਗੋਇਲ ਨੇ ਜਿੱਥੇ ਡਾ. ਮਨਜੀਤ ਸਿੰਘ ਢਿੱਲੋਂ ਸਮੇਤ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ, ਉੱਥੇ ਬਾਬਾ ਬੰਦਾ ਬਹਾਦਰ ਕਾਲਜ ਫਰੀਦਕੋਟ, ਦਸਮੇਸ਼ ਡੈਂਟਲ ਕਾਲਜ ਫਰੀਦਕੋਟ, ਦਸਮੇਸ਼ ਨਰਸਿੰਗ ਕਾਲਜ ਫਰੀਦਕੋਟ, ਮਾਲਵਾ ਨਰਸਿੰਗ ਕਾਲਜ ਕੋਟਕਪੂਰਾ, ਰਾਹਤ ਹਸਪਤਾਲ ਤੇ ਰੋਬਿਨ ਰੀਹੈਬੀਟੇਸ਼ਨ ਸੈਂਟਰ ਨੂੰ ਵੀ ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਬਾਬਾ ਬੰਦਾ ਬਹਾਦਰ ਕਾਲਜ ਫਰੀਦਕੋਟ ਦੇ ਚੇਅਰਮੈਨ ਪੁਨੀਤਇੰਦਰ ਬਾਵਾ ਨੇ ਵਿਸ਼ਵਾਸ ਦਿਵਾਇਆ ਕਿ ਉਹ ਵੀ ਹੜ੍ਹ ਪੀੜਤਾਂ ਦੀ ਮਦਦ ਲਈ ਕਾਲਜ ਵੱਲੋਂ ਬਣਦਾ ਯੋਗਦਾਨ ਜ਼ਰੂਰ ਪਾਉਣਗੇ। ਡਾ. ਚੰਦਰ ਸ਼ੇਖਰ ਨੇ ਡਾ. ਮਨਜੀਤ ਸਿੰਘ ਢਿੱਲੋਂ ਤੇ ਪੁਨੀਤਇੰਦਰ ਬਾਵਾ ਸਮੇਤ ਸਮੁੱਚੇ ਵਫਦ ਦਾ ਧੰਨਵਾਦ ਕੀਤਾ।

# ਹੜ੍ਹ ਪੀੜਤਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ : ਮੀਤ ਹੇਅਰ

## ਕੁਲਰੀਆਂ ਤੇ ਭਾਵਾ ਵਿਖੇ ਪਾਣੀ ਦੀ ਸਥਿਤੀ ਦਾ ਲਿਆ ਜਾਇਜ਼ਾ



**ਬਰੇਟਾ (ਗੋਬਿੰਦ ਸ਼ਰਮਾ)**

ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਮਾਨ ਦੀਆਂ ਹਦਾਇਤਾਂ 'ਤੇ ਹੜ੍ਹਾਂ ਦੀ ਕੁਦਰਤੀ ਆਫ਼ਤ ਮੌਕੇ ਲੋਕਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਲ ਸਰੋਤ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਚਾਂਦੁਪਰਾ ਘੱਗਰ ਨੇੜੇ ਰਿੰਗ ਬੰਨ੍ਹ ਟੁੱਟਣ ਕਾਰਨ ਪਿੰਡ ਕੁੱਲਰੀਆਂ ਤੇ ਭਾਵਾ ਵਿਖੇ ਪਾਣੀ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਵੀ ਮੌਜੂਦ ਸਨ। ਜਲ ਸਰੋਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਬੰਨ੍ਹ ਦੇ ਪਾੜ ਨੂੰ ਪੂਰਨ ਲਈ ਭਾਰਤੀ ਸੈਨਾ ਦੇ ਜਵਾਨ, ਐਨ ਡੀ ਆਰ ਐਫ ਅਤੇ ਨੇੜਲੇ ਪਿੰਡਾਂ ਦੇ ਸਮਾਜ ਸੇਵੀ ਪਤਵੰਤੇ ਤੇ ਸਮੁੱਚਾ ਸਰਕਾਰੀ ਅਮਲਾ ਤਨਦੇਹੀ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਬੁੱਧ ਰਾਮ ਲਗਾਤਾਰ ਪਾੜ ਦੇ ਕਾਰਨ ਪਾਣੀ ਦੇ ਵਹਾਅ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਦਿਨ ਰਾਤ ਡਟ ਕੇ ਖੜੇ ਹਨ, ਤਾਂ ਜੋ ਘੱਗਰ ਦੇ ਨਾਲ ਲੱਗਦੇ ਪਿੰਡਾਂ ਦੇ ਵਸਨੀਕਾਂ ਨੂੰ ਕੋਈ ਦਰਪੇਸ਼ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪੈਦਾ ਹੋਈ ਮੌਜੂਦਾ ਸਥਿਤੀ ਨਾਲ ਨਜਿੱਠਣ ਲਈ ਪ੍ਰਭਾਵਿਤ ਸਬੰਧਤ ਇਲਾਕਾ ਨਿਵਾਸੀਆਂ ਨੂੰ ਸੰਜਮ ਰੱਖਣ ਦੀ ਲੋੜ ਹੈ ਤੇ ਜਦੋਂ ਵੀ ਕੋਈ ਖਤਰਾ ਲੱਗਦਾ ਹੈ ਤਾਂ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਂਦਿਆਂ ਰਾਹਤ ਕਾਰਜਾਂ ਵਿੱਚ ਜੁਟੀਆਂ ਟੀਮਾਂ ਦਾ ਸਹਿਯੋਗ ਕੀਤਾ ਜਾਵੇ। ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਭਾਰਤੀ ਸੈਨਾ ਦੇ ਇੰਜਨੀਅਰਾਂ ਵੱਲੋਂ ਬੰਨ੍ਹ 'ਚ ਪਏ ਪਾੜ ਨੂੰ ਪੂਰਨ ਲਈ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਮੱਦਦ ਲਈ ਸਿਵਲ ਡਿਸਪੈਂਸਰੀ ਕੁੱਲਰੀਆਂ ਵਿੱਚ ਮੈਡੀਕਲ ਹੈੱਡਕੁਆਟਰ ਬਣਾਇਆ ਹੈ। ਉਨ੍ਹਾਂ ਹਲਕੇ ਦੀਆਂ ਸਮਾਜ ਸੇਵੀ ਸੰਸਥਾਵਾਂ ਤੇ ਸਮੂਹ ਕਲੱਬਾਂ ਨੂੰ ਇਸ ਆਫ਼ਤ ਦੀ ਘੜੀ ਵਿੱਚ ਆਪਸੀ ਤਾਲਮੇਲ ਨਾਲ ਸਹਿਯੋਗ ਕਰਕੇ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਦੇ ਵਸਨੀਕਾਂ ਦੀ ਸਹਾਇਤਾ ਲਈ ਅੱਗੇ ਆਉਣ ਦੀ ਅਪੀਲ ਕੀਤੀ।

# ਹੜ੍ਹ ਪੀੜਤਾਂ ਦੀ ਚੜ੍ਹਦੀਕਲਾ ਲਈ ਕਰਵਾਇਆ ਅਰਦਾਸ ਸਮਾਗਮ

## ਵਿਧਾਇਕ ਦੇਵ ਮਾਨ ਵੱਲੋਂ ਤਨਖਾਹ 'ਚੋਂ ਇੱਕ ਲੱਖ ਦੇਣ ਦਾ ਐਲਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਕਈ ਇਲਾਕਿਆਂ ਵਿੱਚ ਹੜ੍ਹਾਂ ਨੇ ਕਾਫੀ ਨੁਕਸਾਨ ਕਰ ਦਿੱਤਾ ਹੈ, ਜਿਸ ਨੂੰ ਲੈ ਕੇ ਹੜ੍ਹ ਪੀੜਤਾਂ ਲਈ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਪੰਜਾਬ ਵਾਸੀਆਂ ਦੀ ਚੜ੍ਹਦੀ ਕਲਾ ਲਈ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਅਰਦਾਸ ਸਮਾਗਮ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਗਿਆ। ਵਿਧਾਇਕ ਦੇਵ ਮਾਨ ਨੇ ਇਸ ਮੌਕੇ ਆਪਣੀ ਨਿੱਜੀ ਤਨਖਾਹ ਵਿੱਚੋਂ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਹਮੇਸ਼ਾ ਤੰਦਰੁਸਤ ਰਹਿਣ। ਉਨ੍ਹਾ ਕਿਹਾ ਕਿ ਪੰਜਾਬ ਦੇ ਕਈ ਹਲਕਿਆਂ ਵਿੱਚ ਹੜ੍ਹਾਂ ਨੇ ਬੁਰੀ ਤਰ੍ਹਾਂ ਘਰ ਤੇ ਫਸਲਾਂ ਤਬਾਹ ਕਰ ਦਿੱਤੀਆਂ ਹਨ। ਉਨ੍ਹਾ ਕਿਹਾ ਕਿ ਲੋਕਾਂ ਦੀ ਮਦਦ ਲਈ ਅੱਜ ਹਰ ਇੱਕ ਇਨਸਾਨ ਨੂੰ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾ ਨਾਭਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਦਾਨ ਕਰਨ ਦੀ ਅਪੀਲ ਕੀਤੀ ਤਾਂ ਜੋ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕੀਤੀ ਜਾ ਸਕੇ। ਇਸ ਮੌਕੇ ਗੁਰਦੁਆਰਾ ਟਿੱਬੀ ਸਾਹਿਬ ਦੇ ਮੁੱਖ ਸੇਵਾਦਾਰ ਜਤਿੰਦਰ ਸਿੰਘ ਤੇ ਪ੍ਰਬੰਧਕ ਕਮੇਟੀ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਤਰਸੇਮ ਚੰਦ, ਡੀ ਐੱਸ ਪੀ ਦਵਿੰਦਰ ਅੱਤਰੀ, ਨਗਰ ਕੌਂਸਲ ਨਾਭਾ ਪ੍ਰਧਾਨ ਸੁਜਾਤਾ ਚਾਵਲਾ, ਜ਼ਿਲ੍ਹਾ ਵਪਾਰ ਮੰਡਲ ਪ੍ਰਧਾਨ ਪਟਿਆਲਾ ਅਜੇ ਜਿੰਦਲ, ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਅਮਰਦੀਪ ਸਿੰਘ ਖੰਨਾ, ਠੇਕੇਦਾਰ ਵਿਨੋਦ ਗਰਗ, ਤੇਜਿੰਦਰ ਸਿੰਘ ਖਹਿਰਾ, ਮਲਕੀਤ ਕੰਬਾਇਨ ਐੱਮ ਡੀ ਚਰਨ ਸਿੰਘ, ਅਮਨਦੀਪ ਸਿੰਘ ਰਹਿਲ ਪ੍ਰਧਾਨ ਟਰੱਕ ਯੂਨੀਅਨ ਨਾਭਾ, ਸੀਨੀਅਰ ਕੌਂਸਲਰ ਹਰਪ੍ਰੀਤ ਸਿੰਘ ਪ੍ਰੀਤ, ਹੈਰੀ ਬੋਪਾਰਾਏ ਐੱਸ ਐੱਚ ਓ ਕੋਤਵਾਲੀ ਨਾਭਾ, ਗੌਤਮ ਬਾਤਿਸ਼ ਸਾਬਕਾ ਪ੍ਰਧਾਨ, ਮਾਨਟੂ ਪਾਹੂਜਾ, ਦਵਿੰਦਰ ਸਿੰਘ ਕੁਲਾਰਾਂ ਸਾਬਕਾ ਟਰੱਕ ਯੂਨੀਅਨ ਪ੍ਰਧਾਨ, ਅਮਰੀਕ ਸਿੰਘ ਪ੍ਰਧਾਨ ਫੋਕਲ ਪੁਆਇੰਟ ਵੈੱਲਫੇਅਰ ਐਸੋਸੀਏਸ਼ਨ ਨਾਭਾ, ਗੋਨਾ ਗਰਗ, ਚੇਅਰਮੈਨ ਧਰਮਿੰਦਰ ਸਿੰਘ ਸੁਖੇਵਾਲ, ਅਵਤਾਰ ਸਿੰਘ ਧਾਲੀਵਾਲ, ਦਵਿੰਦਰ ਸਿੰਘ ਬੂਹੀ, ਭਗਵੰਤ ਸਿੰਘ ਢੀਂਡਸਾ, ਲਾਲੀ ਫਤਿਹਪੁਰ, ਸੁਖਦੇਵ ਸਿੰਘ ਮਾਨ, ਮਨਪ੍ਰੀਤ ਸਿੰਘ ਧਾਰੋਕੀ, ਜੀਵਨ ਸਿੰਘ, ਮੁਸਤਾਕ ਖਾਨ ਰੈਸਲ ਤੇ ਹੋਰਨਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

# ਸਰਕਾਰ ਪੇਂਡੂ ਡਾਕਟਰਾਂ ਨੂੰ ਤਜਰਬੇ ਦੇ ਅਧਾਰ 'ਤੇ ਮਾਨਤਾ ਦੇਵੇ : ਡਾ. ਸੰਧੂ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ: ਪੰਜਾਬ ਬਲਾਕ ਫਰੀਦਕੋਟ ਦੀ ਮੀਟਿੰਗ ਵਰਮਾ ਪੈਲੇਸ ਫਿਰੋਜ਼ਪੁਰ ਰੋਡ ਫਰੀਦਕੋਟ ਵਿਖੇ ਬਲਾਕ ਪ੍ਰਧਾਨ ਅਮ੍ਰਿਤਪਾਲ ਟਹਿਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਡਾ. ਰਸ਼ਪਾਲ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਤੇ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਡਾ. ਸੰਧੂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਫਰੀਦਕੋਟ ਹਲਕੇ ਦੇ ਤਿੰਨੋਂ ਐੱਮ.ਐੱਲ.ਏ. ਇਹ ਕਹਿੰਦੇ ਨਹੀਂ ਥਕਦੇ ਸਨ ਕਿ ਇਹ ਪਿੰਡਾਂ ਵਾਲੇ ਡਾ. ਗਰੀਬ ਲੋਕਾਂ ਦੇ ਮਸੀਹੇ ਹਨ, ਪਰ ਚੋਣਾਂ ਜਿੱਤਣ ਤੋਂ ਬਾਅਦ ਡੇਢ ਸਾਲ ਬੀਤਣ ਦੇ ਬਾਵਜੂਦ ਸਾਡੇ ਹੱਕ ਵਿੱਚ ਇੱਕ ਵੀ ਸ਼ਬਦ ਵਿਧਾਨ ਸਭਾ ਜਾਂ ਕਿਸੇ ਮੀਟਿੰਗ ਵਿੱਚ ਨਹੀਂ ਰੱਖਿਆ। ਇਹ ਵੀ ਪਿਛਲੀਆਂ ਸਰਕਾਰਾਂ ਵਾਂਗ ਲਾਰੇ ਲੱਪੇ ਵਾਲੀ ਨੀਤੀ ਨਾਲ ਕੰਮ ਚਲਾ ਰਹੇ ਹਨ। ਡਾ. ਸੰਧੂ ਨੇ ਕਿਹਾ ਕਿ ਜਿਸ ਤਰ੍ਹਾਂ ਕਰੋਨਾ ਕਾਲ ਵਿੱਚ ਸਾਡੇ ਡਾਕਟਰਾਂ ਨੇ ਘਰ ਘਰ ਜਾ ਕੇ ਗਰੀਬ ਲੋਕਾਂ ਦੀ ਸੇਵਾ ਕੀਤੀ, ਉਹ ਜੱਗ ਜ਼ਾਹਰ ਹੈ, ਓਸੇ ਤਰ੍ਹਾਂ ਹੁਣ ਹੜ੍ਹ ਪ੍ਰਭਾਵਿਤ ਏਰੀਆ ਵਿੱਚ ਜਾਨ ਜੋਖਮ ਵਿੱਚ ਪਾ ਕੇ ਸਾਡੇ ਡਾਕਟਰ ਮੈਡੀਕਲ ਕੈਂਪ ਲਾ ਕੇ ਲੋਕਾਂ ਦੀ ਫ੍ਰੀ ਸੇਵਾ ਕਰ ਰਹੇ ਹਨ। ਸੋ ਸਰਕਾਰ ਨੂੰ ਬੇਨਤੀ ਹੈ ਕਿ ਸਾਡੇ ਸਬਰ ਨੂੰ ਨਾ ਪਰਖਿਆ ਜਾਵੇ, ਸਗੋਂ ਸਾਨੂੰ ਕੋਈ 2 ਜਾਂ 3 ਮਹੀਨੇ ਦਾ ਰੈਫਰੈਸ਼ਮੈਂਟ ਕੋਰਸ ਦੇ ਕੇ ਪੰਜਾਬ ਵਿੱਚ ਮਾਨਤਾ ਦੇ ਕੇ ਗਰੀਬ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇ। ਡਾ. ਅਮ੍ਰਿਤਪਾਲ ਬਲਾਕ ਪ੍ਰਧਾਨ ਨੇ ਸਾਰੇ ਮੈਂਬਰਾਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਕਿਹਾ। ਮੀਟਿੰਗ ਵਿੱਚ ਤਕਰੀਬਨ 100 ਦੇ ਕਰੀਬ ਡਾਕਟਰ ਸਾਥੀ ਹਾਜ਼ਰ ਸਨ। ਇਸ ਦੀ ਜਾਣਕਾਰੀ ਪ੍ਰੈੱਸ ਸਕੱਤਰ ਡ. ਯਸ਼ਪਾਲ ਗੁਲਾਟੀ ਨੇ ਪ੍ਰੈੱਸ ਨੂੰ ਦਿੱਤੀ।

# ਬਿਜਲੀ ਮੰਤਰੀ ਵੱਲੋਂ ਹੜ੍ਹ ਨਾਲ ਨੁਕਸਾਨੇ ਬਾਦਸ਼ਾਹਪੁਰ ਬਿਜਲੀ ਗਰਿੱਡ ਦਾ ਜਾਇਜ਼ਾ

## ਪੁਰਾਣੀ ਇਮਾਰਤ ਦੇ ਨਵੀਨੀਕਰਨ ਦਾ ਐਲਾਨ



ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਹੜ੍ਹਾਂ ਕਰਕੇ ਨੁਕਸਾਨੇ ਬਾਦਸ਼ਾਹਪੁਰ ਬਿਜਲੀ ਗਰਿੱਡ ਦਾ ਜਾਇਜ਼ਾ ਲੈਂਦੇ ਹੋਏ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਬਾਦਸ਼ਾਹਪੁਰ ਵਿਖੇ ਹੜ੍ਹ ਦੇ ਪਾਣੀ ਤੋਂ ਪ੍ਰਭਾਵਤ ਬਿਜਲੀ ਗਰਿੱਡ ਦਾ ਜਾਇਜ਼ਾ ਲਿਆ ਤੇ ਇੱਥੇ ਬਿਜਲੀ ਮੁਲਾਜ਼ਮਾਂ ਸਮੇਤ ਸਥਾਨਕ ਵਸਨੀਕਾਂ ਨਾਲ ਗੱਲਬਾਤ ਕੀਤੀ। ਉਨ੍ਹਾ ਇਸ ਗਰਿੱਡ ਦੀ 43 ਸਾਲ ਪੁਰਾਣੀ ਬਿਜਲੀ ਇਮਾਰਤ ਨੂੰ ਨਵੀਂ ਬਣਾਉਣ ਦਾ ਐਲਾਨ ਕੀਤਾ। ਬਿਜਲੀ ਮੰਤਰੀ ਨੇ ਸਥਾਨਕ ਵਸਨੀਕਾਂ ਵੱਲੋਂ ਬਿਜਲੀ ਨਿਗਮ ਦੇ ਮੁਲਾਜ਼ਮਾਂ ਵੱਲੋਂ ਹੜ੍ਹਾਂ ਦੇ ਬਾਵਜੂਦ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਸ਼ਲਾਘਾ ਕੀਤੀ ਤੇ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣੇ ਮਿਹਨਤੀ ਬਿਜਲੀ ਮੁਲਾਜ਼ਮਾਂ ਉੱਪਰ ਪੂਰਾ ਮਾਣ ਹੈ। ਇਸ ਮੌਕੇ ਉਨ੍ਹਾ ਨਾਲ ਬਿਜਲੀ ਨਿਗਮ ਦੇ ਸੀ ਐੱਮ ਡੀ ਇੰਜੀਨੀਅਰ ਬਲਦੇਵ ਸਿੰਘ ਸਰਾਂ ਤੇ ਡਾਇਰੈਕਟਰ ਵੰਡ ਡੀ ਪੀ ਐੱਸ ਗਰੇਵਾਲ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਬਿਜਲੀ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ 'ਤੇ ਸੂਬੇ ਅੰਦਰ ਹੜ੍ਹਾਂ ਦੀ ਕੁਦਰਤੀ ਆਫ਼ਤ ਦੇ ਬਾਵਜੂਦ ਬਿਜਲੀ ਵਿਭਾਗ ਨੇ ਮਨੁੱਖੀ ਤੇ ਡੰਗਰ ਮਾਲ ਦੀ ਜਾਨ ਦੀ ਰਾਖੀ ਕਰਦਿਆਂ ਨਿਰਵਿਘਨ ਬਿਜਲੀ ਸਪਲਾਈ ਜਾਰੀ ਰੱਖੀ। ਉਨ੍ਹਾ ਕਿਹਾ ਕਿ ਹੜ੍ਹਾਂ ਨੇ ਇਕੱਲੇ ਪਟਿਆਲਾ ਰੀਜਨ ਦੇ 200 ਪਿੰਡਾਂ ਵਿੱਚ ਬਿਜਲੀ ਢਾਂਚੇ ਨੂੰ ਪ੍ਰਭਾਵਿਤ ਕੀਤਾ ਸੀ, ਪ੍ਰੰਤੂ ਬਿਜਲੀ ਨਿਗਮ ਨੇ ਤੁਰੰਤ ਕਾਰਵਾਈ ਕਰਦਿਆਂ 198 ਪਿੰਡਾਂ ਅੰਦਰ ਬਿਜਲੀ ਸਪਲਾਈ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਹੈ। ਉਨ੍ਹਾ ਕਿਹਾ ਕਿ ਸਾਡੇ ਲਈ ਜਾਨਾਂ ਦੀ ਰਾਖੀ ਕਰਨੀ ਜ਼ਰੂਰੀ ਸੀ, ਇਸ ਲਈ ਫੀਡਰ ਬਦਲ ਕੇ ਬਿਜਲੀ ਸਪਲਾਈ ਬਹਾਲ ਕੀਤੀ ਗਈ। ਉਨ੍ਹਾ ਦੱਸਿਆ ਕਿ ਪਿਛਲੇ ਸਮੇਂ ਆਏ ਤੂਫ਼ਾਨ ਕਰਕੇ ਬਿਜਲੀ ਨਿਗਮ ਦਾ 31 ਕਰੋੜ ਰੁਪਏ ਦਾ ਨੁਕਸਾਨ ਹੋਇਆ ਸੀ, ਜਦਕਿ ਹੜ੍ਹਾਂ ਕਰਕੇ ਹੋਏ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ, ਪ੍ਰੰਤੂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ ਮੁਤਾਬਕ ਬਿਜਲੀ ਵਿਭਾਗ ਲਈ ਵਿੱਤੀ ਨੁਕਸਾਨ ਨਾਲੋਂ ਮਨੁੱਖੀ ਤੇ ਡੰਗਰ ਮਾਲ ਦੀਆਂ ਜਾਨਾਂ ਦੀ ਕੀਮਤ ਕਿਤੇ ਜ਼ਿਆਦਾ ਹੈ।

# ਮਾਡਰਨ ਕਾਲਜ ਆਫ਼ ਐਜੂਕੇਸ਼ਨ ਵਿਖੇ ਪੌਦੇ ਲਗਾਏ



**ਭੀਖੀ (ਧਰਮਵੀਰ ਸ਼ਰਮਾ)**-ਮਾਡਰਨ ਸੈਕੂਲਰ ਸਕੂਲ ਦੇ ਮੁਖੀ ਡਾ. ਜਗਜੀਤ ਸਿੰਘ ਦੀ ਅਗਵਾਈ ਹੇਠ "ਆਪਣਾ ਪੰਜਾਬ ਫਾਊਂਡੇਸ਼ਨ" ਦੇ ਤਹਿਤ ਮਿਸ਼ਨ ਹਰਿਆਲੀ 2023 ਅਧੀਨ ਮਾਡਰਨ ਕਾਲਜ ਆਫ਼ ਐਜੂਕੇਸ਼ਨ ਭੀਖੀ ਵਿੱਚ ਪੌਦੇ ਲਗਾਏ ਗਏ। ਇਸ ਵਿੱਚ ਕਾਲਜ ਦੀਆਂ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ, ਹਰ ਇੱਕ ਵਿਦਿਆਰਥਣ ਨੇ ਆਪਣੇ ਘਰ ਤੇ ਆਲੇ-ਦੁਆਲੇ ਇੱਕ-ਇੱਕ ਪੌਦਾ ਲਗਾ ਕੇ ਇਸ ਮੁਹਿੰਮ ਵਿੱਚ ਭਾਗ ਲਿਆ। ਡਾ. ਜਗਜੀਤ ਸਿੰਘ ਵੱਲੋਂ ਵਾਤਾਵਰਨ ਨੂੰ ਬਚਾਉਣ ਦਾ ਇਹ ਨਿਵੇਕਲਾ ਕਦਮ ਹੈ। ਇਸ ਮੁਹਿੰਮ ਅਧੀਨ ਅੱਜ ਪੂਰੇ ਪੰਜਾਬ ਵਿੱਚ ਲੱਖਾਂ ਪੌਦੇ ਲਗਾਏ ਗਏ ਹਨ। ਸੰਸਥਾ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਵਿਦੇਸ਼ ਦੀ ਧਰਤੀ (ਕੈਨੇਡਾ) 'ਤੇ ਪੌਦਾ ਲਗਾ ਕੇ ਇਸ ਮੁਹਿੰਮ ਵਿੱਚ ਹਿੱਸਾ ਲਿਆ। ਇਸ ਮੌਕੇ ਸਮੂਹ ਸਟਾਫ਼ ਪ੍ਰੋ. ਅਮਨਦੀਪ ਕੌਰ, ਕਾਂਤਾ ਰਾਣੀ, ਹਰਵਿੰਦਰ ਕੌਰ, ਪ੍ਰੋ. ਅਮਨਦੀਪ ਕੌਰ ਪ੍ਰੋ. ਅਰਸ਼ਦੀਪ ਕੌਰ ਆਦਿ ਹਜ਼ਰ ਸਨ।

# ਸੰਨੀ ਓਬਰਾਏ ਸਵੈ-ਰੋਜ਼ਗਾਰ ਯੋਜਨਾ ਲੜਕੀਆਂ ਲਈ ਵਰਦਾਨ : ਪ੍ਰਭਜੋਤ ਕੌਰ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸੰਨੀ ਓਬਰਾਏ ਸਵੈ ਰੋਜ਼ਗਾਰ ਯੋਜਨਾ ਸਕੀਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ ਤੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਮੁਫਤ ਸਿਖਲਾਈ ਸੈਂਟਰ ਖੋਲ੍ਹੇ ਜਾ ਰਹੇ ਕੰਮਾਂ ਤਾਂ ਜੋ ਇਹ ਨੌਜਵਾਨ ਲੜਕੇ ਲੜਕੀਆਂ ਮੁਫਤ ਸਿਖਲਾਈ ਪ੍ਰਾਪਤ ਕਰਕੇ ਆਪਣੇ ਪੈਰਾਂ 'ਤੇ ਖੜੇ ਹੋ ਸਕਣ। ਇਸ ਲੜੀ ਤਹਿਤ 6 ਮਹੀਨੇ ਦਾ ਬਿਊਟੀ ਪਾਰਲਰ ਕੋਰਸ ਪੂਰਾ ਕਰਨ ਉਪਰੰਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਤੇ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਦਿਸ਼ਾ ਨਿਰਦੇਸ਼ਾਂ ਤੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਸ੍ਰੀ ਮੁਕਤਸਰ ਸਾਹਿਬ ਵਿਖੇ ਸਰਟੀਫਿਕੇਟ ਵੰਡ ਸਮਾਰੋਹ ਕੀਤਾ ਗਿਆ, ਜਿਸ ਵਿੱਚ ਮੈਡਮ ਪ੍ਰਭਜੋਤ ਕੌਰ ਪੀ ਈ ਐੱਸ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸ੍ਰੀ ਮੁਕਤਸਰ ਸਾਹਿਬ ਨੇ ਆਪਣੇ ਕਰ ਕਮਲਾਂ ਨਾਲ ਸਿਖਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ ਤੇ ਜ਼ਿਲ੍ਹਾ ਸਿੱਖਿਆ ਅਫਸਰ ਨੇ ਓਬਰਾਏ ਜੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ ਤੇ ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਲੜਕੀਆਂ ਲਈ ਬਹੁਤ ਵੱਡਾ ਵਰਦਾਨ ਹੈ, ਕਿਉਂਕਿ ਲੜਕੀਆਂ ਨੂੰ ਆਤਮ ਨਿਰਭਰ ਬਣਾਉਣਾ ਸਭ ਤੋਂ ਵੱਡਾ ਵਰਦਾਨ ਹੈ। ਸ੍. ਹਰਜੀਤ ਸਿੰਘ ਉਪ ਜ਼ਿਲ੍ਹਾ ਸਿੱਖਿਆ ਅਫਸਰ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਕਾਫੀ ਹੱਦ ਤੱਕ ਬੇਰੁਜ਼ਗਾਰੀ ਨੂੰ ਠੱਲ੍ਹ ਪੈਂਦੀ ਹੈ। ਅਰਵਿੰਦਰ ਪਾਲ ਸਿੰਘ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਜ਼ਿਲ੍ਹੇ 'ਚ ਅਜਿਹੇ 6 ਮੁਫਤ ਸਿਖਲਾਈ ਸੈਂਟਰ ਚੱਲ ਰਹੇ ਹਨ ਤੇ ਇਸ ਤੋਂ ਪਹਿਲਾਂ ਸੈਂਕੜਿਆਂ ਦੀ ਗਿਣਤੀ ਵਿੱਚ ਨੌਜਵਾਨ ਲੜਕੇ ਤੇ ਲੜਕੀਆਂ ਸਿਖਲਾਈ ਪ੍ਰਾਪਤ ਕਰਕੇ ਆਪਣਾ ਵਧੀਆ ਰੁਜ਼ਗਾਰ ਚਲਾ ਰਹੇ ਹਨ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਮਾਲਵਾ ਜ਼ੋਨ ਨੇ ਦੱਸਿਆ ਕਿ ਮਾਲਵਾ ਖੇਤਰ ਵਿੱਚ ਹੋਰ ਵੀ ਸੈਂਟਰ ਖੋਲ੍ਹੇ ਜਾਣਗੇ। ਇਸ ਮੌਕੇ ਬਲਜੀਤ ਸਿੰਘ ਮਾਨ ਰਿਟਾਇਰਡ ਪ੍ਰਿੰਸੀਪਲ, ਸੋਮਨਾਥ, ਅਸ਼ੋਕ ਕੁਮਾਰ, ਮਾਸਟਰ ਜਸਪਾਲ ਸਿੰਘ, ਮਾਸਟਰ ਰਾਜਿੰਦਰ ਸਿੰਘ, ਬਰਨੇਕ ਸਿੰਘ, ਮਲਕੀਤ ਸਿੰਘ ਤੇ ਬਿਊਟੀ ਪਾਰਲਰ ਅਧਿਆਪਕ ਮੌਜੂਦ ਸਨ।

# ਪੁਲਸ ਅੱਤਿਆਚਾਰ ਵਿਰੁੱਧ 21 ਦੇ ਰੋਸ ਮੁਜ਼ਾਹਰੇ ਸੰਬੰਧੀ ਰਸੂਲਪੁਰ 'ਚ ਮੀਟਿੰਗ




**ਜਗਰਾਓਂ (ਅਮਿਤ ਖੰਨਾ)**-ਪੁਲਸ ਅੱਤਿਆਚਾਰ ਖਿਲਾਫ 21 ਜੁਲਾਈ ਨੂੰ ਜ਼ਿਲ੍ਹਾ ਪੁਲਸ ਮੁਖੀ ਦੇ ਦਫਤਰ ਵੱਲ ਹੋਣ ਜਾ ਰਹੇ ਰੋਸ ਮੁਜ਼ਾਹਰੇ ਦੀ ਤਿਆਰੀ ਵਜੋਂ ਪੇਂਡੂ ਮਜ਼ਦੂਰ ਯੂਨੀਅਨ ਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਰਸੂਲਪੁਰ ਵਿਖੇ ਇੱਕ ਭਰਵੀਂ ਨੁੱਕੜ ਮੀਟਿੰਗ ਕੀਤੀ ਗਈ ਤੇ ਹਾਜ਼ਰ ਕਿਸਾਨਾਂ-ਮਜ਼ਦੂਰਾਂ ਨੂੰ 21 ਜੁਲਾਈ ਦੇ ਮੁਜ਼ਾਹਰੇ 'ਚ ਸ਼ਮੂਲੀਅਤ ਲਈ ਲਾਮਬੰਦ ਕੀਤਾ। ਪ੍ਰੈੱਸ ਨੂੰ ਜਾਰੀ ਬਿਆਨ 'ਚ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਜ਼ਿਲ੍ਹਾ ਸਕੱਤਰ ਸਾਧੂ ਸਿੰਘ ਅੱਚਰਵਾਲ, ਲੋਕਲ ਪ੍ਰਧਾਨ ਗੁਰਚਰਨ ਸਿੰਘ ਨੇ ਕਿਹਾ ਕਿ ਮਾਂ-ਧੀ ਨੂੰ ਨਜਾਇਜ਼ ਹਿਰਾਸਤ ਰੱਖਣ, ਤਸੀਹੇ ਦੇਣ ਸਬੰਧੀ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਤੇ ਪੀੜਤ ਪਰਿਵਾਰ ਨੂੰ ਮੁਆਵਜ਼ਾ ਦੇਣ ਸਬੰਧੀ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਦਿੱਲੀ ਦੇ ਆਦੇਸ਼ਾਂ ਨੂੰ ਲਾਗੂ ਕਰਵਾਉਣ ਲਈ 21 ਜੁਲਾਈ ਨੂੰ ਹੋ ਰਹੇ ਰੋਸ ਮੁਜ਼ਾਹਰੇ 'ਚ ਵੱਡੀ ਗਿਣਤੀ 'ਚ ਕਿਸਾਨ-ਮਜ਼ਦੂਰ ਭਾਗ ਲੈਣਗੇ। ਇਸ ਸਮੇਂ ਅਜਾਇਬ ਸਿੰਘ ਰਸੂਲਪੁਰ, ਜਸਵੰਤ ਸਿੰਘ, ਹਰਜਿੰਦਰ ਸਿੰਘ, ਦਲਜੀਤ ਸਿੰਘ ਬਿੱਲੂ, ਜਿੰਦਰ ਸਿੰਘ, ਕਰਮ ਸਿੰਘ, ਹਰਬੰਸ ਕੌਰ, ਕਰਮਜੀਤ ਕੌਰ, ਬਲਵਿੰਦਰ ਸਿੰਘ, ਨਿਰਮਲ ਸਿੰਘ ਧਾਲੀਵਾਲ, ਕੁਲਵੰਤ ਸਿੰਘ, ਮੰਦਰ ਸਿੰਘ ਤੇ ਪੀੜਤ ਪਰਿਵਾਰ ਦੇ ਮੈਂਬਰ ਇਕਬਾਲ ਸਿੰਘ ਰਸੂਲਪੁਰ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਵਰਕਰ ਹਾਜ਼ਰ ਸਨ।

# ਸਲਾਈਟ ਡਾਇਰੈਕਟਰ ਡਾ. ਜੈਨ ਦਾ ਕਾਰਜਕਾਲ ਪੂਰਾ ਹੋਣ 'ਤੇ ਸਨਮਾਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪਿਛਲੇ ਦਿਨੀਂ ਬਾਬਾ ਮੇਹਰ ਦਾਸ ਪਾਓ ਚੈਰੀਟੇਬਲ ਕਮੇਟੀ ਨਜ਼ਦੀਕ ਦੁੱਗਾਂ ਗੇਟ ਸਲਾਈਟ ਲੌਂਗੋਵਾਲ ਦੇ ਪ੍ਰਬੰਧਕਾਂ ਵੱਲੋਂ ਸਲਾਈਟ ਦੇ ਡਾਇਰੈਕਟਰ ਡਾ. ਸ਼ੈਲੇਂਦਰ ਜੈਨ ਦਾ ਕਾਰਜਕਾਲ ਪੂਰਾ ਹੋਣ 'ਤੇ ਸਨਮਾਨ ਕੀਤਾ ਗਿਆ। ਇਸ ਸਮਾਗਮ ਦੌਰਾਨ ਕਮੇਟੀ ਪ੍ਰਧਾਨ ਗੁਰਚਰਨ ਸਿੰਘ ਦੁੱਗਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਜੈਨ ਦਾ ਕਾਰਜਕਾਲ ਸਲਾਈਟ ਲਈ ਸ਼ਾਂਤੀਪੂਰਨ ਤੇ ਤਰੱਕੀਆਂ ਭਰਿਆ ਰਿਹਾ ਅਤੇ ਉਨ੍ਹਾਂ ਦੇ ਸਮੇਂ ਕਿਸੇ ਵੀ ਕਰਮਚਾਰੀ ਨੂੰ ਪ੍ਰੇਸ਼ਾਨ ਨਹੀਂ ਹੋਣਾ ਪਿਆ। ਉਨ੍ਹਾਂ ਕਿਹਾ ਕਿ ਸਲਾਈਟ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਕਿ ਕੋਈ ਸਖਸ਼, ਜਿਨ੍ਹਾਂ ਨੂੰ ਸਮੂਹ ਇਲਾਕੇ ਦੇ ਲੋਕ ਤੇ ਕਰਮਚਾਰੀ ਖੁਸ਼ੀ-ਖੁਸ਼ੀ ਵਿਦਾਇਗੀ ਦੇ ਕੇ ਭਾਵੁਕ ਹੋ ਰਹੇ ਹਨ। ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਕੁੰਨਰਾਂ ਨੇ ਧੰਨਵਾਦ ਕਰਦਿਆਂ ਕਿਹਾ ਕਿ ਸਲਾਈਟ ਪ੍ਰਬੰਧਕਾਂ ਵੱਲੋਂ ਸਮੇਂ-ਸਮੇਂ ਡੇਰੇ ਨੂੰ ਲੋੜ ਪੈਣ 'ਤੇ ਮਦਦ ਵੀ ਕੀਤੀ ਜਾਂਦੀ ਰਹੀ ਹੈ ਅਤੇ ਡੇਰੇ ਵੱਲੋਂ ਵੀ ਸਲਾਈਟ ਵਾਸੀਆਂ ਨੂੰ ਪੂਰਾ ਸਹਿਯੋਗ ਦਿੱਤਾ ਜਾਂਦਾ ਰਿਹਾ ਹੈ। ਇਸ ਮੌਕੇ ਡਾ. ਅਜਦ ਸ਼ਤਰੂ ਅਰੋੜਾ, ਹਰੀ ਰਾਮ ਅਰੋੜਾ, ਮੀਤ ਪ੍ਰਧਾਨ ਧੰਨਾ ਸਿੰਘ ਕਿਲ੍ਹਾ ਭਰੀਆਂ, ਖਜ਼ਾਨਚੀ ਮਿੱਠੂ ਸਿੰਘ, ਸੀਨੀਅਰ ਮੈਂਬਰ ਗੁਰਸੇਵਕ ਸਿੰਘ, ਸੀਤਾ ਰਾਮ ਲੌਂਗੋਵਾਲ, ਪਾਲ ਦੁੱਗਾਂ, ਨਿਰਮਲ ਸਿੰਘ ਭੰਮਾਬੱਦੀ, ਮਨਦੀਪ ਸਿੰਘ ਸਲਾਈਟ, ਹਰਦੀਪ ਸਿੰਘ ਲੌਂਗੋਵਾਲ, ਗੁਰਪ੍ਰੀਤ ਸਿੰਘ ਸ਼ੇਰੋਂ ਤੇ ਅਮਨਦੀਪ ਸਿੰਘ ਆਦਿ ਮੌਜੂਦ ਸਨ।

# ਚੱਕ ਛੱਪੜੀਵਾਲਾ ਦੇ ਵਾਸੀਆਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਪਨੀਰੀ ਬੀਜ ਕੇ ਮੁਫ਼ਤ ਦੇਣ ਦਾ ਚੁੱਕਿਆ ਬੀੜਾ



**ਜਲਾਲਾਬਾਦ (ਪਰਮਜੀਤ ਢਾਬਾਂ)**

ਮਾਲਵਾ ਪੱਟੀ ਦੇ ਲੋਕਾਂ ਦੇ ਹੱਥ ਦੁਆ ਤੋਂ ਬਾਅਦ ਹੁਣ ਮਦਦ ਲਈ ਵੀ ਉੱਠੇ ਹਨ। ਪੰਜਾਬ ਵਿੱਚ ਹੜ੍ਹਾਂ ਦੀ ਮਾਰ ਸਹਿ ਰਹੇ ਕਿਸਾਨਾਂ ਦੀ ਮਦਦ ਲਈ ਕਿਸਾਨ ਇਕ ਦੂਜੇ ਦੀ ਮਦਦ ਲਈ ਅੱਗੇ ਆਉਣ ਲੱਗੇ ਹਨ। ਮਾਲਵਾ ਖਿੱਤੇ ਦੇ ਜਿਹੜੇ ਜ਼ਿਲ੍ਹੇ ਜਾਂ ਫਿਰ ਪਿੰਡ ਹੜ੍ਹਾਂ ਦੀ ਮਾਰ ਤੋਂ ਬਚੇ, ਉਨ੍ਹਾਂ ਪਿੰਡਾਂ ਦੇ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੇ ਆਪ ਮੁਹਾਰੇ ਹੀ ਮਦਦ ਲਈ ਹੱਥ ਵਧਾਉਣੇ ਸ਼ੁਰੂ ਕਰ ਦਿੱਤੇ ਹਨ। ਇਹ ਹੀ ਸੱਚੀ ਇਨਸਾਨੀਅਤ ਹੁੰਦੀ ਹੈ। ਹੁਣ ਪਿੰਡਾਂ ਦੇ ਕਿਸਾਨ, ਮਜ਼ਦੂਰ ਵੀ ਇਸ ਕੰਮ ਵਿੱਚ ਜੁੱਟ ਗਏ ਹਨ ਕਿ ਉਹ ਸਾਰਾ ਕੁਝ ਗੁਆ ਚੁੱਕੇ ਕਿਸਾਨਾਂ ਤੇ ਮਜ਼ਦੂਰਾਂ ਦੀ ਬਾਂਹ ਫੜਨਗੇ। ਇਸ ਵੇਲੇ ਬਾਸਮਤੀ ਝੋਨੇ ਦੀ ਬਿਜਾਈ ਦੇ ਸੀਜ਼ਨ ਦੀ ਸ਼ੁਰੂਆਤ ਹੋਣੀ ਸੀ, ਪਰ ਐਨ ਮੌਕੇ 'ਤੇ ਹੜ੍ਹਾਂ ਨੇ ਤਬਾਹੀ ਮਚਾ ਦਿੱਤੀ। ਹੁਣ ਪਿੰਡਾਂ ਦੇ ਕਿਸਾਨਾਂ ਨੇ ਮਦਦ ਲਈ ਅੱਗੇ ਆਉਣਾ ਸ਼ੁਰੂ ਕਰ ਦਿੱਤਾ ਹੈ। ਬੇਸ਼ੱਕ ਇਹ ਕੰਮ ਹੜ੍ਹਾਂ ਦੀ ਸ਼ੁਰੂਆਤ ਤੋਂ ਹੀ ਸ਼ੁਰੂ ਹੋ ਗਿਆ ਸੀ, ਪਰ ਫਿਰ ਵੀ ਹੁਣ ਇਹ ਕਾਰਵਾਂ ਅੱਗੇ ਵਧਦਾ ਜਾ ਰਿਹਾ ਹੈ। ਫਾਜ਼ਿਲਕਾ ਦੇ ਹਲਕਾ ਜਲਾਲਾਬਾਦ ਦੇ ਪਿੰਡ ਚੱਕ ਛੱਪੜੀ ਵਾਲਾ ਦੇ ਕਿਸਾਨਾਂ ਨੇ 3 ਏਕੜ ਜ਼ਮੀਨ ਵਿੱਚ 1692 ਤੇ 1509 ਬਾਸਮਤੀ ਝੋਨੇ ਦੀ ਬਿਜਾਈ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਹਰਕ੍ਰਿਸ਼ਨ ਲਾਲ, ਪਿੰਡ ਵਾਸੀ ਕਾਮਰੇਡ ਹੰਸ ਰਾਜ ਗੋਲਡਨ, ਭੀਮ ਸੈਨ, ਬਲਦੇਵ ਰਾਜ, ਲੈਕਚਰਾਰ ਗੁਰਨਾਮ ਚੰਦ ਤੇ ਪਿੰਡ ਦੇ ਨੰਬਰਦਾਰ ਸ਼ਾਮ ਲਾਲ ਨੇ ਦੱਸਿਆ ਕਿ ਇਹ ਪਨੀਰੀ ਕਿਸਾਨਾਂ ਨੂੰ ਬਿਲਕੁੱਲ ਮੁਫ਼ਤ ਦਿੱਤੀ ਜਾਵੇਗੀ। ਇਹ ਪਨੀਰੀ 20 ਤੋਂ 25 ਦਿਨਾਂ ਵਿੱਚ ਤਿਆਰ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪਨੀਰੀ ਲੈਣ ਆਉਣ ਵਾਲੇ ਕਿਸਾਨਾਂ ਨੂੰ ਲੰਗਰ ਵੀ ਛਕਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਪਨੀਰੀ ਪਿੰਡ ਦੀ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੀਜੀ ਜਾ ਰਹੀ ਹੈ। ਪਿੰਡ ਚੱਕ ਛੱਪੜੀਵਾਲਾ ਦੀ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਕੀਤੇ ਇਸ ਉੱਦਮ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਹੋਰ ਪਿੰਡਾਂ ਦੇ ਲੋਕ ਵੀ ਇਸ ਚੰਗੇ ਉਦਮ ਤੋਂ ਪ੍ਰਭਾਵਿਤ ਹੋ ਕੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਤਿਆਰ ਹੋ ਰਹੇ ਹਨ। ਪਿੰਡ ਵਾਸੀ ਮਿਲਖ ਰਾਜ, ਜਗਦੀਸ਼ ਕੁਮਾਰ, ਅਸ਼ੋਕ ਕੁਮਾਰ, ਤਿਲਕ ਰਾਜ, ਨਵਜੋਤ, ਬਲਦੇਵ ਰਾਜ, ਰਵੀ ਕੁਮਾਰ, ਪਵਨ ਕੁਮਾਰ, ਡਾ. ਛਿੰਦਰਪਾਲ, ਰਾਜ ਕੁਮਾਰ, ਵਿੱਕੀ, ਲਵਪ੍ਰੀਤ ਨੇ ਇਸ ਉੱਦਮ ਲਈ ਅਹਿਮ ਭੂਮਿਕਾ ਨਿਭਾਈ ਹੈ।

# ਵਿਧਾਇਕ ਗੋਲਡੀ ਹੜ੍ਹ ਪੀੜਤਾਂ ਲਈ ਦਰਜਨ ਟਰਾਲੀਆਂ ਹਰਾ ਚਾਰਾ ਲੈ ਕੇ ਪੁੱਜੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਵਿੱਚ ਆਏ ਹੜ੍ਹਾਂ ਦੇ ਮੱਦੇਨਜ਼ਰ ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਇਕ ਦਰਜਨ ਟਰਾਲੀਆਂ ਤੇ ਪਿੱਕਅੱਪ ਹਰੇ ਚਾਰੇ ਦੀਆਂ ਲੈ ਕੇ ਪਹੁੰਚੇ ਅਤੇ ਉਨ੍ਹਾ ਇਹ ਸਮੱਗਰੀ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੂੰ ਸੌਂਪੀ ਅਤੇ ਕਿਹਾ ਕਿ ਉਨ੍ਹਾਂ ਦਾ ਹਲਕਾ ਇਸ ਮੁਸ਼ਕਲ ਘੜੀ ਵਿੱਚ ਫਾਜ਼ਿਲਕਾ ਦੇ ਲੋਕਾਂ ਨਾਲ ਖੜਾ ਹੈ। ਇਸ ਲਈ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਸਵਨਾ ਨੇ ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਹਿਲੇ ਅਜਿਹੇ ਨੇਤਾ ਹਨ ਜੋ ਸਿਰਫ ਗੇੜਾ ਮਾਰਨ ਨਹੀਂ ਆਏ, ਸਗੋਂ ਫਾਜ਼ਿਲਕਾ ਦੇ ਲੋਕਾਂ ਲਈ ਮਦਦ ਲੈ ਕੇ ਪੁੱਜੇ ਹਨ। ਬਾਅਦ ਵਿੱਚ ਦੋਹਾਂ ਵਿਧਾਇਕਾਂ ਨੇ ਇਹ ਰਾਹਤ ਲੋਕਾਂ ਵਿੱਚ ਵੰਡੀ। ਇਸ ਮੌਕੇ ਸ੍ਰੀ ਗੋਲਡੀ ਮੁਸਾਫਿਰ ਨੇ ਕਿਹਾ ਕਿ ਇਸ ਮੁਸ਼ਕਲ ਦੀ ਘੜੀ ਵਿੱਚ ਅਸੀਂ ਸਾਰੇ ਇਕਜੁੱਟ ਹਾਂ ਤੇ ਮਿਲ ਕੇ ਕੰਮ ਕਰ ਰਹੇ ਹਾਂ। ਉਨ੍ਹਾ ਕਿਹਾ ਕਿ ਸਾਂਝੇ ਯਤਨਾਂ ਨਾਲ ਅਸੀਂ ਇਸ ਔਖੇ ਵੇਲੇ ਨੂੰ ਪਾਰ ਕਰ ਲਵਾਂਗੇ ਤੇ ਮੁੜ ਤੋਂ ਪੰਜਾਬ ਤਰੱਕੀ ਦੀ ਰਾਹ ਤੁਰੇਗਾ। ਵਿਧਾਇਕ ਸਵਨਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਾਂਝੇ ਉਪਰਾਲੇ ਸਾਡੇ ਸਰਹੱਦੀ ਪਿੰਡਾਂ ਦੇ ਲੋਕਾਂ ਦਾ ਹੌਸਲਾ ਬਣਨਗੇ।

# ਰਾਜਿਆਣਾ ਵਾਸੀਆਂ ਨੇ ਹੜ੍ਹ ਪੀੜਤਾਂ ਲਈ ਭੇਜਿਆ ਰਾਸ਼ਨ



**ਮੋਗਾ (ਅਮਰਜੀਤ ਬੱਬਰੀ)**-ਕਿਰਤੀ ਕਿਸਾਨ ਯੂਨੀਅਨ ਦੇ ਆਗੂ ਤੇ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਪਿੰਡ ਰਾਜਿਆਣਾ ਦੇ ਕਿਰਤੀ ਕਿਸਾਨ ਯੂਥ (ਨੌਜਵਾਨ) ਵਿੰਗ ਵੱਲੋਂ ਕੀਤੇ ਗਏ ਉਪਰਾਲੇ ਤਹਿਤ ਨਗਰ ਨਿਵਾਸੀਆਂ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਿਛਲੇ ਦਿਨੀਂ ਭਾਰੀ ਬਾਰਿਸ਼ ਪੈਣ ਕਾਰਨ ਆਏ ਹੋਏ ਹੜ੍ਹਾਂ ਕਰਕੇ ਹੜ੍ਹ ਪ੍ਰਭਾਵਿਤ ਏਰੀਏ ਵਿੱਚ ਹੜ੍ਹ ਪੀੜਤ ਪਰਿਵਾਰਾਂ ਲਈ ਸੁੱਕਾ ਰਾਸ਼ਨ, ਬਿਸਕੁਟ, ਰਸ, ਪਾਣੀ ਆਦਿ ਤੇ ਪਸ਼ੂਆਂ ਦੇ ਚਾਰੇ ਲਈ ਹਰਾ ਚਾਰਾ, ਤੂੜੀ, ਫੀਡ ਆਦਿ ਦੀਆਂ ਸੱਤ ਟਰਾਲੀਆਂ ਲੈ ਕੇ ਗਏ, ਜਿਨ੍ਹਾਂ ਨੂੰ ਅੱਜ ਪਿੰਡ ਰਾਜਿਆਣਾ ਦੇ ਡੇਰਾ ਰਾਜਾ ਪੀਰ ਝਿੜੀ ਦੇ ਮੁਖੀ ਸੰਤ ਬਾਬਾ ਸੁਖਪ੍ਰੀਤ ਸਿੰਘ ਜੀ ਨੇ ਅਰਦਾਸ ਕਰਨ ਉਪਰੰਤ ਰਵਾਨਾ ਕੀਤਾ। ਇਸ ਮੌਕੇ ਮਲਕੀਤ ਸਿੰਘ, ਕਰਮਾ ਸਿੰਘ, ਸੋਨੂ ਬਰਾੜ, ਰਾਹੁਲ ਸ਼ਰਮਾ, ਅੰਗਰੇਜ ਸਿੰਘ, ਬਲਕਰਨ ਸਿੰਘ, ਪਵਨ ਸਿੰਘ, ਨਿਰਮਲ ਸਿੰਘ, ਪ੍ਰਭਜੋਤ, ਅਕਾਸ਼ਦੀਪ ਸਿੰਘ, ਅਵੀ ਬਰਾੜ, ਤੇਜਪਾਲ ਸਿੰਘ, ਕਰਮਪਾਲ ਸਿੰਘ, ਮਨਜਿੰਦਰ, ਹਰਪ੍ਰੀਤ, ਲਖਵਿੰਦਰ, ਕਰਨਵੀਰ, ਸਤਨਾਮ ਸਿੰਘ, ਧਰਮਪ੍ਰੀਤ ਸਿੰਘ, ਬਾਬਾ ਸੁਖਪ੍ਰੀਤ ਸਿੰਘ, ਬਲਦੇਵ ਸਿੰਘ ਆਦਿ ਹਾਜ਼ਰ ਸਨ।

# ਵਿਭਾਗ ਵੱਲੋਂ ਹੜ੍ਹ ਪੀੜਤਾਂ ਤੱਕ ਪਹੁੰਚਾਈਆਂ ਜਾ ਰਹੀਆਂ ਨੇ ਸਿਹਤ ਸਹੂਲਤਾਂ : ਡਾ: ਰੇਖਾ ਭੱਟੀ



ਕਮਿਊਨਿਟੀ ਹੈਲਥ ਸੈਂਟਰ ਮਮਦੋਟ ਵੱਲੋਂ ਲਗਾਏ ਕੈਂਪ ਦਾ ਦ੍ਰਿਸ਼ ਤੇ ਜਾਣਕਾਰੀ ਦਿੰਦੇ ਹੋਏ ਡਾ. ਰੇਖਾ ਭੱਟੀ ਸੀਨੀਅਰ ਮੈਡੀਕਲ ਅਫਸਰ ਮਮਦੋਟ।

**ਮਮਦੋਟ (ਜਸਬੀਰ ਸਿੰਘ ਕੰਬੋਜ)**

ਕੁਦਰਤੀ ਕਰੋਪੀ ਦਾ ਸਾਹਮਣਾ ਕਰ ਰਹੇ ਪੰਜਾਬ ਵਾਸੀਆਂ ਨਾਲ ਜਿੱਥੇ ਸੂਬਾ ਸਰਕਾਰ ਵੱਲੋਂ ਚਟਾਨ ਦੀ ਤਰ੍ਹਾਂ ਨਾਲ ਖੜ ਕੇ ਲੋਕਾਂ ਦੀ ਹਰ ਸੰਭਵ ਮੱਦਦ ਕੀਤੀ ਜਾ ਰਹੀ ਹੈ, ਉਥੇ ਸਿਹਤ ਵਿਭਾਗ ਦੀਆਂ ਹਦਾਇਤਾਂ ਤੇ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਅਧੀਨ ਆਉਂਦੇ ਹਸਪਤਾਲਾਂ, ਡਿਸਪੈਂਸਰੀਆਂ ਤੇ ਪਿੰਡਾਂ ਤੱਕ ਪਹੁੰਚ ਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਇਸ ਮੌਸਮ ਦੀਆਂ ਬਿਮਾਰੀਆਂ ਤੋਂ ਬਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੀਨੀਅਰ ਮੈਡੀਕਲ ਅਫਸਰ ਡਾ: ਰੇਖਾ ਭੱਟੀ ਨੇ ਸਪੱਸ਼ਟ ਕੀਤਾ ਕਿ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਅਧੀਨ ਆਉਂਦੇ ਪਿੰਡਾਂ ਤੱਕ ਪਹੁੰਚ ਕਰਕੇ ਜਿੱਥੇ ਸੀ ਐੱਚ ਓ, ਮ.ਪ.ਹ.ਵ (ਮੇਲ-ਫ਼ੀਮੇਲ) ਐੱਮ.ਪੀ.ਐੱਸ (ਮੇਲ) ਇਨ੍ਹਾਂ ਸਾਰੇ ਸਬੰਧਤ ਸਟਾਫ ਵੱਲੋਂ ਹੜ੍ਹਾਂ ਨਾਲ ਪ੍ਰਭਾਵਤ ਤੇ ਆਮ ਲੋਕਾਂ ਨੂੰ ਹੜ੍ਹਾਂ ਦੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ, ਉਥੇ ਇਨ੍ਹਾਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਓ ਲਈ ਨੁਕਤੇ ਸਾਂਝੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸੀ.ਐੱਚ.ਸੀ. ਤੇ ਪੀ.ਐੱਚ.ਸੀ. ਅਧੀਨ ਆਉਂਦੇ ਹਸਪਤਾਲਾਂ, ਡਿਸਪੈਂਸਰੀਆਂ ਤੇ ਪਿੰਡਾਂ ਵਿੱਚ ਪਹੁੰਚ ਕਰਕੇ ਸਟਾਫ ਵੱਲੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਓ ਲਈ ਦਵਾਈਆਂ ਮੁਫਤ ਦੇਣ ਦੇ ਨਾਲ ਨਾਲ ਡਾਇਰੀਆ ਆਦਿ ਤੋਂ ਬਚਾਓ ਲਈ ਓ.ਆਰ.ਐੱਸ. ਦੇ ਪੈਕੇਟ ਵੰਡੇ ਜਾ ਰਹੇ ਹਨ ਤਾਂ ਜੋ ਇਸ ਗੰਭੀਰ ਸਥਿਤੀ ਵਿੱਚ ਲੋਕਾਂ ਦੀ ਸਿਹਤ ਸਥਿਰ ਬਣੀ ਰਹਿ ਸਕੇ ਤੇ ਲੋਕ ਬਿਮਾਰੀਆਂ ਤੋਂ ਮੁਕਤ ਰਹਿ ਕੇ ਇਸ ਆਫਤ ਦਾ ਮੁਕਾਬਲਾ ਕਰ ਸਕਣ। ਉਨ੍ਹਾ ਕਿਹਾ ਕਿ ਹਸਪਤਾਲ ਵੱਲੋਂ ਇਲਾਕੇ ਵਿੱਚ ਮੈਡੀਕਲ ਕੈਂਪ ਵੀ ਲਗਾਏ ਜਾ ਰਹੇ ਹਨ ਤੇ ਇਨ੍ਹਾਂ ਕੈਂਪਾਂ ਵਿੱਚ ਲੋਕਾਂ ਨੂੰ ਚਮੜੀ ਦੇ ਰੋਗ ਤੋਂ ਲੈ ਕੇ ਪੇਟ ਦੀਆਂ ਬਿਮਾਰੀਆਂ ਸਮੇਤ ਹਰੇਕ ਬਿਮਾਰੀ ਬਾਰੇ ਵਿਸਥਾਰਤ ਜਾਣਕਾਰੀ ਸਾਂਝੀ ਕਰਦਿਆਂ ਇਨ੍ਹਾਂ ਬਿਮਾਰੀਆਂ ਦੇ ਲੱਛਣਾਂ ਤੋਂ ਜਾਣੂ ਕਰਵਾਉਣ ਦੇ ਨਾਲਨਾਲ ਇਨ੍ਹਾਂ ਬਿਮਾਰੀਆਂ ਦੀ ਗ੍ਰਿਫਤ ਵਿੱਚੋਂ ਮੁਕਤ ਹੋਣ ਦੇ ਨੁਕਤੇ ਸਾਂਝੇ ਕੀਤੇ ਜਾ ਰਹੇ ਹਨ। ਇਸ ਮੌਕੇ ਬੋਲਦਿਆਂ ਬੀ.ਈ.ਈ ਅੰਕੁਸ਼ ਭੰਡਾਰੀ ਨੇ ਸਪੱਸ਼ਟ ਕੀਤਾ ਕਿ ਸੀ.ਐੱਚ.ਸੀ. ਮਮਦੋਟ ਦੀਆਂ ਟੀਮਾਂ ਲਗਾਤਾਰ ਪਿੰਡਾਂ 'ਚ ਪਹੁੰਚ ਕਰ ਰਹੀਆਂ ਹਨ ਤੇ ਲੋਕਾਂ ਨੂੰ ਇਸ ਆਫਤ ਦੀ ਘੜੀ ਦਾ ਮੁਕਾਬਲਾ ਕਰਨ ਦੇ ਸਮਰੱਥ ਬਣਾਉਣ ਲਈ ਹਰ ਯਤਨ ਕਰ ਰਹੀਆਂ ਹਨ। ਇਸ ਮੌਕੇ ਡਾ ਸ਼ਿਵਲਕਸ਼ਣਾ ਸ਼ੋਰੀ ਸੀ ਐੱਚ ਓ, ਅਮਰਜੀਤ, ਪਰਵੀਰ ਸਿੰਘ, ਗੁਰਪ੍ਰੀਤ ਸਿੰਘ ਮ.ਪ.ਹ.ਵ (ਮੇਲ), ਪੂਨਮ ਮ.ਪ.ਹ.ਵ (ਫ਼ੀ) ਤੇ ਆਸ਼ਾ ਵਰਕਰ ਆਦਿ ਲੋਕ ਹਾਜ਼ਰ ਸਨ।

# ਡੀ ਐੱਸ ਪੀ ਤੇ ਸਟਾਫ਼ ਨੇ ਹੜ੍ਹ ਪੀੜਤਾਂ ਨੂੰ ਰਾਸ਼ਨ ਸਮਗਰੀ ਵੰਡੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਖੇਤਰ ਵਿੱਚ ਪਿਛਲੇ ਦਿਨੀਂ ਹੜ੍ਹ ਦੀ ਮਾਰ ਹੇਠ ਆਏ ਪੀੜਤ ਪਰਿਵਾਰਾਂ ਲਈ ਜਿੱਥੇ ਵੱਖ-ਵੱਖ ਜਥੇਬੰਦੀਆਂ ਵੱਲੋਂ ਮੱਦਦ ਕੀਤੀ ਜਾ ਰਹੀ ਹੈ, ਉੱਥੇ ਹੀ ਅੱਜ ਮਾਛੀਵਾੜਾ ਪੁਲਸ ਦੇ ਸਮੂਹ ਸਟਾਫ਼ ਵੱਲੋਂ ਵੀ ਇਨ੍ਹਾਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਸਮੱਗਰੀ ਵੰਡੀ ਗਈ। ਮਾਛੀਵਾੜਾ ਥਾਣਾ ਮੁਖੀ ਡੀ ਐੱਸ ਪੀ ਮਨਦੀਪ ਕੌਰ ਤੇ ਸਟਾਫ਼ ਮੈਂਬਰਾਂ ਨੇ ਸਤਲੁਜ ਦਰਿਆ ਕਿਨਾਰੇ ਹੜ੍ਹ ਨਾਲ ਪ੍ਰਭਾਵਿਤ ਗਰੀਬ ਤੇ ਪ੍ਰਵਾਸੀ ਮਜ਼ਦੂਰ, ਜਿਨ੍ਹਾਂ ਦੀਆਂ ਝੁੱਗੀਆਂ ਪਾਣੀ ਵਿੱਚ ਡੁੱਬ ਗਈਆਂ ਸਨ, ਨੂੰ ਰਾਹਤ ਸਮੱਗਰੀ ਵੰਡੀ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐੱਸ ਪੀ ਮਨਦੀਪ ਕੌਰ ਨੇ ਦੱਸਿਆ ਕਿ ਮਾਛੀਵਾੜਾ ਇਲਾਕੇ 'ਚ ਪਿਛਲੇ ਕੁਝ ਦਿਨਾਂ ਤੋਂ ਹੜ੍ਹ ਕਾਰਨ ਜਿੱਥੇ ਫਸਲਾਂ ਖ਼ਰਾਬ ਹੋਈਆਂ, ਉੱਥੇ ਕਈ ਗਰੀਬ ਮਜ਼ਦੂਰ ਵੀ ਬੇਘਰ ਹੋ ਗਏ, ਜਿਨ੍ਹਾਂ ਦਾ ਕੱਪੜਾ, ਰਾਸ਼ਨ, ਸਾਰਾ ਕੁਝ ਪਾਣੀ ਵਿੱਚ ਡੁੱਬ ਗਿਆ। ਉਨ੍ਹਾ ਦੱਸਿਆ ਕਿ ਮਾਛੀਵਾੜਾ ਥਾਣਾ ਦੇ ਸਮੂਹ ਸਟਾਫ਼ ਵੱਲੋਂ ਆਪਣੀ ਤਨਖਾਹ 'ਚੋਂ ਪੈਸੇ ਇਕੱਤਰ ਕਰ ਇਨ੍ਹਾਂ ਗਰੀਬ ਪਰਿਵਾਰਾਂ ਦੀ ਸਹਾਇਤਾ ਕਰਨ ਦਾ ਫੈਸਲਾ ਕੀਤਾ ਗਿਆ, ਜਿਸ ਤਹਿਤ ਉਨ੍ਹਾਂ ਨੂੰ ਰਾਸ਼ਨ ਮੁਹੱਈਆ ਕਰਵਾਇਆ ਗਿਆ। ਡੀ ਐੱਸ ਪੀ ਮਨਦੀਪ ਕੌਰ ਨੇ ਕਿਹਾ ਕਿ ਅੱਜ ਇਸ ਔਖੀ ਘੜੀ ਵਿੱਚ ਹੋਰ ਵੀ ਸੰਸਥਾਵਾਂ ਇਨ੍ਹਾਂ ਪਰਿਵਾਰਾਂ ਦੀ ਸਹਾਇਤਾ ਲਈ ਅੱਗੇ ਜ਼ਰੂਰ ਆਉਣ। ਇਸ ਮੌਕੇ ਉਨ੍ਹਾਂ ਨਾਲ ਸਬ-ਇੰਸਪੈਕਟਰ ਸੰਤੋਖ ਸਿੰਘ, ਮੁਨਸ਼ੀ ਕੁਲਜੀਤ ਸਿੰਘ, ਮੈਡਮ ਰਾਜ ਕੌਰ ਵੀ ਮੌਜੂਦ ਸਨ।

19-July-PAGE-11-Majha-23.qxd 7/18/2023 10:42 PM Page 1



# ਮੋਦੀ ਨੂੰ ਗੱਦੀਓਂ ਲਾਹੁਣ ਲਈ ਇੱਕਜੁਟ ਹੋਣਾ ਸਮੇਂ ਦੀ ਮੁੱਖ ਲੋੜ : ਜਾਮਾਰਾਏ/ਦਰਾਜਕੇ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਜ਼ਿਲ੍ਹਾ ਤਰਨ ਤਾਰਨ ਦੀ ਸਕੱਤਰੇਤ ਦੀ ਮੀਟਿੰਗ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਪਹੁੰਚੇ। ਉਨ੍ਹਾਂ ਪਿਛਲੇ ਦਿਨੀਂ ਪਾਰਟੀ ਦੀ ਸੂਬਾ ਕਮੇਟੀ ਦੀ ਰਾਜਨੀਤਕ ਰਿਪੋਰਟ 'ਤੇ ਵਿਸਥਾਰਪੂਰਵਕ ਚਾਨਣਾ ਪਾਉਂਦਿਆਂ ਕਿਹਾ ਕਿ ਆਰਐੱਸਐੱਸ ਦੇ ਇਸ਼ਾਰਿਆਂ 'ਤੇ ਚੱਲਣ ਵਾਲੀ ਮੋਦੀ ਸਰਕਾਰ ਨੂੰ ਗੱਦੀਓਂ ਲਾਹੁਣ ਲਈ ਧਰਮ ਨਿਰਪੱਖ ਅਤੇ ਜਮਹੂਰੀ ਸ਼ਕਤੀਆਂ ਨੂੰ ਇਕੱਠੇ ਹੋ ਕੇ 2024 ਦੀਆਂ ਲੋਕ ਸਭਾ ਦੀਆਂ ਚੋਣਾਂ 'ਚ ਇਕੱਠੇ ਹੋ ਕੇ ਮੁਕਾਬਲਾ ਕਰਨ ਦੀ ਲੋੜ ਹੈ ਅਤੇ ਖੱਬੀਆਂ ਪਾਰਟੀਆਂ ਨੂੰ ਪਹਿਲ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਫਿਰਕੂ ਫਾਸ਼ੀਵਾਦੀ ਤਾਕਤਾਂ ਦੇਸ਼ ਨੂੰ ਤਬਾਹ ਕਰਨ 'ਤੇ ਤੁਲੀਆ ਹੋਈਆਂ ਹਨ। ਧਰਮਾਂ, ਜਾਤਾਂ ਤੇ ਵੰਡੀਆਂ ਪਾ ਕੇ ਘੱਟ ਗਿਣਤੀਆਂ 'ਤੇ ਹਮਲੇ ਕੀਤੇ ਜਾ ਰਹੇ ਹਨ। ਵਿਗਿਆਨਕ ਸੋਚ ਨੂੰ ਤਿਲਾਂਜਲੀ ਦੇ ਕੇ ਮਨੂ ਸਮਰਿਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ। ਭਾਰਤੀ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀਆਂ ਫਾਂਸ਼ੀਵਾਦੀ ਅਤੇ ਆਰਥਿਕ ਨੀਤੀਆਂ ਖਿਲਾਫ 1 ਸਤੰਬਰ ਤੋਂ 15 ਸਤੰਬਰ ਤੱਕ ਸਾਰੇ ਪੰਜਾਬ ਅੰਦਰ ਜਥਾ ਮਾਰਚ ਕੀਤਾ ਜਾਵੇਗਾ।

ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਪਾਰਟੀ ਦੇ ਸਕੱਤਰ ਮੁਖਤਾਰ ਸਿੰਘ ਮੱਲਾ ਨੇ ਦੱਸਿਆ ਕਿ ਜਲ੍ਹਿਆਂਵਾਲੇ ਬਾਗ ਤੋਂ ਸ਼ੁਰੂ ਕੀਤੇ ਜਥੇ ਮਾਰਚ ਦੀ ਤਰਨ ਤਾਰਨ ਜ਼ਿਲ੍ਹੇ ਨੇ ਵਿਉਂਤਬੰਦੀ ਉਲੀਕ ਲਈ ਹੈ ਅਤੇ ਜ਼ਿਲ੍ਹੇ 'ਚ ਛੇ ਥਾਵਾਂ 'ਤੇ ਭਰਵੇਂ ਇਕੱਠ ਕੀਤੇ ਜਾਣਗੇ ਜਿਸ ਦੀਆਂ ਤਿਆਰੀਆਂ ਹੁਣ ਤੋਂ ਹੀ ਕਰਨ ਦਾ ਫੈਸਲਾ ਕਰ ਲਿਆ ਹੈ। ਇਸ ਮੌਕੇ ਬਲਦੇਵ ਸਿੰਘ ਪੰਡੋਰੀ, ਦਲਜੀਤ ਸਿੰਘ ਦਿਆਲਪੁਰਾ, ਮਨਜੀਤ ਸਿੰਘ ਬੱਗੂ, ਬਲਦੇਵ ਸਿੰਘ ਭੈਲ, ਧਰਮ ਸਿੰਘ ਪੱਟੀ, ਸੁਲੱਖਣ ਸਿੰਘ ਤੁੜ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਅਸੈੱਸਮੈਂਟ ਰਜਿਸਟਰ 'ਚ ਪ੍ਰਾਪਰਟੀ ਟਰਾਂਸਫਰ ਕਰਨ ਸੰਬੰਧੀ ਲੱਗਾ ਵਿਸ਼ੇਸ਼ ਕੈਂਪ

**ਬਟਾਲਾ (ਡਾ. ਮਲਵਿੰਦਰ ਸਿੰਘ)**-ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਹਿੱਤ ਵਿੱਚ ਕੰਮ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ ਅਤੇ ਲੋਕਪੱਖੀ ਫੈਸਲੇ ਲੈ ਕੇ ਆਮ ਲੋਕਾਂ ਨੂੰ ਰਾਹਤ ਦਿੱਤੀ ਜਾ ਰਹੀ ਹੈ। ਇਹ ਪ੍ਰਗਟਾਵਾ ਕਰਦਿਆਂ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਉਨ੍ਹਾਂ ਦੀ ਵੀ ਹਮੇਸ਼ਾ ਪਹਿਲ ਰਹੀ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਲੋਕਾਂ ਦੇ ਭਾਰੀ ਜੁਰਮਾਨੇ ਕਰਕੇ ਪ੍ਰਾਪਰਟੀ ਟਰਾਂਸਫਰ ਕਰਨ ਦੇ ਕੇਸ ਕਾਫੀ ਸਮੇਂ ਤੋਂ ਪੈਂਡਿੰਗ ਹਨ, ਜਿਸ ਬਾਬਤ ਉਨ੍ਹਾਂ ਨੇ ਨਗਰ ਨਿਗਮ ਬਟਾਲਾ ਦੇ ਕਮਿਸ਼ਨਰ ਡਾ ਸ਼ਾਇਰੀ ਭੰਡਾਰੀ ਨਾਲ ਇਸ ਸਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ। ਵਿਧਾਇਕ ਨੇ ਅੱਗੇ ਦੱਸਿਆ ਕਿ ਇਸ ਨੂੰ ਮੱਖ ਰੱਖਦਿਆਂ ਨਗਰ ਨਿਗਮ ਬਟਾਲਾ ਵਲੋਂ ਅਸੈਸਮੈਂਟ ਰਜਿਸਟਰ ਵਿੱਚ ਪ੍ਰਾਪਰਟੀ ਟਰਾਂਸਫਰ ਕਰਨ ਸਬੰਧੀ ਵਿਸ਼ੇਸ਼ ਕੈਂਪ, ਦਫਤਰ ਨਗਰ ਨਿਗਮ ਦੇ ਕਮਰਾ ਨੰਬਰ 1 ਵਿੱਚ ਸਵੇਰੇ 9 ਵਜੇ ਤੋਂ ਅੱਜ 17 ਜੁਲਾਈ ਤੋਂ 22 ਜੁਲਾਈ 2023 ਤੱਕ ਲਗਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਜਿਹੜੇ ਵੀ ਲੋਕਾਂ ਦੇ ਭਾਰੀ ਜੁਰਮਾਨੇ ਕਰਕੇ ਪ੍ਰਾਪਰਟੀ ਟਰਾਂਸਫਰ ਕਰਨ ਦੇ ਕੇਸ ਕਾਫੀ ਸਮੇਂ ਤੋਂ ਪੈਂਡਿੰਗ ਹਨ ਉਨਾਂ ਕੇਸਾਂ ਨੂੰ ਸਿਰਫ 500 ਰੁਪਏ ਪੈਨਲਟੀ ਲਗਾ ਕੇ ਟਰਾਂਸਫਰ ਕੀਤਾ ਜਾਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਆ ਕੇ ਇਸ ਵਿਸ਼ੇਸ ਕੈਂਪ ਦਾ ਲਾਭ ਉਠਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਬਾਅਦ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਇਹ ਮੌਕੇ ਗੱਲ ਕਰਦਿਆਂ ਡਾ. ਸ਼ਾਇਰੀ ਭੰਡਾਰੀ ਨੇ ਦੱਸਿਆ ਕਿ ਬਟਾਲਾ ਦੇ ਵਿਧਾਇਕ ਕਲਸੀ ਅਤੇ ਜ਼ਿਲੇ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਸੁਯੋਗ ਅਗਵਾਈ ਹੇਠ ਬਟਾਲਾ ਵਾਸੀਆਂ ਦੀਆਂ ਸਮੱਸਿਆਵਾਂ ਦੂਰ ਕੀਤੀਆਂ ਜਾ ਰਹੀਆਂ ਹਨ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਸੁੰਦਰੀਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।

# ਮੰਗਾਂ ਨਾ ਮੰਨਣ 'ਤੇ ਪਾਵਰਕੌਮ ਮੈਨੇਜਮੈਂਟ ਵਿਰੁੱਧ ਕੀਤਾ ਅਰਥੀ ਫੂਕ ਰੋਸ ਮੁਜ਼ਾਹਰਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ ਮੰਡਲ ਕਾਦੀਆਂ ਦੇ ਸੱਦੇ ਤੇ ਬਿਜਲੀ ਕਾਮਿਆਂ ਵੱਲੋਂ ਪਾਵਰਕੌਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਕਾਮਿਆਂ ਦੀਆਂ ਭਖਵੀਆਂ ਮੰਗਾਂ ਗੱਲਬਾਤ ਕਰਕੇ ਹੱਲ ਕਰਨ ਦੀ ਬਜਾਏ ਧਾਰਨ ਕੀਤੀ ਅੜੀਅਲ ਨੀਤੀ ਵਿਰੁੱਧ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਦੀ ਪ੍ਰਧਾਨਗੀ ਮੰਡਲ ਪ੍ਰਧਾਨ ਠਾਕਰ ਰਣਜੀਤ ਸਿੰਘ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸਰਕਲ ਪ੍ਰਧਾਨ ਜਗਤਾਰ ਸਿੰਘ ਖੁੰਡਾ ਨੇ ਕਿਹਾ ਕਿ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਸੰਘਰਸ਼ ਦੇ ਦਬਾਅ ਹੇਠ 19-5-23 ਨੂੰ ਜਥੇਬੰਦੀ ਨੂੰ ਮੀਟਿੰਗ ਲਈ ਸੱਦਾ ਦਿੱਤਾ ਗਿਆ ਸੀ ਪਰ ਇਸ ਮੀਟਿੰਗ ਵਿੱਚ ਮੈਨੇਜਮੈਂਟ ਦਾ ਮੰਗਾਂ ਪ੍ਰਤੀ ਰਵੱਈਆ ਨਾਂਹ ਪੱਖੀ ਹੀ ਰਿਹਾ। ਬਿਜਲੀ ਕਾਮੇ ਮੰਗ ਕਰਦੇ ਹਨ ਕਿ ਪਟਿਆਲਾ ਸਰਕਲ ਦੇ ਡਿਸਮਿਸ ਕੀਤੇ 2 ਆਗੂ ਬਹਾਲ ਕੀਤੇ ਜਾਣ, ਮੁਕਤਸਰ ਸਰਕਲ ਦੇ ਆਗੂਆਂ ਦੀਆਂ ਵਿਕਟੇਮਾਈਜੇਸ਼ਨਾਂ ਹੱਲ ਕੀਤੀਆਂ ਜਾਣ, ਲੁਧਿਆਣਾ ਸਰਕਲ ਦੇ ਆਗੂ ਚਮਕੌਰ ਸਿੰਘ ਜੇ ਈ ਅਤੇ ਮੁਹਾਲੀ ਸਰਕਲ ਦੇ ਪ੍ਰਧਾਨ ਗੁਰਬਖਸ਼ ਸਿੰਘ ਦੀਆਂ ਸਿਆਸੀ ਆਧਾਰ 'ਤੇ ਕੀਤੀਆਂ ਬਦਲੀਆਂ ਰੱਦ ਕੀਤੀਆਂ ਜਾਣ, ਸੀ ਆਰ ਏ 295/19 ਤਹਿਤ ਭਰਤੀ ਹੋਏ ਕਰਮਚਾਰੀਆਂ ਦੇ ਮਸਲੇ ਹੱਲ ਕੀਤੇ ਜਾਣ, ਨਵੇਂ ਭਰਤੀ ਹੋਏ ਕਰਮਚਾਰੀਆਂ ਤੇ ਕੇਂਦਰੀ ਸਕੇਲ ਲਾਗੂ ਕਰਨੇ ਰੱਦ ਕਰਕੇ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣ, ਹਰ ਤਰ੍ਹਾਂ ਦੇ ਕੱਚੇ ਕਾਮੇ ਪੱਕੇ ਕੀਤੇ ਜਾਣ, ਬਰਾਬਰ ਕੰਮ ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ। ਇਸ ਮੌਕੇ ਸੁਰਜੀਤ ਸਿੰਘ ਗੁਰਾਇਆ, ਪ੍ਰੇਮ ਕੁਮਾਰ, ਸੁਖਦੇਵ ਸਿੰਘ ਸੇਖਵਾਂ, ਹਰਦੀਪ ਸਿੰਘ ਸੇਖੋਂ, ਗੁਰਵਿੰਦਰ ਸਿੰਘ, ਦਲਜਿੰਦਰ ਸਿੰਘ, ਪਰਿਤਪਾਲ ਸਿੰਘ, ਜਸਬੀਰ ਸਿੰਘ ਕੋਟ ਆਗੂਆਂ ਨੇ ਸੰਬੋਧਨ ਕੀਤਾ।

# ਵਿਧਾਇਕ ਗੁਪਤਾ ਤੇ ਡਿਪਟੀ ਕਮਿਸ਼ਨਰ ਨੇ ਮੀਂਹ ਪ੍ਰਭਾਵਿਤ ਪਿੰਡ ਮੂਲੇਚੱਕ ਦਾ ਕੀਤਾ ਦੌਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਖੁਦ ਜ਼ਨੀ ਪੱਧਰ ਤੇ ਜਾ ਕੇ ਲੋਕਾਂ ਨਾਲ ਮਿਲ ਰਹੇ ਹਨ ਅਤੇ ਇਸ ਕੁਦਰਤੀ ਆਫਤ ਸਮੇਂ ਸਾਰੇ ਮੰਤਰੀ ਅਤੇ ਵਿਧਾਇਕ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਕੰਮ ਕਰ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਕੇਂਦਰੀ ਦੇ ਵਿਧਾਇਕ ਡਾ. ਅਜੈ ਗੁਪਤਾ ਨੇ ਮੀਂਹ ਤੋਂ ਪ੍ਰਭਾਵਿਤ ਪਿੰਡ ਮੂਲੇਚੱਕ ਦਾ ਦੌਰਾ ਕਰਨ ਉਪਰੰਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਵੀ ਨਾਲ ਹਾਜ਼ਰ ਸਨ। ਡਾ. ਗੁਪਤਾ ਨੇ ਦੱਸਿਆ ਕਿ ਪਿੰਡ ਮੂਲੇਚੱਕ ਵਿਖੇ ਪਿਛਲੇ ਕਾਫ਼ੀ ਸਮੇਂ ਤੋਂ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਅਤੇ ਮੀਂਹ ਦੌਰਾਨ ਪਾਣੀ ਦੀ ਨਿਕਾਸੀ ਦੇ ਕੋਈ ਪ੍ਰਬੰਧ ਨਹੀਂ ਹਨ। ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਦੀ ਇਸ ਮੁਸ਼ਕਿਲ ਨੂੰ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦੇ ਦਿੱਤੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੰਡ ਦੇ ਛੱਪੜਾਂ ਦੀ ਸਫ਼ਾਈ ਵੀ ਕਰਵਾਈ ਜਾ ਰਹੀ ਹੈ ਅਤੇ ਪਾਣੀ ਦੇ ਨਿਕਾਸ ਦਾ ਪ੍ਰਬੰਧ ਵੀ ਜਲਦੀ ਹੀ ਕਰ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਲੋਕਾਂ ਨੂੰ ਕੋਈ ਵੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਉਪਰੰਤ ਵਿਧਾਇਕ ਗੁਪਤਾ ਵਲੋਂ ਤਹਿਸੀਲਪੁਰਾ ਵਿਖੇ ਸਥਿਤ ਪਿੰਗਲਵਾੜੇ ਦਾ ਦੌਰਾ ਵੀ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਅਤੇ ਉਨ੍ਹਾਂ ਦੱਸਿਆ ਕਿ ਪਿੰਗਲਵਾੜਾ ਦੀਨ ਦੁਖੀਆਂ ਦੀ ਸੇਵਾ ਕਰਨ ਵਾਲੀ ਸੰਸਥਾ ਹੈ ਅਤੇ ਇਸ ਸੰਸਥਾ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸੰਸਥਾ ਵਲੋਂ ਡਾ. ਗੁਪਤਾ ਨੂੰ ਸਨਮਾਨਤ ਵੀ ਕੀਤਾ ਗਿਆ।

# 10 ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ 'ਚ ਵੱਖ-ਵੱਖ ਟਰੇਡਾਂ ਲਈ ਚੱਲ ਰਿਹੈ ਦਾਖਲਾ : ਡੀਸੀ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਉਦਯੋਗਿਕ ਖੇਤਰ ਵਿੱਚ ਹੁਨਰਮੰਦ ਬਣਾਉਣ ਲਈ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਵੱਖ-ਵੱਖ ਟਰੇਡਾਂ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਇਨ੍ਹਾਂ ਕੋਰਸਾਂ ਲਈ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਆਨ-ਲਾਈਨ ਦਾਖਲਾ ਚੱਲ ਰਿਹਾ ਹੈ ਜਿਸਦੀ ਆਨ-ਲਾਈਨ ਅਪਲਾਈ ਕਰਨ ਦੀ ਆਖਰੀ ਤਾਰੀਕ 20 ਜੁਲਾਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਰਕਾਰੀ ਆਈਟੀਆਈ ਗੁਰਦਾਸਪੁਰ, ਸਰਕਾਰੀ ਆਈਟੀਆਈ ਗੁਰਦਾਸਪੁਰ (ਇਸਤਰੀਆਂ), ਸਰਕਾਰੀ ਆਈਟੀਆਈ ਬਟਾਲਾ, ਸਰਕਾਰੀ ਆਈਟੀਆਈ ਡੇਰਾ ਬਾਬਾ ਨਾਨਕ (ਇਸਤਰੀਆਂ), ਸਰਕਾਰੀ ਆਈਟੀਆਈ. ਫ਼ਤਹਿਗੜ੍ਹ ਚੂੜੀਆਂ (ਇਸਤਰੀਆਂ), ਸਰਕਾਰੀ ਆਈਟੀਆਈ ਫ਼ਤਹਿਗੜ੍ਹ ਚੂੜੀਆਂ (ਐੱਸ.ਸੀ), ਸਰਕਾਰੀ ਆਈਟੀਆਈ ਕਲਾਨੌਰ, ਸਰਕਾਰੀ ਆਈਟੀਆਈ ਕਾਦੀਆਂ, ਸਰਕਾਰੀ ਆਈਟੀਆਈ ਦੋਦਵਾਂ, ਸਰਕਾਰੀ ਆਈਟੀਆਈ ਚੀਮਾ-ਖੁੱਡੀ ਸਮੇਤ ਕੁੱਲ 10 ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਚੱਲ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਇਨ੍ਹਾਂ ਸਰਕਾਰੀ ਆਈਟੀਆਈਜ਼ ਵਿੱਚ ਵੱਖ-ਵੱਖ ਟਰੇਡਾਂ ਦੇ ਆਨ ਲਾਈਨ ਦਾਖਲੇ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਆਈਟੀਆਈ ਦੀਆਂ ਟਰੇਡਾਂ ਵਿੱਚ 8ਵੀਂ ਅਤੇ 10ਵੀਂ ਪਾਸ ਵਿਦਿਆਰਥੀ ਦਾਖਲਾ ਲੈ ਸਕਦੇ ਹਨ ਅਤੇ ਦਾਖਲਾ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀ ਮੈਰਿਟ ਦੇ ਅਧਾਰ 'ਤੇ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਆਈਟੀਆਈਜ਼ ਵਿੱਚ ਕਰੀਬ 26 ਟਰੇਡਾਂ ਦੀ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਫਿਟਰ, ਇਲੈਕਟ੍ਰੀਸ਼ਨ, ਮਸ਼ੀਨਿਸਟ, ਮੋਟਰ ਮਕੈਨਿਕ, ਰੈਫੀਰੀਜੇਰੇਟਰ ਅਤੇ ਏਅਰ ਕੰਡੀਸ਼ਨਰ, ਇਲੈਕਟ੍ਰੋਨਿਕਸ, ਇਨਫਰਮੇਸ਼ਨ ਟੈਕਨੋਲੌਜੀ, ਡਰਾਫਟਸਮੈਨ ਸਿਵਲ, ਡਰਾਫਟਸਮੈਨ ਮਕੈਨਿਕ, ਡੀਜ਼ਲ ਮਕੈਨਿਕ, ਕੰਪਿਊਟਰ ਹਾਰਡਵੇਅਰ, ਸਰਫੇਸ ਓਰਨਾਮੈਂਟੇਸ਼ਨ ਕਢਾਈ, ਕਾਸਮੈਟੋਲੋਜੀ, ਫੈਸ਼ਨ ਡਿਜ਼ਾਈਨਿੰਗ ਟੈਕਨੋਲੌਜੀ, ਡਰੈਸ ਮੇਕਿੰਗ, ਟੀਚਰ ਟ੍ਰੇਨਿੰਗ, ਸਰਵੇਅਰ, ਕੋਪਾ, ਮਕੈਨਿਕ ਆਟੋ ਇਲੈਕਟ੍ਰੀਸ਼ਨ ਅਤੇ ਵਾਇਰਮੈਨ ਦੀ ਟਰੇਡ ਲਈ 10ਵੀਂ ਪਾਸ ਵਿਦਿਆਰਥੀ ਦਾਖਲਾ ਲੈ ਸਕਦੇ ਹਨ। ਇਸ ਤੋਂ ਇਲਾਵਾ 8ਵੀਂ ਪਾਸ ਨੌਜਵਾਨਾਂ ਵੈਲਡਰ, ਪਲੰਬਰ, ਕਾਰਪੈਂਟਰ, ਟਰੈਕਟਰ ਮਕੈਨਿਕ, ਸੁਇੰਗ ਟੈਕਨੋਲੋਜੀ ਵਿੱਚ ਦਾਖਲਾ ਲੈ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਉਪਰੋਕਤ ਟਰੇਡਾਂ ਲਈ ਆਨ-ਲਾਈਨ ਦਾਖਲਾ ਚੱਲ ਰਿਹਾ ਹੈ ਅਤੇ ਅਤੇ ਦਾਖਲੇ ਲਈ ਆਨ-ਲਾਈਨ ਰਜਿਸਟਰੇਸ਼ਨ ਦੀ ਆਖਰੀ ਮਿਤੀ 20 ਜੁਲਾਈ ਹੈ। ਉਨ੍ਹਾਂ ਕਿਹਾ ਕਿ ਚਾਹਵਾਨ ਵਿਦਿਆਰਥੀ ਆਪਣੀ ਪਸੰਦੀਦਾ ਟਰੇਡ ਵਿੱਚ ਦਾਖਲਾ ਲੈਣ ਲਈ ਆਪਣੀ ਨੇੜੇ ਦੀ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਵਿੱਚ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਐਸਸੀ ਕੈਟਾਗਰੀ ਦੇ ਵਿਦਿਆਰਥੀਆਂ ਜਿਨ੍ਹਾਂ ਕੋਲ ਘੱਟ ਆਮਦਨ ਦਾ ਸਰਟੀਫਿਕੇਟ ਹੋਵੇਗਾ ਉਨ੍ਹਾਂ ਕੋਲੋਂ ਕੇਵਲ 100 ਰੁਪਏ ਫੀਸ ਲਈ ਜਾਂਦੀ ਹੈ। ਇਸ ਤੋਂ ਇਲਾਵਾ ਯੋਗ ਐਸਸੀ ਵਿਦਿਆਰਥੀਆਂ ਨੂੰ ਸਰਕਾਰ ਵਲੋਂ ਵਜ਼ੀਫਾ ਵੀ ਦਿੱਤਾ ਜਾਂਦਾ ਹੈ ਅਤੇ ਕੋਰਸ ਮੁਕੰਮਲ ਹੋਣ 'ਤੇ ਟੂਲ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਦਾਖਲਾ ਲੈ ਕੇ ਆਪਣੇ ਆਪ ਨੂੰ ਹੁਨਰਮੰਦ ਬਣਾਉਣ ਤਾਂ ਜੋ ਉਹ ਵਧੀਆ ਰੁਜ਼ਗਾਰ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹਦੀਆਂ ਹਨ।

# ਆਜ਼ਾਦੀ ਦਿਵਸ ਮੌਕੇ ਵੱਖ-ਵੱਖ ਸਕੂਲ ਪੇਸ਼ ਕਰਨਗੇ ਸੱਭਿਆਚਾਰਕ ਪ੍ਰੋਗਰਾਮ: ਏਡੀਸੀ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਨੂੰ ਸਫ਼ਲਤਾਪੂਰਵਕ ਕਰਵਾਉਣ ਲਈ ਵੱਖ-ਵੱਖ ਸਕੂਲਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਮਨਦੀਪ ਕੌਰ ਨੇ ਦੱਸਿਆ ਕਿ ਆਜ਼ਾਦੀ ਦਿਵਸ ਸਾਡਾ ਰਾਸ਼ਟਰੀ ਤਿਉਹਾਰ ਹੈ ਅਤੇ ਇਸ ਮੌਕੇ ਗਾਂਧੀ ਗਰਾਊਂਡ ਵਿਖੇ ਵੱਖ-ਵੱਖ ਸਕੂਲਾਂ ਵਲੋਂ ਆਜ਼ਾਦੀ ਦਿਵਸ ਸਬੰਧੀ ਕੋਰੀਓਗ੍ਰਾਫੀ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਸਕੂਲੀ ਬੱਚਿਆਂ ਵਲੋਂ ਸ਼ਾਮ ਦਾ ਗਿੱਧਾ ਵੀ ਪੇਸ਼ ਕੀਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਹਾਜ਼ਰ ਵੱਖ-ਵੱਖ ਸਕੂਲਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਹੁਣੇ ਤੋਂ ਹੀ ਸਕੂਲੀ ਬੱਚਿਆਂ ਨੂੰ ਸੱਭਿਆਚਾਰਕ ਪ੍ਰੋਗਰਾਮ ਦੀ ਟ੍ਰੇਨਿੰਗ ਸ਼ੁਰੂ ਕਰ ਦਿੱਤੀ ਜਾਵੇ ਤਾਂ ਜੋ ਉਹ ਆਪਣਾ ਪ੍ਰੋਗਰਾਮ ਵਧੀਆ ਢੰਗ ਨਾਲ ਪੇਸ਼ ਕਰ ਸਕਣ। ਉਨ੍ਹਾਂ ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਨੂੰ ਵੀ ਕਿਹਾ ਕਿ ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਲਈ ਪਾਣੀ, ਮੈਡੀਕਲ ਸੁਵਿਧਾਵਾਂ ਦਾ ਪੂਰਾ ਪ੍ਰਬੰਧ ਕੀਤਾ ਜਾਵੇ।

ਇਸ ਮੀਟਿੰਗ ਵਿੱਚ ਆਸ਼ੂ ਵਿਸ਼ਾਲ ਕੋਆਰਡੀਨੇਟਰ ਸਪੋਰਟਸ, ਧੰਨਾ ਸਿੰਘ ਲੈਕਚਰਾਰ ਤੋਂ ਇਲਾਵਾ ਬੀ. ਬੀ. ਕੇ. ਡੀ. ਏ. ਵੀ. ਕਾਲਜ, ਸਪਰਿੰਗ ਡੇਲ ਸਕੂਲ, ਡੀ. ਏ. ਵੀ. ਪਬਲਿਕ ਸਕੂਲ, ਐਸ. ਐਲ. ਭਵਨਜ਼ ਸਕੂਲ, ਖਾਲਸਾ ਕਾਲਜ ਫਾਰ ਵੂਮੈਨ ਤੋਂ ਇਲਾਵਾ ਹੋਰ ਸਕੂਲਾਂ ਦੇ ਵੀ ਨੁਮਾਇੰਦੇ ਹਾਜ਼ਰ ਸਨ।

# ਈਟੀਓ ਨੇ ਪਿੰਡ ਬੰਮਾ ਦਾ ਕੀਤਾ ਦੌਰਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਉਨ2ਾਂ ਦੀ ਟੀਮ ਨੇ ਪਿੰਡ ਬੰਮਾ ਦਾ ਦੌਰਾ ਕੀਤਾ ਤੇ ਮੀਂਹ ਦੇ ਪਾਣੀ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਆਪ ਆਗੂ ਹਰਪ੍ਰੀਤ ਸਿੰਘ ਸੇਖੋਂ, ਹਰਭਾਲ ਸਿੰਘ ਜੌਹਲ ਤੇ ਉਨ੍ਹਾਂ ਦੀ ਟੀਮ ਨੇ ਮੰਤਰੀ ਹਰਭਜਨ ਸਿੰਘ ਈਟੀਓ ਕੋਲੋਂ ਮੰਗ ਕੀਤੀ ਕਿ ਉਨ੍ਹਾਂ ਦੇ ਪਿੰਡ ਵਾਲੇ ਛੱਪੜ ਨੂੰ ਥਾਪਰ ਸਕੀਮ ਅਧੀਨ ਲਿਆਂਦਾ ਜਾਵੇ, ਪਿੰਡ ਵਿੱਚ ਜਿੰਮ, ਰਹਿੰਦੀਆਂ ਪੁਲੀਆਂ, ਲਾਇਬ੍ਰੇਰੀ, ਗੁਰਦੁਆਰਾ ਨਾਨਕਸਰ ਥਾਰ ਸਾਹਿਬ ਵਾਲਾ ਅਧੂਰਾ ਰਸਤਾ ਆਦਿ ਵਰਗੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਇਸ ਮੌਕੇ ਮੇਜਰ ਸਿੰਘ, ਪਿੰਡ ਦੀ ਸਰਪੰਚ ਬੀਬੀ ਬਲਜਿੰਦਰ ਕੌਰ, ਸਰਪੰਚ ਸੁਖਜਿੰਦਰ ਸਿੰਘ ਨਿੱਝਰ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਬੱਲ, ਸਾਬਕਾ ਸਰਪੰਚ ਦੀਦਾਰ ਸਿੰਘ ਬੱਲ, ਵਰਿਆਮ ਸਿੰਘ ਜੌਹਲ, ਸੂਬੇਦਾਰ ਸ਼ਨਾਖ ਸਿੰਘ, ਅਵਤਾਰ ਸਿੰਘ ਫੌਜੀ ਵਡਾਲਾ ਜੌਹਲ, ਡਾਕਟਰ ਦਲੇਰ ਸਿੰਘ ਜੌਹਲ, ਸਾਬਕਾ ਸਰਪੰਚ ਗਿਆਨ ਸਿੰਘ ਬੱਲ, ਪ੍ਰਗਟ ਸਿੰਘ ਬੱਲ, ਸਤਨਾਮ ਸਿੰਘ, ਦਲਬੀਰ ਸਿੰਘ, ਧਰਮ ਸਿੰਘ, ਬੀਡੀਪੀਓ ਪ੍ਰਗਟ ਸਿੰਘ, ਸੈਕਟਰੀ ਸਿਮਰਨਜੀਤ ਸਿੰਘ, ਗੁਰਸੇਵਕ ਸਿੰਘ ਬੱਲ, ਪੀਐਸਓ ਸੁਖਵਿੰਦਰ ਸਿੰਘ ਕਲੇਰ, ਮਨਪ੍ਰੀਤ ਸਿੰਘ, ਸਤਨਾਮ ਸਿੰਘ ਜੰਡਿਆਲਾ ਗੁਰੂ ਤੇ ਇਲਾਕੇ ਦੀਆਂ ਕਈ ਹੋਰ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ।

# ਬਹਿਰਾਮਪੁਰ ਵਿਖੇ ਵਾਪਰੀ ਬੇਅਦਬੀ ਦੀ ਘਟਨਾ ਨੇ ਸਿੱਖਾਂ ਦੇ ਹਿਰਦੇ ਵਲੂੰਧਰੇ



ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਗੁਰਦਾਸਪੁਰ ਅਧੀਨ ਆਉਂਦੇ ਕਸਬਾ ਬਹਿਰਾਮਪੁਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਹੋਈ ਬੇਅਦਬੀ ਨੇ ਇਕ ਵਾਰ ਫ਼ਿਰ ਤੋਂ ਇਨਸਾਨੀਅਤ ਨੂੰ ਸ਼ਰਮਸਾਰ ਕਰਕੇ ਰੱਖ ਦਿੱਤਾ ਹੈ। ਗੁਰਦੁਆਰਾ ਸਾਹਿਬ ਵਿਖੇ ਵਾਪਰੀ ਇਸ ਘਟਨਾ ਨਾਲ ਜਿੱਥੇ ਸੰਗਤਾਂ ਦੇ ਹਿਰਦੇ ਵਲੂੰਧਰੇ ਗਏ ਹਨ ਉਥੇ ਹੀ ਇਸ ਘਟਨਾ ਨੂੰ ਲੈ ਕੇ ਸਿੱਖ ਸੰਗਤ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਥਾਣਾ ਬਹਿਰਾਮਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮੋਹਨ ਸਿੰਘ ਪੁੱਤਰ ਕੇਹਰ ਸਿੰਘ ਵਾਸੀ ਬਹਿਰਾਮਪੁਰ ਨੇ ਦੱਸਿਆ ਕਿ ਉਹ ਗੁਰਦੁਆਰਾ ਚਰਨ ਕਮਲ ਸਾਹਿਬ ਪਾਤਸ਼ਾਹੀ 6ਵੀਂ ਨਵੀਂ ਆਬਾਦੀ ਬਹਿਰਾਮਪੁਰ ਵਿਖੇ ਬਤੌਰ ਕਮੇਟੀ ਪ੍ਰਧਾਨ ਸੇਵਾ ਕਰ ਰਿਹਾ ਹੈ। ਗੁਰਦੁਆਰਾ ਸਾਹਿਬ ਵਿੱਚ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਗੁਰਦੁਆਰਾ ਵਿੱਚ ਚੜ੍ਹਦੇ ਪਾਸੇ ਬਣੇ ਇੱਕ ਛੋਟਾ ਹਾਲ ਨੁਮਾ ਕਮਰੇ ਵਿੱਚ ਸੁਸ਼ੋਭਿਤ ਹੈ। ਉਨ੍ਹਾਂ ਦੱਸਿਆ ਕਿ ਹਰ ਰੋਜ਼ ਦੀ ਤਰ੍ਹਾਂ ਹਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਬਹਿਰਾਮਪੁਰ ਨਿਤਨੇਮ ਕਰਨ ਤੋਂ ਬਾਅਦ ਆਪਣੇ ਘਰ ਚਲੇ ਗਏ ਸੀ ਕਿ ਵਕਤ ਕਰੀਬ 12:40 ਦੁਪਹਿਰ ਤੋਂ ਬਾਅਦ ਪਤਾ ਲੱਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਕਿਸੇ ਨਾਮਲੂਮ ਵਿਅਕਤੀ ਵਲੋਂ ਬੇਅਦਬੀ ਕਰਦੇ ਹੋਏ ਕਰੀਬ 6 ਪੱਤਰੇ (ਪੇਜ) ਪਾੜ ਦਿੱਤੇ ਹਨ।

ਉਸੇ ਵਕਤ ਗੁਰਦੁਆਰਾ ਸਾਹਿਬ ਪੁੱਜ ਕੇ ਦੇਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਟੇ ਹੋਏ ਪੱਤਰੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਕੋਲ ਖਿਲਰੇ ਪਏ ਸਨ।

ਥਾਣਾ ਬਹਿਰਾਮਪੁਰ ਪੁਲਸ ਨੇ ਮੁਦਈ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਨਾਮਲੂਮ ਵਿਅਕਤੀਆਂ ਖ਼ਿਲਾਫ਼ ਧਾਰਾ 295 ਏ, 34 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਇਥੇ ਜ਼ਿਕਰਯੋਗ ਹੈ ਕਿ ਇਸ ਘਟਨਾ ਨਾਲ ਇਲਾਕੇ ਅੰਦਰ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ।

# ਕਿਸਾਨਾਂ 'ਤੇ ਹੋਏ ਝੂਠੇ ਪਰਚੇ ਨੂੰ ਲੈ ਕੇ ਥਾਣਾ ਸਦਰ ਅੱਗੇ ਲੱਗਾ ਅਣਮਿਥੇ ਸਮੇਂ ਲਈ ਧਰਨਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਥਾਣਾ ਸਦਰ ਅੱਗੇ ਕਿਸਾਨਾਂ ਨੇ ਲਾਇਆ ਧਰਨਾ। ਕਿਸਾਨਾਂ ਦਾ ਕਹਿਣਾ ਕਿ ਜੋ ਝੂਠੇ ਪਰਚੇ ਦਰਜ ਕੀਤੇ ਗਏ ਹਨ ਇਨ੍ਹਾਂ ਨੂੰ ਰੱਦ ਕੀਤਾ ਜਾਵੇ। ਸੈਂਕੜੇ ਕਿਸਾਨ, ਮਜ਼ਦੂਰ, ਨੌਜਵਾਨਾਂ, ਬੀਬੀਆਂ ਨੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ੋਨ ਤਰਨਤਾਰਨ ਦੇ ਪ੍ਰਧਾਨ ਸਲਵਿੰਦਰ ਸਿੰਘ ਜੀਉਬਾਲਾ, ਸਲਵਿੰਦਰ ਸਿੰਘ ਡਾਲੇਕੇ, ਸੁਖਵਿੰਦਰ ਸਿੰਘ ਦੁੱਗਲਵਾਲਾ, ਇਕਬਾਲ ਸਿੰਘ ਵੜਿੰਗ ਦੀ ਰਹਿਨੁਮਾਈ ਹੇਠ ਕਿਸਾਨਾਂ ਨੂੰ ਨਿਆਂ ਦਿਵਾਉਣ ਲਈ ਥਾਣਾ ਸਦਰ ਤਰਨਤਾਰਨ ਵਿਖੇ ਅਣਮਿਥੇ ਸਮੇਂ ਲਈ ਵਿਸ਼ਾਲ ਧਰਨਾ ਲੱਗਾ। ਧਰਨੇ ਦੌਰਾਨ ਜ਼ਿਲ੍ਹਾ ਜਨਰਲ ਸਕੱਤਰ ਅਤੇ ਸੂਬਾ ਕੋਰ ਕਮੇਟੀ ਮੈਂਬਰ ਹਰਜਿੰਦਰ ਸਿੰਘ ਸਕਰੀ, ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੱਦੀ ਰਣਯੋਧ ਸਿੰਘ ਗੱਗੋਬੂਹਾ ਨੇ ਕਿਹਾ ਕਿ ਰੂੜੇ ਆਸਲ ਦੇ ਕਿਸਾਨ ਜਸਬੀਰ ਕੌਰ, ਗੁਰਮੇਜ ਸਿੰਘ, ਰਾਜਵਿੰਦਰ ਸਿੰਘ, ਹਰਕੀਰਤ ਸਿੰਘ, ਜਤਿੰਦਰ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ 'ਤੇ ਪਿਛਲੇ ਦਿਨੀਂ 306 ਅਤੇ ਹੋਰ ਧਾਰਾਵਾਂ ਲਾ ਕੇ ਝੂਠੇ ਪਰਚੇ ਦਰਜ ਕੀਤੇ ਗਏ ਸੀ ਜੋ ਕਿ ਬਿਲਕੁਲ ਬੇਬੁਨਿਆਦੀ ਤੇ ਝੂਠੇ ਹਨ। ਇਹ ਸਰਕਾਰ ਦੀ ਸ਼ਹਿ ਤੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਹੜੇ ਆਦਮੀ ਨੇ ਆਤਮਹੱਤਿਆ ਕੀਤੀ ਸੀ ਉਹ ਸਿਧਰਾ ਤੇ ਨਸ਼ੇ ਦਾ ਆਦੀ ਸੀ ਤੇ ਆਪਣੇ ਪਰਿਵਾਰ ਤੋਂ ਬਹੁਤ ਤੰਗ ਪ੍ਰੇਸ਼ਾਨ ਰਹਿੰਦਾ ਸੀ। ਇਸ ਦੇ ਚਲਦੇ ਉਸ ਨੇ ਆਤਮਹੱਤਿਆ ਕਰ ਲਈ। ਕਿਸਾਨ ਆਗੂਆਂ ਨੇ ਕਿਹਾ ਕਿ ਜਿਹੜੇ ਕਿਸਾਨਾਂ 'ਤੇ ਝੂਠੇ ਪਰਚੇ ਦਰਜ ਕੀਤੇ ਗਏ ਹਨ ਉਹ ਰੱਦ ਕੀਤੇ ਜਾਣ ਤੇ ਕਿਸਾਨਾਂ ਨੂੰ ਨਿਆਂ ਦਿੱਤਾ ਜਾਵੇ। ਕਿਸਾਨ ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪਰਚੇ ਰੱਦ ਨਾ ਕੀਤੇ ਗਏ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਤੇ ਇਸ ਦਾ ਜ਼ਿੰਮੇਵਾਰ ਪੁਲਸ ਪ੍ਰਸ਼ਾਸਨ ਹੋਵੇਗਾ। ਇਸ ਮੌਕੇ ਸਰਵਣ ਕੌਰ ਮੁਗਲਚੱਕ, ਜਸਵੰਤ ਕੌਰ, ਗੁਰਮੀਤ ਕੌਰ, ਮਨਜਿੰਦਰ ਕੌਰ, ਬਲਵਿੰਦਰ ਕੌਰ, ਰੂਪ ਸਿੰਘ ਸੁਰਸਿੰਘ, ਮੁਖਤਿਆਰ ਸਿੰਘ ਬਾਕੀਪੁਰ, ਸਰਵਣ ਸਿੰਘ ਵਲੀਪੁਰ, ਲਖਵਿੰਦਰ ਸਿੰਘ ਪਲਾਸੌਰ, ਹਰਭਿੰਦਰ ਸਿੰਘ ਮਾਲਚੱਕ ਅਤੇ ਸ਼ਮਸ਼ੇਰ ਸਿੰਘ ਸ਼ੇਖਚੱਕ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਸਾਊਥ ਸਿਟੀ ਫੇਜ਼-2 ਵਿਖੇ ਬਣਨ ਵਾਲੀ ਸੜਕ ਦਾ ਰੱਖਿਆ ਨੀਂਹ ਪੱਥਰ



ਬਟਾਲਾ (ਡਾ. ਮਲਵਿੰਦਰ ਸਿੰਘ)- ਵਿਧਾਇਕ ਅਮਨਸ਼ੇਰ ਸਿੰਘ ਕਲਸੀ ਵਲੋਂ ਸ਼ਹਿਰ ਅੰਦਰ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਮੁਹਿੰਮ ਤਹਿਤ ਲੋਕਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਸਾਊਥ ਸਿਟੀ ਫੇਜ਼-2 ਵਿਖੇ ਨਵੀਂ ਬਣਨ ਵਾਲੀ ਸੜਕ ਬਣਾਉਣ ਦਾ ਨੀਂਹ ਪੱਥਰ ਇੱਕ ਬੇਟੀ ਕੋਲੋਂ ਰਖਵਾਇਆ ਗਿਆ।

ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ ਅਤੇ ਵਿਕਾਸ ਕੰਮ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਮਹਿਜ਼ 15 ਮਹਿਨਿਆਂ ਦੇ ਕਾਰਜਕਾਲ ਦੌਰਾਨ ਹਰ ਵਰਗ ਦੇ ਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਹਨ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।

ਇਤਿਹਾਸਕ ਤੇ ਧਾਰਮਿਕ ਕਸਬਾ ਬਟਾਲਾ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਅੰਦਰ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਕਰੋੜਾਂ ਰੁਪਏ ਦੇ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ। ਬਟਾਲਾ ਸ਼ਹਿਰ ਦੀ ਵਿਕਾਸ ਪੱਖੋ ਨੁਹਾਰ ਬਦਲੀ ਜਾ ਰਹੀ ਹੈ, ਜਿਸ ਤਹਿਤ ਸ਼ਹਿਰ ਵਿਚਲੇ ਪ੍ਰਮੁੱਖ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ ਤੇ ਸੁੰਦਰੀਕਰਨ ਕੀਤਾ ਜਾ ਰਿਹਾ ਹੈ। ਬਾਜ਼ਾਰਾਂ ਵਿੱਚ ਵਿਰਾਸਤੀ ਦਿੱਖ ਵਾਲੀਆਂ ਸਟਰੀਟ ਲਾਈਟਾਂ ਲਗਾਈਆਂ ਗਈਆਂ ਹਨ।

ਸ਼ਹਿਰ ਦੀ ਵਿਰਾਸਤ ਨੂੰ ਸੰਭਾਲਣ ਤਹਿਤ ਜਲ ਮਹਿਲ (ਬਾਰਾਂਦਰੀ) ਦਾ ਨਵੀਨੀਕਰਨ ਦਾ ਕੰਮ ਜਲਦ ਸ਼ੁਰੂ ਹੋਣ ਵਾਲਾ ਹੈ ਤੇ ਸ਼ਿਵ ਕੁਮਾਰ ਬਟਾਲਵੀ ਦਾ ਆਦਮ ਕੱਦ ਬੁੱਤ ਸਥਾਪਿਤ ਕੀਤਾ ਗਿਆ ਹੈ। ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਇਮਾਰਤ ਦੀ ਉਸਾਰੀ ਚੱਲ ਰਹੀ ਹੈ। ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਸਥਾਪਿਤ ਕੀਤੇ ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ ਅਤੇ ਸ਼ਹਿਰ ਅੰਦਰ ਕਰੀਬ ਹਰ ਇੱਕ ਵਾਰਡ ਵਿੱਚ ਕੋਈ ਨਾ ਕੋਈ ਵਿਕਾਸ ਕੰਮ ਚੱਲ ਰਿਹਾ ਹੈ।

# 24 ਨੂੰ ਹੱਕੀ ਮੰਗਾਂ ਨੂੰ ਲੈ ਕੇ ਡੀ ਸੀ ਦਫਤਰ ਤਰਨ ਤਾਰਨ ਅੱਗੇ ਲੱਗੇਗਾ ਧਰਨਾ: ਘੁਰਕਵਿੰਡ, ਪਹੂਵਿੰਡ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**-ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਦੀ ਮੀਟਿੰਗ ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਅਸਥਾਨ ਪਿੰਡ ਪਹੂਵਿੰਡ ਵਿਖੇ ਨਿਸ਼ਾਨ ਸਿੰਘ ਮਾੜੀਮੇਘਾ ਤੇ ਸੁੱਚਾ ਸਿੰਘ ਵੀਰਮ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੌਕੇ ਜ਼ਿਲ੍ਹਾ ਆਗੂ ਰੇਸ਼ਮ ਸਿੰਘ ਘੁਰਕਵਿੰਡ ਤੇ ਜ਼ੋਨ ਪ੍ਰਧਾਨ ਦਿਲਬਾਗ ਸਿੰਘ ਪਹੂਵਿੰਡ ਨੇ ਦੱਸਿਆ ਕਿ ਉਨ੍ਹਾਂ ਦੀ ਜਥੇਬੰਦੀ ਕਿਸਾਨਾਂ ਦੀਆਂ ਮੰਗਾਂ ਜਿਨ੍ਹਾਂ 'ਚ ਹੜ੍ਹਾਂ ਕਾਰਨ ਨੁਕਸਾਨੀਆਂ ਫਸਲਾਂ ਦੇ ਮਾਲਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਤੁਰੰਤ ਮੁਆਵਜ਼ਾ ਜਾਰੀ ਕਰਵਾਉਣਾ, ਹੜ੍ਹਾਂ ਦੀ ਮਾਰ ਹੇਠਾਂ ਆਏ ਇਲਾਕਿਆਂ 'ਚ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਲੋਕਾਂ ਦੀ ਸੇਵਾ 'ਚ ਹਾਜ਼ਰ ਰਹਿਣ ਨੂੰ ਯਕੀਨੀ ਬਣਾਉਣਾ, ਭਾਰੀ ਬਾਰਿਸ਼ ਕਾਰਨ ਤਬਾਹ ਹੋਏ ਘਰਾਂ ਨੂੰ ਠੀਕ ਕਰਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮਦਦ ਮੁਹੱਈਆ ਕਰਵਾਉਣਾ ਆਦਿ ਮੁੱਖ ਹਨ, ਨੂੰ ਲੈ ਕੇ ਮਿਤੀ 24 ਜੁਲਾਈ ਦਿਨ ਸੋਮਵਾਰ ਨੂੰ ਡੀਸੀ ਦਫਤਰ ਤਰਨ ਤਾਰਨ ਅੱਗੇ ਵਿਸ਼ਾਲ ਧਰਨਾ ਦੇਵੇਗੀ। ਇਸ ਮੌਕੇ ਰਣਜੀਤ ਸਿੰਘ ਚੀਮਾ ਤੇ ਪੂਰਨ ਸਿੰਘ ਮੱਦਰ ਨੇ ਲਿਖਤੀ ਪ੍ਰੈੱਸ ਨੋਟ ਜਾਰੀ ਕਰਦਿਆਂ ਕੇਂਦਰ ਅਤੇ ਸੂਬਾ ਸਰਕਾਰ ਕੋਲੋਂ ਮੰਗ ਕੀਤੀ ਕਿ ਪ੍ਰੀਪੇਡ ਮੀਟਰਾਂ ਦੀ ਪਾਲਿਸੀ ਨੂੰ ਤੁਰੰਤ ਵਾਪਿਸ ਲਿਆ ਜਾਵੇ, ਕੇਰਲ ਸਰਕਾਰ ਦੀ ਤਰਜ਼ 'ਤੇ ਐਮਐਸਪੀ ਤੇ ਫਸਲਾਂ ਦੀ ਖਰੀਦ ਲਈ ਗਾਰੰਟੀ ਕਾਨੂੰਨ ਬਣਾਇਆ ਜਾਵੇ, ਪੂਰੇ ਪੰਜਾਬ ਅੰਦਰ ਅਬਾਦਕਾਰਾਂ ਦੀਆਂ ਜ਼ਮੀਨਾਂ 'ਤੇ ਹਮਲੇ ਬੰਦ ਕਰਕੇ ਪੱਕੇ ਮਾਲਕੀ ਹੱਕ ਦਿੱਤੇ ਜਾਣ ਅਤੇ ਭਾਰਤਮਾਲਾ ਯੋਜਨਾ ਤਹਿਤ ਕਿਸਾਨਾਂ ਨੂੰ ਜ਼ਮੀਨਾਂ ਦੇ ਪੈਸਿਆਂ ਦੀ ਅਦਾਇਗੀ ਜ਼ਮੀਨ ਐਕੁਆਇਰ ਕਰਨ ਤੋਂ ਪਹਿਲਾਂ ਕੀਤੀ ਜਾਵੇ।

ਇਸ ਮੌਕੇ ਉਪਰੋਕਤ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾਂ ਗਿਆ ਤਾਂ ਮਿਤੀ 25 ਜੁਲਾਈ ਨੂੰ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਸ ਮੌਕੇ ਦਿਲਬਾਗ ਸਿੰਘ ਵੀਰਮ, ਹਜਾਰਾ ਸਿੰਘ ਵੀਰਮ, ਮਾਨ ਸਿੰਘ ਮਾੜੀਮੇਘਾ, ਜਗਰੂਪ ਸਿੰਘ ਮਾੜੀਮੇਘਾ, ਢੋਲਾ ਸਿੰਘ ਮਾੜੀਮੇਘਾ, ਹੀਰਾ ਸਿੰਘ ਮੱਦਰ, ਮਨਜੀਤ ਸਿੰਘ ਅਮੀਸ਼ਾਹ, ਕਾਰਜ ਸਿੰਘ ਅਮੀਸ਼ਾਹ, ਕਸ਼ਮੀਰ ਸਿੰਘ ਅਮੀਸ਼ਾਹ, ਮੂਲਾ ਸਿੰਘ ਅਮੀਸ਼ਾਹ, ਸੁਖਪਾਲ ਸਿੰਘ ਦੋਦੇ, ਬਲਵਿੰਦਰ ਸਿੰਘ ਦੋਦੇ, ਸੁਖਦੇਵ ਸਿੰਘ ਦੋਦੇ, ਹਰਪਾਲ ਸਿੰਘ ਕਲਸੀਆ, ਸਵਰਨ ਸਿੰਘ ਡਲੀਰੀ, ਜੁਗਰਾਜ ਸਿੰਘ ਡਲੀਰੀ, ਬਿਕਰਮਜੀਤ ਸਿੰਘ ਡਲੀਰੀ, ਅਮਰਜੀਤ ਸਿੰਘ ਵਾਂ, ਜਸਕਰਨ ਸਿੰਘ ਵਾਂ, ਜਗਜੀਤ ਸਿੰਘ ਭੈਣੀ ਮੱਸਾ ਸਿੰਘ, ਸੁਖਦੇਵ ਸਿੰਘ ਭੈਣੀ ਮੱਸਾ ਸਿੰਘ, ਅਰਸਦੀਪ ਸਿੰਘ ਭੈਣੀ ਮੱਸਾ ਸਿੰਘ, ਸਤਨਾਮ ਸਿੰਘ ਮਨਿਹਾਲਾ, ਰਾਜਬੀਰ ਸਿੰਘ ਮਨਿਹਾਲਾ, ਰਛਪਾਲ ਸਿੰਘ ਮਨਿਹਾਲਾ, ਗੁਰਉਪਕਾਰ ਸਿੰਘ ਮਨਿਹਾਲਾ, ਅਖਤਿਆਰ ਸਿੰਘ ਮਨਿਹਾਲਾ, ਜਰਨੈਲ ਸਿੰਘ ਕੱਚਾ ਪੱਕਾ, ਅਜਮੇਰ ਸਿੰਘ ਕੱਚਾ ਪੱਕਾ, ਹਰਭਜਨ ਸਿੰਘ ਕੱਚਾ ਪੱਕਾ, ਪਾਲ ਸਿੰਘ ਮਨਾਵਾ, ਗੁਰਚੇਤ ਸਿੰਘ ਮਨਾਵਾ, ਗੁਰਲਾਲ ਸਿੰਘ ਮਨਾਵਾ, ਸੁਬੇਗ ਸਿੰਘ ਮੱਖੀ ਕਲਾਂ, ਬਿੱਕਰ ਸਿੰਘ ਮੱਖੀ ਕਲਾਂ, ਗੁਰਨਾਮ ਸਿੰਘ ਮੱਖੀ ਕਲਾਂ, ਅਰੂੜ ਸਿੰਘ ਸਾਧਰਾ, ਰਘਬੀਰ ਸਿੰਘ ਸਾਧਰਾ, ਅਮਰ ਸਿੰਘ ਸਾਧਰਾ, ਬਚਿੱਤਰ ਸਿੰਘ ਨਵਾਪਿੰਡ, ਜਸਬੀਰ ਸਿੰਘ ਮੱਖੀ ਕਲਾਂ, ਨਿਰਵੈਲ ਸਿੰਘ ਚੇਲਾ, ਚਰਨਜੀਤ ਸਿੰਘ ਚੇਲਾ, ਅਜੀਤ ਸਿੰਘ ਚੇਲਾ ਆਦਿ ਕਿਸਾਨ ਹਾਜ਼ਰ ਸਨ।

# ਸਰਕਾਰੀ ਡਿਸਪੈਂਸਰੀ ਚੰਨਣਕੇ ਵਿਖੇ ਡੇਂਗੂ ਜਾਗਰੂਕਤਾ ਕੈਂਪ ਲਗਾਇਆ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਵਿਜੇ ਕੁਮਾਰ ਅਤੇ ਜ਼ਿਲਾ ਮਲੇਰੀਆ ਅਫਸਰ ਡਾ. ਹਰਜੋਤ ਕੌਰ ਦੇ ਨਿਰਦੇਸ਼ਾਂ ਅਨੁਸਾਰ ਸੀਐਚਸੀ ਤਰਸਿੱਕਾ ਐੱਸਐਮਓ ਡਾ. ਮੋਨਾ ਚਤਰਥ ਦੀ ਰਹਿਨੁਮਾਈ ਹੇਠ ਸਰਕਾਰੀ ਡਿਸਪੈਂਸਰੀ ਚੰਨਣਕੇ ਵਿਖੇ ਡੇਂਗੂ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ ਪਹੁੰਚੇ ਲੋਕਾਂ ਨੂੰ ਮੈਡੀਕਲ ਅਫਸਰ ਡਾਕਟਰ ਗੁਰਜੀਤ ਸਿੰਘ ਢਿੱਲੋਂ ਨੇ ਡੇਂਗੂ ਬੁਖਾਰ ਤੋਂ ਬਚਾਅ ਬਾਰੇ ਲੋਕਾਂ ਨੂੰ ਭਰਪੂਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। f

ਇਸ ਨਾਲ ਬਹੁਤ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੋਣਾ, ਇਸ ਦੀਆਂ ਸਭ ਨਿਸ਼ਾਨੀਆਂ ਹਨ। ਲੋਕਾਂ ਨੂੰ ਆਪਣੇ ਘਰਾਂ ਦੇ ਆਲੇ-ਦੁਆਲੇ ਪਾਣੀ ਇਕੱਠਾ ਨਾ ਹੋਣ ਦੀ ਹਦਾਇਤ ਕੀਤੀ ਗਈ। ਕੂਲਰਾਂ ਦਾ ਪਾਣੀ ਹਫਤੇ ਵਿਚ ਇਕ ਵਾਰ ਜ਼ਰੂਰ ਬਦਲਿਆ ਜਾਵੇ, ਗਮਲਿਆਂ ਵਿੱਚ ਮੀਂਹ ਦਾ ਪਾਣੀ ਨਾ ਖੜ੍ਹਾ ਹੋਣ ਦਿੱਤਾ ਜਾਵੇ। ਫਰਿਜਾਂ ਦੀ ਟਰੇਅ ਦੀ ਹਫਤੇ ਵਿਚ ਜ਼ਰੂਰ ਇਕ ਵਾਰ ਸਫਾਈ ਕੀਤੀ ਜਾਵੇ।

ਇਸ ਦੌਰਾਨ ਮੈਡੀਕਲ ਅਫਸਰ ਡਾਕਟਰ ਗੁਰਜੀਤ ਸਿੰਘ ਢਿੱਲੋਂ, ਸਮਾਜ ਸੇਵਕ ਬਾਬਾ ਸੁਖਵੰਤ ਸਿੰਘ ਚੰਨਣਕੇ ਤੋਂ ਇਲਾਵਾ ਐਚਸੀਓ ਮੈਡਮ ਭਾਵਨਾ ਹੈਲਥ ਵਰਕਰ ਨਿਰਮਲ ਸਿੰਘ, ਫਾਰਮਾਸਿਸਟ ਰਣਬੀਰ ਸਿੰਘ ਬੁੱਟਰ, ਜਸਵੰਤ ਸਿੰਘ, ਏਐਨਐਮ ਕੋਮਲਪ੍ਰੀਤ ਕੌਰ, ਆਸ਼ਾ ਵਰਕਰ ਕਸਮੀਰ ਕੌਰ ਅਤੇ ਆਂਗਨਵਾੜੀ ਵਰਕਰ ਹਾਜ਼ਰ ਸਨ।

# ਜਸਵਿੰਦਰ ਸਿੰਘ ਦੀਨਪੁਰ ਹਰਿਆਣਾ ਗੁ: ਪ੍ਰ: ਕਮੇਟੀ ਦੇ ਮੁੱਖ ਸਕੱਤਰ ਨਿਯੁਕਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਹਰਿਆਣਾ ਪ੍ਰਾਂਤ ਵਿਚਲੇ ਗੁਰਦੁਆਰਿਆਂ ਦੇ ਪ੍ਰਬੰਧ ਸਬੰਧੀ ਸ਼੍ਰੋਮਣੀ ਕਮੇਟੀ ਤੋਂ ਅਲੱਗ ਹੋ ਕੇ ਹੋਂਦ ਵਿਚ ਆਈ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪਧਾਨ ਸੰਤ ਕਰਮਜੀਤ ਸਿੰਘ ਯਮਨਾਨਗਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਸਾਬਕਾ ਮੈਨੇਜਰ ਜਸਵਿੰਦਰ ਸਿੰਘ ਦੀਨਪੁਰ ਨੂੰ ਬਤੌਰ ਮੁੱਖ ਸਕੱਤਰ ਨਿਯੁਕਤ ਕੀਤਾ ਹੈ। ਰਸਮੀ ਤੌਰ੍ਹ ਤੇ ਦੀਨਪੁਰ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਸਮੇਂ ਮਹੰਤ ਕਰਮਜੀਤ ਸਿੰਘ ਪ੍ਰਧਾਨ ਹਰਿਆਣਾ ਗੁ: ਪ੍ਰ: ਕਮੇਟੀ ਅਤੇ ਸੀਨੀਅਰ ਆਗੂ ਸ. ਭੁਪਿੰਦਰ ਸਿੰਘ ਅਸੰਧ ਨੇ ਸ. ਦੀਨਪੁਰ ਨੂੰ ਸਿਰੋਪਾਓ ਬਖਸ਼ਿਸ਼ ਕਰਕੇ ਮੁੱਖ ਸਕੱਤਰ ਦੀ ਕੁਰਸੀ ਪੱਦ ਤੇ ਬਿਠਾਇਆ ਤੇ ਲੱਡੂਆਂ ਨਾਲ ਉਸ ਦਾ ਮੂੰਹ ਮਿੱਠਾ ਕਰਵਾਇਆ।

ਯਾਦ ਰਹੇ ਸ. ਦੀਨਪੁਰ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਨਾਂਦੇੜ ਸਾਹਿਬ ਬੋਰਡ ਦੇ ਵੀ ਬਤੌਰ ਸੁਪਰਡੈਂਟ ਦੀ ਸੇਵਾ ਨਿਭਾ ਚੁੱਕੇ ਹਨ। ਬੁੱਢਾ ਦਲ ਛਾਉਣੀ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਜੀ ਦੀ ਦੂਸਰੀ ਸ਼ਹੀਦੀ ਸ਼ਤਾਬਦੀ ਸਮੇਂ ਉਹ ਸਹਿਯੋਗੀ ਰਹੇ ਹਨ। ਮੁੱਖ ਸਕੱਤਰ ਦਾ ਪੱਦ ਸੰਭਾਲਣ ਮੌਕੇ ਦੀਨਪੁਰ ਨੇ ਕਿਹਾ ਕਿ ਮੈਂ ਪ੍ਰਧਾਨ ਸੰਤ ਕਰਮਜੀਤ ਸਿੰਘ, ਭੁਪਿੰਦਰ ਸਿੰਘ ਅਸੰਧ ਤੇ ਬਾਕੀ ਸਾਰੇ ਮੈਂਬਰ ਸਾਹਿਬਾਨ ਦਾ ਬਹੁਤ ਧੰਨਵਾਦੀ ਹਾਂ ਜਿਨ੍ਹਾਂ ਨੇ ਮੇਰੇ 'ਤੇ ਭਰੋਸਾ ਪ੍ਰਗਟ ਕਰਦਿਆਂ ਮੈਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ।

ਉਨ੍ਹਾਂ ਕਿਹਾ ਕਿ ਮੈਂ ਪੂਰੀ ਇਮਾਨਦਾਰੀ ਤਨਦੇਹੀ ਤੇ ਮੈਂਬਰਾਂ, ਮੁਲਾਜ਼ਮਾਂ ਦੇ ਸਹਿਯੋਗ ਨਾਲ ਪ੍ਰਬੰਧ ਨੂੰ ਸੁਚਾਰੂ ਲੀਹਾਂ ਨਾਲ ਚਲਾਉਣ ਦਾ ਭਰੋਸਾ ਦਿੰਦਾ ਹਾਂ। ਇਸ ਮੌਕੇ ਦੀਨਪੁਰ ਨੂੰ ਦਿਲਜੀਤ ਸਿੰਘ ਬੇਦੀ ਸਾਬਕਾ ਸਕੱਤਰ ਸ਼੍ਰੋਮਣੀ ਕਮੇਟੀ, ਜਗਜੀਤ ਸਿੰਘ ਜੱਗੀ, ਜਸਵਿੰਦਰ ਸਿੰਘ ਦੀਪ, ਪਰਮਜੀਤ ਸਿੰਘ ਬਾਜਵਾ, ਬਾਬਾ ਭਗਤ ਸਿੰਘ, ਪ੍ਰਿੰ: ਇੰਦਰਪਾਲ ਸਿੰਘ, ਸਵਿੰਦਰ ਸਿੰਘ ਦੋਬਲੀਆਂ ਆਦਿ ਨੇ ਵਧਾਈ ਦਿਤੀ ਹੈ।

# ਐੱਸ ਐੱਲ ਬਾਵਾ ਡੀਏਵੀ ਕਾਲਜ 'ਚ ਹਵਨ ਯੱਗ ਨਾਲ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਐੱਸਐੱਲ ਬਾਵਾ ਡੀਏਵੀ ਕਾਲਜ ਬਟਾਲਾ ਦੇ ਪ੍ਰਿੰਸੀਪਲ ਡਾਕਟਰ ਦਿਨੇਸ਼ ਕੁਮਾਰ ਦੀ ਅਗਵਾਈ ਅਤੇ ਆਰੀਆ ਸਮਾਜ ਦੇ ਇੰਚਾਰਜ ਡਾਕਟਰ ਕਿਰਨ ਬਾਲਾ ਦੀ ਦੇਖਰੇਖ ਵਿੱਚ ਵਿੱਦਿਅਕ ਸੈਸ਼ਨ 2023-24 ਦਾ ਸ਼ੁਭ ਆਰੰਭ ਵੈਦਿਕ ਹਵਨ ਯੱਗ ਦੇ ਆਯੋਜਨ ਨਾਲ ਕੀਤਾ ਗਿਆ ਜਿਸ ਵਿੱਚ ਲੋਕਲ ਪ੍ਰਬੰਧਕੀ ਪ੍ਰਬੰਧਕੀ ਕਮੇਟੀ ਦੇ ਵਾਈਸ ਪ੍ਰਧਾਨ ਸ਼ਕਤੀ ਖੁੱਲਰ, ਅਸ਼ਵਨੀ ਮਰਵਾਹ, ਭਾਰਤ ਭੂਸ਼ਨ, ਪ੍ਰਿੰ, ਡਾਕਟਰ ਦਿਨੇਸ਼ ਕੁਮਾਰ ਸਹਿਤ ਕਾਲਜ ਦੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਨੇ ਆਹੂਤੀਆਂ ਪਾਈਆਂ।

ਇਸ ਵਿੱਚ ਪਰਮ ਪਿਤਾ ਪ੍ਰਮੇਸ਼ਰ ਤੋਂ ਵਿਸ਼ਵ ਕਲਿਆਣ ਅਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਅਤੇ ਨਿਰੋਗ ਸਮਾਜ ਦੀ ਪ੍ਰਾਰਥਨਾ ਕੀਤੀ। ਇਸ ਮੌਕੇ ਸ਼ਕਤੀ ਖੁੱਲਰ ਨੇ ਵਿਦਿਆਰਥੀਆਂ ਦਾ ਹਾਰਦਿਕ ਸਵਾਗਤ ਕੀਤਾ। ਉਨ੍ਹਾਂ ਯੂਨੀਵਰਸਟੀ ਵਿੱਚੋਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਦੀ ਜਾਣਕਾਰੀ ਦਿੱਤੀ। ਦਸ ਹਜ਼ਾਰ ਰੁਪਏ ਦੀ ਰਾਸ਼ੀ ਕਾਲਜ ਨੂੰ ਭੇਟ ਕੀਤੀ। ਇਸ ਮੌਕੇ ਪ੍ਰਿੰ. ਦਿਨੇਸ਼ ਕੁਮਾਰ ਨੇ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਅਤੇ ਨਵੇਂ ਵਿਦਿਆਰਥੀਆਂ ਦਾ ਹਾਰਦਿਕ ਸਵਾਗਤ ਕੀਤਾ। ਇਸ ਮੌਕੇ ਪ੍ਰਬੰਧਕੀ ਕਮੇਟੀ ਦੇ ਮੈਂਬਰ ਸ਼ਕਤੀ ਖੁੱਲ੍ਹਰ, ਵਿਨੋਦ ਦੇਵਾ ਅਤੇ ਰਾਜੇਸ਼ ਕਵਾਤਰਾ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਜੀਵਨ ਵਿਚ ਇਮਾਨਦਾਰੀ ਅਤੇ ਮਿਹਨਤ ਨੂੰ ਧਾਰਨ ਕਰਨਾ ਸਾਡਾ ਮੁੱਖ ਮੰਤਵ ਹੈ। ਹੋਰਨਾਂ ਤੋਂ ਇਲਾਵਾ ਇਸ ਮੌਕੇ ਮਾਸਟਰ ਕੁਲਦੀਪ ਸ਼ਰਮਾ, ਪ੍ਰੋ. ਸੁਨੀਲ ਜੇਤਲੀ, ਪ੍ਰੋ. ਪੁਰਸ਼ੋਤਮ ਸ਼ਰਮਾ, ਪ੍ਰੋ. ਮਨੀਸ਼ ਯਾਦਵ ਅਤੇ ਹੋਰ ਪ੍ਰੋਫੈਸਰਜ਼ ਤੋਂ ਇਲਾਵਾ ਸਮੂਹ ਸਟਾਫ ਹਾਜ਼ਰ ਸੀ।

# ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦੇਣਗੇ ਇਕ ਦਿਨ ਦੀ ਤਨਖ਼ਾਹ



ਅੰਮ੍ਰਿਤਸਰ 18 ਜੁਲਾਈ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਕੀਤੀਆਂ ਜਾ ਰਹੀਆਂ ਸੇਵਾਵਾਂ 'ਚ ਨਿੱਜੀ ਹਿੱਸਾ ਪਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੇ ਆਪਣੀ ਇੱਕ ਦਿਨ ਦੀ ਤਨਖ਼ਾਹ ਦੇਣ ਦਾ ਫੈਸਲਾ ਲਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਕ ਖਾਤਾ ਜਨਤਕ ਕਰਕੇ ਸੰਗਤਾਂ ਨੂੰ ਸਹਿਯੋਗ ਦੀ ਅਪੀਲ ਕੀਤੀ ਗਈ ਹੈ, ਜਿਸ ਤਹਿਤ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੇ ਇਹ ਪਹਿਲਕਦਮੀ ਕੀਤੀ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਦੇ ਸੇਵਾ ਮੁਕਤ ਮੁਲਾਜ਼ਮਾਂ ਦੀ ਐਸੋਸੀਏਸ਼ਨ ਵੱਲੋਂ 51 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ, ਜਦਕਿ ਸਿੱਖ ਕਥਾਵਾਚਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਵੀ 1 ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਲਏ ਗਏ ਫੈਸਲੇ ਨੂੰ ਮਾਨਵ ਹਿੱਤਕਾਰੀ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਔਖੇ ਸਮੇਂ ਮਨੁੱਖਤਾ ਨਾਲ ਖੜ੍ਹਨਾ ਗੁਰੂ ਦਰਸਾਏ ਮਾਰਗ ਦਾ ਹਿੱਸਾ ਹੈ, ਜਿਸ ਤਹਿਤ ਸਭ ਦਾ ਫ਼ਰਜ਼ ਹੈ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਕਾਰਜ ਕੀਤੇ ਜਾਣ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਮੂਹ ਮੁਲਾਜ਼ਮਾਂ ਨਾਲ ਇਕੱਤਰਤਾ ਕਰਕੇ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਰਾਹਤ ਸੇਵਾਵਾਂ ਦਾ ਮੁਲਾਂਕਣ ਕੀਤਾ ਅਤੇ ਨਾਲ ਹੀ ਪ੍ਰਚੰਡ ਤੌਰ 'ਤੇ ਪੀੜਤਾਂ ਦੀ ਸਹਾਇਤਾ ਲਈ ਕਾਰਜਾਂ ਦੀ ਨਿਰੰਤਰਤਾ ਬਣਾਈ ਰੱਖਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਰਕਾਰਾਂ ਤੋਂ ਵੱਧ ਕੇ ਕੰਮ ਸ਼੍ਰੋਮਣੀ ਕਮੇਟੀ ਕਰ ਰਹੀ ਹੈ ਅਤੇ ਇਸ ਦੇ ਮੁਲਾਜ਼ਮ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਹੜ੍ਹ ਪੀੜਤਾਂ ਦੀ ਅੱਗੇ ਹੋ ਕੇ ਸੇਵਾ ਕਰ ਰਹੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਵੀ ਮੁਲਾਜ਼ਮਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਨਿਭਾਈਆਂ ਸੇਵਾਵਾਂ 'ਤੇ ਤਸੱਲੀ ਪ੍ਰਗਟਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਸਮੂਹ ਮੁਲਾਜ਼ਮਾਂ ਦੀ ਸਹਿਮਤੀ ਨਾਲ ਮੁਲਾਜ਼ਮਾਂ ਵੱਲੋਂ ਇੱਕ ਦਿਨ ਦੀ ਤਨਖ਼ਾਹ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦੇਣ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਸਕੱਤਰ ਪ੍ਰਤਾਪ ਸਿੰਘ, ਓਐਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਬਲਵਿੰਦਰ ਸਿੰਘ ਕਾਹਲਵਾਂ, ਬਿਜੈ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਗੁਰਮੀਤ ਸਿੰਘ ਬੁੱਟਰ, ਸਿਮਰਜੀਤ ਸਿੰਘ, ਮੀਤ ਸਕੱਤਰ ਤੇਜਿੰਦਰ ਸਿੰਘ ਪੱਡਾ, ਗੁਰਚਰਨ ਸਿੰਘ ਕੁਹਾਲਾ, ਜਸਵਿੰਦਰ ਸਿੰਘ ਜੱਸੀ, ਪ੍ਰੋ. ਸੁਖਦੇਵ ਸਿੰਘ, ਸ਼ਾਹਬਾਜ਼ ਸਿੰਘ, ਸੁਪਰਡੰਟ ਮਲਕੀਤ ਸਿੰਘ ਬਹਿੜਵਾਲ, ਸ਼੍ਰੋਮਣੀ ਕਮੇਟੀ ਸੇਵਾਮੁਕਤ ਕਰਮਚਾਰੀ ਐਸੋਸੀਏਸ਼ਨ ਦੇ ਪ੍ਰਧਾਨ ਜੋਗਿੰਦਰ ਸਿੰਘ ਅਦਲੀਵਾਲ, ਪਰਵਿੰਦਰ ਸਿੰਘ ਡੰਡੀ, ਇੰਦਰਪਾਲ ਸਿੰਘ, ਸੁਰਿੰਦਰਪਾਲ ਸਿੰਘ, ਗੋਪਾਲ ਸਿੰਘ, ਮਹਿਤਾਬ ਸਿੰਘ, ਸਾਬਕਾ ਹੈੱਡ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਅਤੇ ਹੋਰ ਮੌਜੂਦ ਸਨ।

19-July-PAGE- 12 qxd.qxd 7/18/2023 10:43 PM Page 1



## ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਨਵੀ ਨੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ ਰਾਸ਼ਨ ਵੰਡਿਆ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)** ਹਲਕਾ ਸੁਲਤਾਨਪੁਰ ਲੋਧੀ ਦੇ ਕਈ ਪਿੰਡ ਹੜ੍ਹ ਦੀ ਮਾਰ ਝੱਲ ਰਹੇ ਹਨ। ਹੜ੍ਹਾਂ ਕਾਰਨ ਲੋਕਾਂ ਦਾ ਭਾਰੀ ਨੁਕਸਾਨ ਹੋ ਗਿਆ ਹੈ। ਇਸ ਦੌਰਾਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਮਾਨਵੀ ਜ਼ਿਲ੍ਹਾ ਮਾਲੇਰਕੋਟਲਾ ਦੀਆਂ ਸੰਗਤਾਂ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਜਾ ਕੇ ਉਥੋਂ ਦੇ ਲੋਕਾਂ ਨੂੰ ਰਾਹਤ ਸਮੱਗਰੀ ਅਤੇ ਪਾਣੀ ਦੀਆਂ ਪੇਟੀਆਂ ਦਿੱਤੀਆਂ। ਦੱਸ ਦੇਈਏ ਕਿ ਸੁਲਤਾਨਪੁਰ ਲੋਧੀ ਦੇ ਪਿੰਡ ਸੇਖ ਮੰਗਾ, ਸਰੂਪਵਾਲ ਵਿਚ ਹੜ੍ਹ ਪੀੜਤ ਲੋਕਾਂ ਨੂੰ ਰਾਸ਼ਨ ਆਦਿ ਵੰਡਿਆ ਗਿਆ।

ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਐਡਵੋਕੇਟ ਰਜਿੰਦਰ ਸਿੰਘ ਰਾਣਾ, ਮੁੱਕਦ ਸਿੰਘ, ਮਾਸਟਰ ਚਰਨ ਸਿੰਘ, ਜਸਵਿੰਦਰ ਸਿੰਘ ਨੇ ਪਿੰਡਾਂ ਦਾ ਨਿਰੀਖਣ ਕੀਤਾ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕੀ ਕਮੇਟੀ ਪਿੰਡ ਮਾਨਵੀ ਮਾਲੇਰਕੋਟਲਾ ਦੇ ਪ੍ਰਧਾਨ ਜਸਵਿੰਦਰ ਸਿੰਘ, ਜਸਪਾਲ ਸਿੰਘ ਮੀਤ ਪ੍ਰਧਨ ,ਗੁਰਪ੍ਰੀਤ ਸਿੰਘ ਖਜ਼ਾਨਚੀ, ਰਾਮ ਸਿੰਘ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਮੈਂਬਰ, ਦਲਜੀਤ ਸਿੰਘ, ਜਰਨੈਲ ਸਿੰਘ, ਧਰਮਪਾਲ ਸਿੰਘ, ਮਨਪ੍ਰੀਤ ਸਿੰਘ, ਤੀਰਥ ਸਿੰਘ, ਸਿਕੰਦਰ ਸਿੰਘ, ਗੁਰਸੇਵਕ ਸਿੰਘ, ਗੁਰਵਿੰਦਰ ਸਿੰਘ, ਅਮ੍ਰਿਤਪਾਲ ਸਿੰਘ, ਲਵਪ੍ਰੀਤ ਸਿੰਘ, ਗੁਰਜੀਤ ਸਿੰਘ, ਜਸਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਜਸਵੀਰ ਸਿੰਘ, ਕਰਮਜੀਤ ਸਿੰਘ, ਰਾਜਦੀਪ ਸਿੰਘ ਦੇ ਜੱਥੇ ਨਾਲ ਸਾਥੀ ਰਾਜਿੰਦਰ ਸਿੰਘ ਰਾਣਾ ਐਡਵੋਕੇਟ,ਸਯੁੰਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਕਪੂਰਥਲਾ, ਮਾਸਟਰ ਚਰਨ ਸਿੰਘ ਹੈਬਤਪੁਰ, ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਕਪੂਰਥਲਾ,ਸਾਥੀ ਮੁਕੰਦ ਸਿੰਘ ਸੈਦੋਂਭੁਲਾਣਾ, ਸਾਥੀ ਨਰਿੰਦਰ ਸੋਨੀਆ ਸਰਪ੍ਰਸਤ ਸਾਹਿਤ ਸਭਾ ਸੁਲਤਾਨਪੁਰ ਲੋਧੀ,ਨੰਬਰਦਾਰ ਸਰਬਣ ਸਿੰਘ ਕਰਮਜੀਤਪੁਰ ਅਤੇ ਸਾਥੀ ਮਨਜੀਤ ਸਿੰਘ ਢਿੱਲੋਂ ਹਾਜਰ ਸਨ।

## ਅਸ਼ੋਕਾ 'ਵਰਸਿਟੀ ਵੱਲੋਂ ਮੁਫ਼ਤ ਕਰੀਅਰ ਕਾਊਂਸਲਿੰਗ ਸੈਮੀਨਾਰ 21 ਨੂੰ : ਡੀ ਸੀ

**ਹੁਸ਼ਿਆਰਪੁਰ,: (ਓ ਪੀ ਰਾਣਾ )** ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ 21 ਜੁਲਾਈ ਨੂੰ ਸਵੇਰੇ 11 ਵਜੇ ਅਸ਼ੋਕਾ ਯੂਨੀਵਰਸਿਟੀ, ਸੋਨੀਪਤ ਵੱਲੋਂ ਇਕ ਵਿਸ਼ੇਸ਼ ਇਕ ਰੋਜ਼ਾ ਕਰੀਅਰ ਕਾਊਂਸਲਿੰਗ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਅਸ਼ੋਕਾ ਯੂਨੀਵਰਸਿਟੀ, ਲਿਬਰਲ ਆਰਟਸ ਅਤੇ ਵਿਗਿਆਨ ਦੀ ਸਿੱਖਿਆ ਲਈ ਇਕ ਪ੍ਰਸਿੱਧ ਸੰਸਥਾ ਹੈ। ਉਨ੍ਹਾਂ ਕਿਹਾ ਕਿ ਇਹ ਸੈਮੀਨਾਰ ਨੌਜਵਾਨਾਂ ਨੂੰ ਉਨ੍ਹਾਂ ਦੇ ਰੋਸ਼ਨ ਭਵਿੱਖ ਲਈ ਸਹੀ ਕਰੀਅਰ ਵਿਕਲਪ ਚੁਣਨ ਬਾਰੇ ਜਾਗਰੂਕ ਕਰੇਗਾ। ਉਨ੍ਹਾਂ ਕਿਹਾ ਕਿ ਇਹ ਸੈਮੀਨਾਰ ਉਨ੍ਹਾਂ ਸਾਰੇ ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਲਈ ਬਹੁਤ ਲਾਹੇਵੰਦ ਹੋਵੇਗਾ, ਜੋ ਆਪਣੇ ਕਰੀਅਰ ਦੇ ਵਿਕਲਪਾਂ ਦੀ ਖੋਜ ਵਿਚ ਹਨ। ਉਨ੍ਹਾਂ ਕਿਹਾ ਕਿ ਚਾਹਵਾਨ ਪ੍ਰਾਰਥੀ ਇਸ ਸੈਮੀਨਾਰ ਵਿਚ ਭਾਗ ਲੈਂਦ ਸਬੰਧੀ ਰਜਿਸਟਰ ਕਰਨ ਲਈ ਡਿਜੀਟਲ ਲਾਇਬ੍ਰੇਰੀ, ਹੁਸ਼ਿਆਰਪੁਰ ਅਤੇ ਜ਼ਿਲ੍ਹਾ ਰੋਜ਼ਗਾਰ ਦਫ਼ਤਰ, ਹੁਸ਼ਿਆਰਪੁਰ ਵਿਖੇ ਵਿਜ਼ਿਟ ਕਰ ਸਕਦੇ ਹਨ ਜਾਂ 79730-32699 ਅਤੇ 78885-15605 ਨੰਬਰਾਂ 'ਤੇ ਸੰਪਰਕ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਸ਼ੋਕਾ ਯੂਨੀਵਰਸਿਟੀ ਨੂੰ ਨੈਸ਼ਨਲ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ ਦੁਆਰਾ ਭਾਰਤ ਦੀਆਂ ਚੋਟੀ ਦੀਆਂ 100 ਯੂਨੀਵਰਸਿਟੀਆਂ ਵਿਚ ਦਰਜਾ ਦਿੱਤਾ ਗਿਆ ਹੈ। ਇਸ ਯੂਨੀਵਰਸਿਟੀ ਨੂੰ ਅਧਿਆਪਨ ਅਤੇ ਖੋਜ ਵਿਚ ਉੱਤਮਤਾ ਲਈ ਵੀ ਮਾਨਤਾ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਇਹ ਕਰੀਅਰ ਕਾਊਂਸਲਿੰਗ ਸੈਮੀਨਾਰ ਵਿਦਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਲਈ ਆਪਣੇ ਕਰੀਅਰ ਦੇ ਵਿਕਲਪਾਂ ਬਾਰੇ ਜਾਣਨ ਅਤੇ ਇਕ ਤਜ਼ਰਬੇਕਾਰ ਕਰੀਅਰ ਕਾਊਂਸਲਰ ਤੋਂ ਮਾਰਗਦਰਸ਼ਨ ਪ੍ਰਾਪਤ ਕਰਨ ਦਾ ਇਕ ਸੁਨਹਿਰੀ ਮੌਕਾ ਹੈ।

ਉਨ੍ਹਾਂ ਦੱਸਿਆ ਕਿ ਵਰਕਸ਼ਾਪ ਵਿਚ ਕਈ ਵਿਸ਼ਿਆਂ ਨੂੰ ਸ਼ਾਮਿਲ ਕੀਤਾ ਜਾਵੇਗਾ, ਜਿਸ ਵਿਚ ਤੁਹਾਡੀਆਂ ਰੁਚੀਆਂ ਅਤੇ ਖ਼ੂਬੀਆਂ ਦੀ ਪਛਾਣ ਕਿਵੇਂ ਕਰੀਏ, ਵੱਖ-ਵੱਖ ਕਰੀਅਰ ਵਿਕਲਪਾਂ ਦੀ ਖੋਜ ਕਿਵੇਂ ਕਰਨੀ ਹੈ ਅਤੇ ਇੰਟਰਵਿਊ ਲਈ ਤਿਆਰੀ ਕਿਵੇਂ ਕਰੀਏ ਆਦਿ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਇਹ ਸੈਮੀਨਾਰ ਬਿਲਕੁਲ ਮੁਫ਼ਤ ਹੈ ਪਰੰਤੂ ਜਗ੍ਹਾ ਸੀਮਿਤ ਹੋਣ ਕਾਰਨ ਚਾਹਵਾਨ ਪ੍ਰਾਰਥੀ ਜਲਦੀ ਤੋਂ ਜਲਦੀ ਆਪਣੀ ਰਜਿਸਟ੍ਰੇਸ਼ਨ ਕਰਨ ਤਾਂ ਜੋ ਇਸ ਵਿਸ਼ੇਸ਼ ਸੈਮੀਨਾਰ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕੀਤਾ ਜਾ ਸਕੇ।

## ਉਧੋਵਾਲ ਦੇ ਸਰਪੰਚ ਤੇ ਸਾਥੀਆਂ ਵਿਰੁੱਧ ਦਰਜ ਮੁਕੱਦਮੇ 'ਚ ਤੁਰੰਤ ਹੋਵੇ ਗ੍ਰਿਫਤਾਰੀ : ਪੀਟਰ



**ਮਹਿਤਪੁਰ (ਰਾਜਾ)** ਪਿੰਡ ਉਧੋਵਾਲ ਦੇ ਕਾਂਗਰਸੀ ਸਰਪੰਚ ਵੱਲੋਂ ਕੈਨੇਡਾ ਵਸਦੇ ਐਨ ਆਰ ਆਈ ਪਰਵਾਰ ਗੁਰਪ੍ਰੀਤ ਸਿੰਘ ਮਾਨ ਦੀ ਜਮੀਨ ਉੱਤੇ ਨਾਜਾਇਜ ਕਬਜਾ ਕਰਨ ਦਾ ਮਾਮਲਾ ਅਜੇ ਕਿਸੇ ਤਣ ਪੱਤਰ ਨਹੀਂ ਲਗਾ । ਜਾਤੀ ਹੈਂਕੜ ਦੇ ਸ਼ਿਕਾਰ ਕਾਂਗਰਸੀ ਸਰਪੰਚ ਵਲੋਂ ਸ਼ੀਰ ਭਾਈਚਾਰੇ ਨਾਲ ਸਬੰਧਿਤ ਪਰਵਾਰ ਦੇ ਗੰਦੇ ਪਾਣੀ ਦੇ ਨਿਕਾਸ ਲਈ ਨਵੀਂ ਬਣ ਰਹੀ ਨਾਲੀ ਵਿੱਚ ਪਾਣੀ ਪਾਉਣ ਤੋਂ ਸਾਫ ਇਨਕਾਰ ਕਰ ਦਿੱਤਾ। ਜਦੋਂ ਕਿਰਤੀ ਕਿਸਾਨ ਯੂਨੀਅਨ ਦੀਆਂ ਔਰਤ ਵਿੰਗ ਦੀਆਂ ਆਗੂਆਂ ਨੇ ਇਸ 'ਤੇ ਸਵਾਲ ਉਠਾਇਆ ਤਾਂ ਕਾਂਗਰਸੀ ਸਰਪੰਚ ਨੇ ਆਪਣੇ ਪਰਵਾਰ ਅਤੇ ਲੱਠਮਾਰਾਂ ਨੂੰ ਲੈ ਕੇ ਉਨ੍ਹਾਂ ਉੱਪਰ ਹਮਲਾ ਕਰ ਦਿੱਤਾ । ਜਿਸ ਵਿਚ ਔਰਤ ਆਗੂ ਮਨਜੀਤ ਕੌਰ ਸਖਤ ਫੱਟੜ ਹੋ ਗਈ। ਮੌਕੇ 'ਤੇ ਮੌਜੂਦ ਕੁਝ ਔਰਤਾਂ ਨੇ ਸਰਪੰਚ ਦੇ ਪਰਵਾਰ ਅਤੇ ਉਸ ਨਾਲ ਆਏ ਬੁਰਛਾਗਰਦਾਂ ਦੀ ਵੀਡੀਓ ਬਣਾਉਣੀ ਚਾਹੀ ਤਾਂ ਔਰਤਾਂ ਨਾਲ ਸੀਨਾ ਜੋਰੀ ਕਰਦੇ ਉਹਨਾਂ ਕੋਲੋਂ ਮੋਬਾਈਲ ਖੋਹ ਲਏ। ਇਹ ਮਾਮਲਾ ਐਸ ਐਚ ਓ ਮਹਿਤਪੁਰ ਦੇ ਧਿਆਨ ਵਿੱਚ ਲਿਆਉਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਦੀ ਮਦਦ ਨਾਲ ਫੱਟੜ ਮਨਜੀਤ ਕੌਰ ਨੂੰ ਸਹਾਇਤਾ ਲਈ ਸਰਕਾਰੀ ਹਸਪਤਾਲ ਪਹੁੰਚਾਇਆ । ਮੌਕੇ ਤੇ ਦਿੱਤੀ ਗਈ ਸ਼ਿਕਾਇਤ ਦੇ ਅਧਾਰ 'ਤੇ ਮੁਕਦਮਾ ਨੰਬਰ 74 ਤਹਿਤ ਥਾਣਾ ਮਹਿਤਪੁਰ ਵਿੱਚ ਜਾਨਲੇਵਾ ਹਮਲਾ ਕਰਨ ਅਤੇ ਚੋਰੀ ਸਮੇਤ ਵੱਖ-ਵੱਖ ਧਾਰਾਵਾਂ 506, 379, 323,149 ਤਹਿਤ ਸਰਪੰਚ ਮਨਪ੍ਰੀਤ ਸਿੰਘ ਰਾਜੂ, ਕਮਲਪ੍ਰੀਤ ਸਿੰਘ ਰੋਕੀ, ਮਨਜੀਤ ਸਿੰਘ, ਨਰਿੰਦਰ ਸਿੰਘ, ਗੁਰਜੀਤ ਸਿੰਘ, ਪਲਵਿੰਦਰ ਕੌਰ ਵਿਰੁੱਧ ਪਰਚਾ ਦਰਜ ਕੀਤਾ ਗਿਆ। ਇੱਥੇ ਵਰਣਨਯੋਗ ਹੈ ਕਿ ਪਿੰਡ ਦੀ ਪੰਚਾਇਤ ਵੱਲੋਂ ਬਿਨਾਂ ਕੋਈ ਮਤਾ ਪਾਇਆ ਕਈ ਸਾਲਾਂ ਤੋਂ ਹੋ ਰਹੇ ਗੰਦੇ ਪਾਣੀ ਦਾ ਨਿਕਾਸ ਕੋਠੀ ਦੇ ਨੇੜਿਓਂ ਹਟਾਉਣ ਲਈ ਧੱਕੇ ਨਾਲ ਨਾਲੀ ਬੰਦ ਕਰਕੇ ਗਲੀ ਦੇ ਗੰਦੇ ਪਾਣੀ ਦਾ ਨਿਕਾਸ ਰੋਕ ਦਿੱਤਾ । ਪਿਛਲੇ ਕਈ ਮਹੀਨਿਆਂ ਤੋਂ ਜਦੋਂ ਪੰਚਾਇਤ ਨੇ ਪ੍ਰਭਾਵਿਤ ਲੋਕਾਂ ਦੀ ਗੱਲ ਨਾ ਸੁਣੀ ਤਾਂ ਲੋਕਾਂ ਨੇ ਮਾਮਲਾ ਡਿਪਟੀ ਕਮਿਸ਼ਨਰ ਦੇ ਧਿਆਨ ਦੇ ਵਿੱਚ ਲਿਆਂਦਾ।

ਉਹਨਾਂ ਦੇ ਹੁਕਮਾਂ 'ਤੇ ਡੀਡੀਪੀਓ ਜਲੰਧਰ ਨੇ ਮੌਕਾ ਦੇਖਕੇ ਤੁਰੰਤ ਕਾਰਵਾਈ ਕਰਦਿਆਂ ਗੰਦੇ ਪਾਣੀ ਦੇ ਨਿਕਾਸ ਦੀ ਹਦਾਇਤ ਕੀਤੀ। ਮਜਬੂਰੀ ਬੱਸ ਪੰਚਾਇਤ ਨੇ ਪਾਣੀ ਦੇ ਨਿਕਾਸ ਲਈ ਨਾਲੀ ਤਾਂ ਬਣਾਉਣੀ ਸ਼ੁਰੂ ਕਰ ਦਿੱਤੀ ਪਰ ਸ਼ਿਕਾਇਤਕਰਤਾ ਮਨਜੀਤ ਕੌਰ ਦੇ ਘਰ ਦਾ ਗੰਦਾ ਪਾਣੀ ਨਵੀਂ ਨਾਲੀ ਵਿੱਚ ਪਾਉਣ ਤੋਂ ਰੋਕ ਦਿੱਤਾ। ਉਪਰੋਕਤ ਇਸ ਘਟਨਾਕ੍ਰਮ ਬਾਰੇ ਜਾਣਕਾਰੀ ਦਿੰਦਿਆਂ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਪੁਲਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਇਹਨਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਕਿਸਾਨ ਯੂਨੀਅਨ ਦੀਆਂ ਆਗੂ ਸੁਰਜੀਤ ਕੌਰ ਮਾਨ, ਪਰਮਜੀਤ ਕੌਰ, ਗੁਰਦੇਵ ਕੌਰ ਨਾਗਰਾ ਕੋਲੋਂ ਖੋਹੇ ਗਏ ਮੋਬਾਈਲ ਬਰਾਮਦ ਕੀਤੇ ਜਾਣ। ਔਰਤਾਂ ਨਾਲ ਗੁੰਡਾਗਰਦੀ ਤੇ ਉੱਤਰੇ ਸਰਪੰਚ ਦਾ ਲਾਇਸੈਂਸੀ ਅਸਲਾ ਤੁਰੰਤ ਜਬਤ ਕੀਤਾ ਜਾਵੇ ।

## ਮਿਸ਼ਨ ਹਰਿਆਲੀ ਨੂੰ ਮੁੱਖ ਰੱਖਦੇ ਹੋਏ ਬੂਟੇ ਲਗਾਏ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)- ਗ੍ਰੀਨਵੇਜ ਸਕੂਲ ਰੁੱੜਕੀ ਹੀਰਾਂ ਵਿਖੇ ਅਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਸੱਦੇ 'ਤੇ ਮਿਸ਼ਨ ਹਰਿਆਲੀ ਨੂੰ ਸਫਲ ਬਣਾਉਂਦਿਆਂ ਸਕੂਲ ਦੀ ਚਾਰ ਦਿਵਾਰੀ ਦੇ ਨਾਲ-ਨਾਲ ਫਲਦਾਰ ਬੂਟੇ ਲਗਾਏ ਗਏ, ਜਿਨ੍ਹਾਂ ਵਿੱਚ ਅੰਬ, ਜਾਮਣ, ਅਮਰੂਦ, ਆਂਵਲਾ, ਨਿੰਮ, ਆੜੂ ਅਤੇ ਸ਼ਹਿਤੂਤ ਦੇ 200 ਬੂਟੇ ਸ਼ਾਮਲ ਹਨ। ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਮੱਲ੍ਹੀ ਨੇ ਛੋਟੇ-ਛੋਟੇ ਬੱਚਿਆਂ ਵੱਲੋਂ ਬੂਟੇ ਇਕੱਠੇ ਕਰਨ ਅਤੇ ਲਗਵਾਉਣ ਅਤੇ ਇਨ੍ਹਾਂ ਬੂਟਿਆਂ ਦੀ ਸਾਂਭ-ਸੰਭਾਲ ਦੇ ਪ੍ਰਣ ਲੈਣ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਬੱਚਿਆਂ ਦੇ ਮਾਪਿਆਂ ਵਲੋਂ ਵੀ ਮਿਸ਼ਨ ਹਰਿਆਲੀ ਨੂੰ ਸਫਲ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਪਾਇਆ ਗਿਆ। ਇਸ ਸਮੇਂ ਓਮਵੀਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਬੱਚਿਆਂ ਦੇ ਨਾਲ ਮਿਲਕੇ ਬੂਟੇ ਲਗਵਾਏ। ਇਸ ਸਮੇਂ ਚੇਅਰਮੈਨ ਗੁਰਮੁੱਖ ਸਿੰਘ ਮੱਲ੍ਹੀ, ਪ੍ਰਿੰਸੀਪਲ ਮੁਕੇਸ਼ ਕੁਮਾਰ ਅਗਰਵਾਲ, ਸਟਾਫ ਮੈਂਬਰ ਸੰਦੀਪ ਕੌਰ, ਬਲਤੇਜ ਸਿੰਘ, ਕਰਨ, ਦੀਪਕ, ਰੀਨੂੰ, ਕੋਮਲ, ਸੁਮਨਦੀਪ, ਨੀਲੀਮਾ, ਸਿਮਰਨ, ਨੈਨਸੀ, ਮੋਨਿਕਾ, ਚਰਨਜੀਤ, ਰਜਨੀ, ਜਸਵਿੰਦਰ, ਨੀਲਮ, ਸਨਦੀਪ, ਨਵਜੋਤ, ਕਮਲਪ੍ਰੀਤ, ਮਨਦੀਪ, ਆਸਾ ਅਤੇ ਸਮੂਹ ਵਿਦਿਆਰਥੀ ਹਾਜ਼ਰ ਰਹੇ।



## ਸੰਤ ਅਮਰਦਾਸ, ਸੰਤ ਰਾਮ ਕਿਸ਼ਨ ਦੀ ਯਾਦ 'ਚ ਸ਼ੇਰਪੁਰ ਢੱਕੋਂ ਵਿਖੇ ਗੁਰਮਤਿ ਸਮਾਗਮ

**ਹੁਸ਼ਿਆਰਪੁਰ (ਓ ਪੀ ਰਾਣਾ )** ਮਹਾਨ ਤਪੱਸਵੀ ਸੰਤ ਅਮਰਦਾਸ ਜੀ, ਸੰਤ ਬੀਬੀ ਜੁਆਲੀ ਰਾਮ ਜੀ ਦੀ 14ਵੀਂ ਅਤੇ ਸੰਤ ਰਾਮ ਕਿਸ਼ਨ ਜੀ ਦੀ ਦੂਜੀ ਬਰਸੀ ਤੇ ਡੇਰਾ ਬਾਬੇ ਕਲਰਾਂ ਸ਼ੇਰਪੁਰ ਢਕੋਂ ਵਿਖੇ ਮਹਾਨ ਗੁਰਮਤਿ ਸੰਤ ਸਮਾਗਮ ਮੌਜੂਦਾ ਸੰਚਾਲਕ ਸੰਤ ਰਮੇਸ਼ ਦਾਸ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਰਾਗੀ ਜਥਿਆਂ ਵਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ। ਇਸ ਮੌਕੇ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ, ਸੰਤ ਨਿਰਮਲ ਦਾਸ ਬਾਬੇ ਜੌੜੇ, ਸੰਤ ਇੰਦਰ ਦਾਸ ਸ਼ੇਖੇ ਜਨਰਲ ਸਕੱਤਰ,ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਨਾ ਸੀਨੀ.ਮੀਤ ਪ੍ਰਧਾਨ,ਸੰਤ ਬਲਵੰਤ ਸਿੰਘ ਡੀਗਰੀਆਂ ਮੀਤ ਪ੍ਰਧਾਨ, ਸੰਤ ਕ੍ਰਿਪਾਲ ਦਾਸ ਭਾਰਟਾ,ਸੰਤ ਧਰਮਪਾਲ ਸ਼ੇਰਗੜ ਸਟੇਜ ਸੱਕਤਰ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.)ਭਾਰਤ,ਸੰਤ ਬਲਵੀਰ ਧਾਂਦਰਾ, ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਬੀਬੀ ਕੁਲਦੀਪ ਕੌਰ ਮੇਹਨਾ, ਸੰਤ ਸਤਨਾਮ ਦਾਸ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਰਣਜੀਤ ਸਿੰਘ ਬਾਹੋਵਾਲ, ਸੰਤ ਹਰਿਕਿਸ਼ਨ ਠਕਰਵਾਲ, ਸੰਤ ਸਤਨਾਮ ਦਾਸ ਬੰਬੇਲੀ,



ਸੰਤ ਵਡਭਾਗੀ ਹਿਮਾਚਲ, ਸੰਤ ਰਣਜੀਤ ਸਿੰਘ ਗੁਰਦੁਆਰਾ ਸ਼ਹੀਦ ਸਿੰਘਾਂ ਡਗਾਣਾ ਰੋਡ, ਸੰਤ ਹਰਮੀਤ ਸਿੰਘ ਬਣਾ ਸਾਹਿਬ, ਸੰਤ ਬਲਵੀਰ ਸਿੰਘ ਟੂਟੋ ਮਜਾਰਾ,ਸੰਤ ਗੁਰਮੇਲ ਦਾਸ ਰਹੀਮਪੁਰ,ਸੰਤ ਰਮੇਸ਼ ਦਾਸ ਬਜਵਾੜਾ ਆਦਿ ਨੇ ਸੰਤ ਅਮਰਦਾਸ ,ਸੰਤ ਰਾਮਕਿਸ਼ਨ ਦੇ ਮਹਾਨ ਜੀਵਨ ਬਾਰੇ ਸੰਗਤਾਂ ਨੂੰ ਜਾਣੂ ਕਰਾਇਆ ਅਤੇ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ। ਡੇਰਾ ਸੰਚਾਲਕ ਸੰਤ ਰਮੇਸ਼ ਦਾਸ ਵਲੋਂ ਸੰਤਾਂ, ਮਹਾਪੁਰਸ਼ਾਂ ਨੂੰ ਸਿਰਪਾਉ, ਬਸਤਰ ਭੇਟ ਕਰਕੇ ਵਿਸ਼ੇਸ਼ ਸਨਮਾਨ ਦਿੱਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਡਾ. ਰਾਜ ਕੁਮਾਰ ਵਿਧਾਇਕ ਚੱਬੇਵਾਲ, ਡਾ. ਜਸਵੰਤ ਸਿੰਘ ਐਸ ਐਮ ਓ ਮਾਹਿਲਪੁਰ ਨੇ ਵੀ ਮਹਾਂਪੁਰਸ਼ਾਂ ਨੂੰ ਸ਼ਰਧਾ ਸੁਮਨ ਭੇਟ ਕੀਤੇ। ਇਸ ਸਮੇਂ ਡਾ.ਪ੍ਰਭਦਿਆਲ, ਰਾਜਿੰਦਰ ਸਿੰਘ, ਕੁਲਦੀਪ ਸਿੰਘ ਬੰਬੇਲੀ, ਸੋਹਣ ਸਿੰਘ, ਹਰਭਜਨ ਲਾਲ ਸੈਕਟਰੀ,ਚਮਨ ਲਾਲ, ਅਮਰਜੀਤ ਸਿੰਘ,ਵਰਿੰਦਰ ਸਿੰਘ ਬਾੜੀਆਂ,ਸੁਰਿੰਦਰ ਪਬੀ ਜਰਮਨ,ਸੁਰਿੰਦਰ ਕੁਮਾਰ ਚੰਦੇਲੀ ਆਦਿ ਹਾਜਰ ਸਨ।

## ਦੋ ਵੱਖ-ਵੱਖ ਸੜਕ ਹਾਦਸਿਆਂ 'ਚ 4 ਜ਼ਖ਼ਮੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )-** ਟਾਂਡਾ- ਸ੍ਰੀ ਹਰਗੋਬਿੰਦਪੁਰ ਰੋਡ ਤੇ ਰੜਾ ਮੋੜ ਨੇੜੇ ਸਵੇਰੇ ਦੋ ਵੱਖ-ਵੱਖ ਸੜਕ ਹਾਦਸਿਆਂ ਵਿੱਚ ਚਾਰ ਵਿਅਕਤੀ ਜਖਮੀ ਹੋ ਗਏ। ਪਹਿਲਾ ਹਾਦਸਾ 11 ਵਜੇ ਦੇ ਕਰੀਬ ਉਸ ਸਮੇਂ ਵਾਪਰਿਆ ਜਦੋਂ ਬੇਗੋਵਾਲ ਤੋਂ ਟਾਂਡਾ ਆ ਰਹਿਆ ਮਾਂ-ਬੇਟੀ ਦੇ ਸਕੂਟਰ ਦੀ ਰੜਾ ਵੱਲੋਂ ਆ ਰਹੇ ਸਕੂਟਰ ਨਾਲ ਟੱਕਰ ਹੋ ਗਈ। ਜਿਸ ਕਾਰਨ ਸੁਨੀਤਾ ਰਾਣੀ ਪਤਨੀ ਸੁਨੀਲ ਕੁਮਾਰ ਅਤੇ ਉਸ ਦੀ ਲੜਕੀ ਅਰਸਿਕਾ ਵਾਸੀ ਬੇਗੋਵਾਲ ਜਖਮੀ ਹੋ ਗਏ। ਇਸੇ ਤਰ੍ਹਾਂ ਰਾਤ 12 ਵਜੇ ਦੇ ਕਰੀਬ ਰੜਾ ਮੋੜ ਨੇੜੇ ਮੋਟਰਸਾਈਕਲ ਅਤੇ ਸਕੂਟਰ ਦੀ ਟੱਕਰ ਹੋ ਗਈ, ਜਿਸ ਕਾਰਨ ਸਕੂਟਰ ਸਵਾਰ ਸੰਤੋਸ਼ ਕੁਮਾਰੀ ਅਤੇ ਉਸ ਦਾ ਪਤੀ ਸੁਰਜੀਤ ਸਿੰਘ ਵਾਸੀ ਗਿਲਜੀਆਂ ਜਖਮੀ ਹੋ ਗਏ । ਸਾਰੇ ਜਖਮੀਆਂ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।



## ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ):-** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਦਿਆਰਥੀਆਂ ਅਤੇ ਸਕੂਲ ਸਟਾਫ ਵੱਲੋਂ ਅੱਠਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਸਕੂਲ ਸਟਾਫ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਧਾਰਮਿਕ ਅਧਿਆਪਿਕਾ ਹਰਿੰਦਰ ਕੌਰ ਅਤੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ। ਸਕੂਲ ਇੰਚਾਰਜ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਸਕੂਲ ਦੇ ਡਾਇਰੈਕਟਰ ਗੁਰਮਿੰਦਰ ਸਿੰਘ ਭੁੱਲਰ ਨੇ ਵਿਦਿਆਰਥੀਆਂ ਨੂੰ ਆਪਣੇ ਅੰਦਰ ਸੇਵਾ ਭਾਵਨਾ ਦਾ ਗੁਣ ਪੈਦਾ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਵਿਦਿਆਰਥੀਆਂ ਵੱਲੋਂ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਸਮਾਗਮ ਦੇ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੀਨੀਅਰ ਐਡਵੋਕੇਟ ਪੱਖਰ ਸਿੰਘ ਭੱਠਲ, ਸਾਬਕਾ ਪ੍ਰਧਾਨ ਨਗਰ ਕੌਂਸਲ ਮਹਿੰਦਰ ਸਿੰਘ ਵਾਲੀਆ, ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਪ੍ਰਧਾਨ ਸਰਬਜੀਤ ਸਿੰਘ ਰੈਣੂੰ, ਉੱਘੇ ਸਮਾਜ ਸੇਵੀ ਨੰਬਰਦਾਰ ਕੁਲਦੀਪ ਸਿੰਘ, ਡਾ. ਮਨਜੀਤ ਸਿੰਘ, ਪਾਠੀ ਸੇਵਾ ਸਿੰਘ ਲੋਦੀਪੁਰ, ਨਿਸ਼ਾ ਗਰਗ, ਕੰਵਲਜੀਤ ਕੌਰ, ਰਜਿੰਦਰ ਕੌਰ, ਮਮਤਾ ਦੇਵੀ, ਨਰਿੰਦਰ ਕੌਰ, ਸਤਿੰਦਰ ਕੌਰ, ਸ਼ਾਂਤੀ ਦੇਵੀ, ਜਸਪ੍ਰੀਤ ਕੌਰ, ਆਂਸ਼ੂ, ਦੀਪਾਂਜਲੀ, ਸਪਨਾ ਰਾਣੀ, ਹਰਿੰਦਰ ਕੌਰ, ਜਸਪ੍ਰੀਤ ਕੌਰ, ਨਰਿੰਦਰਜੀਤ ਕੌਰ, ਮਨਜੀਤ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ, ਰਾਕੇਸ਼ ਬੇਦੀ ਆਦਿ ਹਾਜ਼ਰ ਸਨ।



## ਇਲਾਕੇ 'ਚ ਅਵਾਰਾ ਕੁੱਤਿਆਂ ਦੀ ਦਹਿਸ਼ਤ



**ਫਿਲੌਰ, (ਨਿਰਮਲ)-** ਸਥਾਨਕ ਗੁਰਦੁਆਰਾ ਸਾਹਿਬ ਸ੍ਰੀ ਤਖਤਗੜਾ ਸਾਹਿਬ ਨੇੜੇ ਅਵਾਰਾ ਕੁੱਤਿਆਂ ਨੇ ਛੋਟੇ ਛੋਟੇ ਚਾਰ ਪੰਜ ਬੱਚਿਆਂ ਨੂੰ ਕੱਟ ਲਿਆ, ਜਿਨ੍ਹਾਂ ਨੂੰ ਆਪੇ ਸਥਾਨਕ ਸਿਵਲ ਹਸਪਤਾਲ ਲੈ ਕੇ ਗਏ ਪਰ ਉਥੇ ਉਨ੍ਹਾਂ ਨੂੰ ਐਂਟੀ ਰੇਬੀਜ ਵੈਕਸੀਨ ਨਹੀਂ ਮਿਲੀ। ਇਲਾਕੇ ਵਿਚ ਅਵਾਰਾ ਕੁੱਤਿਆ ਤਾਂ ਲੋਕ ਬਹੁਤ ਪ੍ਰੇਸ਼ਾਨ ਅਤੇ ਦਹਿਸ਼ਤ ਵਿਚ ਹਨ। ਬੱਚਿਆਂ ਦੇ ਮਾਪਿਆਂ ਨੇ ਦੱਸਿਆ ਕਿ ਉਨ੍ਹਾਂ ਦੇ ਬੱਚੇ 10-12 ਸਾਲ ਦੀ ਉਮਰ ਦੇ ਹਨ ਜੋ ਬਾਹਰ ਗਲੀ 'ਚ ਖੇਡ ਰਹੇ ਸਨ ਕਿ ਅਚਾਨਕ ਉਥੇ ਅਵਾਰਾ ਕੁੱਤਿਆਂ ਦਾ ਝੁੰਡ ਆ ਗਿਆ ਅਤੇ ਬੱਚਿਆਂ ਨੂੰ ਵੱਢ ਲਿਆ। ਰੌਲੀ ਪੈਣ 'ਤੇ ਮੁਹੱਲੇ ਦੇ ਲੋਕਾਂ ਨੇ ਆ ਕੇ ਬੱਚਿਆਂ ਦੀ ਜਾਨ ਬਚਾਈ। ਜਸਪ੍ਰੀਤ ਸਿੰਘ ਚੌੜਾ ਨੇ ਦੱਸਿਆ ਕਿ ਜਦ ਉਹ ਬੱਚਿਆਂ ਨੂੰ ਜਖਮੀ ਹਾਲਤ 'ਚ ਸਥਾਨਕ ਸਿਵਲ ਹਸਪਤਾਲ ਲੈ ਕੇ ਗਏ ਤਾਂ ਉਸ ਸੰਬੰਧਤ ਸਟਾਫ ਨੇ ਕਿਹਾ ਕਿ ਉਨ੍ਹਾਂ ਕੋਲ ਐਂਟੀ ਰੇਬੀਜ ਵੈਕਸੀਨ ਉਪਲਬਧ ਨਹੀਂ ਹੈ।

ਮਜਬੂਰਨ ਉਹ ਬੱਚਿਆਂ ਨੂੰ ਪ੍ਰਾਈਵੇਟ ਹਸਪਤਾਲ ਲੈ ਕੇ ਗਏ ਅਤੇ ਟੀਕੇ ਲਵਾਏ। ਇਲਾਕੇ ਦੇ ਅਕਾਲੀ ਆਗੂ ਸਤਿੰਦਰ ਸਿੰਘ ਪੰਜ, ਕਾਂਗਰਸੀ ਆਗੂ ਲਖਵਿੰਦਰ ਸਿੰਘ ਮੰਤੀਪੁਰ ਖਾਲਸਾ ਅਤੇ ਸੇਵਾ ਮੁਕਤ ਐੱਸ.ਡੀ.ਓ. ਰਵਿੰਦਰ ਕੁਮਾਰ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਲਾਕਾ ਨਿਵਾਸੀਆਂ ਦੀ ਅਵਾਰਾ ਕੁੱਤਿਆਂ ਤੋਂ ਰੱਖਿਆ ਕੀਤੀ ਜਾਵੇ।

## ਸਿਹਤ ਜਾਂਚ ਕੈਂਪ ਮੁਹਿੰਮ ਲਗਾਤਾਰ ਜਾਰੀ ਰਹੇਗੀ : ਡਾ. ਸੈਣੀ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-** ਜ਼ਿਲ੍ਹਾ ਟੀਕਾਕਰਨ ਅਫਸਰ ਡਾ: ਸੀਮਾ ਗਰਗ ਵਲੋਂ ਸਰਕਾਰੀ ਹਸਪਤਾਲ ਟਾਂਡਾ ਦੇ ਸਮੂਹ ਸਟਾਫ ,ਆਸ਼ਾ ਫਸਿਲਿਟੇਟਰ ਅਤੇ ਆਸ਼ਾ ਵਰਕਰਾਂ ਨਾਲ ਇੱਕ ਜ਼ਰੂਰੀ ਮੀਟਿੰਗ ਕੀਤੀ ਗਈ। ਇਸ ਮੌਕੇ ਡਾ: ਕਰਨ ਕੁਮਾਰ ਸੈਣੀ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਟਾਂਡਾ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਮੁਹੰਮਦ ਆਸਿਫ ਵੀ ਹਾਜਰ ਸਨ । ਉਨ੍ਹਾਂ ਦਸਿਆ ਕਿ ਇਸ ਸਾਲ ਦੇ ਅੰਤ ਤੱਕ ਮੀਜਲ ਅਤੇ ਰੁਬੇਲਾ ਦਾ ਪੂਰਨ ਖਾਤਮਾ ਕਰਨ ਦਾ ਟੀਚਾ ਮਿੱਥਿਆ ਗਿਆ ਹੈ ।

ਐਮ.ਆਰ ਦੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਦੀ ਪਹਿਚਾਣ ਕਰਕੇ ਟੀਕਾਕਰਨ ਕੀਤਾ ਜਾਵੇ , ਤਾਂ ਜੋ ਭਾਰਤ ਸਰਕਾਰ ਵਲੋਂ ਮਿੱਥੇ ਟੀਚਿਆਂ ਦੀ ਪ੍ਰਾਪਤੀ ਕੀਤੀ ਜਾ ਸਕੇ । ਉਹਨਾਂ ਨੇ ਮਾਂ ਦੇ ਦੁੱਧ ਦੀ ਮਹੱਤਤਾ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਬੱਚੇ ਲਈ ਪੂਰਨ ਖੁਰਾਕ ਹੁੰਦੀ ਹੈ , ਜੋ ਕਿ ਬੱਚੇ ਨੂੰ ਕਈ ਤਰ੍ਹਾਂ ਦੀਆਂ ਬੀਮਾਰੀਆਂ ਤੋਂ ਪੂਰੀ ਉਮਰ ਲਈ ਬਚਾ ਕੇ ਰੱਖਦੀ ਹੈ । ਉਹਨਾਂ ਦੱਸਿਆ ਕਿ ਪਹਿਲੇ ਛੇ ਮਹੀਨੇ ਬੱਚੇ ਨੂੰ ਕੇਵਲ ਮਾਂ ਦਾ ਦੁੱਧ ਹੀ ਦੇਣਾ ਚਾਹੀਦਾ ਹੈ , ਹੋਰ ਕੋਈ ਖੁਰਾਕ ਬਿਲਕੁੱਲ ਨਹੀਂ ਦੇਣੀ ਚਾਹੀਦੀ ।

ਛੇ ਮਹੀਨੇ ਦੀ ਉਮਰ ਤੋਂ ਬਾਦ ਬੱਚੇ ਨੂੰ ਹਲਕਾ ਅਤੇ ਨਰਮ ਭੋਜਨ ਥੋੜ੍ਹੀ- ਥੋੜ੍ਹੀ ਮਾਤਰਾ ਵਿੱਚ ਦੇਣਾ ਸ਼ੁਰੂ ਕਰਨਾ ਚਾਹੀਦਾ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਬਲਜੀਤ ਕੌਰ, ਡਾ: ਪ੍ਰੀਤ ਕੰਵਲ ਕੌਰ , ਡਾ: ਸ਼ਗੁਨ, ਡਾ: ਵਿਕਰਮਜੀਤ ਸਿੰਘ, , ਡਾ: ਮੀਨਾਕਸ਼ੀ ਸੈਣੀ, ਅਵਤਾਰ ਸਿੰਘ ਬੀ.ਈ.ਈ, ਬਲਰਾਜ ਸਿੰਘ ਸੀਨੀਅਰ ਫਾਰਮੇਸੀ ਅਫਸਰ, ਕਮਲਜੀਤ ਕੌਰ ਐਲ.ਐਚ.ਵੀ ਆਦਿ ਸਟਾਫ ਹਾਜਰ ਸੀ।



## ਨਰੂੜ ਤੋਂ ਹੜ੍ਹ ਪੀੜਤਾਂ ਦੀ ਮਦਦ ਲਈ ਖਾਲਸਾ ਦੀ ਅਗਵਾਈ ਹੇਠ ਜਥਾ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-** ਪਿੰਡ ਨਰੂੜ ਵਿਖੇ "ਗਰੀਬ ਦਾ ਮੂੰਹ, ਗੁਰੂ ਕੀ ਗੋਲਕ" ਸੰਸਥਾ ਅਜਨੋਹਾ ਵਲੋਂ ਚਲਾਈ ਜਾ ਰਹੀ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੋਂ ਸੰਸਥਾ ਦੇ ਮੈਂਬਰਾਂ ਦਾ ਜੱਥਾ ਸ਼ਾਹਕੋਟ ਇਲਾਕੇ ਵਿੱਚ ਹੜ੍ਹਾਂ ਦੀ ਚਪੇਟ ਵਿੱਚ ਆਏ ਲੋਕਾਂ ਨੂੰ ਮੈਡੀਕਲ ਸਹੂਲਤਾਂ ਦੇਣ ਲਈ ਪ੍ਰਧਾਨ ਹਰਵਿੰਦਰ ਸਿੰਘ ਖਾਲਸਾ ਦੀ ਅਗਵਾਈ ਹੇਠ ਰਵਾਨਾ ਹੋਇਆ। ਖਾਲਸਾ ਨੇ ਦੱਸਿਆ ਕਿ ਪੰਜਾਬ ਵਿੱਚ ਹੜ੍ਹਾਂ ਕਾਰਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ ਅਤੇ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਦੀ ਮੱਦਦ ਕਰਨ ਲਈ ਡਾਕਟਰਾਂ ਸਮੇਤ ਸ਼ਾਹਕੋਟ ਦੇ ਅੰਦਰ ਪੈਂਦੇ ਪਿੰਡਾਂ ਵਿੱਚ ਜਾ ਕੇ ਮੈਡੀਕਲ ਕੈਂਪ ਲਗਾਉਣਗੇ। ਜਿਸ ਵਿੱਚ ਹੜ੍ਹ ਪੀੜਤ ਮਰੀਜਾਂ ਦੀ ਸਿਹਤ ਦਾ ਨਿਰੀਖਣ ਕਰਕੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਇਸ ਮੌਕੇ ਡਾਕਟਰ ਵ੍ਰਿਲ ਪਰਾਸ਼ਰ ਨਡਾਲੋ,ਰਾਮ ਲੁਭਾਇਆ ਰਣਧੀਰ ਗੜ੍ਹ , ਗੁਰਪਾਲ ਸਿੰਘ ਖਾਲਸਾ,ਅਮਨਜੋਤ ਸਿੰਘ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁੱਖਲਿਆਣਾ, ਲਖਵਿੰਦਰ ਸਿੰਘ ਮੁੱਖਲਿਆਣਾ,ਨਵਜੋਤ ਸਿੰਘ ਜਸਵਾਲ ,ਪਰਮਜੀਤ ਸਿੰਘ ਜਲਵੇਹੜਾ, ਗੁਰਪ੍ਰੀਤ ਸਿੰਘ ਅਜਨੋਹਾ,ਬੇਅੰਤ ਸਿੰਘ ਮੁਖਲਿਆਣਾ, ਮਨਜੀਤ ਸਿੰਘ ਨਡਾਲੋ ,ਅਵਤਾਰ ਸਿੰਘ ਕੁਕੋਬਾਲ, ਸੁਮਿਤ ਪਾਲ ਸਿੰਘ ਅਜਨੋਹਾ ਜਤਿੰਦਰ ਸਿੰਘ, ਬਲਵੀਰ ਸਿੰਘ,ਸਤਨਾਮ ਸਿੰਘ ਤੋਂ ਇਲਾਵਾ ਹੋਰ ਮੈਂਬਰ ਵੀ ਹਾਜਰ ਸਨ ।

## ਵਿਦਿਆਰਥੀਆਂ ਨੂੰ ਸਾਫ-ਸਫਾਈ ਸੰਬੰਧੀ ਕੀਤਾ ਜਾਗਰੂਕ

**ਸ੍ਰੀ ਚਮਕੌਰ ਸਾਹਿਬ,(ਗੁਰਵਿੰਦਰਪਾਲ ਸਿੰਘ ਬੋਬੀ):** ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੈਕਟਰ ਬਜ਼ੀਦਪੁਰ ਦੇ ਵੱਖ ਵੱਖ ਸਰਕਾਰੀ ਸਕੂਲਾਂ ਵਿੱਚ ਸਕੂਲੀ ਬੱਚਿਆਂ ਨੂੰ ਹੱਥਾਂ ਨੂੰ ਸਾਫ ਰੱਖਣ ਸਬੰਧੀ ਜਾਗਰੂਕ ਕੀਤਾ ਗਿਆ। ਪਰਦੀਪ ਕੁਮਾਰ ਮਲਟੀਪਰਪਜ਼ ਹੈਲਥ ਵਰਕਰ ਨੇ ਕਿਹਾ ਕਿ ਡਾਇਰੀਆ ਦੀ ਬਿਮਾਰੀ ਤੋਂ ਬਚਾਅ ਲਈ ਸਭ ਤੋਂ ਪਹਿਲਾਂ ਭੋਜਨ ਖਾਣ ਤੋਂ ਪਹਿਲਾਂ ਹੱਥਾਂ ਨੂੰ ਸਾਫ ਪਾਣੀ ਅਤੇ ਸਾਬਣ ਨਾਲ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ ਤਾਂ ਜੋ ਹੱਥਾਂ ਤੇ ਲੱਗੇ ਕੀਟਾਣੂ ਭੋਜਨ ਖਾਣ ਲੱਗਿਆਂ ਪੇਟ ਅੰਦਰ ਨਾ ਜਾਣ। ਜੇਕਰ ਅਸੀਂ ਆਪਣੇ ਹੱਥਾਂ ਦੀ ਸਫਾਈ ਖਾਣਾ ਖਾਣ ਤੋਂ ਪਹਿਲਾਂ ਚੰਗੀ ਤਰ੍ਹਾਂ 6 ਸਟੈਪ ਅਨੁਸਾਰ ਕਰਦੇ ਹਾਂ ਤਾਂ ਅੱਧੀਆਂ ਬਿਮਾਰੀਆਂ ਤੋਂ ਅਸੀਂ ਛੁਟਾਕਰਾ ਪਾ ਸਕਦੇ ਹਾਂ। ਉਨਾਂ ਕਿਹਾ ਕਿ ਓ.ਆਰ.ਐਸ ਦਾ ਪੈਕਟ ਇੱਕ ਲੀਟਰ ਪਾਣੀ ਵਿੱਚ ਸਾਰਾ ਘੋਲ ਕੇ ਉਸ ਨੂੰ 24 ਘੰਟਿਆਂ ਦੇ ਅੰਦਰ ਇਸਤੇਮਾਲ ਕਰਨਾ ਚਾਹੀਦਾ ਹੈ। ਇਹ ਘੋਲ ਉਦੋਂ ਤੱਕ ਦਿੰਦੇ ਰਹਿਣਾ ਚਾਹੀਦਾ ਹੈ ਜਦੋਂ ਤੱਕ ਬੱਚੇ ਨੂੰ ਦਸਤ ਤੋਂ ਆਰਾਮ ਨਾ ਆ ਜਾਵੇ। ਇਸ ਨਾਲ ਬੱਚੇ ਦੇ ਸਰੀਰ ਵਿੱਚ ਪਾਣੀ ਦੀ ਘਾਟ ਨਹੀਂ ਆਵੇਗੀ। ਲਖਵੀਰ ਸਿੰਘ ਹੈਲਥ ਵਰਕਰ ਨੇ ਬਰਸਾਤਾਂ ਦੇ ਮੌਸਮ ਵਿੱਚ ਪਾਣੀ ਉਬਾਲ ਕੇ ਜਾ ਕਲੋਰੀਨੇਟ ਕਰਕੇ ਪੀਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲੀ ਵਿਦਿਆਰਥੀ ਤੇ ਅਧਿਆਪਕ ਹਾਜਰ ਸਨ।



## ਸੀ ਐੱਚ ਸੀ 'ਚ ਜਲਦ ਐਮਰਜੈਂਸੀ ਸੇਵਾਵਾਂ ਨੂੰ ਬਹਾਲ ਕੀਤਾ ਜਾਵੇਗਾ : ਡਾ. ਪਰਮਿੰਦਰ ਕੁਮਾਰ



**ਮੋਰਿੰਡਾ ( ਜੈਜੀ ਸਰਦਾਰ )-** ਸਿਵਲ ਸਰਜਨ ਡਾ. ਪਰਮਿੰਦਰ ਕੁਮਾਰ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਆਏ ਹੜ੍ਹ ਅਤੇ ਭਾਰੀ ਵਰਖਾ ਦੌਰਾਨ ਸੀ.ਐਚ.ਸੀ. ਮੋਰਿੰਡਾ ਦਾ ਕਾਫੀ ਜਿਆਦਾ ਨੁਕਸਾਨ ਹੋ ਗਿਆ ਸੀ, ਜਿਸ ਕਾਰਨ ਹਸਪਤਾਲ ਵਿੱਚ ਜ਼ਰੂਰੀ ਇਕੁਪਮੈਂਟਸ, ਇਨਸਟਰੂਮੈਂਟ, ਫਰਨੀਚਰ, ਮੈਡੀਕੋਲੀਗਲ ਰਿਕਾਰਡ, ਦਫਤਰੀ ਰਿਕਾਰਡ, ਲੇਖਾ ਸ਼ਾਖਾ ਦਾ ਰਿਕਾਰਡ, ਓ.ਪੀ.ਡੀ. ਅਤੇ ਆਈ.ਪੀ.ਡੀ. ਦਾ ਰਿਕਾਰਡ, ਦਵਾਈਆਂ, ਟੀਕੇ, ਵੈਕਸੀਨ ਆਦਿ ਖਰਾਬ ਹੋ ਗਿਆ ਸੀ। ਇਸ ਤੋਂ ਇਲਾਵਾ ਹੜ੍ਹ ਆਉਣ ਕਾਰਨ ਹਸਪਤਾਲ ਦੀ ਬਿਲਡਿੰਗ ਵੀ ਨੁਕਸਾਨੀ ਗਈ ਹੈ, ਕਈ ਥਾਵਾਂ ਤੋਂ ਚਾਰ ਦੀਵਾਰੀ ਵੀ ਡਿੱਗ ਗਈ ਹੈ, ਜਿਸਦੀ ਮੁਰੰਮਤ ਜਾਰੀ ਹੈ ਜਿਸ ਨੂੰ ਜਲਦ ਠੀਕ ਕਰਕੇ ਪਬਲਿਕ ਸੇਵਾਵਾਂ ਲਈ ਬਹਾਲ ਕਰ ਦਿੱਤਾ ਜਾਵੇਗਾ। ਡਾ. ਪਰਮਿੰਦਰ ਕੁਮਾਰ ਨੇ ਦੱਸਿਆ ਉਨ੍ਹਾਂ ਵਲੋਂ ਕੁਝ ਦਿਨ ਪਹਿਲਾਂ ਹੀ ਸੀ.ਐੱਚ.ਸੀ ਮੋਰਿੰਡਾ ਦਾ ਦੌਰਾ ਕੀਤਾ ਗਿਆ ਸੀ ਅਤੇ ਹੋਏ ਨੁਕਸਾਨ ਦੀ ਸਮੀਖਿਆ ਕਰਕੇ ਰਿਪੋਰਟ ਸਬੰਧਿਤ ਵਿਭਾਗ ਨੂੰ ਭੇਜ ਦਿੱਤੀ ਗਈ ਸੀ। ਉਹਨਾ ਦੱਸਿਆ ਕਿ ਰੋਜਾਨਾ ਸੀ.ਐੱਚ.ਸੀ ਮੋਰਿੰਡਾ ਵਿਖੇ ਓ.ਪੀ.ਡੀ. ਸੇਵਾਵਾਂ ਨਿਰੰਤਰ ਜਾਰੀ ਹਨ ਅਤੇ ਉਹਨਾ ਨੇ ਭਰੋਸਾ ਦਿੰਦਿਆਂ ਕਿਹਾ ਕਿ ਮੁਰੰਮਤ ਜਾਰੀ ਹੈ ਮਰੀਜਾਂ ਦੀ ਮੰਗ ਨੂੰ ਦੇਖਦੇ ਹੋਏ ਇਸ ਨੂੰ ਬਹੁਤ ਜਲਦ ਠੀਕ ਕਰ ਦਿੱਤਾ ਜਾਵੇਗਾ ਅਤੇ ਐਮਰਜੈਂਸੀ ਸੇਵਾਵਾਂ ਨੂੰ ਬਹਾਲ ਕਰ ਦਿੱਤਾ ਜਾਵੇਗਾ।

## ਚੋਰੀ ਦੀ ਐਕਟਿਵਾ ਸਮੇਤ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ )** ਥਾਣਾ ਸਿਟੀ ਨਕੋਦਰ ਦੀ ਪੁਲਸ ਪਾਰਟੀ ਨੇ ਇੱਕ ਵਿਅਕਤੀ ਨੂੰ ਚੋਰੀ ਦੀ ਐਕਟਿਵਾ ਸਮੇਤ ਗ੍ਰਿਫਤਾਰ ਕੀਤਾ ਹੈ । ਐਸ ਐਚ ਓ ਬਲਜੀਤ ਸਿੰਘ ਨੇ ਦੱਸਿਆ ਕਿ ਮੀਨਾਕਸ਼ੀ ਪੁੱਤਰੀ ਸੰਜੇ ਕੁਮਾਰ ਗੁਪਤਾ ਵਾਸੀ ਪ੍ਰਤਾਪ ਨਗਰ ਨੇੜੇ ਵਡਾਲਾ ਚੌਕ ਜਲੰਧਰ ਪਾਸੋਂ ਮੋਟਰਸਾਈਕਲ ਸਵਾਰ ਦੋ ਨੌਜੁਆਨਾਂ ਨੇ ਸ਼ੰਕਰ ਰੋਡ ਢੇਰੀਆਂ ਪਿੰਡ ਵਿਖੇ ਐਕਟਿਵਾ ਸਕੂਟਰੀ ਨੰਬਰ ਪੀ ਬੀ ਓ 8 ਹ ਜੀ 6559 ਖੋਹ ਕੀਤੀ ਸੀ। ਏ ਐਸ ਆਈ ਰਣਜੀਤ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਕਪੂਰਥਲਾ ਪੁੱਲੀ ਮੌਜੂਦ ਸਨ ਕਿ ਮੁੱਖਬਰ ਖਾਸ ਨੇ ਇਤਲਾਹ ਦਿੱਤੀ ਕਿ ਖੋਹ ਕੀਤੀ ਐਕਟਿਵਾ ਸਕੂਟਰੀ ਦਾ ਇਕ ਮੁਲਜ਼ਮ ਮੋਟਰਸਾਈਕਲ 'ਤੇ ਕਪੂਰਥਲਾ ਰੋਡ ਨੇੜੇ ਕਮਿਉਨਿਟੀ ਹਸਪਤਾਲ ਨਕੋਦਰ ਖੜ੍ਹਾ ਹੈ। ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਲਵਪ੍ਰੀਤ ਉਰਫ ਲਵ ਪੁਤਰ ਮੀਤਾ ਵਾਸੀ ਪਿੰਡ ਚੂਹੜ ਥਾਣਾ ਸਦਰ ਨਕੋਦਰ ਨੂੰ ਕਾਬੂ ਕਰਕੇ ਉਸ ਕੋਲੋਂ ਸਕੂਟਰੀ ਬ੍ਰਾਮਦ ਕੀਤੀ ਗਈ।



## ਮੋਟਰਸਾਈਕਲ ਚੋਰੀ

**ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ )—** ਭੱਠੇ ਵਾਲੀ ਸਰਕਾਰ ਜਾਡਲਾ ਰੋਡ ਕੋਲੋਂ ਚੋਰੀ ਹੋਏ ਮੋਟਰਸਾਈਕਲ ਸਬੰਧੀ ਜਾਣਕਾਰੀ ਦਿੰਦੇ ਹੋਏ ਸਤਨਾਮ ਰਾਮ ਪਿਤਾ ਕਰਮ ਚੰਦ ਪਿੰਡ ਚਕਲੀ ਸੁਜਾਤ ਨੇ ਦੱਸਿਆ ਕਿ ਉਹ ਰਾਤ ਨੂੰ ਸਥਾਨਕ ਭੱਠੇ ਵਾਲੀ ਸਰਕਾਰ ਦਰਵਾਰ ਜਾਡਲਾ ਆਇਆ ਸੀ ਅਤੇ ਉਸ ਨੇ ਆਪਣਾ ਮੋਟਰਸਾਈਕਲ ਸਪਲੈਂਡਰ ਬਾਹਰ ਖੜਾ ਕੀਤਾ ਸੀ ਅਤੇ ਜਦੋਂ ਉਸ ਨੇ ਬਾਹਰ ਆ ਕੇ ਦੇਖਿਆ ਤਾਂ ਮੋਟਰਸਾਈਕਲ ਉਥੇ ਨਹੀਂ ਸੀ। ਉਸਦਾ ਮੋਟਰਸਾਈਕਲ ਚੋਰੀ ਹੋ ਚੁੱਕਾ ਸੀ। ਪੁਲਸ ਨੂੰ ਜਾਣਕਾਰੀ ਦੇ ਦਿੱਤੀ ਹੈ।

## ਐਕਸੀਡੈਂਟ 'ਚ ਜ਼ਖ਼ਮੀ ਹੋਏ ਖੇੜਾ ਕਾਲੋਨੀ ਦੇ ਨੌਜਵਾਨ ਦੀ ਮੌਤ



**ਫਗਵਾੜਾ (ਰਮਨ ਸ਼ਰਮਾ)** ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਮੁਹੱਲਾ ਖੇੜਾ ਕਲੌਨੀ ਫਗਵਾੜਾ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਦੇਵਰਾਜ ਝੰਮਟ ਦੇ ਹੋਣਹਾਰ ਸਪੁੱਤਰ ਰਾਜ ਕੁਮਾਰ (42) ਦਾ ਬੀਤੇ ਦਿਨੀਂ ਇੱਕ ਪੀ.ਆਰ.ਟੀ.ਸ਼ੀ ਦੀ ਬੱਸ ਨਾਲ ਐਕਸੀਡੈਂਟ ਹੋਣ ਤੋਂ ਬਾਅਦ ਇਲਾਜ ਦੌਰਾਨ ਦੇਹਾਂਤ ਹੋ ਗਿਆ। ਰਾਜ ਕੁਮਾਰ ਕਚਹਿਰੀ ਵੱਲ ਦੀ ਸਾਈਡ ਤੋਂ ਖੇੜਾ ਰੋਡ ਨੂੰ ਆਪਣੇ ਮੋਟਰਸਾਈਕਲ ਨੰਬਰ ਪੀਬੀ 08 ਏ.ਐਕਸ 1574 'ਤੇ ਸਵਾਰ ਹੋ ਕੇ 12:30 ਵਜੇ ਦੇ ਕਰੀਬ ਜਾ ਰਿਹਾ ਸੀ ਕਿ ਗਲਤ ਓਵਰਟੇਕ ਕਰਦਿਆਂ ਪੀ.ਆਰ.ਟੀ.ਸੀ.ਦੀ ਬੱਸ ਨੰਬਰ ਪੀ.ਬੀ. 06 ਵੀ 6939 ਨੇ ਉਸ ਨੂੰ ਟੱਕਰ ਮਾਰੀ ਦਿੱਤੀ ਜਿਸ ਵਿੱਚ ਮ੍ਰਿਤਕ ਨੌਜਵਾਨ ਦਾ ਸਿਰ ਬੱਸ ਦੇ ਬੰਪਰ ਵਿੱਚ ਲੱਗਕੇ ਸੜਕ ਤੇ ਜੋਰਦਾਰ ਢੰਗ ਨਾਲ ਟਕਰਾ ਗਿਆ ਜਿਸ ਵਿੱਚ ਉਹ ਗੰਭੀਰ ਰੂਪ ਵਿੱਚ ਜਖਮੀ ਹੋ ਗਿਆ। ਰਾਹਗੀਰਾਂ ਨੇ ਉਸ ਨੂੰ ਫਗਵਾੜਾ ਦੇ ਸਿਵਲ ਹਸਪਤਾਲ ਵਿੱਚ ਇਲਾਜ ਲਈ ਲਿਆਂਦਾ ਜਿਥੇ ਡਾਕਟਰਾਂ ਦੀ ਟੀਮ ਵੱਲੋਂ ਖੂਨ ਦੇ ਜ਼ਿਆਦਾ ਬਹਿ ਜਾਣ ਕਾਰਨ ਜਲੰਧਰ ਦੇ ਕਿਸੇ ਵੱਡੇ ਹਸਪਤਾਲ ਲਈ ਰੈਫਰ ਕਰ ਦਿੱਤਾ ਗਿਆ ਸੀ। ਮ੍ਰਿਤਕ ਨੌਜਵਾਨ ਦੇ ਪਿਤਾ ਦੇਵਰਾਜ ਝੰਮਟ ਨੇ ਦੱਸਿਆ ਕੇ ਅਸੀਂ ਰਾਜਕੁਮਾਰ ਨੂੰ ਪਹਿਲਾਂ ਕੈਪੀਟਲ ਹਸਪਤਾਲ ਵਿੱਚ ਇਲਾਜ ਲਈ ਭਰਤੀ ਕਰਵਾਇਆ ਪਰ ਉੱਥੇ ਵੀ ਉਸਦੀ ਹਾਲਤ ਵਿੱਚ ਕੁਝ ਸੁਧਾਰ ਨਾ ਹੁੰਦਾ ਦੇਖ ਰਾਜ ਕੁਮਾਰ ਨੂੰ ਅਰਮਾਨ ਹਸਪਤਾਲ ਵਿਖੇ ਰੈਫਰ ਕਰਵਾ ਲਿਆ ਜਿੱਥੇ ਉਸਦੀ ਇਲਾਜ ਦੌਰਾਨ ਮੌਤ ਹੋ ਗਈ ਹੈ, ਡਾਕਟਰਾਂ ਨੇ ਰਾਜ ਕੁਮਾਰ ਦੇ ਸਿਰ ਵਿੱਚ ਗਹਿਰੀ ਸੱਟ ਵੱਜਣ ਦੀ ਪੁਸ਼ਟੀ ਕੀਤੀ ਹੈ। ਇਸ ਮਾਮਲੇ ਸਬੰਧੀ ਥਾਣਾ ਸਿਟੀ ਪੁਲਸ ਨੇ ਐੱਫ.ਆਰ.ਆਈ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬੱਡਲਾ ਵਿਖੇ ਸ਼ਹੀਦ ਬਾਬਾ ਮੱਤੀ ਸਾਹਿਬ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਦੇ ਜਨਮ ਅਸਥਾਨ 'ਤੇ ਉਨ੍ਹਾਂ ਦੇ ਜਨਮ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਰਿੰਦਰ ਸਿੰਘ ਬਾਜਵਾ, ਨੰਬਰਦਾਰ ਜਤਿੰਦਰ ਸਿੰਘ ਘੁੰਮਣ ਨੇ ਦੱਸਿਆ ਕਿ ਗੁਰਮਤਿ ਸਮਾਗਮ ਦੌਰਾਨ 05 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਬਾਬਾ ਪਿਆਰਾ ਸਿੰਘ ਸਿਰਥੱਲੇ, ਭਾਈ ਗੁਰਸ਼ਰਨ ਸਿੰਘ ਇੰਟਰਨੈਸ਼ਨਲ ਕਵੀਸ਼ਰੀ ਜੱਥਾ, ਬੀਬੀ ਰਵਿੰਦਰ ਕੌਰ ਬੱਡਲਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ 25ਵਾਂ ਖੂਨਦਾਨ ਕੈਂਪ ਲਗਾਇਆ ਗਿਆ।

ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪੌਦੇ ਵੰਡੇ ਗਏ। ਇਸ ਮੌਕੇ ਪ੍ਰਧਾਨ ਸੁਰਿੰਦਰ ਸਿੰਘ ਬਾਜਵਾ, ਲਾਲ ਸਿੰਘ ਮੀਤ ਪ੍ਰਧਾਨ, ਭਾਈ ਚੜ੍ਹਤ ਸਿੰਘ ਹੈੱਡ ਗ੍ਰੰਥੀ, ਨੰਬਰਦਾਰ ਜਤਿੰਦਰ ਸਿੰਘ ਘੁੰਮਣ, ਜਸਵੰਤ ਸਿੰਘ ਸੈਕਟਰੀ, ਬਲਕਾਰ ਸਿੰਘ ਖਜਾਨਚੀ, ਗੁਰਮੇਲ ਸਿੰਘ ਸਹਿ. ਖਜਾਨਚੀ, ਗੁਰਬਚਨ ਸਿੰਘ, ਰਘਬੀਰ ਸਿੰਘ, ਗੁਰਮੇਲ ਸਿੰਘ, ਬਾਬਾ ਬੂਟਾ ਸਿੰਘ, ਜਥੇਦਾਰ ਜਸਵੀਰ ਸਿੰਘ ਪਧਿਆਣਾ, ਜਥੇਦਾਰ ਮਨਹੋਰ ਸਿੰਘ ਡਰੋਲੀ ਕਲਾਂ, ਜਥੇਦਾਰ ਸੁਖਜੀਤ ਸਿੰਘ ਡਰੋਲੀ ਕਲਾਂ, ਗੁਰਬਚਨ ਸਿੰਘ, ਹਰਜੀਤ ਸਿੰਘ ਸੋਨੀ, ਦਵਿੰਦਰ ਸਿੰਘ,ਬਲਵਿੰਦਰ ਸਿੰਘ ਬਿੰਦਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ਇਸ ਮੌਕੇ ਸਮਾਗਮ ਦੌਰਾਨ ਛਬੀਲ, ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



## ਸਸਕਾਰ ਅੱਜ



**ਰੋਪੜ-** ਵੈਟਰਨ ਪੱਤਰਕਾਰ ਗੁਰਚਰਨ ਸਿੰਘ ਬਿੰਦਰਾ ਦੀ ਧਰਮ ਪਤਨੀ ਸ੍ਰੀਮਤੀ ਅੰਮ੍ਰਿਤ ਕੌਰ ਬਿੰਦਰਾ ਸੁਰਗਵਾਸ ਹੋ ਗਏ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ 19 ਜੁਲਾਈ ਬੱਧਵਾਰ ਨੂੰ ਸ਼ਾਮ 5 ਵਜੇ ਸ਼ਮਸ਼ਾਨ ਭੂਮੀ ਗਊਸ਼ਾਲਾ ਰੋਡ ਰੋਪੜ ਵਿਖੇ ਕੀਤਾ ਜਾਵੇਗਾ।

## ਪਨੀਰੀ ਦੀ ਬਿਜਾਈ ਸ਼ੁਰੂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰਾਜਪੁਰ ਭਾਈਆਂ ਵਿਖੇ ਕਿਸਾਨ ਕਮੇਟੀ ਦੋਆਬਾ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਰਾਜਪੁਰ ਭਾਈਆਂ ਵਿਖੇ ਹੋਈ । ਇਸ ਮੀਟਿੰਗ ਵਿੱਚ ਹਰਬੰਸ ਸੰਘਾ ਨੇ ਐਸ.ਕੇ.ਐਮ ਪੰਜਾਬ ਚੈਪਟਰ ਦੀ ਮੀਟਿੰਗ ਦੀ ਰੀਪੋਰਟਿੰਗ ਕੀਤੀ । ਉਨ੍ਹਾ ਕਿਹਾ ਕੀ ਜਥੇਬੰਦੀ ਦੀ 2 ਏਕੜ ਪਨੀਰੀ ਬੀਜਣ ਦੀ ਜ਼ਿੰਮੇਵਾਰੀ ਲੱਗੀ ਸੀ ਪਰ ਕਮੇਟੀ ਨੇ ਹੜ ਪੀੜਿਤ ਕਿਸਾਨਾਂ ਲਈ 4 ਏਕੜ ਪਨੀਰੀ ਬੀਜਣ ਦਾ ਫੈਸਲਾ ਕੀਤਾ ਹੈ । ਬੀਜਾਈ ਸ਼ੁਰੂ ਕਰ ਦਿੱਤੀ ਹੈ । ਲੋੜ ਅਨੁਸਾਰ ਹਰੇ ਚਾਰੇ ਅਤੇ ਸੁੱਕੇ ਚਾਰੇ ਦੀਆਂ ਟ੍ਰਾਲੀਆਂ ਹੜ ਪੀੜਤ ਇਲਾਕਿਆਂ ਨੂੰ ਭੇਜੀਆਂ ਜਾਣਗੀਆਂ । ਸਾਡੇ ਇਲਾਕੇ ਦੇ ਕਿਸਾਨਾਂ ਵਿੱਚ ਹੜ੍ਹ ਪੀੜਤਾਂ ਦੀ ਸਹਾਇਤਾ ਕਰਨ ਲਈ ਪੂਰਾ ਉਤਸ਼ਾਹ ਹੈ । ਅੰਤ ਵਿੱਚ ਕਮੇਟੀ ਨੇ ਇਸ ਕਾਰਜ ਵਿੱਚ ਵਰਕਰਾਂ ਨੂੰ ਵਧ ਚੜ ਕੇ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ।

